ਬੁੱਧਵਾਰ, 11 ਜਨਵਰੀ, 2023
27 ਪੋਹ { ਨਾਨਕਸ਼ਾਹੀ 554 / ਬਿਕਰਮੀ 2079
ਜਿਲਦ/VOL. : 71
ਅੰਕ/NO. : 222

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 11 JANUARY, 2023
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਪੰਜਾਬ ਲਈ ਮਰਦਮਸ਼ੁਮਾਰੀ ਡਾਇਰੈਕਟਰ ਨਿਯੁਕਤ

**ਨਵੀਂ ਦਿੱਲੀ :** ਕੇਂਦਰ ਨੇ ਮਹਾਰਾਸ਼ਟਰ, ਆਸਾਮ, ਪੰਜਾਬ ਅਤੇ ਚੰਡੀਗੜ੍ਹ 'ਚ ਮਰਦਮਸ਼ੁਮਾਰੀ ਡਾਇਰੈਕਟਰ (ਡੀ ਸੀ ਓ) ਅਤੇ ਸਿਟੀਜ਼ਨ ਰਜਿਸਟ੍ਰੇਸ਼ਨ ਡਾਇਰੈਕਟਰ (ਡੀ ਸੀ ਆਰ) ਵਜੋਂ ਤਿੰਨ ਸਾਲ ਲਈ ਤਿੰਨ ਆਈ ਏ ਐੱਸ ਅਧਿਕਾਰੀਆਂ ਦੀ ਨਿਯੁਕਤੀ ਕੀਤੀ ਹੈ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ 31 ਦਸੰਬਰ 2025 ਤੱਕ ਜਾਂ ਅਗਲੇ ਹੁਕਮਾਂ ਤੱਕ ਨਿਰੂਪਮਾ ਡਾਂਗੇ, ਦੇਬਾਜਯੋਤੀ ਦੱਤਾ ਅਤੇ ਨਵਜੋਤ ਖੋਸਾ ਦੀ ਨਿਯੁਕਤੀ ਨੂੰ ਆਪਣੀ ਮਨਜ਼ੂਰੀ ਦੇ ਦਿੱਤੀ ਹੈ। ਖੋਸਾ ਦਾ ਹੈੱਡਕੁਆਰਟਰ ਚੰਡੀਗੜ੍ਹ 'ਚ ਹੋਵੇਗਾ।

## ਸ਼ੇਹਲਾ 'ਤੇ ਕੇਸ ਚੱਲੇਗਾ



**ਨਵੀਂ ਦਿੱਲੀ :** ਦਿੱਲੀ ਦੇ ਉਪ ਰਾਜਪਾਲ ਵੀ ਕੇ ਸਕਸੈਨਾ ਨੇ ਜੇ ਐੱਨ ਯੂ ਐੱਸ ਯੂ ਦੀ ਸਾਬਕਾ ਉਪ ਪ੍ਰਧਾਨ ਸ਼ੇਹਲਾ ਰਾਸ਼ਿਦ ਸ਼ੋਰਾ 'ਤੇ ਭਾਰਤੀ ਫੌਜ 'ਤੇ ਕੀਤੇ ਟਵੀਟ ਲਈ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਦੇ ਦਿੱਤੀ ਹੈ। ਇਹ ਮਨਜ਼ੂਰੀ ਅਲਖ ਆਲੋਕ ਸ੍ਰੀਵਾਸਤਵ ਦੀ ਸ਼ਿਕਾਇਤ ਦੇ ਦਰਜ ਕੇਸ 'ਤੇ ਦਿੱਤੀ ਗਈ ਹੈ। 18 ਅਗਸਤ, 2019 ਨੂੰ ਸ਼ੋਰਾ ਨੇ ਆਪਣੇ ਟਵੀਟਾਂ 'ਚ ਫੌਜ ਉੱਤੇ ਕਸ਼ਮੀਰ 'ਚ ਘਰਾਂ 'ਚ ਦਾਖਲ ਹੋਣ ਅਤੇ ਸਥਾਨਕ ਲੋਕਾਂ ਨੂੰ ਤਸੀਹੇ ਦੇਣ ਦਾ ਦੋਸ਼ ਲਾਇਆ ਸੀ। ਫੌਜ ਨੇ ਇਨ੍ਹਾਂ ਦੋਸ਼ਾਂ ਨੂੰ ਬੇਬੁਨਿਆਦ ਦੱਸਦਿਆਂ ਰੱਦ ਕਰ ਦਿੱਤਾ ਸੀ।

## ਸ਼ਿਵ ਸੈਨਾ ਬਾਰੇ ਸੁਣਵਾਈ 14 ਫਰਵਰੀ ਨੂੰ

**ਨਵੀਂ ਦਿੱਲੀ :** ਸੁਪਰੀਮ ਕੋਰਟ ਮਹਾਰਾਸ਼ਟਰ ਦੇ ਸਿਆਸੀ ਸੰਕਟ ਦੇ ਸੰਬੰਧ 'ਚ ਊਧਵ ਠਾਕਰੇ ਅਤੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਦੇ ਸ਼ਿਵ ਸੈਨਾ ਧੜਿਆਂ ਵੱਲੋਂ ਦਾਇਰ ਪਟੀਸ਼ਨਾਂ 'ਤੇ ਸੁਣਵਾਈ 14 ਫਰਵਰੀ ਨੂੰ ਕਰੇਗੀ। ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਐੱਮ ਆਰ ਸ਼ਾਹ, ਕ੍ਰਿਸ਼ਨਾ ਮੁਰਾਰੀ, ਹਿਮਾ ਕੋਹਲੀ ਅਤੇ ਪੀ ਐੱਸ ਨਰਸਿਮ੍ਹਾ ਦੀ ਪੰਜ ਮੈਂਬਰੀ ਸੰਵਿਧਾਨਕ ਬੈਂਚ ਨੇ ਕਿਹਾ-ਅਸੀਂ ਇਸ ਦੀ ਸੁਣਵਾਈ 14 ਫਰਵਰੀ ਨੂੰ ਕਰਾਂਗੇ।

## ਅਰੋੜਾ ਨੂੰ ਝਟਕਾ



**ਚੰਡੀਗੜ੍ਹ :** ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਸਾਬਕਾ ਉਦਯੋਗ ਮੰਤਰੀ ਅਤੇ ਭਾਜਪਾ ਆਗੂ ਸੁੰਦਰ ਸ਼ਾਮ ਅਰੋੜਾ ਦੀ ਪੱਕੀ ਜ਼ਮਾਨਤ ਦੀ ਅਰਜ਼ੀ ਰੱਦ ਕਰ ਦਿੱਤੀ ਹੈ। ਵਿਜੀਲੈਂਸ ਨੇ ਉਨ੍ਹਾ ਨੂੰ ਏ ਆਈ ਜੀ-ਕਮ-ਜਾਂਚ ਅਧਿਕਾਰੀ ਨੂੰ 50 ਲੱਖ ਰੁਪਏ ਦੀ ਰਿਸ਼ਵਤ ਦੇਣ ਦੇ ਦੋਸ਼ 'ਚ ਗ੍ਰਿਫਤਾਰ ਕੀਤਾ ਸੀ। ਇੰਝ ਹੀ ਪਿਛਲੇ ਦਿਨੀਂ ਵਿਜੀਲੈਂਸ ਨੇ ਸਨਅਤੀ ਪਲਾਟ ਘੁਟਾਲੇ 'ਚ ਦਰਜ ਕੀਤੇ ਭ੍ਰਿਸ਼ਟਾਚਾਰ ਦੇ ਮਾਮਲੇ 'ਚ ਵੀ ਉਨ੍ਹਾ ਨੂੰ ਨਾਮਜ਼ਦ ਕੀਤਾ ਹੈ।

## ਜਹਾਜ਼ 55 ਯਾਤਰੀ ਪਿੱਛੇ ਛੱਡ ਗਿਆ

**ਬੇਂਗਲੁਰੂ :** ਦਿੱਲੀ ਜਾਣ ਵਾਲਾ ਗੋ ਫਸਟ ਜਹਾਜ਼ ਸੋਮਵਾਰ ਕਥਿਤ ਤੌਰ 'ਤੇ 55 ਯਾਤਰੀਆਂ ਨੂੰ ਲਏ ਬਗੈਰ ਉਡਾਣ ਭਰ ਗਿਆ। ਛੱਡੇ ਗਏ ਯਾਤਰੀ ਜਹਾਜ਼ ਚੜ੍ਹਨ ਲਈ ਸ਼ਟਲ ਬੱਸ 'ਚ ਉਡੀਕ ਕਰਦੇ ਰਹਿ ਗਏ। ਹਵਾਬਾਜ਼ੀ ਰੈਗੂਲੇਟਰ ਨੇ ਇਸ ਘਟਨਾ ਬਾਰੇ ਏਅਰਲਾਈਨ ਤੋਂ ਰਿਪੋਰਟ ਮੰਗੀ ਹੈ। ਗੋ ਫਸਟ ਨੇ ਕਿਹਾ ਹੈ ਕਿ ਯਾਤਰੀਆਂ ਨੂੰ ਹੋਈ ਪ੍ਰੇਸ਼ਾਨੀ ਲਈ ਉਸ ਨੂੰ ਅਫਸੋਸ ਹੈ।

## ਜਹਾਜ਼ ਲਾਹੁਣਾ ਪਿਆ

**ਜਾਮਨਗਰ :** ਏਅਰਲਾਈਨ 'ਅਜ਼ੂਰ ਏਅਰ' ਦੀ ਮਾਸਕੋ-ਗੋਆ ਉਡਾਣ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਤੋਂ ਬਾਅਦ ਜਹਾਜ਼ ਨੂੰ ਗੁਜਰਾਤ ਦੇ ਜਾਮਨਗਰ ਹਵਾਈ ਅੱਡੇ 'ਤੇ ਉਤਾਰਨਾ ਪਿਆ। ਹਾਲਾਂਕਿ ਜਹਾਜ਼ 'ਚੋਂ ਕੁਝ ਵੀ ਸ਼ੱਕੀ ਨਹੀਂ ਮਿਲਿਆ।

## ਟਰੱਕ ਦੀ ਟੱਕਰ ਨਾਲ ਥ੍ਰੀਵ੍ਹੀਲਰ ਸਵਾਰ 8 ਜੀਆਂ ਦੀ ਮੌਤ

**ਪਟਨਾ :** ਬਿਹਾਰ ਦੇ ਕਟਿਹਾਰ ਜ਼ਿਲ੍ਹੇ 'ਚ ਟਰੱਕ ਵੱਲੋਂ ਥ੍ਰੀਵ੍ਹੀਲਰ ਨੂੰ ਟੱਕਰ ਮਾਰਨ ਕਾਰਨ ਦੋ ਬੱਚਿਆਂ ਸਣੇ ਪਰਵਾਰ ਦੇ 8 ਜੀਆਂ ਦੀ ਮੌਤ ਹੋ ਗਈ। ਖੇਰੀਆ ਪਿੰਡ ਦੇ ਰਹਿਣ ਵਾਲੇ ਇਹ ਲੋਕ ਸੋਮਵਾਰ ਰਾਤ ਕਟਿਹਾਰ ਰੇਲਵੇ ਸਟੇਸ਼ਨ ਨੂੰ ਜਾ ਰਹੇ ਸਨ। ਪੁਲਸ ਅਨੁਸਾਰ ਟਰੱਕ ਉਲਟ ਦਿਸ਼ਾ ਤੋਂ ਆ ਰਿਹਾ ਸੀ ਤੇ ਬਹੁਤ ਤੇਜ਼ ਰਫਤਾਰ ਸੀ।

## ਪਿੱਲਰ ਡਿਗਣ ਨਾਲ ਮਹਿਲਾ ਤੇ ਬੇਟੇ ਦੀ ਮੌਤ



**ਬੇਂਗਲੁਰੂ :** ਨਾਗਵਾਰਾ ਇਲਾਕੇ ਵਿਚ ਮੰਗਲਵਾਰ ਕਰੀਬ 11 ਵਜੇ ਉਸਾਰੀ ਅਧੀਨ ਮੈਟਰੋ ਪਿੱਲਰ ਡਿੱਗਣ ਨਾਲ ਮਹਿਲਾ ਤੇ ਉਸ ਦੇ ਢਾਈ ਸਾਲ ਦੇ ਜੁੜਵਾਂ ਬੇਟੇ ਦੀ ਮੌਤ ਹੋ ਗਈ। ਪਤੀ ਤੇ ਬੇਟੀ ਗੰਭੀਰ ਜ਼ਖਮੀ ਹੋ ਗਏ। ਲੋਹਿਥ ਕੁਮਾਰ ਬਾਈਕ 'ਤੇ ਪਤਨੀ ਤੇਜਸਵਨੀ ਅਤੇ ਬੇਟੇ ਵਿਹਾਨ ਤੇ ਬੇਟੀ ਨਾਲ ਜਾ ਰਿਹਾ ਸੀ, ਜਦੋਂ ਹਾਦਸਾ ਵਾਪਰਿਆ। ਪਤੀ-ਪਤਨੀ ਨੇ ਹੈਲਮਟ ਵੀ ਪਾਇਆ ਹੋਇਆ ਸੀ। ਲੋਕਾਂ ਨੇ ਪਿੱਲਰ ਪਾਸੇ ਕਰਕੇ ਉਨ੍ਹਾਂ ਨੂੰ ਬਚਾਉਣ ਦੀ ਕਾਫੀ ਕੋਸ਼ਿਸ਼ ਕੀਤੀ। ਕਾਂਗਰਸ ਨੇ ਦੋਸ਼ ਲਾਇਆ ਹੈ ਕਿ ਹਾਦਸਾ 40 ਫੀਸਦੀ ਕਮਿਸ਼ਨ ਖਾਣ ਵਾਲੀ ਭਾਜਪਾ ਸਰਕਾਰ ਦੇ ਕੰਮਕਾਜ ਦਾ ਨਤੀਜਾ ਹੈ।

# ਜੋਸ਼ੀ ਮੱਠ ਦੇ ਦੋ ਹੋਟਲ ਡੇਗਣ ਦੀ ਤਿਆਰੀ




**ਦੇਹਰਾਦੂਨ :** ਉੱਤਰਾਖੰਡ ਦੇ ਜੋਸ਼ੀ ਮੱਠ 'ਚ ਮੰਗਲਵਾਰ ਦੋ ਹੋਟਲ ਡੇਗਣ ਦੀ ਕਾਰਵਾਈ ਮਾਲਕਾਂ ਦੇ ਵਿਰੋਧ ਦੇ ਬਾਅਦ ਰੋਕ ਦਿੱਤੀ ਗਈ। ਇਥੇ ਮਕਾਨਾਂ ਵਿਚ ਤਰੇੜਾਂ ਆਉਣ ਦੇ ਬਾਅਦ ਮਾਹਰ ਟੀਮ ਨੇ ਹੋਟਲ ਡੇਗਣ ਦਾ ਫੈਸਲਾ ਲਿਆ ਹੈ। ਲਗਜ਼ਰੀ ਹੋਟਲ ਮਲਾਰੀ ਇਨ ਤੇ ਹੋਟਲ ਮਾਊਂਟ ਵਿਊ ਨੂੰ ਡੇਗਿਆ ਜਾਣਾ ਹੈ, ਜਿਹੜੇ ਪੰਜ-ਛੇ ਮੰਜ਼ਲਾ ਹਨ। ਡੇਗਣ ਦਾ ਕੰਮ ਸੈਂਟਰਲ ਬਿਲਡਿੰਗ ਰਿਸਰਚ ਇੰਸਟੀਚਿਊਟ ਦੀ ਨਿਗਰਾਨੀ ਵਿਚ ਹੋਵੇਗਾ। ਦੋਨੋਂ ਹੋਟਲ ਇਕ-ਦੂਜੇ ਦੇ ਕਾਫੀ ਕਰੀਬ ਆ ਚੁੱਕੇ ਹਨ ਤੇ ਇਨ੍ਹਾਂ ਕੋਲ ਮਕਾਨ ਹਨ। ਹੋਟਲ ਹੋਰ ਧਸੇ ਤਾਂ ਡਿੱਗ ਜਾਣਗੇ। ਲਾਊਡ ਸਪੀਕਰ 'ਤੇ ਲੋਕਾਂ ਨੂੰ ਸੁਰੱਖਿਅਤ ਸਥਾਨਾਂ 'ਤੇ ਜਾਣ ਲਈ ਕਿਹਾ ਗਿਆ ਹੈ। ਉੱਤਰਾਖੰਡ ਦੇ ਡੀ ਜੀ ਪੀ ਨੇ ਕਿਹਾ ਕਿ ਸ਼ਹਿਰ ਵਿਚ 678 ਇਮਾਰਤਾਂ ਅਸੁਰੱਖਿਅਤ ਹਨ। ਕੁਝ ਇਲਾਕਿਆਂ ਨੂੰ ਸੀਲ ਕੀਤਾ ਜਾਵੇਗਾ।

ਮੰਗਲਵਾਰ ਲੋਕਾਂ ਨੇ ਮਾਰਚ ਕੱਢ ਕੇ ਮੰਗ ਕੀਤੀ ਕਿ ਉਨ੍ਹਾਂ ਦਾ ਮੁੜਵਸੇਬਾ ਠੀਕ ਢੰਗ ਨਾਲ ਕੀਤਾ ਜਾਵੇ ਤੇ ਵਾਜਬ ਮੁਆਵਜ਼ਾ ਦਿੱਤਾ ਜਾਵੇ। ਹੁਣ ਤੱਕ ਚਾਰ ਹਜ਼ਾਰ ਲੋਕਾਂ ਨੂੰ ਖਤਰੇ ਵਾਲੇ ਇਲਾਕਿਆਂ ਤੋਂ ਹਟਾਇਆ ਗਿਆ ਹੈ। ਇਸੇ ਦੌਰਾਨ ਹੋਟਲ ਮਲਾਰੀ ਇਨ ਦੇ ਮਾਲਕ ਠਾਕੁਰ ਸਿੰਘ ਰਾਣਾ ਨੇ ਕਿਹਾ—ਜੇ ਲੋਕਾਂ ਦੇ ਭਲੇ ਲਈ ਇਮਾਰਤ ਡੇਗੀ ਜਾਣੀ ਹੈ ਤਾਂ ਮੈਂ ਸਰਕਾਰ ਦੇ ਨਾਲ ਹਾਂ। ਫਿਰ ਚਾਹੇ ਨਿੱਕੀ ਜਿਹੀ ਤਰੇੜ ਹੀ ਕਿਉਂ ਨਾ ਆਈ ਹੋਵੇ, ਪਰ ਮੈਨੂੰ ਨੋਟਿਸ ਤਾਂ ਦਿੱਤਾ ਜਾਣਾ ਚਾਹੀਦਾ ਸੀ। ਹੋਟਲ ਦਾ ਜਾਇਜ਼ਾ ਲਿਆ ਜਾਂਦਾ। ਮੈਂ ਅਜਿਹਾ ਕਰਨ ਨੂੰ ਕਿਹਾ ਹੈ। ਇਸ ਦੇ ਬਾਅਦ ਮੈਂ ਚਲਾ ਜਾਵਾਂਗਾ।

### ਜੋਸ਼ੀ ਮੱਠ ਬਾਰੇ ਸੁਣਵਾਈ 16 ਨੂੰ

**ਨਵੀਂ ਦਿੱਲੀ :** ਸੁਪਰੀਮ ਕੋਰਟ ਜੋਸ਼ੀ ਮੱਠ 'ਚ ਜ਼ਮੀਨ ਖਿਸਕਣ ਦੇ ਮਾਮਲੇ 'ਚ ਸ਼ੰਕਰਾਚਾਰੀਆ ਦੀ ਪਟੀਸ਼ਨ 'ਤੇ 16 ਜਨਵਰੀ ਨੂੰ ਸੁਣਵਾਈ ਕਰਨ ਲਈ ਸਹਿਮਤ ਹੋ ਗਈ ਹੈ।

ਇਸ ਦੇ ਨਾਲ ਹੀ ਸੁਪਰੀਮ ਕੋਰਟ ਨੇ ਕਿਹਾ ਕਿ ਇਸ 'ਤੇ ਵਿਚਾਰ ਕਰਨ ਲਈ ਜਮਹੂਰੀ ਢੰਗ ਨਾਲ ਚੁਣੀਆਂ ਸੰਸਥਾਵਾਂ ਹਨ, ਹਰ ਜ਼ਰੂਰੀ ਚੀਜ਼ ਸਾਡੇ ਕੋਲ ਨਹੀਂ ਆਉਣੀ ਚਾਹੀਦੀ।

# ਤਨਖਾਹ ਤੇ ਪੈਨਸ਼ਨ ਨਾ ਦੇਣ 'ਤੇ ਪੀ ਆਰ ਟੀ ਸੀ ਕਾਮਿਆਂ ਵੱਲੋਂ ਜ਼ੋਰਦਾਰ ਰੋਸ ਪ੍ਰਦਰਸ਼ਨ



**ਪਟਿਆਲਾ :** ਪੀ.ਆਰ.ਟੀ.ਸੀ. ਵਿੱਚ ਕੰਮ ਕਰਦੀਆਂ 6 ਜਥੇਬੰਦੀਆਂ 'ਤੇ ਆਧਾਰਤ ਐਕਸ਼ਨ ਕਮੇਟੀ ਵੱਲੋਂ ਮੰਗਲਵਾਰ ਬੱਸ ਸਟੈਂਡ ਵਿਖੇ ਵਿਸ਼ਾਲ ਰੋਸ ਰੈਲੀ ਅਤੇ ਰੋਸ ਮੁਜ਼ਾਹਰਾ ਪੰਜਾਬ ਸਰਕਾਰ ਅਤੇ ਪੀ.ਆਰ.ਟੀ.ਸੀ. ਦੀ ਮੈਨੇਜਮੈਂਟ ਵੱਲੋਂ ਤਨਖਾਹਾਂ ਅਤੇ ਪੈਨਸ਼ਨਾਂ ਦਾ ਭੁਗਤਾਨ ਨਾ ਕਰਨ ਦੇ ਵਿਰੋਧ ਵਿੱਚ ਕੀਤਾ ਗਿਆ। ਰੈਲੀ ਅਤੇ ਰੋਸ ਮੁਜ਼ਾਹਰੇ ਦੀ ਅਗਵਾਈ ਐਕਸ਼ਨ ਕਮੇਟੀ ਦੇ ਕਨਵੀਨਰ ਸ੍ਰੀ ਨਿਰਮਲ ਸਿੰਘ ਧਾਲੀਵਾਲ ਅਤੇ ਮੈਂਬਰਾਨ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖੱਟੜਾ, ਗੁਰਜੰਟ ਸਿੰਘ, ਇੰਦਰਪਾਲ ਸਿੰਘ ਅਤੇ ਮੁਹੰਮਦ ਖਲੀਲ ਕਰ ਰਹੇ ਸਨ। ਰੋਸ ਮੁਜ਼ਾਹਰੇ ਤੋਂ ਪਹਿਲਾਂ ਇੱਕ ਘੰਟੇ ਤੱਕ ਬੱਸ ਸਟੈਂਡ ਪਟਿਆਲਾ ਦੇ ਗੇਟ ਉਪਰ ਰੋਸ ਰੈਲੀ ਕੀਤੀ ਗਈ, ਜਿਸ ਨੂੰ ਸੰਬੋਧਨ ਕਰਦਿਆਂ ਐਕਸ਼ਨ ਕਮੇਟੀ ਦੇ ਆਗੂਆਂ ਨੇ ਕਿਹਾ ਕਿ ਆਪ ਦੀ ਸਰਕਾਰ ਦੀਆਂ ਨੀਤੀਆਂ ਕਾਰਨ ਪੀ.ਆਰ.ਟੀ.ਸੀ. ਦੇ ਕਰਮਚਾਰੀਆਂ ਨੂੰ ਕਦੇ ਵੀ ਤਨਖਾਹ ਅਤੇ ਪੈਨਸ਼ਨ ਸਮੇਂ ਸਿਰ ਨਹੀਂ ਮਿਲੀ, ਕਿਉਂਕਿ ਸਰਕਾਰ ਪੀ.ਆਰ.ਟੀ.ਸੀ. ਨੂੰ ਮੁਫਤ ਸਫਰ ਸਹੂਲਤਾਂ ਬਦਲੇ ਬਣਦਾ ਲੱਗਭੱਗ 340 ਕਰੋੜ ਰੁਪਿਆ ਦੇਣ ਤੋਂ ਪਾਸਾ

● ਬਾਕੀ ਸਫ਼ਾ 2 'ਤੇ

# ਪੰਜਾਬ ਦੀ ਯਾਤਰਾ ਤੋਂ ਪਹਿਲਾਂ ਹਰਿਮੰਦਰ ਸਾਹਿਬ ਮੱਥਾ ਟੇਕਿਆ



**ਅੰਮ੍ਰਿਤਸਰ :** ਭਾਰਤ ਜੋੜੋ ਯਾਤਰਾ ਦੇ ਮੰਗਲਵਾਰ ਪੰਜਾਬ 'ਚ ਦਾਖਲ ਹੋਣ ਤੋਂ ਪਹਿਲਾਂ ਰਾਹੁਲ ਗਾਂਧੀ ਨੇ ਇਥੇ ਹਰਿਮੰਦਰ ਸਾਹਿਬ ਮੱਥਾ ਟੇਕਿਆ।

ਉਨ੍ਹਾ ਨਾਲ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਪ੍ਰਤਾਪ ਸਿੰਘ ਬਾਜਵਾ, ਜ਼ਿਲ੍ਹਾ ਪ੍ਰਧਾਨ ਪ੍ਰਤਾਪ ਸਿੰਘ ਅਜਨਾਲਾ ਅਤੇ ਹੋਰ ਆਗੂ ਵੀ ਸਨ। ਉਨ੍ਹਾ ਪਰਿਕਰਮਾ ਕੀਤੀ ਅਤੇ ਕੀਰਤਨ ਸੁਣਿਆ। ਕੜਾਹ ਪ੍ਰਸ਼ਾਦ ਦੀ ਦੇਗ ਵੀ ਭੇਟ ਕੀਤੀ। ਵਾਪਸੀ ਵੇਲੇ ਅਕਾਲ ਤਖਤ ਦੇ ਸਨਮੁੱਖ ਖੜ੍ਹੇ ਹੋ ਕੇ ਮੱਥਾ ਟੇਕਿਆ। ਮੀਡੀਆ ਨਾਲ ਕੋਈ ਗੱਲ ਕਰਨ ਤੋਂ ਗੁਰੇਜ਼ ਕੀਤਾ।

## ਟੋਲ ਫੀਸ ਨਾ ਵਸੂਲਣ ਦੇਣ 'ਤੇ ਹਾਈ ਕੋਰਟ 'ਚ ਪਟੀਸ਼ਨ

**ਚੰਡੀਗੜ੍ਹ :** ਨੈਸ਼ਨਲ ਹਾਈਵੇਅ ਅਥਾਰਟੀ ਆਫ ਇੰਡੀਆ ਨੇ ਪ੍ਰਦਰਸ਼ਨਕਾਰੀਆਂ ਵੱਲੋਂ 'ਗੈਰ-ਕਾਨੂੰਨੀ' ਢੰਗ ਨਾਲ ਟੋਲ ਫੀਸ ਵਸੂਲਣ ਤੋਂ ਰੋਕਣ 'ਤੇ ਉਸ ਨੂੰ ਰੋਜ਼ ਹੋ ਰਹੇ 1.33 ਕਰੋੜ ਦੇ ਨੁਕਸਾਨ ਦੀ ਭਰਪਾਈ ਲਈ ਪੰਜਾਬ ਵਿਰੁੱਧ ਪੰਜਾਬ ਤੇ ਹਰਿਆਣਾ ਹਾਈ ਕੋਰਟ ਦਾ ਦਰਵਾਜ਼ਾ ਖੜਕਾਇਆ ਹੈ। ਰਾਜ, ਡੀ ਜੀ ਪੀ ਤੇ 8 ਡਿਪਟੀ ਕਮਿਸ਼ਨਰਾਂ ਵਿਰੁੱਧ ਪਾਈ ਪਟੀਸ਼ਨ 'ਚ ਅਥਾਰਟੀ ਨੇ ਕਿਹਾ ਹੈ ਕਿ 440 ਦਿਨ ਪਹਿਲਾਂ ਟੋਲ ਪਲਾਜ਼ੇ ਬੰਦ ਕਰਨ 'ਤੇ ਉਸ ਨੂੰ 1348.77 ਕਰੋੜ ਰੁਪਏ ਦਾ ਨੁਕਸਾਨ ਝੱਲਣਾ ਪਿਆ ਸੀ। ਜਸਟਿਸ ਵਿਨੋਦ ਐੱਸ ਭਾਰਦਵਾਜ ਦੇ ਸਾਹਮਣੇ ਰੱਖੀ ਗਈ ਪਟੀਸ਼ਨ 'ਚ ਅਥਾਰਟੀ ਨੇ ਕਿਹਾ ਹੈ ਕਿ ਪ੍ਰਦਰਸ਼ਨਕਾਰੀਆਂ ਵੱਲੋਂ ਟੋਲ ਫੀਸ ਵਸੂਲੀ ਨੂੰ ਰੋਕਣ ਦੇ ਨਤੀਜੇ ਵਜੋਂ ਕੇਂਦਰ ਸਰਕਾਰ ਦੇ ਖਜ਼ਾਨੇ ਨੂੰ ਮਾਲੀ ਨੁਕਸਾਨ ਹੋਇਆ ਹੈ।

# ਕੋਛੜ ਜੋੜਾ ਜੇਲ੍ਹ 'ਚੋਂ ਬਾਹਰ



**ਮੁੰਬਈ :** ਆਈ ਸੀ ਆਈ ਸੀ ਆਈ ਬੈਂਕ ਦੀ ਸਾਬਕਾ ਸੀ ਈ ਓ ਅਤੇ ਐੱਮ ਡੀ ਚੰਦਾ ਕੋਛੜ ਤੇ ਉਸ ਦੇ ਪਤੀ ਦੀਪਕ ਕੋਛੜ ਨੂੰ ਕਰਜ਼ਾ ਧੋਖਾਧੜੀ ਦੇ ਮਾਮਲੇ 'ਚ ਜ਼ਮਾਨਤ ਮਿਲਣ ਤੋਂ ਬਾਅਦ ਮੁੰਬਈ ਦੀਆਂ ਜੇਲ੍ਹਾਂ ਵਿਚੋਂ ਤੋਂ ਮੰਗਲਵਾਰ ਰਿਹਾਅ ਕਰ ਦਿੱਤਾ ਗਿਆ ਹੈ। ਚੰਦਾ ਮੁੰਬਈ ਦੀ ਬਾਇਕੂਲਾ ਮਹਿਲਾ ਜੇਲ੍ਹ ਤੋਂ ਬਾਹਰ ਆਈ ਹੈ, ਜਦੋਂ ਕਿ ਉਸ ਦੇ ਪਤੀ ਨੂੰ ਆਰਥਰ ਰੋਡ ਜੇਲ੍ਹ ਤੋਂ ਰਿਹਾਅ ਕੀਤਾ ਗਿਆ ਹੈ।

## ਨਸਲੀ ਟਿੱਪਣੀਆਂ 'ਤੇ ਹਰਜਾਨਾ ਦੇਣ ਦਾ ਹੁਕਮ

**ਮੈਲਬਰਨ :** ਭਾਰਤੀ ਮੂਲ ਦੀ ਮਹਿਲਾ ਕਰਮਚਾਰੀ ਨਾਲ ਨਸਲੀ ਵਿਤਕਰਾ ਕਰਨ ਦੇ ਮਾਮਲੇ 'ਚ ਇੱਥੋਂ ਦੀ ਇੱਕ ਪੀਜ਼ਾ ਕੰਪਨੀ ਨੂੰ 53 ਹਜ਼ਾਰ ਡਾਲਰ ਦਾ ਹਰਜਾਨਾ ਕੀਤਾ ਗਿਆ ਹੈ।

ਸਥਾਨਕ ਬੇਕਰੀ 'ਚ ਕੰਮ ਕਰਦੀ ਸੁਦੇਸ਼ ਕੁਮਾਰੀ ਨੇ ਸਾਲ 2017 'ਚ ਕਿਸੇ ਹੋਰ ਕਰਮਚਾਰੀ ਵੱਲੋਂ ਉਸ ਨਾਲ ਜਿਨਸੀ ਦੁਰਵਿਵਹਾਰ ਕੀਤੇ ਜਾਣ ਦਾ ਮਾਮਲਾ ਸੰਬੰਧਤ ਕੰਪਨੀ ਦੇ ਮੈਨੇਜਰ ਕੋਲ ਚੁੱਕਿਆ ਸੀ। ਮੈਨੇਜਰ ਨੇ ਇਸ ਮਹਿਲਾ ਕਰਮਚਾਰੀ ਨੂੰ ਕੋਈ ਰਾਹਤ ਦੇਣ ਦੀ ਥਾਂ ਉਸ 'ਤੇ ਨਸਲੀ ਟਿੱਪਣੀਆਂ ਕਰਨੀਆਂ ਸ਼ੁਰੂ ਕਰ ਦਿੱਤੀਆਂ। ਇਸ ਸੰਬੰਧੀ ਸ਼ਿਕਾਇਤ 'ਤੇ ਸੁਣਵਾਈ ਕਰਦਿਆਂ ਵਿਕਟੋਰੀਅਨ ਟ੍ਰਿਬਿਊਨਲ ਨੇ ਪੀਜ਼ਾ ਕੰਪਨੀ ਰੋਸਾਫੂਡਜ਼ ਨੂੰ ਇਹ ਹਰਜਾਨਾ ਕੀਤਾ ਹੈ।

# ਤਾਮਿਲਨਾਡੂ 'ਚ ਰਾਜਪਾਲ ਖਿਲਾਫ ਗੁੱਸਾ ਵਧਿਆ

**ਚੇਨਈ :** ਤਾਮਿਲਨਾਡੂ ਵਿਚ ਸਰਕਾਰ ਤੇ ਰਾਜਪਾਲ ਆਰ ਐੱਨ ਰਵੀ ਵਿਚਾਲੇ ਟਕਰਾਅ ਹੋਰ ਵਧ ਗਿਆ ਹੈ। ਰਾਜਪਾਲ ਵੱਲੋਂ ਅਸੰਬਲੀ 'ਚ ਰਾਜ ਦਾ ਨਾਂਅ ਤਮਿਜ਼ਗਮ ਕਰਨ ਦੀ ਗੱਲ ਕਹਿਣ ਤੋਂ ਬਾਅਦ ਡੀ ਐੱਮ ਕੇ ਵਰਕਰਾਂ ਨੇ ਮੰਗਲਵਾਰ ਚੇਨਈ ਵਿਚ 'ਗੈੱਟ ਆਊਟ ਰਵੀ' ਦੇ ਪੋਸਟਰ ਲਾ ਦਿੱਤੇ ਤੇ ਰਾਜਪਾਲ ਖਿਲਾਫ ਨਾਅਰੇਬਾਜ਼ੀ ਕੀਤੀ।

ਉਧਰ, ਰਾਜਪਾਲ ਵੱਲੋਂ ਪੋਂਗਲ ਦੇ ਦਿੱਤੇ ਸੱਦਾ ਪੱਤਰ ਨਾਲ ਵੀ ਵਿਵਾਦ ਵਧ ਗਿਆ ਹੈ। ਰਾਜਪਾਲ ਨੇ ਇਸ 'ਚ ਖੁਦ ਨੂੰ ਤਮਿਜ਼ਗਮ ਦਾ ਰਾਜਪਾਲ ਲਿਖਿਆ ਹੈ। ਸੀ ਪੀ ਆਈ (ਐੱਮ) ਦੇ ਸਾਂਸਦ ਸੁਵੈਂਕਟੇਸ਼ਨ ਨੇ ਟਵਿੱਟਰ 'ਤੇ ਸੱਦਾ ਪੱਤਰ ਦੀ ਫੋਟੋ ਪੋਸਟ ਕਰਕੇ ਵਿਰੋਧ ਜਤਾਇਆ ਹੈ। ਇਸੇ ਦੌਰਾਨ ਕੋਇੰਬਟੂਰ ਵਿਚ ਸਰਕਾਰ ਦੀ ਸਹਿਯੋਗੀ ਟੀ ਪੀ ਡੀ ਕੇ ਨੇ ਰਾਜਪਾਲ ਖਿਲਾਫ ਮੁਜ਼ਾਹਰਾ ਕੀਤਾ ਹੈ। ਡੀ ਐੱਮ ਕੇ ਸਾਂਸਦ ਟੀ ਆਰ ਬਾਲੂ ਨੇ ਕਿਹਾ ਹੈ ਕਿ ਰਾਜਪਾਲ ਭਾਜਪਾ ਪ੍ਰਧਾਨ ਵਜੋਂ ਕੰਮ ਕਰ ਰਹੇ ਹਨ। ਇਸੇ ਦੌਰਾਨ ਮੁੱਖ ਮੰਤਰੀ ਐੱਮ ਕੇ ਸਟਾਲਿਨ ਨੇ ਚੇਨਈ ਵਿਚ ਵਿਧਾਇਕਾਂ ਦੀ ਮੀਟਿੰਗ ਕਰਕੇ ਰਾਜਪਾਲ ਵਿਰੁੱਧ ਪੋਸਟਰਬਾਜ਼ੀ ਤੇ ਨਾਅਰੇਬਾਜ਼ੀ ਨਾ ਕਰਨ ਦੀ ਅਪੀਲ ਕੀਤੀ ਹੈ।



## ਤਰੀਕ 'ਤੇ ਤਰੀਕ

**ਨਵੀਂ ਦਿੱਲੀ :** ਸੁਪਰੀਮ ਕੋਰਟ ਦੇ ਚੀਫ ਜਸਟਿਸ ਡੀ ਵਾਈ ਚੰਦਰਚੂੜ ਨੇ ਪਿਛਲੇ ਦਿਨੀਂ ਕਿਹਾ ਸੀ ਕਿ ਨਿਆਂ ਪਾਲਿਕਾ ਦਾ ਤਰੀਕ 'ਤੇ ਤਰੀਕ ਪਾਉਣ ਵਾਲਾ ਅਕਸ ਬਦਲਣ ਦੀ ਲੋੜ ਹੈ। ਗੱਲ ਸਹੀ ਵੀ ਹੈ, ਕਿਉਂਕਿ ਕੁਝ ਕੇਸ ਉਦੋਂ ਤੋਂ ਚੱਲ ਰਹੇ ਹਨ, ਜਦੋਂ ਅਜੇ ਸੁਪਰੀਮ ਕੋਰਟ ਦੇ ਵਰਤਮਾਨ ਜੱਜ ਪੈਦਾ ਨਹੀਂ ਹੋਏ ਸਨ। ਇਸ ਵੇਲੇ ਸਭ ਤੋਂ ਸੀਨੀਅਰ ਜੱਜ ਦਿਨੇਸ਼ ਮਹੇਸ਼ਵਰੀ 15 ਮਈ 1958 ਨੂੰ ਪੈਦਾ ਹੋਏ ਸਨ। ਸਭ ਤੋਂ ਪੁਰਾਣਾ ਕੇਸ ਮਹਾਰਾਸ਼ਟਰ ਦੇ ਰਾਇਗੜ੍ਹ ਦਾ ਚੱਲ ਰਿਹਾ ਹੈ, ਜਿਹੜਾ ਪੁਲਸ ਨਸ਼ੀਲੇ ਪਦਾਰਥ ਰੱਖਣ ਦਾ 18 ਮਈ 1953 ਨੂੰ ਦਰਜ ਕੀਤਾ ਸੀ। ਇਸ ਮਾਮਲੇ ਵਿਚ ਦੋਸ਼ੀ ਪਾਏ ਜਾਣ 'ਤੇ ਤਿੰਨ ਸਾਲ ਜੇਲ੍ਹ ਤੇ 25 ਹਜ਼ਾਰ ਰੁਪਏ ਜੁਰਮਾਨੇ ਤੋਂ ਲੈ ਕੇ ਪੰਜ ਸਾਲ ਜੇਲ੍ਹ ਤੇ 50 ਹਜ਼ਾਰ ਰੁਪਏ ਜੁਰਮਾਨਾ ਹੋ ਸਕਦਾ ਹੈ। ਅਗਲੀ ਸੁਣਵਾਈ 9 ਫਰਵਰੀ 2023 ਹੈ ਤੇ ਇਹ ਪਤਾ ਨਹੀਂ ਕਿ ਮੁਲਜ਼ਮ ਜ਼ਿੰਦਾ ਵੀ ਹੈ ਕਿ ਨਹੀਂ। ਰਾਇਗੜ੍ਹ ਪੁਲਸ ਨੇ ਹੀ 25 ਮਈ 1956 ਨੂੰ ਮਾਲਕ ਦੀ ਸੰਪਤੀ ਚੁਰਾਉਣ ਦਾ ਕੇਸ ਦਰਜ ਕੀਤਾ ਸੀ ਤੇ ਇਹ ਅਜੇ ਫਸਟ ਕਲਾਸ ਜੁਡੀਸ਼ੀਅਲ ਮੈਜਿਸਟ੍ਰੇਟ ਦੀ ਕੋਰਟ ਵਿਚ ਚੱਲ ਰਿਹਾ ਹੈ। ਪੱਛਮੀ ਬੰਗਾਲ ਦੇ ਮਾਲਦਾ ਜ਼ਿਲ੍ਹੇ 'ਚ ਪਰਵਾਰਕ ਜਾਇਦਾਦ ਦੀ ਵੰਡ ਦਾ ਕੇਸ ਦੀਵਾਨੀ ਅਦਾਲਤ ਵਿਚ 3 ਅਪ੍ਰੈਲ 1952 ਤੋਂ ਚੱਲ ਰਿਹਾ ਹੈ। 66 ਸਾਲ ਬਾਅਦ 2018 ਨੂੰ ਦੱਸਿਆ ਗਿਆ ਕਿ ਫਰਿਆਦੀ ਨੰਬਰ ਚਾਰ ਦੀ ਮੌਤ ਹੋ ਗਈ ਹੈ। ਇਸ ਦੇ ਬਾਅਦ ਜੱਜ ਨੇ ਉਸ ਦੀ ਪਤਨੀ ਤੇ ਤਿੰਨ ਬੱਚਿਆਂ ਨੂੰ ਪਾਰਟੀ ਬਣਾਉਣ ਦਾ ਆਦੇਸ਼ ਦਿੱਤਾ। ਕੇਸ ਪੈਂਡਿੰਗ ਹੈ। ਮਾਲਦਾ ਦੀ ਹੀ ਦੀਵਾਨੀ ਅਦਾਲਤ ਵਿਚ 18 ਜੁਲਾਈ 1952 ਨੂੰ ਪਾਰਵਤੀ ਰਾਇ ਨੇ ਬਿਪ੍ਰਚਰਨ ਸਰਕਾਰ ਖਿਲਾਫ ਕੇਸ ਕੀਤਾ ਸੀ। 2018 ਵਿਚ ਸੁਲ੍ਹਾ ਦੀ ਕੋਸ਼ਿਸ਼ ਵੀ ਕੀਤੀ ਗਈ, ਪਰ ਮਾਮਲਾ ਲਟਕਿਆ ਹੋਇਆ ਹੈ।

ਦੇਸ਼-ਭਰ ਦੀਆਂ ਹੇਠਲੀਆਂ ਅਦਾਲਤਾਂ ਵਿਚ ਚਾਰ ਕਰੋੜ 34 ਲੱਖ ਕੇਸ ਪੈਂਡਿੰਗ ਹਨ। 70 ਹਜ਼ਾਰ 587 ਫੌਜਦਾਰੀ ਕੇਸ ਤੇ 36 ਹਜ਼ਾਰ 223 ਦੀਵਾਨੀ ਕੇਸ 30 ਸਾਲ ਤੋਂ ਵੱਧ ਸਮੇਂ ਤੋਂ ਪੈਂਡਿੰਗ ਹਨ। ਕਰੀਬ ਸਾਢੇ ਤਿੰਨ ਕਰੋੜ ਕੇਸ ਪੰਜ ਜਾਂ ਉਸ ਤੋਂ ਵੱਧ ਸਮੇਂ ਤੋਂ ਪੈਂਡਿੰਗ ਹਨ। ਕਲਕੱਤਾ ਹਾਈ ਕੋਰਟ ਵਿਚ ਸਭ ਤੋਂ ਪੁਰਾਣਾ ਦੀਵਾਨੀ ਕੇਸ 1951 ਤੋਂ ਚੱਲ ਰਿਹਾ ਹੈ।

# ਸੀ ਬੀ ਜੀ ਪ੍ਰਾਜੈਕਟਾਂ 'ਚ ਸਾਲਾਨਾ 1.8 ਮਿਲੀਅਨ ਟਨ ਪਰਾਲੀ ਦੀ ਹੋਵੇਗੀ ਵਰਤੋਂ : ਅਮਨ ਅਰੋੜਾ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਪਰਾਲੀ ਸਾੜਨ ਦੀ ਸਮੱਸਿਆ ਦੇ ਸਥਾਈ ਹੱਲ ਅਤੇ ਸੂਬੇ ਦੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਵਿੱਚ ਲਗਾਏ ਜਾ ਰਹੇ 43 ਕੰਪਰੈੱਸਡ ਬਾਇਓ ਗੈਸ (ਸੀ ਬੀ ਜੀ) ਪ੍ਰਾਜੈਕਟਾਂ ਵਿੱਚ ਸਾਲਾਨਾ ਤਕਰੀਬਨ 1.8 ਮਿਲੀਅਨ ਟਨ ਝੋਨੇ ਦੀ ਪਰਾਲੀ ਦੀ ਵਰਤੋਂ ਕਰਨ ਦੀ ਯੋਜਨਾ ਬਣਾਈ ਹੈ।

ਇਹ ਜਾਣਕਾਰੀ ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਮੰਗਲਵਾਰ ਇੱਥੇ ਪੇਡਾ ਕੰਪਲੈਕਸ ਵਿਖੇ ਸੀ ਬੀ ਜੀ ਡਿਵੈੱਲਪਰਾਂ ਨਾਲ ਵਿਚਾਰ-ਵਟਾਂਦਰੇ ਲਈ ਰੱਖੇ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ।



ਸੀ ਬੀ ਜੀ ਡਿਵੈੱਲਪਰਾਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਸੂਬਾ ਸਰਕਾਰ ਗੈਸ ਪਾਈਪ ਲਾਈਨਾਂ ਰਾਹੀਂ ਸੀ ਬੀ ਜੀ ਦੀ ਆਫ਼ ਟੇਕਿੰਗ ਵਾਸਤੇ ਪੇਡਾ, ਗੇਲ, ਸੀ ਜੀ ਡੀ ਕੰਪਨੀਆਂ, ਸੀ ਬੀ ਜੀ ਉਤਪਾਦਕਾਂ ਅਤੇ ਪੀ ਬੀ ਆਈ ਪੀ ਵਰਗੇ ਸਾਰੇ ਹਿੱਸੇਦਾਰਾਂ ਦਾ ਕੋਰ ਗਰੁੱਪ ਬਣਾਉਣ ਦੀ ਪ੍ਰਕਿਰਿਆ ਅਧੀਨ ਹੈ।

ਉਨ੍ਹਾ ਕਿਹਾ ਕਿ 33.23 ਟਨ ਪ੍ਰਤੀ ਦਿਨ (ਟੀ.ਪੀ.ਡੀ.)

● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਮੁੜ ਕੇ ਕੀਤੀ ਆ ਬੈਠਕ ਅਕਾਲੀਆਂ ਨੇ,
ਲਿਆ ਹੈ ਝੰਡਾ ਬਗਾਵਤ ਦਾ ਚੁੱਕ ਬੇਲੀ।
ਲੀਡਰਸ਼ਿਪ ਨੂੰ ਚੈਲਿੰਜ ਹੈ ਪੇਸ਼ ਕਰਿਆ,
ਲੱਗੇ ਆ ਬੰਨ੍ਹਣ ਦਲੀਲਾਂ ਦਾ ਠੁੱਕ ਬੇਲੀ।
ਕਿਹਾ ਇਹ ਸਾਫ ਕਿ ਹੱਥੀਂ ਅਨਾੜੀਆਂ ਦੇ,
ਵਜੂਕਾ ਪਾਰਟੀ ਦਾ ਗਿਆ ਈ ਮੁੱਕ ਬੇਲੀ।
ਖੜਾ ਕਰਨ ਦੇ ਲਈ ਮੁੜ ਕੇ ਪਾਰਟੀ ਨੂੰ,
ਅਗਲਾ ਰਸਤਾ ਵੀ ਲਿਆ ਹੈ ਟੁੱਕ ਬੇਲੀ।
ਓਧਰ ਪਲਟਣ ਪ੍ਰਧਾਨ ਦੀ ਸੋਚ ਰਹੀ ਆ,
ਕਿੱਦਾਂ ਠੱਲ੍ਹ ਇਸ ਲਹਿਰ ਨੂੰ ਪਾਵਣੀ ਜੀ।
ਉੱਠਦੀ ਕਾਂਗ ਨੇ ਲਾਈ ਹੈ ਬਹੁਤ ਚਿੰਤਾ,
ਵੱਜਦੀਆਂ ਛੱਲਾਂ ਤੋਂ ਬੇੜੀ ਬਚਾਵਣੀ ਜੀ।

-ਤੀਸ ਮਾਰ ਖਾਂ

# ਮਾਰਕਫੈੱਡ ਕਰੇਗਾ ਆਂਗਣਵਾੜੀ ਕੇਂਦਰਾਂ ਨੂੰ ਸੁੱਕੇ ਰਾਸ਼ਨ ਦੀ ਸਪਲਾਈ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਸੂਬੇ ਦੇ ਆਂਗਣਵਾੜੀ ਕੇਂਦਰਾਂ ਦੇ 11 ਲੱਖ ਲਾਭਪਾਤਰੀਆਂ ਨੂੰ ਮਿਆਰੀ, ਪੌਸ਼ਟਿਕ ਖੁਰਾਕ ਮੁਹੱਈਆ ਕਰਵਾਉਣ ਲਈ ਲੀਹੋਂ ਹਟਵੀਂ ਪਹਿਲਕਦਮੀ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਸੂਬਾ ਸਰਕਾਰ ਨੇ ਸੁੱਕੇ ਰਾਸ਼ਨ ਦੀ ਸਪਲਾਈ ਲਈ ਸਮਾਜਕ ਸੁਰੱਖਿਆ, ਮਹਿਲਾਵਾਂ ਤੇ ਬਾਲ ਵਿਕਾਸ ਵਿਭਾਗ ਅਤੇ ਮਾਰਕਫੈੱਡ ਦਰਮਿਆਨ ਸਮਝੌਤਾ ਸਹੀਬੱਧ ਕੀਤਾ।




ਇਸ ਸਮਝੌਤੇ ਮੁਤਾਬਕ ਮਾਰਕਫੈੱਡ ਵੱਲੋਂ ਸਮਾਜਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਨੂੰ ਬੇਸਣ, ਕਣਕ ਦਾ ਆਟਾ ਤੇ ਹੋਰ ਵਸਤਾਂ ਦੇ ਰੂਪ ਵਿੱਚ ਸੁੱਕਾ ਰਾਸ਼ਨ ਸਪਲਾਈ ਕੀਤਾ ਜਾਵੇਗਾ, ਜਿਸ ਨਾਲ ਆਂਗਣਵਾੜੀ ਕੇਂਦਰਾਂ ਤੇ ਹੋਰ ਥਾਵਾਂ ਵਿਚ ਲਾਭਪਾਤਰੀਆਂ ਲਈ ਪੌਸ਼ਟਿਕ ਭੋਜਨ ਤਿਆਰ ਹੋਵੇਗਾ। ਦੋਵਾਂ ਵਿਭਾਗਾਂ ਨੂੰ ਵਧਾਈ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਇਸ ਇਤਿਹਾਸਕ ਉਪਰਾਲੇ ਦਾ ਮਕਸਦ ਆਂਗਣਵਾੜੀ ਕੇਂਦਰਾਂ ਵਿੱਚ ਬੱਚਿਆਂ ਨੂੰ ਗੁਣਵੱਤਾ ਭਰਪੂਰ ਭੋਜਨ ਮੁਹੱਈਆ ਕਰਵਾਉਣ ਦੇ ਨਾਲ-ਨਾਲ ਗਰਭਵਤੀ ਔਰਤਾਂ ਅਤੇ ਬੱਚਿਆਂ ਨੂੰ ਦੁੱਧ ਪਿਆਉਣ ਵਾਲੀਆਂ ਮਾਵਾਂ ਨੂੰ ਲੋੜੀਂਦੀ ਪੌਸ਼ਟਿਕ ਖੁਰਾਕ ਦਿੱਤੀ ਜਾਵੇਗੀ। ਮਾਨ ਨੇ ਕਿਹਾ ਕਿ ਉਹ ਸਕੂਲਾਂ ਵਿੱਚ ਮਿਡ-ਡੇ-ਮੀਲ ਵਾਸਤੇ ਅਤੇ ਆਂਗਣਵਾੜੀਆਂ ਵਿੱਚ ਬੱਚਿਆਂ ਨੂੰ ਮਿਆਰੀ ਖੁਰਾਕੀ ਵਸਤਾਂ ਮੁਹੱਈਆ ਕਰਨ ਦੇ ਪੱਖ ਵਿੱਚ ਹਨ, ਜਿਸ ਲਈ ਇਹ ਕਦਮ ਚੁੱਕਿਆ ਗਿਆ ਹੈ। ਉਨ੍ਹਾ ਕਿਹਾ ਕਿ ਸੂਬੇ ਦੇ ਬੱਚਿਆਂ ਦੇ ਸਮੁੱਚੇ ਵਿਕਾਸ ਲਈ ਪੰਜਾਬ ਸਰਕਾਰ ਵਚਨਬੱਧ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਮਾਰਕਫੈੱਡ ਤੇ ਵਿਭਾਗ ਵਿੱਚ ਹੋਇਆ ਇਹ ਤਾਲਮੇਲ ਲਾਮਿਸਾਲ ਹੈ, ਜਿਸ ਨਾਲ ਆਂਗਣਵਾੜੀਆਂ ਨੂੰ ਰਾਸ਼ਨ ਦੀ ਸਪਲਾਈ ਸੁਚਾਰੂ ਤੇ ਸਮਾਂਬੱਧ ਹੋਣੀ ਯਕੀਨੀ ਬਣੇਗੀ।

ਉਨ੍ਹਾ ਕਿਹਾ ਕਿ ਔਰਤਾਂ ਤੇ ਬੱਚਿਆਂ ਦੀ ਭਲਾਈ ਯਕੀਨੀ ਬਣਾਉਣ ਤੋਂ ਇਲਾਵਾ ਇਹ ਸਮਝੌਤਾ ਸੂਬੇ ਦੇ ਮੋਹਰੀ ਸਹਿਕਾਰੀ ਅਦਾਰੇ ਮਾਰਕਫੈੱਡ ਦੇ ਹੋਰ ਵਿਸਤਾਰ ਵਿੱਚ ਮਦਦਗਾਰ ਸਾਬਤ ਹੋਵੇਗਾ, ਜਿਸ ਨਾਲ ਪੰਜਾਬ ਵਿੱਚ ਸਹਿਕਾਰਤਾ ਲਹਿਰ ਮਜ਼ਬੂਤ ਹੋਵੇਗੀ। ਉਹਨਾ ਕਿਹਾ ਕਿ ਆਂਗਣਵਾੜੀ ਕੇਂਦਰਾਂ ਨੂੰ ਰਾਸ਼ਨ ਦੀ ਮਾੜੀ ਸਪਲਾਈ ਬਾਰੇ ਪਹਿਲਾਂ ਕਾਫੀ ਸ਼ਿਕਾਇਤਾਂ ਮਿਲਦੀਆਂ ਸਨ, ਪਰ ਹੁਣ ਇਸ ਸਮਝੌਤੇ ਨਾਲ ਮਾਰਕਫੈੱਡ ਵੱਲੋਂ ਵਧੀਆ ਗੁਣਵੱਤਾ ਵਾਲਾ ਰਾਸ਼ਨ ਸਪਲਾਈ ਕੀਤਾ ਜਾਵੇਗਾ, ਜਿਸ ਨਾਲ ਬੱਚਿਆਂ ਤੇ ਔਰਤਾਂ ਦੀ ਸਿਹਤ ਵਿੱਚ ਸੁਧਾਰ ਹੋਵੇਗਾ।

# ਨੌਜਵਾਨ ਦੇ ਹੱਥ ਵੱਢ ਕੇ ਲੈ ਗਏ



**ਕੁਰੂਕਸ਼ੇਤਰ :** ਦੋ ਗੱਡੀਆਂ 'ਚ ਆਏ 12 ਬਦਮਾਸ਼ ਇੱਥੇ ਇਕ ਹੋਟਲ 'ਚ ਕੁੜੀ ਨਾਲ ਬੈਠੇ ਜੁਗਨੂੰ ਨਾਂਅ ਦੇ ਨੌਜਵਾਨ ਦੇ ਹੱਥ ਵੱਢ ਕੇ ਲੈ ਗਏ। ਕੁੜੀ ਬਚ ਗਈ। ਕਰਨਾਲ ਦੇ ਰਹਿਣ ਵਾਲੇ ਜੁਗਨੂੰ ਨੂੰ ਤੁਰੰਤ ਐੱਲ ਐੱਨ ਜੇ ਪੀ ਹਸਪਤਾਲ ਲਿਜਾਇਆ ਗਿਆ, ਜਿੱਥੋਂ ਉਸ ਨੂੰ ਚੰਡੀਗੜ੍ਹ ਦੇ ਪੀ ਜੀ ਆਈ ਰੈਫਰ ਕਰ ਦਿੱਤਾ ਗਿਆ। ਥਾਨੇਸਰ ਸਦਰ ਦੇ ਐੱਸ ਐੱਚ ਓ ਨਿਰਮਲ ਸਿੰਘ ਨੇ ਦੱਸਿਆ ਕਿ ਜੁਗਨੂੰ ਮੁਤਾਬਕ ਉਸ ਦਾ ਸ਼ਰਾਬ ਦੇ ਠੇਕੇਦਾਰ ਨਾਲ ਪੁਰਾਣਾ ਝਗੜਾ ਹੈ, ਜਿਸ ਕਾਰਨ ਉਸ 'ਤੇ ਹਮਲਾ ਕੀਤਾ ਗਿਆ।

ਕੁਰੂਕਸ਼ੇਤਰ ਦੇ ਐੱਸ ਪੀ ਸੁਰਿੰਦਰ ਸਿੰਘ ਭੋਰੀਆ ਨੇ ਦੱਸਿਆ ਕਿ ਜੁਗਨੂੰ ਜ਼ਮਾਨਤ 'ਤੇ ਬਾਹਰ ਹੈ। ਉਸ ਨੂੰ 2020 'ਚ ਕਤਲ ਦੀ ਕੋਸ਼ਿਸ਼ ਦੇ ਮਾਮਲੇ 'ਚ ਗ੍ਰਿਫਤਾਰ ਕੀਤਾ ਗਿਆ ਸੀ। ਉਸ ਨੇ ਸ਼ਰਾਬ ਦੇ ਠੇਕੇਦਾਰ 'ਤੇ ਕਈ ਗੋਲੀਆਂ ਚਲਾਈਆਂ ਸਨ। ਹਮਲੇ ਦੇ ਪਿੱਛੇ ਵੀ ਇਹੀ ਝਗੜਾ ਹੋਣ ਦਾ ਸ਼ੱਕ ਹੈ।

## 'ਆਪ' ਤੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਭਾਜਪਾ 'ਚ ਸ਼ਾਮਲ



**ਮਲੋਟ (ਗੁਰਮੀਤ ਸਿੰਘ ਮੱਕੜ)**-ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸਤੀਸ਼ ਅਸੀਜਾ ਦੀ ਅਗਵਾਈ ਹੇਠ ਜ਼ਿਲ੍ਹਾ ਵਾਈਸ ਪ੍ਰਧਾਨ ਕਾਰਜ ਸਿੰਘ ਮਿੱਡਾ ਦੀ ਪ੍ਰੇਰਣਾ ਸਦਕਾ ਆਮ ਆਦਮੀ ਪਾਰਟੀ ਦੇ ਮਾਲਵਾ ਜ਼ੋਨ-1 ਦੇ ਵਾਈਸ ਪ੍ਰਧਾਨ ਗੁਰਚਰਨ ਸਿੰਘ ਸੰਧੂ ਡੱਬਵਾਲੀ ਢਾਬ ਤੋਂ ਹਲਕਾ ਲੰਬੀ ਤੋਂ 'ਆਪ' ਪਾਰਟੀ ਨੂੰ ਅਤੇ ਰਾਮ ਕੁਮਾਰ ਸਾਬਕਾ ਮੈਂਬਰ ਪੰਚਾਇਤ ਪਿੰਡ ਛਾਪਿਆਂਵਾਲੀ ਹਲਕਾ ਲੰਬੀ ਦੇ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਭਾਜਪਾ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਭਾਜਪਾ ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਭਾਜਪਾ ਜ਼ਿਲ੍ਹਾ ਪ੍ਰਧਾਨ ਸਤੀਸ਼ ਅਸੀਜਾ ਨੇ ਪਾਰਟੀ ਦਾ ਸਿਰਪਾਓ ਪਾ ਕੇ ਉਨ੍ਹਾਂ ਪਾਰਟੀ ਵਿੱਚ ਸ਼ਾਮਲ ਕੀਤਾ ਤੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਨੂੰ ਬਣਦਾ ਮਾਨ ਸਨਮਾਨ ਦਿੱਤਾ ਜਾਵੇਗਾ। ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਸੋਮਨਾਥ ਕਾਲੜਾ, ਅੰਗਰੇਜ ਸਿੰਘ ਉੜਾਂਗ, ਗੁਰਸੇਵਕ ਸਿੰਘ ਸੇਖੋਂ, ਬੂਟਾ ਰਾਮ ਮਾਹਲਾ ਆਦਿ ਹਾਜ਼ਰ ਸਨ।

## ਹੌਲਦਾਰ ਨਕਸ਼ੱਤਰ ਸਿੰਘ ਦਾ ਜਨਮ ਦਿਨ ਮਨਾਇਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਐਸ.ਐਸ.ਪੀ. ਦੇ ਪੀ.ਐੱਸ.ਓ. ਦੀ ਡਿਊਟੀ ਨਿਭਾਅ ਰਹੇ ਹੌਲਦਾਰ ਨਕਸ਼ੱਤਰ ਸਿੰਘ ਦਾ ਸ. ਉਪਿੰਦਰਜੀਤ ਸਿੰਘ ਘੁੰਮਣ ਐਸ.ਐਸ.ਪੀ. ਨੇ ਆਪਣੇ ਦਫਤਰ ਵਿਖੇ ਸਰਟੀਫਿਕੇਟ ਦੇ ਕੇ ਜਨਮ ਦਿਨ ਮਨਾਇਆ। ਇਸ ਮੌਕੇ ਐੱਸ.ਐੱਸ.ਪੀ. ਨੇ ਜਨਮ ਦਿਨ ਦੀ ਵਧਾਈ ਦਿੰਦਿਆਂ ਸਰੀਰਕ ਤੰਦਰੁਸਤੀ ਦੀ ਕਾਮਨਾ ਕੀਤੀ।

## ਦਵਾਈ ਉਧਾਰ ਦੇਣ ਤੋਂ ਮਨ੍ਹਾ ਕਰਨ 'ਤੇ ਚੱਕ ਲਿਆ ਦਾਤ



**ਜਗਰਾਉਂ (ਅਮਿਤ ਖੰਨਾ)**-ਜਗਰਾਓਂ ਦੇ ਇਕ ਮੈਡੀਕਲ ਸਟੋਰ 'ਤੇ ਦਵਾਈ ਲੈਣ ਆਏ ਵਿਅਕਤੀ ਨੂੰ ਪਹਿਲਾਂ ਉਧਾਰ ਚੁਕਾਉਣ ਲਈ ਕਹਿਣਾ ਦੁਕਾਨਦਾਰ ਨੂੰ ਮਹਿੰਗਾ ਪੈ ਗਿਆ। ਇਨਕਾਰ ਸੁਣ ਕੇ ਗੁੱਸੇ ਵਿੱਚ ਆਇਆ ਵਿਅਕਤੀ ਦੁਕਾਨਦਾਰ ਨੂੰ ਮਾਰਨ ਲਈ ਦਾਹ ਚੁੱਕ ਲਿਆਇਆ। ਨੇੜੇ ਦੇ ਲੋਕਾਂ ਨੇ ਉਕਤ ਦੁਕਾਨ ਦਾ ਸ਼ਟਰ ਬੰਦ ਕਰਕੇ ਉਸ ਨੂੰ ਬਚਾਇਆ। ਇਸ ਸਬੰਧੀ ਜਗਰਾਓਂ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਪੰਜਾਬ ਮੈਡੀਕਲ ਹਾਲ ਸ਼ੇਰਪੁਰਾ ਰੋਡ ਦੇ ਮਾਲਕ ਪੰਕਜ ਅਰੋੜਾ ਨੇ ਦੱਸਿਆ ਕਿ ਦੁਕਾਨ ਨੇੜੇ ਰਹਿੰਦਾ ਇੱਕ ਵਿਅਕਤੀ ਉਨ੍ਹਾਂ ਤੋਂ ਪਹਿਲਾਂ ਵੀ ਉਧਾਰ ਦਵਾਈ ਲੈ ਕੇ ਗਿਆ ਸੀ। ਅੱਜ ਫਿਰ ਦਵਾਈ ਲੈਣ ਆਇਆ ਤਾਂ ਪਹਿਲਾਂ ਪਿਛਲੇ ਪੈਸੇ ਮੰਗੇ ਤਾਂ ਉਹ ਗੁੱਸੇ 'ਚ ਆ ਗਿਆ ਤੇ ਉਸ ਨਾਲ ਹੱਥੋਪਾਈ ਕਰਦਾ ਹੋਇਆ ਦੁਕਾਨ ਤੋਂ ਚਲਾ ਗਿਆ। ਕੁਝ ਦੇਰ ਬਾਅਦ ਉਕਤ ਵਿਅਕਤੀ ਹੱਥ 'ਚ ਦਾਹ ਲੈ ਕੇ ਉਸ ਨੂੰ ਮਾਰਨ ਲਈ ਆ ਗਿਆ। ਇਸੇ ਦੌਰਾਨ ਨੇੜੇ ਦੇ ਦੁਕਾਨਦਾਰ ਇਕੱਠੇ ਹੋ ਗਏ। ਉਨ੍ਹਾਂ ਜਿੱਥੇ ਉਸ ਨੂੰ ਹਮਲਾ ਕਰਨ ਤੋਂ ਰੋਕਿਆ, ਉਥੇ ਉਸ ਦੀ ਦੁਕਾਨ ਦਾ ਸ਼ਟਰ ਬੰਦ ਕਰਕੇ ਉਸ ਨੂੰ ਬਚਾਇਆ। ਦੁਕਾਨਦਾਰ ਨੇ ਦੱਸਿਆ ਉਕਤ ਸਾਰੀ ਘਟਨਾ ਸੀਸੀਟੀਵੀ ਕੈਮਰੇ 'ਚ ਕੈਦ ਹੋ ਗਈ ਹੈ। ਉਸ ਨੇ ਪੁਲਸ ਨੂੰ ਸ਼ਿਕਾਇਤ ਕੀਤੀ ਹੈ। ਚੌਕੀ ਬੱਸ ਸਟੈਂਡ ਦੀ ਪੁਲਸ ਦਾ ਕਹਿਣਾ ਹੈ ਕਿ ਉਕਤ ਮਾਮਲੇ 'ਚ ਦੂਸਰੀ ਧਿਰ ਨੂੰ ਬੁਲਾਇਆ ਗਿਆ ਹੈ, ਉਪਰੰਤ ਬਣਦੀ ਕਾਰਵਾਈ ਕੀਤੀ ਜਾਵੇਗੀ।

## ਪਿੰਡ 'ਚੋਂ ਚਿੱਟਾ ਬੰਦ ਕਰਵਾਉਣ ਲਈ ਐੱਸ ਐੱਸ ਪੀ ਨੂੰ ਦਿੱਤਾ ਮੰਗ ਪੱਤਰ



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**-ਨਜ਼ਦੀਕੀ ਪਿੰਡ ਚਕਰ ਦੀ ਗ੍ਰਾਮ ਪੰਚਾਇਤ ਤੇ ਸਿੱਖ ਜੰਗ ਫੈਡਰੇਸ਼ਨ ਵੱਲੋਂ ਪਿੰਡ 'ਚੋਂ ਚਿੱਟਾ ਬੰਦ ਕਰਵਾਉਣ ਲਈ ਪੁਲਸ ਜ਼ਿਲ੍ਹਾ ਲੁਧਿਆਣਾ (ਦਿਹਾਤੀ) ਦੇ ਐੱਸ. ਐੱਸ. ਪੀ. ਹਰਜੀਤ ਸਿੰਘ ਨੂੰ ਮੰਗ ਪੱਤਰ ਦਿੱਤਾ ਗਿਆ ਤੇ ਪਿੰਡ 'ਚ ਚਿੱਟਾ ਵੇਚਣ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ। ਐੱਸ. ਐੱਸ. ਪੀ. ਨੇ ਵਫ਼ਦ ਨੂੰ ਧਿਆਨ ਨਾਲ ਸੁਣਿਆ ਤੇ ਮੌਕੇ 'ਤੇ ਡੀ. ਐੱਸ. ਪੀ. ਨੂੰ ਕਾਰਵਾਈ ਕਰਨ ਲਈ ਆਖਿਆ। ਇਸ ਮੌਕੇ ਪਿੰਡ ਚਕਰ ਦੀ ਗ੍ਰਾਮ ਪੰਚਾਇਤ ਤੇ ਸਿੱਖ ਜੰਗ ਫੈਡਰੇਸ਼ਨ ਨੇ ਕਿਹਾ ਕਿ ਚਿੱਟੇ ਕਾਰਨ ਪੰਜਾਬ ਦੀ ਜਵਾਨੀ ਤਬਾਹ ਹੁੰਦੀ ਜਾ ਰਹੀ ਹੈ ਅਤੇ ਪਿੰਡ 'ਚ ਚਿੱਟਾ ਜ਼ੋਰਾਂ 'ਤੇ ਵਿਕ ਰਿਹਾ ਹੈ, ਜਿਸ ਕਾਰਨ ਪਿੰਡ ਦੇ ਨੌਜਵਾਨ ਨਸ਼ੇ ਦੇ ਆਦੀ ਹੋ ਰਹੇ ਹਨ। ਇਸ ਮੌਕੇ ਪਿੰਡ ਵਾਸੀਆਂ ਨੇ ਚਿੱਟਾ ਵੇਚਣ ਵਾਲਿਆਂ ਦੇ ਨਾਮ ਵੀ ਜਨਤਕ ਕੀਤੇ ਤੇ ਪੁਲਸ ਨੇ ਤੁਰੰਤ ਕਾਰਵਾਈ ਬਾਰੇ ਆਖਿਆ। ਉਨ੍ਹਾਂ ਪੁਲਸ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਪੁੱਛਗਿੱਛ ਦੌਰਾਨ ਨਸ਼ਾ ਵੇਚਣ ਵਾਲੇ ਤੋਂ ਬਿਨਾਂ ਉਨ੍ਹਾਂ ਦੇ ਕਿਸੇ ਹੋਰ ਪਰਿਵਾਰਕ ਮੈਂਬਰ ਨੂੰ ਗ੍ਰਿਫ਼ਤਾਰ ਜਾਂ ਤੰਗ ਪ੍ਰੇਸ਼ਾਨ ਨਾ ਕੀਤਾ ਜਾਵੇ।

## ਰੋਜ਼ੀ ਬਰਕੰਦੀ ਨੇ ਕੀਤਾ ਪਿੰਡਾਂ ਦਾ ਦੌਰਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਸਾਬਕਾ ਵਿਧਾਇਕ ਤੇ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਵੱਲੋਂ ਮੇਲਾ ਮਾਘੀ ਕਾਨਫਰੰਸ ਸੰਬੰਧੀ ਵੱਖ ਵੱਖ ਪਿੰਡਾਂ ਦਾ ਦੌਰਾ ਕਰਦੇ ਹੋਏ ਲੋਕਾਂ ਨੂੰ ਵੱਡੀ ਗਿਣਤੀ ਵਿੱਚ 14 ਜਨਵਰੀ ਨੂੰ ਹੋਣ ਵਾਲੀ ਅਕਾਲੀ ਦਲ ਦੀ ਕਾਨਫਰੰਸ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ। ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਵੱਲੋਂ ਮਰਾੜ ਕਲਾਂ ਪਿੰਡ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾ ਨਾਲ ਜਗਜੀਤ ਸਿੰਘ ਹਨੀ ਫੱਤਣਵਾਲਾ, ਗੁਰਦੀਪ ਸਿੰਘ ਮੜਮੱਲੂ, ਹੀਰਾ ਸਿੰਘ ਚੜ੍ਹੇਵਾਨ, ਬਾਬਾ ਦਲੀਪ, ਜਗਵੰਤ ਸਿੰਘ ਲੰਬੀ, ਬਿੰਦਰ ਗੋਨਿਆਣਾ, ਰਣਦੀਪ ਵਧਾਈ, ਗਗਨ ਕੋਕਰੀਆ, ਰਾਜਪਾਲ ਬਰਕੰਦੀ, ਜੱਗਾ ਸੰਗਰਾਣਾ, ਗੁੱਲੂ ਬਰੀਵਾਲਾ ਆਦਿ ਮੌਜੂਦ ਸਨ।

## ਰੈੱਡ ਕਰਾਸ ਸੁਸਾਇਟੀ ਵੱਲੋਂ ਖ਼ੂਨਦਾਨ ਕੈਂਪ




**ਬਰਨਾਲਾ (ਰਜਿੰਦਰ ਸਿੰਘ, ਗੁਰਪ੍ਰੀਤ ਸਿੰਘ)**-ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਇੰਡੀਅਨ ਰੈੱਡ ਕਰਾਸ ਸੁਸਾਇਟੀ ਬਰਨਾਲਾ ਪੂਨਮਦੀਪ ਕੌਰ ਆਈ.ਏ.ਐੱਸ. ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਬਲੱਡ ਬੈਂਕ, ਸਿਵਲ ਹਸਪਤਾਲ ਬਰਨਾਲਾ ਦੀ ਟੀਮ ਰਾਹੀਂ ਆਸਰਾ ਸੋਸ਼ਲ ਵੈੱਲਫੇਅਰ ਕਲੱਬ ਅਤੇ ਬਾਬਾ ਵੈੱਲਫੇਅਰ ਸੁਸਾਇਟੀ ਬਰਨਾਲਾ ਦੇ ਸਹਿਯੋਗ ਨਾਲ ਇੰਡੀਅਨ ਰੈੱਡ ਕਰਾਸ ਸੁਸਾਇਟੀ ਬਰਨਾਲਾ ਵੱਲੋਂ ਦੁਰਗਾ ਮੰਦਿਰ, ਪਿਆਰਾ ਕਲੋਨੀ ਬਰਨਾਲਾ ਵਿਖੇ ਖ਼ੂਨਦਾਨ ਕੈਂਪ ਲਾਇਆ ਗਿਆ। ਰੈੱਡ ਕਰਾਸ ਸੁਸਾਇਟੀ ਬਰਨਾਲਾ ਦੇ ਸਕੱਤਰ ਸਰਵਣ ਸਿੰਘ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਕੁੱਲ 23 ਯੂਨਿਟ ਖ਼ੂਨ ਇਕੱਤਰ ਹੋਇਆ। ਇਸ ਮੌਕੇ ਹੋਰਨਾਂ ਸਮਾਜਸੇਵੀ ਸੰਸਥਾਵਾਂ ਵੱਲੋਂ 31 ਨਵ-ਜੰਮੀਆਂ ਧੀਆਂ ਤੇ ਉਨ੍ਹਾਂ ਦੀਆਂ ਮਾਤਾਵਾਂ ਨੂੰ ਵੀ ਸਨਮਾਨਤ ਕੀਤਾ ਗਿਆ।

## ਪੰਜਾਬ ਹੋਰਸ ਸ਼ੋਅ ਮੁਕਾਬਲੇ ਕਰਵਾਏ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਮੇਲਾ ਮਾਘੀ ਦੀ ਅੱਜ ਘੋੜਿਆਂ ਦੇ ਮੁਕਾਬਲਿਆਂ ਨਾਲ ਸ਼ੁਰੂਆਤ ਹੋਈ। ਮੁਕਤਸਰ ਦੀ ਪਸ਼ੂ ਮੰਡੀ ਵਿੱਚ ਪੰਜਾਬ ਹੋਰਸ ਸ਼ੋ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸ਼ਿਰਕਤ ਕੀਤੀ। ਉਨ੍ਹਾ ਨੇ ਵੀ ਇਨ੍ਹਾਂ ਮੁਕਾਬਲਿਆਂ ਦਾ ਅਨੰਦ ਮਾਣਿਆ ਤੇ ਉਨ੍ਹਾਂ ਨੇ ਅੱਜ ਦੇ ਮੁਕਾਬਲਿਆਂ ਵਿੱਚ ਜੇਤੂ ਰਹਿਣ ਵਾਲੇ ਘੋੜਾ ਪਾਲਕ ਕਿਸਾਨ ਨੂੰ ਸਨਮਾਨਤ ਕੀਤਾ। ਇਸ ਮੌਕੇ ਇਸ ਘੋੜਾ ਮੁਕਾਬਲਿਆਂ ਦੇ ਪ੍ਰਬੰਧਕ ਸਰਬੀਰ ਸਿੰਘ ਸਿੱਧੂ ਨੇ ਦੱਸਿਆ ਕਿ ਇਸ ਘੋੜ ਮੁਕਾਬਲਿਆਂ ਵਿੱਚ ਵੱਖ ਵੱਖ ਰਾਜਾਂ ਤੋਂ ਘੋੜਾ ਪਾਲਕ ਕਿਸਾਨਾਂ ਨੇ ਭਾਗ ਲਿਆ। ਉਨ੍ਹਾ ਕਿਸਾਨਾਂ ਤੇ ਨੌਜਵਾਨਾ ਨੂੰ ਅਪੀਲ ਕੀਤੀ ਕਿ ਇਹ ਇੱਕ ਕਿਸਾਨ ਸਹਾਇਕ ਧੰਦਾ ਹੈ ਤੇ ਉਹ ਨਸ਼ਿਆਂ ਵਿੱਚੋਂ ਨਿੱਕਲ ਕੇ ਸਹਾਇਕ ਧੰਦਿਆਂ ਵੱਲ ਜੁੜਨ।

## 'ਲੋਹੜੀ ਧੀਆਂ ਦੀ' ਪ੍ਰੋਗਰਾਮ ਦੌਰਾਨ ਸੰਧਵਾਂ ਤੇ ਮੁਹੰਮਦ ਸਦੀਕ ਨੇ ਨਵਜੰਮੀਆਂ ਨੂੰ ਦਿੱਤੀਆਂ ਵਧਾਈਆਂ




**ਕੋਟਕਪੂਰਾ (ਸ਼ਾਮ ਲਾਲ ਚਾਵਲਾ, ਰਛਪਾਲ ਭੁੱਲਰ)**-ਧੀਆਂ ਦੇ ਮਾਣ-ਸਤਿਕਾਰ ਤੇ ਜ਼ਿਆਦਾਤਰ ਬੇਟੀਆਂ ਦੇ ਉੱਚ ਅਹੁਦਿਆਂ 'ਤੇ ਬਿਰਾਜਮਾਨ ਹੋਣ ਸਮੇਤ ਲੋਹੜੀ ਦੀਆਂ ਵਧਾਈਆਂ ਦੇਣ ਲਈ 'ਗੁੱਡ ਮੌਰਨਿੰਗ ਵੈਲਫੇਅਰ ਕਲੱਬ' ਵੱਲੋਂ ਬਾਬਾ ਫਰੀਦ ਕਾਲਜ ਆਫ ਨਰਸਿੰਗ ਵਿਖੇ ਕਰਾਏ ਗਏ 'ਲੋਹੜੀ ਧੀਆਂ ਦੀ' ਪ੍ਰੋਗਰਾਮ ਵਿੱਚ ਬਤੌਰ ਮੁੱਖ ਮਹਿਮਾਨ ਪੁੱਜੇ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਤੇ ਜਨਾਬ ਮੁਹੰਮਦ ਸਦੀਕ ਮੈਂਬਰ ਪਾਰਲੀਮੈਂਟ ਨੇ ਨਵਜੰਮੀਆਂ ਲੜਕੀਆਂ ਦੇ ਚੰਗੇਰੇ ਭਵਿੱਖ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।

ਕਲੱਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਨੇ ਕਲੱਬ ਲਈ 51,000 ਰੁਪਏ ਦਾ ਚੈੱਕ ਭੇਟ ਕਰਦਿਆਂ ਆਖਿਆ ਕਿ ਮਿਊਂਸਪਲ ਪਾਰਕ ਨੂੰ ਚੰਡੀਗੜ੍ਹ ਵਰਗੇ ਸੁੰਦਰ ਪਾਰਕਾਂ ਤੋਂ ਵੀ ਵਧੀਆ ਬਣਾਉਣ ਦੀ ਲੋੜ ਹੈ, ਕਿਉਂਕਿ ਉੱਥੇ ਹਰ ਧਰਮ, ਹਰ ਜਾਤ ਤੇ ਹਰ ਪਾਰਟੀ ਦੇ ਨੌਜਵਾਨ, ਬੱਚੇ, ਬਜ਼ੁਰਗ, ਔਰਤਾਂ ਤੇ ਲੜਕੀਆਂ ਨੇ ਸੈਰ ਕਰਨੀ ਹੁੰਦੀ ਹੈ, ਇਸ ਲਈ ਸਾਨੂੰ ਇਸ ਪਾਸੇ ਜ਼ਰੂਰ ਧਿਆਨ ਦੇਣਾ ਪਵੇਗਾ। ਸਪੀਕਰ ਸੰਧਵਾਂ ਨੇ ਆਪਣੇ ਅਖਤਿਆਰੀ ਕੋਟੇ ਵਿੱਚੋਂ ਕਲੱਬ ਨੂੰ 2 ਲੱਖ ਰੁਪਏ, ਦੀਦਾਰ ਸਿੰਘ ਮਾਡਰਨ ਜਿਊਲਰਜ ਵੱਲੋਂ 21,000 ਰੁਪਏ, ਡਾ ਬੀ.ਕੇ. ਕਪੂਰ ਵਲੋਂ 21,000 ਰੁਪਏ, ਡਾ. ਸੁਖਚੈਨ ਸਿੰਘ ਬਰਾੜ ਐੱਮ.ਏ.ਐੱਸ. ਜਿਉਣਵਾਲਾ ਵਲੋਂ 21,000 ਰੁਪਏ ਤੇ ਡਾ. ਆਰ.ਸੀ. ਗਰਗ ਨੇ ਵੀ 11,000 ਰੁਪਏ ਯੋਗਦਾਨ ਪਾਉਣ ਦਾ ਐਲਾਨ ਕੀਤਾ, ਜਦਕਿ ਮੁਹੰਮਦ ਸਦੀਕ ਮੈਂਬਰ ਪਾਰਲੀਮੈਂਟ ਨੇ ਕਲੱਬ ਨੂੰ 10 ਲੱਖ ਰੁਪਿਆ ਗਰਾਂਟ ਦੇਣ ਦਾ ਵਿਸ਼ਵਾਸ ਦਿਵਾਇਆ।

ਰੰਗਾਰੰਗ ਪ੍ਰੋਗਰਾਮ ਦੌਰਾਨ ਮੱਖਣ ਬਰਾੜ ਮੱਲਕੇ, ਰਜਿੰਦਰ ਰਾਜਨ, ਬੀਬਾ ਆਰਤੀ ਜੈਨ ਨੇ ਸੱਭਿਆਚਾਰਕ ਗੀਤਾਂ ਤੇ ਸਮਾਜ ਸੁਧਾਰਕ ਟੋਟਕਿਆਂ ਨਾਲ ਹਾਜ਼ਰੀ ਲਵਾਈ, ਜਦਕਿ ਨਟਰਾਜ ਰੰਗਮੰਚ ਕੋਟਕਪੂਰਾ ਦੇ ਨਸ਼ਿਆਂ 'ਤੇ ਅਧਾਰਤ ਨਾਟਕ ਨੇ ਸਾਰਿਆਂ ਦੀਆਂ ਅੱਖਾਂ ਨਮ ਕਰ ਦਿੱਤੀਆਂ। ਜੈਸਮੀਨ ਕੌਰ, ਹਰਲੀਨ ਧਾਲੀਵਾਲ, ਯਸ਼ਿਤਾ ਗਰੋਵਰ, ਅਨਾਇਤ ਕੌਰ, ਵਲੰਸੀਆ ਬਾਂਸਲ, ਉਰਵੀ ਬਾਂਸਲ, ਵੰਸ਼ਿਕਾ ਸ਼ਰਮਾ ਦੀਆਂ ਕੋਰੀਓਗ੍ਰਾਫ਼ੀ ਤੋਂ ਇਲਾਵਾ ਬਾਬਾ ਫਰੀਦ ਕਾਲਜ ਆਫ਼ ਨਰਸਿੰਗ ਦੀਆਂ ਵਿਦਿਆਰਥਣਾ ਨੇ ਭੰਗੜਾ ਪਾ ਕੇ ਖ਼ੂਬ ਮਨੋਰੰਜਨ ਕੀਤਾ। ਸੁਖਰਹਿਮਤ ਕੌਰ, ਕਸ਼ਿਸ਼, ਰੀਆ, ਯਸ਼ਿਤਾ, ਜਫ਼ਨਪੁਨੀਤ ਕੌਰ, ਗੁਰਸਾਜ ਕੌਰ, ਉਰਵੀ, ਵਲੰਸੀਆ, ਬ੍ਰਹਮਜੋਤ, ਜੈਸਮੀਨ ਕੌਰ, ਹਰਲੀਨ ਕੌਰ, ਗਰਿਮਾ ਆਦਿਕ ਬੇਟੀਆਂ ਦੀ ਮਨਾਈ ਲੋਹੜੀ ਦੌਰਾਨ ਵੱਖ-ਵੱਖ ਬੁਲਾਰਿਆਂ ਦੀਆਂ ਪ੍ਰੇਰਨਾਮਈ ਤਕਰੀਰਾਂ ਨੇ ਵੀ ਖ਼ੂਬ ਰੰਗ ਬੰਨ੍ਹਿਆ। ਉਪਰੋਕਤ ਤੋਂ ਇਲਾਵਾ ਗੁਰਚਰਨ ਸਿੰਘ ਬਰਾੜ ਨਾਇਬ ਤਹਿਸੀਲਦਾਰ, ਜਗਸੀਰ ਸਿੰਘ ਗਿੱਲ ਪ੍ਰਧਾਨ ਟਰੱਕ ਯੂਨੀਅਨ, ਭੁਪਿੰਦਰ ਸਿੰਘ ਸੱਗੂ ਪ੍ਰਧਾਨ ਨਗਰ ਕੌਂਸਲ, ਸਰਪੰਚ ਉਧਮ ਸਿੰਘ ਔਲਖ ਜਿਲਾ ਪ੍ਰਧਾਨ ਆੜਤੀਆ ਐਸੋਸੀਏਸ਼ਨ, ਬਲਜੀਤ ਸਿੰਘ ਖੀਵਾ, ਡਾ. ਰਵੀ ਬਾਂਸਲ, ਡਾ. ਪੀ.ਐੱਸ. ਬਰਾੜ, ਯਸ਼ ਅਗਰਵਾਲ, ਡਾ. ਕੁਲਦੀਪ ਧੀਰ, ਮਹੇਸ਼ ਕਟਾਰੀਆ, ਸੰਦੀਪ ਕਟਾਰੀਆ, ਮਣੀ ਧਾਲੀਵਾਲ, ਬਿੱਟਾ ਠੇਕੇਦਾਰ, ਦਲਜਿੰਦਰ ਸਿੰਘ ਸੰਧੂ, ਠੇਕੇਦਾਰ ਪ੍ਰੇਮ ਮੈਣੀ, ਕਾਕਾ ਸ਼ਰਮਾ ਸਮੇਤ ਭਾਰੀ ਗਿਣਤੀ ਵਿੱਚ ਸਿਆਸੀ ਤੇ ਗੈਰ ਰਾਜਨੀਤਿਕ ਸ਼ਖ਼ਸੀਅਤਾਂ ਨੇ ਆਪਣੇ ਪਰਵਾਰਾਂ ਸਮੇਤ ਲੋਹੜੀ ਬਾਲ ਕੇ ਖੁਸ਼ੀ ਸਾਂਝੀ ਕੀਤੀ।

## ਸਮਾਜਿਕ ਸਾਂਝ ਨੂੰ ਮਜ਼ਬੂਤ ਕਰਦੈ ਲੋਹੜੀ ਦਾ ਤਿਉਹਾਰ : ਡਾ. ਸਿਮਰਜੀਤ ਕੌਰ

**ਪੀ ਐੱਚ ਸੀ ਹਰੀ ਕੇ ਕਲਾਂ ਵਿਖੇ ਮਨਾਈ 'ਧੀਆਂ ਦੀ ਲੋਹੜੀ'**



ਪੀ ਐੱਚ ਸੀ ਹਰੀਕੇ ਕਲਾਂ ਵਿਖੇ ਧੀਆਂ ਦੀ ਲੋਹੜੀ ਮਨਾਉਂਦਾ ਸਿਹਤ ਸਟਾਫ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਸਿਹਤ ਵਿਭਾਗ ਸ੍ਰੀ ਮੁਕਤਸਰ ਸਾਹਿਬ ਅਧੀਨ ਪੀ.ਐੱਚ.ਸੀ. ਹਰੀ ਕੇ ਕਲਾਂ ਵਿਖੇ ਇੰਚਾਰਜ ਆਯੁਰਵੈਦਿਕ ਮੈਡੀਕਲ ਅਫਸਰ ਡਾ. ਸਿਮਰਜੀਤ ਕੌਰ ਦੀ ਅਗਵਾਈ ਹੇਠ ਸਮੂਹ ਸਟਾਫ ਦੇ ਸਹਿਯੋਗ ਨਾਲ ਧੀਆਂ ਦੀ ਲੋਹੜੀ ਮਨਾਈ ਗਈ। ਡਾ. ਸਿਮਰਜੀਤ ਕੌਰ ਨੇ ਕਿਹਾ ਕਿ ਸਮਾਜਿਕ ਸਾਂਝ ਨੂੰ ਮਜ਼ਬੂਤ ਕਰਦਾ ਲੋਹੜੀ ਦਾ ਤਿਉਹਾਰ ਇਸ ਗੱਲੋਂ ਵੀ ਅਹਿਮ ਹੈ ਕਿ ਇਹ ਧੀਆਂ ਨੂੰ ਮੁੰਡਿਆਂ ਬਰਾਬਰ ਸਮਝਣ ਦਾ ਸੁਨੇਹਾ ਦਿੰਦਾ ਹੈ। ਹੁਣ ਪਹਿਲਾਂ ਮੁਕਾਬਲੇ ਧੀਆਂ ਪ੍ਰਤੀ ਲੋਕਾਂ ਦੀ ਸੋਚ ਵਿੱਚ ਕਾਫ਼ੀ ਬਦਲਾਅ ਆਇਆ ਹੈ। ਲੋਕ ਸਮਝ ਗਏ ਹਨ ਕਿ ਧੀਆਂ ਕਿਸੇ ਨਾਲੋਂ ਘੱਟ ਨਹੀਂ, ਪਰ ਇਸ ਦਿਸ਼ਾ ਵਿੱਚ ਹਾਲੇ ਵੀ ਬਹੁਤ ਕੁਝ ਕਰਨ ਦੀ ਲੋੜ ਹੈ ਤਾਂ ਕਿ ਕੁੜੀਆਂ ਦੀ ਗਿਣਤੀ ਮੁੰਡਿਆਂ ਦੇ ਬਰਾਬਰ ਹੋ ਸਕੇ। ਉਨ੍ਹਾਂ ਬੱਚੀਆਂ ਦੇ ਮਾਤਾ-ਪਿਤਾ ਨੂੰ ਬੱਚੀ ਦੇ ਜਨਮ ਤੇ ਲੋਹੜੀ ਦੇ ਤਿਉਹਾਰ ਮੌਕੇ ਵਧਾਈ ਦਿੱਤੀ ਅਤੇ ਅਪੀਲ ਕੀਤੀ ਕਿ ਜਨਮ ਤੋਂ ਹੀ ਬੱਚੀਆਂ ਦਾ ਚੰਗੀ ਤਰ੍ਹਾਂ ਪਾਲਣ-ਪੋਸ਼ਣ ਤੇ ਖੁਰਾਕ ਦਾ ਧਿਆਨ ਰੱਖਣਾ ਚਾਹੀਦਾ ਹੈ ਅਤੇ ਬੱਚੀਆਂ ਦਾ ਸੰਪੂਰਨ ਟੀਕਾਕਰਨ ਨਰੋਈ ਸਿਹਤ ਲਈ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਲੜਕੀਆਂ ਨੂੰ ਉੱਚ ਵਿੱਦਿਆ ਦੇਣੀ ਯਕੀਨੀ ਬਣਾਈਏ ਤਾਂ ਜੋ ਅਸੀਂ ਇੱਕ ਨਰੋਏ ਤੇ ਚੰਗੇ ਸਮਾਜ ਦੀ ਸਿਰਜਣਾ ਕਰ ਸਕੀਏ। ਇਸ ਮੌਕੇ ਪੀ.ਐੱਚ.ਸੀ. ਹਰੀ ਕੇ ਕਲਾਂ ਸਟਾਫ ਵੱਲੋਂ 12 ਬੱਚੀਆਂ ਨੂੰ ਜ਼ੁਰਾਬ, ਦਸਤਾਨੇ ਤੇ ਟੋਪੀਆਂ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਫਾਰਮੇਸੀ ਅਫਸਰ ਰਿਸ਼ੀਪਾਲ, ਮ.ਪ.ਹ.ਵ (ਫੀਮੇਲ) ਲਖਵਿੰਦਰ ਕੌਰ, ਜਤਿੰਦਰ ਕੌਰ, ਮ.ਪ.ਹ.ਵ. (ਮੇਲ) ਗੁਰਜੀਤ ਸਿੰਘ, ਨਰਸਿੰਗ ਸਟਾਫ ਮਨਜਿੰਦਰ ਕੌਰ, ਫਾਰਮੇਸੀ ਅਫਸਰ ਜਗਰੂਪ ਸਿੰਘ, ਗੁਰਨਾਮ ਸਿੰਘ, ਸਿਕੰਦਰ ਸਿੰਘ, ਪਿੰਡ ਦੀ ਸਮੂਹ ਆਸ਼ਾ ਵਰਕਰ, ਬੱਚੀਆਂ ਤੇ ਉਨ੍ਹਾਂ ਦੇ ਮਾਤਾ-ਪਿਤਾ ਮੌਜੂਦ ਸਨ।

## 26 ਦੀ ਜੀਂਦ ਮਹਾਂਰੈਲੀ 'ਚ ਵਿਸ਼ਾਲ ਸ਼ਮੂਲੀਅਤ ਦੀ ਠੋਸ ਵਿਉਂਤਬੰਦੀ ਕੀਤੀ



**ਛਾਜਲੀ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਪ੍ਰਧਾਨ ਅਮਰੀਕ ਸਿੰਘ ਗੰਢੂਆਂ ਤੇ ਜ਼ਿਲ੍ਹਾ ਜਨਰਲ ਸਕੱਤਰ ਦਰਬਾਰਾ ਸਿੰਘ ਛਾਜਲਾ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ ਵਿੱਚ ਹਾਜ਼ਰ ਸਮੂਹ ਜ਼ਿਲ੍ਹਾ ਕਮੇਟੀ ਆਗੂਆਂ ਤੇ ਸਾਰੇ ਬਲਾਕਾਂ ਦੇ ਪ੍ਰਧਾਨ ਤੇ ਸਕੱਤਰਾਂ ਨੇ ਸੂਬਾ ਕਮੇਟੀ ਵੱਲੋਂ ਜਸਵਿੰਦਰ ਸਿੰਘ ਲੌਂਗੋਵਾਲ 'ਤੇ ਕੀਤੀ ਗਈ ਕਾਰਵਾਈ ਦਾ ਸਵਾਗਤ ਕੀਤਾ। ਜਥੇਬੰਦੀ ਦੇ ਆਗੂਆਂ ਨੇ ਸੂਬਾ ਕਮੇਟੀ ਵੱਲੋਂ ਜਸਵਿੰਦਰ ਸਿੰਘ ਲੌਂਗੋਵਾਲ ਦੀ ਮੁੱਢਲੀ ਮੈਂਬਰਸ਼ਿਪ ਖਾਰਜ ਕਰਨ ਦੇ ਫ਼ੈਸਲੇ ਨੂੰ ਦਰੁਸਤ ਕਰਾਰ ਦਿੰਦਿਆਂ ਕਿਹਾ ਕਿ ਲੰਮੇ ਸਮੇਂ ਤੋਂ ਜਥੇਬੰਦੀ ਵਿੱਚ ਗ਼ੈਰ ਵਿਧਾਨਕ ਫੁੱਟਪਾਊ ਸਰਗਰਮੀਆਂ ਕਰ ਰਹੇ ਜਸਵਿੰਦਰ ਸਿੰਘ ਲੌਂਗੋਵਾਲ ਨੂੰ ਜਥੇਬੰਦੀ ਦੀ ਮੁੱਢਲੀ ਮੈਂਬਰਸ਼ਿਪ ਤੋਂ ਖਾਰਜ ਕਰ ਦਿੱਤਾ ਗਿਆ ਹੈ।

ਜ਼ਿਲ੍ਹੇ ਤੇ ਬਲਾਕ ਸੰਗਰੂਰ ਦੀਆਂ ਕੀਤੀਆਂ ਵਿਧਾਨਕ ਜਥੇਬੰਦਕ ਮੀਟਿੰਗਾਂ ਵਿੱਚ ਉਨ੍ਹਾਂ ਵਿਰੁੱਧ ਸਾਬਤ ਹੋ ਚੁੱਕੇ ਇਹ ਦੋਸ਼ ਮੀਟਿੰਗ ਵਿੱਚ ਖੁਦ ਮੰਨੇ ਜਾਣ ਦੇ ਬਾਵਜੂਦ ਉਹ ਜਥੇਬੰਦੀ ਅੰਦਰ ਫੁੱਟਪਾਊ ਕਾਰਵਾਈਆਂ ਵਿੱਚ ਜੁਟੇ ਰਹੇ। ਬੀਤੇ ਛੇ ਮਹੀਨਿਆਂ ਵਿੱਚ ਜ਼ਿਲ੍ਹਾ ਕਮੇਟੀ ਵੱਲੋਂ ਸਰਬਸੰਮਤੀ ਨਾਲ ਜਸਵਿੰਦਰ ਸਿੰਘ ਲੌਂਗੋਵਾਲ ਦੀਆਂ ਗੈਰ ਜਥੇਬੰਦਕ ਤੇ ਫੁੱਟਪਾਊ ਕਾਰਵਾਈਆਂ ਤੇ ਜਥੇਬੰਦੀ ਦੇ ਫ਼ੈਸਲਿਆਂ ਦਾ ਖੁੱਲ੍ਹੇਆਮ ਵਿਰੋਧ ਕਰਨ ਦੇ ਵਿਰੁੱਧ ਵੀ ਦੋ ਵਾਰ ਲਿਖ ਕੇ ਭੇਜਿਆ ਗਿਆ ਸੀ, ਜਿਸ 'ਤੇ ਹੋਈਆਂ ਤਿੰਨ ਸੂਬਾ ਕਮੇਟੀ ਮੀਟਿੰਗਾਂ ਵਿੱਚ ਵੀ ਇਨ੍ਹਾਂ ਦੋਸ਼ਾਂ ਦੀ ਰਿਪੋਰਟਿੰਗ ਉੱਤੇ ਖੁੱਲ੍ਹੀ ਬਹਿਸ ਉਪਰੰਤ ਸਰਬਸੰਮਤੀ ਨਾਲ ਮੋਹਰ ਲਾਈ ਜਾ ਚੁੱਕੀ ਸੀ ਤੇ ਇਹ ਫੁੱਟਪਾਊ ਕਾਰਵਾਈਆਂ ਬੰਦ ਕਰਨ ਦੀ ਚਿਤਾਵਨੀ ਸਮੇਤ ਵਾਰ-ਵਾਰ ਸੁਧਰਨ ਦੇ ਮੌਕੇ ਵੀ ਦਿੱਤੇ ਜਾ ਚੁੱਕੇ ਸਨ। ਆਖਰੀ ਮੌਕਾ ਪਿਛਲੇ ਮਹੀਨੇ 9 ਦਸੰਬਰ ਦੀ ਮੀਟਿੰਗ ਵਿੱਚ ਦਿੱਤਾ ਗਿਆ ਸੀ। ਪ੍ਰੰਤੂ ਜਸਵਿੰਦਰ ਸਿੰਘ ਲੌਂਗੋਵਾਲ ਵੱਲੋਂ ਇਸ ਤੋਂ ਬਾਅਦ ਇਹ ਫੁੱਟ ਪਾਊ ਗਤੀਵਿਧੀਆਂ ਬੰਦ ਕਰਨ ਦੀ ਬਜਾਏ ਸਗੋਂ ਹੋਰ ਤੇਜ਼ ਕਰ ਦਿੱਤੀਆਂ ਗਈਆਂ। ਇਸ ਸਾਰੇ ਅਰਸੇ ਦੌਰਾਨ ਉਹ ਖੁਦ ਵੀ ਸੰਗਰੂਰ ਪੱਕੇ ਮੋਰਚੇ ਸਮੇਤ ਸਾਰੇ ਸੰਘਰਸ਼ ਪ੍ਰੋਗਰਾਮਾਂ ਵਿੱਚੋਂ ਇੱਕ ਅੱਧ ਹਾਜ਼ਰੀ ਨੂੰ ਛੱਡ ਕੇ ਗੈਰ ਹਾਜ਼ਰ ਹੀ ਰਹੇ ਹਨ ਤੇ ਆਪਣੇ ਧੜੇ ਦੇ ਕਿਸਾਨਾਂ ਨੂੰ ਵੀ ਵਰਜਦੇ ਰਹੇ ਹਨ। ਪਿਛਲੇ ਦੋ ਮਹੀਨਿਆਂ ਦੌਰਾਨ ਤਾਂ ਫੰਡਾਂ ਵਿੱਚ ਵੱਡੀਆਂ ਹੇਰਾਫੇਰੀਆਂ ਤੇ ਜਾਹਰਾ ਜਥੇਬੰਦੀ ਵਿਰੋਧੀ ਕਾਰਵਾਈਆਂ ਕਾਰਨ ਜਥੇਬੰਦੀ ਵਿੱਚੋਂ ਖਾਰਜ ਕੀਤੇ ਗਏ ਬਲਾਕ ਪੱਧਰੇ ਆਗੂਆਂ ਰਾਹੀਂ ਕੁੱਝ ਪਿੰਡਾਂ ਦੇ ਮੌਕਾਪ੍ਰਸਤ ਚੋਣਵੇਂ ਆਗੂਆਂ ਨੂੰ ਸੱਦ ਕੇ ਖੁੱਲ੍ਹੇਆਮ ਗੁੱਟ ਮੀਟਿੰਗਾਂ ਕੀਤੀਆਂ ਗਈਆਂ ਤੇ ਜਥੇਬੰਦੀ ਦੇ ਸੰਘਰਸ਼ ਪ੍ਰੋਗਰਾਮਾਂ ਦਾ ਤੇ ਫੰਡ ਮੁਹਿੰਮ ਦਾ ਬਾਈਕਾਟ ਕਰਨ ਦੇ ਬਕਾਇਦਾ ਮਤੇ ਪਾਸ ਕੀਤੇ ਗਏ ਹਨ। ਇਸੇ ਕਰਕੇ ਜਥੇਬੰਦੀ ਦੀ ਏਕਤਾ ਕਾਇਮ ਰੱਖਣ ਲਈ ਸੂਬਾ ਕਮੇਟੀ ਵੱਲੋਂ ਕੀਤੀ ਗਈ ਕਾਰਵਾਈ ਦਰੁਸਤ ਹੈ। ਉਨ੍ਹਾਂ ਦੱਸਿਆ ਕਿ ਮੀਟਿੰਗ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਦੇਸ ਵਿਆਪੀ ਸੱਦੇ 'ਤੇ 26 ਜਨਵਰੀ ਨੂੰ ਜੀਂਦ ਵਿਖੇ ਕੀਤੀ ਜਾ ਰਹੀ 6 ਉੱਤਰੀ ਸੂਬਿਆਂ ਦੇ ਕਿਸਾਨਾਂ ਮਜ਼ਦੂਰਾਂ ਦੀ ਮਹਾਂਰੈਲੀ ਦੀ ਪੂਰਨ ਕਾਮਯਾਬੀ ਲਈ 12 ਜਨਵਰੀ ਨੂੰ ਬਰਨਾਲਾ ਤਰਕਸ਼ੀਲ ਭਵਨ ਵਿਖੇ ਹੋ ਰਹੀ ਸੂਬਾ ਪੱਧਰੀ ਮੀਟਿੰਗ ਨੂੰ ਸਫਲ ਬਣਾਉਣ ਲਈ ਸੈਂਕੜਿਆਂ ਦੀ ਗਿਣਤੀ ਵਿੱਚ ਔਰਤ ਆਗੂ ਸ਼ਮੂਲੀਅਤ ਕਰਨਗੀਆਂ। 14 ਜਨਵਰੀ ਨੂੰ ਔਰਤਾਂ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਪਿੰਡ ਉਗਰਾਹਾਂ ਵਿਖੇ ਕੀਤੀ ਜਾਵੇਗੀ।

## ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਿਤਵ ਅਭਿਆਨ ਤਹਿਤ ਲਾਏ ਜੱਚਾ-ਬੱਚਾ ਜਾਂਚ ਕੈਂਪ

**ਸੰਗਰੂਰ (ਪ੍ਰਵੀਨ ਸਿੰਘ)**-ਸਿਹਤ ਵਿਭਾਗ ਵੱਲੋਂ ਚਲਾਏ ਜਾ ਰਹੇ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਿਤਵ ਅਭਿਆਨ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਸਿਹਤ ਕੇਂਦਰਾਂ ਵਿਖੇ ਗਰਭਵਤੀ ਔਰਤਾਂ ਦੀ ਮੁਫ਼ਤ ਮੈਡੀਕਲ ਜਾਂਚ ਕੀਤੀ ਗਈ। ਇਸ ਮੌਕੇ ਸਿਵਲ ਸਰਜਨ ਡਾ. ਪਰਮਿੰਦਰ ਕੌਰ ਨੇ ਕਿਹਾ ਕਿ ਹਰ ਮਹੀਨੇ ਦੀ 9 ਤਰੀਕ ਨੂੰ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਿਤਵ ਅਭਿਆਨ ਤਹਿਤ ਗਰਭਵਤੀ ਔਰਤਾਂ ਦੀ ਮੁਫ਼ਤ ਮੈਡੀਕਲ ਜਾਂਚ ਤੇ ਲੋੜੀਂਦੇ ਟੈਸਟ ਕੀਤੇ ਜਾਂਦੇ ਹਨ ਤਾਂ ਜੁ ਉਨ੍ਹਾਂ ਨੂੰ ਪੇਸ਼ ਆਉਣ ਵਾਲੀ ਕੋਈ ਸਮੱਸਿਆ ਬਾਰੇ ਪਤਾ ਲੱਗ ਸਕੇ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਹਾਈ ਰਿਸਕ ਗਰਭਵਤੀ ਔਰਤਾਂ ਦੀ ਪਛਾਣ ਕਰਕੇ ਉਨ੍ਹਾਂ ਦੀ ਵਿਸ਼ੇਸ਼ ਖਿਆਲ ਰੱਖਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪੀ.ਐਮ.ਐਸ.ਐਮ.ਏ ਦਾ ਉਦੇਸ਼ ਹਰ ਗਰਭਵਤੀ ਔਰਤ ਦੀ ਘੱਟੋ-ਘੱਟ ਮਹੀਨੇ ਵਿੱਚ ਇਕ ਵਾਰ ਜਨਾਨਾ ਰੋਗਾਂ ਦੇ ਮਾਹਿਰ ਡਾਕਟਰ ਤੋਂ ਜਾਂਚ ਕਰਨਾ ਹੈ ਤਾਂ ਜੋ ਗਰਭਵਤੀ ਔਰਤਾਂ ਤੇ ਨਵਜਾਤ ਮੌਤ ਦਰ ਨੂੰ ਘੱਟ ਕੀਤਾ ਜਾ ਸਕੇ।


**AMBIT Finvest** Pragati ke partner **AMBIT FINVEST PRIVATE LIMITED**

**Corporate Off:** Kanakia Wall Street, 5th floor, A 506-510, Andheri-Kurla Road, Andheri East, Mumbai-400093

**ਡਿਮਾਂਡ ਨੋਟਿਸ**

ਦਾ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ("ਦਾ ਐਕਟ") ਅਤੇ ਦਾ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ("ਦਾ ਰੂਲਜ਼") ਦੀਆਂ ਵਿਵਸਥਾਵਾਂ ਤਹਿਤ ਨਿਮਨਹਸਤਾਖਰੀ ਨੇ ਅੰਬਿਤ ਫਿਨਵੈਸਟ ਪ੍ਰਾ: ਲਿਮ: ਦੇ ਅਧਿਕਾਰਤ ਅਫਸਰ ਵਜੋਂ ਐਕਟ ਅਧੀਨ ਅਤੇ ਰੂਲ 3 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ, ਐਕਟ ਦੇ ਸੈਕਸ਼ਨ 13 (2) ਤਹਿਤ ਹੇਠ ਲਿਖੇ ਕਰਜ਼ਦਾਰਾਂ ਨੂੰ ਸੰਬੰਧਤ ਨੋਟਿਸਾਂ 'ਚ ਦਰਸਾਈ ਰਕਮ, ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੱਤਾ ਸੀ। ਨਿਮਨਹਸਤਾਖਰੀ ਵਾਜਬ ਤੌਰ 'ਤੇ ਯਕੀਨ ਕਰਦਾ ਹੈ ਕਿ ਕਰਜ਼ਦਾਰ ਡਿਮਾਂਡ ਨੋਟਿਸਾਂ ਦੀ ਤਾਮੀਲ ਤੋਂ ਪ੍ਰਹੇਜ਼ ਕਰ ਰਹੇ ਹਨ, ਇਸ ਲਈ ਨੋਟਿਸ ਨੂੰ ਨਿਯਮਾਂ ਅਨੁਸਾਰ ਚਿਪਕਾਉਣ ਅਤੇ ਪ੍ਰਕਾਸ਼ਨਾ ਰਾਹੀਂ ਤਾਮੀਲ ਲਈ ਪ੍ਰਭਾਵਿਤ ਕੀਤਾ ਜਾ ਰਿਹਾ ਹੈ। ਡਿਮਾਂਡ ਨੋਟਿਸਾਂ ਦੀ ਸਮਗਰੀ ਦਾ ਸਾਰ ਹੇਠਾਂ ਦਿੱਤਾ ਜਾ ਰਿਹਾ ਹੈ :

| ਕਰਜ਼ਦਾਰਾਂ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ ਰਕਮ | ਅਚੱਲ ਜਾਇਦਾਦ ਦਾ ਵੇਰਵਾ/ਗਹਿਣੇ ਰੱਖੀਆਂ ਜਾਇਦਾਦਾਂ |
|---|---|---|
| (1) ਚੌਹਾਨ ਫਰਨੀਚਰ ਹਾਊਸ (2) ਮੁਖਤਿਆਰ ਕੌਰ (3) ਸਤਪਾਲ ਸਿੰਘ ਕਰਜ਼ਾ ਖਾਤਾ ਨੰ: **LUI000000011062 LUI000000023320 & LUI000000023485** | **26.12.2022** 26.12.2022 ਰੁ: 41,13,983.97/- (ਇਕਤਾਲੀ ਲੱਖ ਤੇਰਾਂ ਹਜ਼ਾਰ ਨੌਂ ਸੌ ਤਰਿਆਸੀ ਰੁਪਏ ਅਤੇ ਸਤਾਨਵੇਂ ਪੈਸੇ ਕੇਵਲ) 26.12.2022 ਨੂੰ | ਜਾਇਦਾਦ ਰਕਬਾ 605 ਵਰਗ ਗਜ਼, ਖਸਰਾ ਨੰ: 8//5/1 8//6/2, 8//7, 8//14/2, 259, 8//4, 245, 7//11, 7//20/1, 7//26, 8//6/3, 46, 7//10/2, 8//6/4, 811/15/1, ਖੇਤਾ ਨੰ: 86/93, 94, 87/95, 88/96, 320/336, ਜਮ੍ਹਾਂਬੰਦੀ ਸਾਲ 2011-2012, ਪਿੰਡ ਮੰਗਲੀ ਟਾਂਡਾ, ਰਾਹੋਂ ਰੋਡ, ਸਰਕਾਰੀ ਸਕੂਲ ਦੇ ਪਿਛਲੇ ਪਾਸੇ ਹਦਬਸਤ ਨੰ: 49, ਤਹਿ: ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ-141007 ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਖੇਤ ਸਾਈਡ 126, ਪੱਛਮ : ਅਵਤਾਰ ਸਿੰਘ ਅਤੇ ਹੋਰ ਸਾਈਡ 120, ਦੱਖਣ : ਮੰਗਲੀ ਟਾਂਡਾ ਰੋਡ ਸਾਈਡ 45, ਉੱਤਰ : ਖੇਤ ਸਾਈਡ 43 |
| (1) ਜਸਪਾਲ ਸਿੰਘ ਗਰੇਵਾਲ (2) ਹਨੀ ਗਰੇਵਾਲ (3) ਹਰਜੀਤ ਕੌਰ ਕਰਜ਼ਾ ਖਾਤਾ ਨੰ: **LUI000000043654** | **26.12.2022** ਰੁ: 21,20,413.71/- (ਇੱਕੀ ਲੱਖ ਵੀਹ ਹਜ਼ਾਰ ਚਾਰ ਸੌ ਤੇਰਾਂ ਰੁਪਏ ਅਤੇ ਇਕੱਤਰ ਪੈਸੇ ਕੇਵਲ), 26.12.2022 ਨੂੰ | ਬੈਨਾਮਾ ਵਸੀਕਾ ਨੰ: 2021-20101/1/16440 ਮਿਤੀ 15.2.2022, ਮਕਾਨ ਰਕਬਾ 223 ਵਰਗ ਗਜ਼, ਖਸਰਾ ਨੰ: 20//23/2, 21/3, ਖੇਤਾ ਨੰ: 7/6-11, ਜਮ੍ਹਾਂਬੰਦੀ ਸਾਲ 2013-14, ਪਿੰਡ ਝਮੇੜੀ, ਹਦਬਸਤ ਨੰ: 286, ਤਹਿ: ਤੇ ਜ਼ਿਲ੍ਹਾ ਲੁਧਿਆਣਾ, ਸੂਬਾ ਪੰਜਾਬ-142022 ਹੱਦਾਂ : ਪੂਰਬ : 60 ਚੌੜੀ, ਪੱਛਮ : ਗੁਆਂਢ ਸਾਈਡ 28, ਦੱਖਣ : ਗੁਆਂਢ ਸਾਈਡ 71-7, ਉੱਤਰ : ਗੁਆਂਢ ਸਾਈਡ 71-7 |

ਕਰਜ਼ਦਾਰਾਂ ਨੂੰ ਡਿਮਾਂਡ ਨੋਟਿਸਾਂ ਦੀ ਪਾਲਣਾ ਕਰਨ ਅਤੇ ਉਹਨਾਂ 'ਚ ਅਤੇ ਇੱਥੇ ਉੱਪਰ ਦਰਸਾਈ ਰਕਮ, ਸਮੇਤ ਲਾਗੂ ਵਿਆਜ, ਵਾਧੂ ਵਿਆਜ, ਬਾਊਂਸ ਚਾਰਜਜ, ਲਾਗਤਾਂ ਅਤੇ ਖਰਚਿਆਂ ਦੇ ਮੁਕੰਮਲ ਅਦਾਇਗੀ ਦੀ ਮਿਤੀ ਤੱਕ, ਇਸ ਪ੍ਰਕਾਸ਼ਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦੀ ਹਦਾਇਤ ਕੀਤੀ ਜਾਂਦੀ ਹੈ। ਕਰਜ਼ਦਾਰ ਧਿਆਨ ਦੇਣ ਕਿ ਏ ਐੱਫ ਪੀ ਐੱਲ ਇੱਕ ਸਕਿਉਰਡ ਕ੍ਰੈਡਿਟਰ ਹੈ ਅਤੇ ਕਰਜ਼ਦਾਰਾਂ ਵੱਲੋਂ ਪ੍ਰਾਪਤ ਕੀਤੀ ਗਈ ਕਰਜ਼ਾ ਸਹੂਲਤ ਅਚੱਲ ਜਾਇਦਾਦ/ਜਾਇਦਾਦਾਂ ਵਿਰੁੱਧ ਕਰਜ਼ਦਾਰਾਂ ਰਹਿਣ ਕੀਤਾ ਗਿਆ ਸਕਿਉਰਡ ਐੱਸਟ ਹੈ। ਜੇਕਰ ਕਰਜ਼ਦਾਰ ਨਿਰਧਾਰਤ ਸਮੇਂ ਅੰਦਰ ਮੁਕੰਮਲ ਦੇਣਦਾਰੀਆਂ ਨਿਪਟਾਉਣ 'ਚ ਅਸਫਲ ਰਹਿੰਦੇ ਹਨ ਤਾਂ ਏ ਐੱਫ ਪੀ ਐੱਲ ਐਕਟ ਦੇ ਸੈਕਸ਼ਨ 13 (4) ਅਧੀਨ ਸਾਰੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਸਕਿਉਰਡ ਐੱਸਟਸ ਦਾ ਕਬਜ਼ਾ ਪ੍ਰਾਪਤ ਕਰਨ ਤੱਕ ਹੀ ਸੀਮਤ ਨਹੀਂ, ਸਗੋਂ ਵਿਕਰੀ ਰਾਹੀਂ ਇਸ ਨੂੰ ਤਬਦੀਲ ਕਰ ਸਕਦਾ ਹੈ ਜਾਂ ਐਕਟ ਅਤੇ ਨਿਯਮਾਂ ਅਧੀਨ ਉਪਲੱਬਧ ਹੋਰ ਉਪਾਵਾਂ ਦੀ ਵਰਤੋਂ ਕਰਦਿਆਂ ਰਕਮ ਦੀ ਵਸੂਲੀ ਕਰੇਗਾ। ਏ ਐੱਫ ਪੀ ਐੱਲ ਨੂੰ ਵਿਕਰੀ ਜਾਂ ਤਬਾਦਲਾ ਕਰਨ ਦੇ ਅਧਿਕਾਰ ਦੀ ਵਰਤੋਂ ਕਰਨ ਤੋਂ ਪਹਿਲਾਂ ਸਕਿਉਰਡ ਐੱਸਟਸ ਅਟੈਚ/ਜਾਂ ਸੀਲ ਕਰਨ ਦਾ ਵੀ ਅਧਿਕਾਰ ਹੈ। ਸਕਿਉਰਡ ਐੱਸਟਸ ਦੀ ਵਿਕਰੀ ਕਰਨ ਤੋਂ ਇਲਾਵਾ ਏ ਐੱਫ ਪੀ ਐੱਲ ਨੂੰ ਬਕਾਇਆ ਰਕਮ ਵਸੂਲਣ ਲਈ ਵੱਖਰੀਆਂ ਕਾਨੂੰਨੀ ਕਾਰਵਾਈਆਂ ਕਰਨ ਦਾ ਵੀ ਅਧਿਕਾਰ ਹੈ, ਜੇਕਰ ਏ ਐੱਫ ਪੀ ਐੱਲ ਦੀਆਂ ਵਸੂਲੀਆਂ ਗਹਿਣੇ ਰੱਖੀਆਂ ਜਾਇਦਾਦਾਂ ਦੀ ਕੀਮਤ ਤੋਂ ਘੱਟ ਰਹਿਣਗੀਆਂ। ਏ ਐੱਫ ਪੀ ਐੱਲ ਕੋਲ ਕਿਸੇ ਵੀ ਹੋਰ ਕਾਨੂੰਨ ਤਹਿਤ ਉਪਲੱਬਧ ਹੋਰ ਹੱਲਾਂ ਤੋਂ ਇਲਾਵਾ ਇਹ ਵਾਧੂ ਅਤੇ ਅਜ਼ਾਦਾਨਾ ਹੱਲ ਹੈ। ਉਪਲੱਬਧ ਸਮੇਂ ਅੰਦਰ ਸਕਿਉਰਡ ਐੱਸਟਸ ਦੇ ਪੁਨਰ ਗ੍ਰਹਿਣ ਲਈ ਕਰਜ਼ਦਾਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 (8) ਵੱਲ ਦਿਵਾਇਆ ਜਾਂਦਾ ਹੈ ਅਤੇ ਨਾਲ ਹੀ ਐਕਟ ਦੇ ਸੈਕਸ਼ਨ 13 (13) ਤਹਿਤ ਕਰਜ਼ਦਾਰਾਂ 'ਤੇ ਸਕਿਉਰਡ ਐੱਸਟਸ ਦੇ ਕਿਸੇ ਵੀ ਹਿੱਸੇ ਨੂੰ ਨਿਪਟਾਉਣ, ਸੌਦੇਬਾਜ਼ੀ ਕਰਨ, ਵਿਕਰੀ ਰਾਹੀਂ ਤਬਦੀਲ ਕਰਨ, ਲੀਜ਼ ਜਾਂ ਹੋਰ ਤਰੀਕੇ ਨਾਲ (ਬਿਜ਼ਨੈੱਸ ਦੇ ਸਧਾਰਨ ਕੋਰਸ ਤੋਂ ਇਲਾਵਾ) ਏ ਐੱਫ ਪੀ ਐੱਲ ਦੀ ਅਗਾਊਂ ਲਿਖਤੀ ਮਨਜ਼ੂਰੀ ਦੇ ਰੋਕ/ਪਾਬੰਦੀ ਹੈ ਅਤੇ ਉਪਰੋਕਤ ਦੀ ਪਾਲਣਾ ਨਾ ਕਰਨਾ ਐਕਟ ਦੇ ਸੈਕਸ਼ਨ 29 ਤਹਿਤ ਦੰਡਯੋਗ ਹੈ। ਡਿਮਾਂਡ ਨੋਟਿਸ ਦੀ ਨਕਲ ਨਿਮਨਹਸਤਾਖਰੀ ਦੇ ਕੋਲ ਉਪਲੱਬਧ ਹੈ ਅਤੇ ਜੇਕਰ ਕਰਜ਼ਦਾਰ ਚਾਹੁਣ ਤਾਂ ਉਹ ਇਹ ਨਿਮਨਹਸਤਾਖਰੀ ਤੋਂ ਕਿਸੇ ਵੀ ਕੰਮਕਾਜ ਵਾਲੇ ਦਿਨ ਦਫਤਰ ਦੇ ਆਮ ਸਮੇਂ ਦੌਰਾਨ ਪ੍ਰਾਪਤ ਕਰ ਸਕਦੇ ਹਨ।

ਮਿਤੀ : 11.1.2023 ਸਥਾਨ : ਲੁਧਿਆਣਾ

ਸਹੀ/- ਪ੍ਰਸ਼ਾਂਤ ਓਹਲ, ਅਧਿਕਾਰਤ ਅਫਸਰ, ਅੰਬਿਤ ਫਿਨਵੈਸਟ ਪ੍ਰਾਈ: ਲਿਮ:


## ਗਰਭਵਤੀਆਂ ਨੂੰ ਸਰਕਾਰੀ ਸੰਸਥਾ 'ਚ ਜਣੇਪੇ ਲਈ ਕੀਤਾ ਉਤਸ਼ਾਹਤ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਸਿਵਲ ਸਰਜਨ ਡਾ. ਸਤੀਸ਼ ਗੋਇਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਪੰਕਜ ਚੌਹਾਨ ਦੀ ਅਗਵਾਈ ਵਿਚ ਸੀ ਐਚ ਸੀ ਡਬਵਾਲੀ ਕਲਾਂ ਅਧੀਨ ਪਿੰਡਾਂ ਵਿੱਚ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਤਹਿਤ ਗਰਭਵਤੀਆਂ ਦਾ ਚੈੱਕਅਪ ਕੀਤਾ ਗਿਆ। ਡਾ. ਚੌਹਾਨ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਤਹਿਤ ਹਰ ਮਹੀਨੇ ਦੀ 9 ਤਾਰੀਕ ਨੂੰ ਹਰੇਕ ਗਰਭਵਤੀ ਦਾ ਐਂਟੀਨੇਟਲ ਚੈੱਕਅਪ ਕੀਤਾ ਜਾਂਦਾ ਹੈ, ਤਾਂ ਜੁ ਹਾਈ ਰਿਸਕ ਪ੍ਰੈਗਨੈਂਸੀ ਦੀ ਜਲਦ ਤੋਂ ਜਲਦ ਪਛਾਣ ਹੋ ਸਕੇ ਤੇ ਸਮਾਂ ਰਹਿੰਦੇ ਹਾਈ ਰਿਸਕ ਪ੍ਰੈਗਨੈਂਸੀ ਦੇ ਜ਼ੋਖ਼ਮ ਨੂੰ ਘਟਾਇਆ ਜਾ ਸਕੇ। ਇਸ ਮੌਕੇ ਉਨ੍ਹਾਂ ਨੇ ਗਰਭਵਤੀਆਂ ਨੂੰ ਸਰਕਾਰੀ ਹਸਪਤਾਲ ਵਿਚ ਮਿਲਦੀਆਂ ਸਹੂਲਤਾਂ ਦਾ ਫ਼ਾਇਦਾ ਲੈਣ ਲਈ ਪ੍ਰੇਰਤ ਕੀਤਾ ਤੇ ਸਰਕਾਰੀ ਸੰਸਥਾਂ ਵਿਚ ਜਣੇਪਾ ਕਰਾਉਣ ਲਈ ਉਤਸ਼ਾਹਤ ਕੀਤਾ। ਬਲਾਕ ਐਕਸਟੈਂਸ਼ਨ ਐਜੂਕੇਟਰ ਦਿਵਸ ਕੁਮਾਰ ਨੇ ਦੱਸਿਆ ਕਿ ਗਰਭਵਤੀਆਂ ਨੂੰ ਸਰਕਾਰੀ ਸੰਸਥਾਵਾਂ ਵਿੱਚ ਪ੍ਰੈਗਨੈਂਸੀ ਟੈਸਟ ਤੋਂ ਲੈ ਕੇ ਜਣੇਪੇ ਦੇ 42 ਦਿਨਾਂ ਤੱਕ ਸਾਰੀਆਂ ਸਹੂਲਤਾਂ ਫ੍ਰੀ ਦਿੱਤੀਆਂ ਜਾਂਦੀਆਂ ਹਨ। ਵਿਭਾਗ ਦੀਆਂ ਹਦਾਇਤਾਂ ਅਨੁਸਾਰ ਗਰਭਵਤੀਆਂ ਦੇ ਦੋ ਅਲਟ੍ਰਾਸਾਊਂਡ ਵੀ ਮੁਫ਼ਤ ਕੀਤੇ ਜਾਂਦੇ ਹਨ ਤੇ ਸੰਸਥਾਗਤ ਜਣੇਪਾ ਕਰਾਉਣ ਤੇ ਜਨਨੀ ਸੁਰੱਖਿਆ ਯੋਜਨਾ ਤਹਿਤ ਮਾਲੀ ਸਹਾਇਤਾ ਵੀ ਦਿੱਤੀ ਜਾਂਦੀ ਹੈ। ਨਵਜੰਮੇ ਲੜਕੇ ਦਾ 1 ਸਾਲ ਤੱਕ ਤੇ ਲੜਕੀਆਂ ਦਾ 5 ਸਾਲ ਤੱਕ ਇਲਾਜ ਮੁਫ਼ਤ ਕੀਤਾ ਜਾਂਦਾ ਹੈ। ਉਨ੍ਹਾਂ ਨੇ ਦੱਸਿਆ ਕਿ ਸੀ.ਐਚ.ਸ਼ੀ. ਡਬਵਾਲੀ ਕਲਾਂ ਅਧੀਨ 46 ਗਰਭਵਤੀਆਂ ਦਾ ਚੈੱਕਅਪ ਕੀਤਾ ਗਿਆ।

## ਬੁਲਟ 'ਤੇ ਪਟਾਕੇ ਪਾਉਣ ਤੇ ਬਿਨਾਂ ਨੰਬਰੀ ਵਾਹਨਾਂ ਦੇ ਕੱਟੇ ਚਲਾਨ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਇਲਾਕੇ ਵਿੱਚ ਬੇਖੌਫ ਘੁੰਮ ਰਹੇ ਬਿਨਾਂ ਨੰਬਰੀ ਮੋਟਰਸਾਈਕਲ ਤੇ ਹੋਰ ਗੈਰ-ਕਨੂੰਨੀ ਵਹੀਕਲਾਂ 'ਤੇ ਰੋਕ ਲਾਉਣ ਦੇ ਉਦੇਸ਼ ਨਾਲ ਅੱਜ ਟ੍ਰੈਫਿਕ ਵਿਭਾਗ ਦੀ ਟੀਮ ਵੱਲੋਂ ਚਲਾਨ ਕੱਟੇ ਗਏ। ਟ੍ਰੈਫਿਕ ਵਿਭਾਗ ਦੀ ਟੀਮ, ਜਿਸ ਵਿੱਚ ਸਹਾਇਕ ਥਾਣੇਦਾਰ ਸੁਖਦੇਵ ਸਿੰਘ, ਸਹਾਇਕ ਥਾਣੇਦਾਰ ਨਵਾਬ ਸਿੰਘ, ਸੀਨਿਅਰ ਕਾਂਸਟੇਬਲ ਬਲਕਰਨ ਸਿੰਘ ਤੇ ਅਮਰਜੀਤ ਸਿੰਘ ਸ਼ਾਮਲ ਸਨ, ਵੱਲੋਂ ਕਸਬਾ ਮਮਦੋਟ ਵਿਖੇ ਵੱਖ-ਵੱਖ ਜਗ੍ਹਾ 'ਤੇ ਨਾਕੇ ਲਗਾ ਕੇ ਚਲਾਨ ਕੱਟੇ ਗਏ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਕੁਝ ਮੋਟਰਸਾਈਕਲ ਚਾਲਕ, ਜਿਨ੍ਹਾਂ ਪਾਸ ਵਹੀਕਲ ਦੀ ਮਾਲਕੀ ਸਬੰਧੀ ਕੋਈ ਵੀ ਕਾਗਜ਼ਾਤ ਮੌਜੂਦ ਨਹੀਂ ਸਨ, ਦੇ ਵਹੀਕਲਾਂ ਨੂੰ ਪੁਲਸ ਥਾਣਾ ਮਮਦੋਟ ਵਿਖੇ ਬੌਂਡ ਵੀ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਫੁਕਰਪੁਣੇ 'ਚ ਬੁਲਟ 'ਤੇ ਪਟਾਕੇ ਵਜਾਉਣ ਵਾਸਤੇ ਜਿਨ੍ਹਾਂ ਲੋਕਾਂ ਵੱਲੋਂ ਸਾਈਲੈਂਸਰ ਵਗੈਰਾ ਦੂਸਰੇ ਲਗਾਏ ਗਏ ਹਨ ਜਾਂ ਤੇ ਉਨ੍ਹਾਂ ਦੇ ਸਾਇਲੈਂਸਾਰ ਉਤਾਰੇ ਗਏ ਹਨ ਜਾਂ ਕਨੂੰਨ ਅਨੁਸਾਰ ਕਾਰਵਾਈ ਕੀਤੀ ਗਈ ਹੈ। ਉਨ੍ਹਾਂ ਸਮੂਹ ਲੋਕਾਂ ਨੂੰ ਅਪੀਲ ਕੀਤੀ ਕਿ ਹਰੇਕ ਨਾਗਰਿਕ ਆਪਣੇ ਵਹੀਕਲ ਦੇ ਚਾਹੇ ਮੋਟਰਸਾਈਕਲ, ਕਾਰ ਜਾਂ ਹੋਰ ਕਿਸੇ ਵੀ ਕਿਸਮ ਦਾ ਵਹੀਕਲ ਹੋਵੇ, ਉਸ ਦੇ ਕਾਗਜ਼ਾਤ ਕੰਪਲੀਟ ਕਰਵਾਏ ਤੇ ਪੰਜਾਬ ਸਰਕਾਰ ਵੱਲੋਂ ਨਿਯਤ ਕੀਤੀਆਂ ਨੰਬਰ ਪਲੇਟਾ ਵੀਂ ਜ਼ਰੂਰ ਲਗਵਾਏ ਤਾਂ ਜੋ ਰਸਤੇ ਵਿੱਚ ਚੱਲਦਿਆਂ ਕੋਈ ਪ੍ਰੇਸ਼ਾਨੀ ਨਾ ਆਵੇ। ਉਨ੍ਹਾਂ ਦੱਸਿਆ ਕਿ ਨਾਕਿਆਂ 'ਤੇ ਵਹੀਕਲਾਂ ਦੀ ਅਜਿਹੀ ਚੈਕਿੰਗ ਨਾਲ ਇਲਾਕੇ ਵਿੱਚ ਲੁੱਟਾਂ-ਖੋਹਾਂ ਤੇ ਹੋਰ ਗੈਰ-ਕਾਨੂੰਨੀ ਧੰਦੇ ਨੂੰ ਵੀ ਠੱਲ੍ਹ ਪਵੇਗੀ।

## ...ਸਫ਼ਾ 1 ਦੇ ਬਾਕੀ

### ਤਨਖਾਹ ਤੇ ਪੈਨਸ਼ਨ ਨਾ...

ਵੱਟੀ ਬੈਠੀ ਹੈ, ਜਿਸ ਦਾ ਖਮਿਆਜ਼ਾ ਪੀ.ਆਰ.ਟੀ.ਸੀ. ਦੇ ਕਰਮਚਾਰੀ ਆਰਥਿਕ ਤੰਗੀਆਂ ਦੇ ਰੂਪ ਵਿੱਚ ਭੁਗਤਣ ਲਈ ਮਜਬੂਰ ਹਨ। ਪੀ.ਆਰ.ਟੀ.ਸੀ. ਦੀ ਮੈਨੇਜਮੈਂਟ, ਟਰਾਂਸਪੋਰਟ ਮੰਤਰੀ, ਟਰਾਂਸਪੋਰਟ ਸਕੱਤਰ ਕੋਈ ਭੂਮਿਕਾ ਨਹੀਂ ਨਿਭਾਅ ਰਹੇ ਕਿ ਉਹ ਸਰਕਾਰ ਤੋਂ ਬਣਦੀ ਰਕਮ ਵਸੂਲ ਕਰਕੇ ਖ਼ੂਨ-ਪਸੀਨਾ ਵਹਾ ਕੇ ਡਿਊਟੀਆਂ ਕਰ ਰਹੇ ਵਰਕਰਾਂ ਨੂੰ ਤਨਖਾਹਾਂ ਅਤੇ ਪੈਨਸ਼ਨਾਂ ਸਮੇਂ ਸਿਰ ਦੇ ਸਕਣ। ਆਗੂਆਂ ਨੇ ਦੱਸਿਆ ਕਿ ਕਰਮਚਾਰੀਆਂ ਦੇ ਪੀ.ਆਰ.ਟੀ.ਸੀ. ਵੱਲ 90 ਕਰੋੜ ਰੁਪਏ ਦੇ ਬਕਾਏ ਖੜੇ ਹਨ, ਜਿਸ ਦਾ ਵਿਆਜ ਹੀ 80 ਲੱਖ ਰੁਪਏ ਮਹੀਨਾ ਬਣਦਾ ਹੈ। ਇਸ ਤੋਂ ਇਲਾਵਾ ਵਰਕਰਾਂ ਦੀਆਂ ਹੋਰ ਮੰਗਾਂ ਵੀ ਠੰਢੇ ਬਸਤੇ ਵਿੱਚ ਪਾ ਦਿੱਤੀਆਂ ਗਈਆਂ ਹਨ। ਆਗੂਆਂ ਨੇ ਦੱਸਿਆ ਕਿ ਐਕਸ਼ਨ ਕਮੇਟੀ ਵੱਲੋਂ ਕੱਚੇ ਵਰਕਰਾਂ ਨੂੰ ਪੱਕੇ ਕਰਨ, ਸਰਕਾਰ ਤੋਂ 340 ਕਰੋੜ ਰੁਪਿਆ ਲੈਣ ਲਈ, 1992 ਦੀ ਪੈਨਸ਼ਨ ਸਭਨਾਂ ਲਈ, ਭ੍ਰਿਸ਼ਟਾਚਾਰ ਖਤਮ ਕਰਨ ਲਈ, ਵਰਕਰਾਂ ਨਾਲ ਹੁੰਦੇ ਵਿਤਕਰੇ ਅਤੇ ਵਧੀਕੀਆਂ ਬੰਦ ਕਰਵਾਉਣ ਲਈ 19 ਜਨਵਰੀ ਨੂੰ ਪਟਿਆਲਾ ਵਿਖੇ ਪੰਜਾਬ ਪੱਧਰੀ ਵਿਸ਼ਾਲ ਕਨਵੈਨਸ਼ਨ ਕੀਤੀ ਜਾਵੇਗੀ ਅਤੇ ਪੜਾਅਵਾਰ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਰੈਲੀ ਖਤਮ ਹੋਣ ਉਪਰੰਤ ਪੰਜਾਬ ਸਰਕਾਰ ਵਿਰੁੱਧ ਰੋਸ ਮੁਜ਼ਾਹਰਾ ਵੀ ਕੀਤਾ ਗਿਆ।

### ਸੀ ਬੀ ਜੀ ਪ੍ਰਾਜੈਕਟਾਂ 'ਚ...

ਕੁੱਲ ਸਮਰੱਥਾ ਵਾਲਾ ਏਸ਼ੀਆ ਦਾ ਸਭ ਤੋਂ ਵੱਡਾ ਸੀ ਬੀ ਜੀ ਪਲਾਂਟ ਸੰਗਰੂਰ ਵਿੱਚ ਚਾਲੂ ਕੀਤਾ ਜਾ ਚੁੱਕਾ ਹੈ ਅਤੇ 12 ਟੀ ਪੀ ਡੀ ਸਮਰੱਥਾ ਦਾ ਇੱਕ ਹੋਰ ਸੀ ਬੀ ਜੀ ਪ੍ਰਾਜੈਕਟ ਖੰਨਾ ਵਿਖੇ ਕਾਰਜਸ਼ੀਲ ਕੀਤਾ ਗਿਆ ਹੈ, ਜਿਸ ਦਾ ਟਰਾਇਲ ਚੱਲ ਰਿਹਾ ਹੈ। ਮੌਜੂਦਾ ਸਮੇਂ ਇਸ ਪਲਾਂਟ ਵਿੱਚੋਂ ਰੋਜ਼ਾਨਾ ਲਗਭਗ 3 ਟਨ ਸੀ ਬੀ ਜੀ ਦਾ ਉਤਪਾਦਨ ਹੋ ਰਿਹਾ ਹੈ।

ਅਰੋੜਾ ਨੇ ਕਿਹਾ ਕਿ ਇਨ੍ਹਾਂ ਸਾਰੇ ਪ੍ਰਾਜੈਕਟਾਂ ਦੇ ਮੁਕੰਮਲ ਹੋਣ 'ਤੇ ਸਾਲਾਨਾ ਲਗਭਗ 20 ਲੱਖ ਟਨ ਖੇਤੀ ਰਹਿੰਦ-ਖੂੰਹਦ ਦੀ ਖਪਤ ਹੋਵੇਗੀ ਅਤੇ 515.58 ਟੀ ਪੀ ਡੀ ਸੀ ਬੀ ਜੀ ਪੈਦਾ ਕਰਨਗੇ। ਸੂਬੇ ਵਿੱਚ 10 ਟੀ ਪੀ ਡੀ ਸਮਰੱਥਾ ਵਾਲੇ 200 ਹੋਰ ਸੀ ਬੀ ਜੀ ਪ੍ਰਾਜੈਕਟ ਸਥਾਪਤ ਕਰਨ ਦੀ ਸਮਰੱਥਾ ਹੈ, ਕਿਉਂਕਿ ਸੂਬੇ ਵਿੱਚ ਪ੍ਰਤੀ ਸਾਲ ਲਗਭਗ 20 ਮਿਲੀਅਨ ਟਨ ਝੋਨੇ ਦੀ ਪਰਾਲੀ ਦਾ ਉਤਪਾਦਨ ਹੁੰਦਾ ਹੈ।

ਸੂਬਾ ਸਰਕਾਰ ਵੱਲੋਂ ਸੀ ਬੀ ਜੀ ਡਿਵੈੱਲਪਰਾਂ ਨੂੰ ਹਰ ਸੰਭਵ ਸਹਾਇਤਾ ਦੇਣ ਦਾ ਭਰੋਸਾ ਦਿੰਦਿਆਂ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਇਨਵੈਸਟ ਪੰਜਾਬ ਰਾਹੀਂ ਸਿੰਗਲ ਸਟਾਪ ਕਲੀਅਰੈਂਸ ਵਰਗੀਆਂ ਸਹੂਲਤਾਂ ਦੇਣ ਦੇ ਨਾਲ-ਨਾਲ ਜ਼ਮੀਨ ਦੇ ਰਜਿਸਟ੍ਰੇਸ਼ਨ ਚਾਰਜਿਜ ਤੇ ਸਟੈਂਪ ਡਿਊਟੀ ਤੋਂ ਛੋਟ ਦੇਣ ਦੇ ਨਾਲ-ਨਾਲ ਬਿਜਲੀ ਦੇ ਖਰਚਿਆਂ, ਸੀ ਐੱਲ ਯੂ ਅਤੇ ਈ ਡੀ ਸੀ ਦੇ ਖਰਚਿਆਂ ਤੋਂ ਛੋਟ ਵਰਗੀਆਂ ਹੋਰ ਕਈ ਰਿਆਇਤਾਂ ਵੀ ਪ੍ਰਦਾਨ ਕਰ ਰਹੀ ਹੈ। ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਤੀ ਰਹਿੰਦ-ਖੂੰਹਦ 'ਤੇ ਆਧਾਰਤ ਸੀ ਬੀ ਜੀ ਪ੍ਰਾਜੈਕਟਾਂ ਦੁਆਰਾ ਤਿਆਰ ਕੀਤੀ ਫਰਮੈਂਟਿਡ ਆਰਗੈਨਿਕ ਮੈਨਿਊਰ (ਜੈਵਿਕ ਖਾਦ) ਦੀ ਚੁਕਾਈ ਅਤੇ ਖਰੀਦ ਲਈ ਪਹਿਲਾਂ ਹੀ ਇੱਕ ਟਾਸਕ ਫੋਰਸ ਦਾ ਗਠਨ ਕੀਤਾ ਗਿਆ ਹੈ। ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ ਏ ਯੂ.) ਲੁਧਿਆਣਾ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਖੇਤੀ ਅਤੇ ਬਾਗਬਾਨੀ ਵਿੱਚ ਐੱਫ ਓ ਐੱਮ ਦੀ ਵਰਤੋਂ 'ਤੇ ਅਧਿਐਨ ਕਰਵਾਏ ਅਤੇ ਵਿਸਥਾਰਤ ਰਿਪੋਰਟ ਪੇਸ਼ ਕਰੇ।

ਇਸ ਦੌਰਾਨ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ ਏ ਯੂ), ਲੁਧਿਆਣਾ ਦੇ ਵੀ ਸੀ ਡਾ. ਸਤਬੀਰ ਸਿੰਘ ਗੋਸਲ ਨੇ ਦੱਸਿਆ ਕਿ ਪੀ ਏ ਯੂ ਵੱਲੋਂ ਐੱਫ ਓ ਐੱਮ ਦੀ ਵਰਤੋਂ ਬਾਰੇ ਅਧਿਐਨ ਕੀਤਾ ਜਾ ਰਿਹਾ ਹੈ ਅਤੇ ਇਸ ਸੰਬੰਧੀ ਇਸ ਸਾਲ ਅਪ੍ਰੈਲ ਵਿੱਚ ਇੱਕ ਐਡਵਾਈਜ਼ਰੀ ਜਾਰੀ ਕੀਤੀ ਜਾਵੇਗੀ। ਮੀਟਿੰਗ ਵਿੱਚ ਸੀ ਬੀ ਜੀ ਡਿਵੈੱਲਪਰਾਂ ਦਾ ਸਵਾਗਤ ਕਰਦਿਆਂ ਚੇਅਰਮੈਨ ਪੇਡਾ ਐੱਚ ਐੱਸ ਹੰਸਪਾਲ ਨੇ ਕਿਹਾ ਕਿ ਸੀ ਬੀ ਜੀ ਪ੍ਰਾਜੈਕਟ ਖੇਤੀ ਰਹਿੰਦ-ਖੂੰਹਦ, ਕਾਰਬਨ ਨਿਕਾਸੀ ਅਤੇ ਪ੍ਰਦੂਸ਼ਣ ਦਾ ਠੋਸ ਹੱਲ ਹਨ। ਤੁਹਾਡੀਆਂ ਕੋਸ਼ਿਸ਼ਾਂ ਨੂੰ ਦੇਸ ਦੀ ਸੇਵਾ ਵਿੱਚ ਯੋਗਦਾਨ ਮੰਨਿਆ ਜਾਵੇਗਾ। ਇਹ ਪ੍ਰਾਜੈਕਟ ਕਿਸਾਨਾਂ ਲਈ ਵਾਧੂ ਮਾਲੀਆ ਸਰੋਤ ਪੈਦਾ ਕਰਨ ਤੋਂ ਇਲਾਵਾ ਨਵੇਂ ਉੱਦਮਾਂ ਦੀ ਸ਼ੁਰੂਆਤ ਅਤੇ ਪੇਂਡੂ ਆਰਥਿਕਤਾ ਨੂੰ ਹੁਲਾਰਾ ਦੇਣਗੇ। ਸੁਮੀਤ ਜਾਰੰਗਲ ਨੇ ਕਿਹਾ ਕਿ ਮਾਨ ਸਰਕਾਰ ਦੀ ਈਜ ਆਫ ਡੂਇੰਗ ਬਿਜ਼ਨੈੱਸ ਨੀਤੀ ਕਾਰਨ ਪੰਜਾਬ ਉੱਦਮੀਆਂ ਲਈ ਸਭ ਤੋਂ ਪਸੰਦੀਦਾ ਰਾਜਾਂ ਵਿੱਚੋਂ ਇਕ ਬਣ ਕੇ ਉਭਰਿਆ ਹੈ। ਹਿੰਦੋਸਤਾਨ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ (ਐੱਚ ਪੀ ਸੀ ਐੱਲ) ਵੱਲੋਂ ਬਠਿੰਡਾ ਜ਼ਿਲ੍ਹੇ ਵਿੱਚ ਇੱਕ ਬਾਇਓ-ਈਥਾਨੋਲ ਪ੍ਰਾਜੈਕਟ ਵੀ ਸਥਾਪਤ ਕਰ ਰਹੀ ਹੈ, ਜਿਸ ਵਿੱਚ ਦੋ ਲੱਖ ਟਨ ਝੋਨੇ ਦੀ ਪਰਾਲੀ ਦੀ ਖਪਤ ਕਰਕੇ 100 ਕਿਲੋਲੀਟਰ 2-ਜੀ ਈਥਾਨੋਲ ਦਾ ਉਤਪਾਦਨ ਕੀਤਾ ਜਾਵੇਗਾ। ਇਸ ਪ੍ਰਾਜੈਕਟ ਦੇ ਫਰਵਰੀ 2024 ਵਿੱਚ ਕਾਰਜਸ਼ੀਲ ਹੋਣ ਦੀ ਉਮੀਦ ਹੈ। ਸਮਾਗਮ ਵਿੱਚ ਲਗਭਗ 100 ਪ੍ਰਮੁੱਖ ਸੀ ਬੀ ਜੀ ਡਿਵੈੱਲਪਰਾਂ ਅਤੇ ਸੂਬਾ ਸਰਕਾਰ ਦੇ ਸੀਨੀਅਰ ਅਧਿਕਾਰੀਆਂ ਨੇ ਸ਼ਿਰਕਤ ਕੀਤੀ।


**ਉੱਤਰ ਰੇਲਵੇ**

ਆਜ਼ਾਦੀ ਦਾ ਅੰਮ੍ਰਿਤ ਮਹੋਤਸਵ — G20

**ਈ-ਨੀਲਾਮੀ**

**ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਫਿਰੋਜ਼ਪੁਰ ਦੁਆਰਾ ਫਿਰੋਜ਼ਪੁਰ ਮੰਡਲ ਦੇ ਵਿਭਿੰਨ ਸਟੇਸ਼ਨਾਂ 'ਤੇ ਰੇਲ ਕੋਚ ਰੈਸਟੋਰੈਂਟ ਦਾ ਠੇਕਾ ਪੰਜ ਸਾਲ ਦੇ ਲਈ ਅਲਾਟ ਕਰਨ ਲਈ ਈ-ਨੀਲਾਮੀ ਮੰਗ ਕੀਤੀ ਜਾਂਦੀ ਹੈ।**

| SN | Asset No. | Lot No. | Station | Date & Time of Auction |
|---|---|---|---|---|
| 1 | MSS-FZR-PTKC-RCR-19-22-1 | EAFZR-MIS22-4 | ਪਠਾਨਕੋਟ ਕੈਂਟ | 16.01.2023 at 11.30 Hrs |
| 2 | MSS-FZR-JUC-RCR-20-22-1 | EAFZR-MIS22-4 | ਜਲੰਧਰ ਸਿਟੀ | 16.01.2023 at 11.30 Hrs |
| 3 | MSS-FZR-SVDK-RCR-21-23-1 | EAFZR-MIS23-1 | ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟਰਾ | 18.01.2023 at 11.30 Hrs |
| 4 | MSS-FZR-ASR-RCR-22-23-1 | EAFZR-MIS23-2 | ਅੰਮ੍ਰਿਤਸਰ | 20.01.2023 at 11.30 Hrs |

**ਵਿਸਤ੍ਰਿਤ ਜਾਣਕਾਰੀ ਰੇਲਵੇ ਵੈਬਸਾਈਟ** www.ireps.gov.in **'ਤੇ ਉਪਲਬਧ ਹੈ।** 102/23

**ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ**



**ਪਬਲਿਕ ਨੋਟਿਸ**

**ICICI Bank** ICICI Bank Limited

**Registered office:** Landmark, Race Course Circle, Vadodara 390 007.
**Corporate office:** ICICI Bank Towers, Bandra-Kurla Complex, Mumbai 400 051.

**ਸੋਨਾ ਈ-ਨਿਲਾਮੀ ਕਮ ਸੱਦਾ ਨੋਟਿਸ**

ਹੇਠਾਂ ਲਿਖੇ ਕਰਜ਼ਦਾਰਾਂ ਨੂੰ ਸੋਨੇ ਦੇ ਗਹਿਣਿਆਂ ਬਦਲੇ ਆਈ ਸੀ ਆਈ ਸੀ ਆਈ ਬੈਂਕ ਲਿਮ: ('ਆਈ ਸੀ ਆਈ ਸੀ ਆਈ ਬੈਂਕ') ਤੋਂ ਲਈ ਸਹੂਲਤ ('ਸਹੂਲਤ') ਪ੍ਰਤੀ ਬਕਾਇਆ ਰਕਮ ਦੇ ਭੁਗਤਾਨ ਲਈ ਨੋਟਿਸ ਜਾਰੀ ਕੀਤਾ ਗਿਆ ਹੈ। ਕਿਉਂਕਿ ਇਹ ਬਕਾਇਆ ਰਕਮ ਦਾ ਭੁਗਤਾਨ ਕਰਨ 'ਚ ਅਸਫਲ ਰਹੇ ਹਨ। ਇਸ ਲਈ ਅਸੀਂ ਗਿਰਵੀ ਰੱਖੇ ਸੋਨੇ ਦੇ ਗਹਿਣਿਆਂ ਦੀ 21 ਜਨਵਰੀ 2023 ਨੂੰ ਈ-ਨਿਲਾਮੀ ਕਰਨ ਦੇ ਪਾਬੰਦ ਹਾਂ। ਆਈ ਸੀ ਆਈ ਸੀ ਆਈ ਬੈਂਕ ਨੂੰ ਬਿਨਾਂ ਅਗਾਊਂ ਨੋਟਿਸ ਖਾਤਾ ਹਟਾਉਣ/ਈ-ਨਿਲਾਮੀ ਦੀ ਤਰੀਕ ਬਦਲਣ ਦਾ ਅਧਿਕਾਰ ਹੈ। ਨਿਲਾਮੀ ਦੁਪਹਿਰ 12.30 ਤੋਂ 3.30 ਵਜੇ ਤੱਕ https://jewel-auction.procuretiger.com 'ਤੇ ਆਨਲਾਈਨ ਕੀਤੀ ਜਾਵੇਗੀ। ਸ਼ਰਤਾਂ ਅਤੇ ਨਿਯਮਾਂ ਦੇ ਵੇਰਵੇ ਲਈ ਕ੍ਰਿਪਾ ਕਰਕੇ ਦਿੱਤੀ ਗਈ ਵੈੱਬਸਾਈਟ 'ਤੇ ਲਾਗ ਕਰੋ। ਮ੍ਰਿਤਕ ਕਰਜ਼ਦਾਰਾਂ ਦੇ ਮਾਮਲੇ 'ਚ ਸਾਰੀਆਂ ਸ਼ਰਤਾਂ ਉਹਨਾਂ ਦੇ ਕਾਨੂੰਨੀ ਵਾਰਸਾਂ 'ਤੇ ਲਾਗੂ ਹੋਣਗੀਆਂ।

| ਕਰਜ਼ਾ ਖਾਤਾ ਨੰ. | ਗਾਹਕ ਦਾ ਨਾਂਅ |
|---|---|
| ਬਰਾਂਚ ਦਾ ਨਾਂਅ : ਅਜਨਾਲਾ | |
| 108305006608 | ਸੁਖਵਿੰਦਰ ਕੌਰ |
| ਬਰਾਂਚ ਦਾ ਨਾਂਅ : ਅੰਮ੍ਰਿਤਸਰ-ਰਾਣੀ ਕਾ ਬਾਗ | |
| 366705000062 | ਦਵਿੰਦਰ ਸਿੰਘ |
| ਬਰਾਂਚ ਦਾ ਨਾਂਅ : ਅੰਮ੍ਰਿਤਸਰ ਈਸਟ ਮੋਹਨ ਨਗਰ | |
| 189305000974 | ਅਮਿਤ ਕੁਮਾਰ ਗੋਗਨਾ |
| ਬਰਾਂਚ ਦਾ ਨਾਂਅ :ਬਲਾਚੌਰ, ਪੰਜਾਬ | |
| 357205001326 | ਰੰਜਨਾ |
| ਬਰਾਂਚ ਦਾ ਨਾਂਅ : ਬੰਗਾ | |
| 152005001031 | ਗੁਰਿੰਦਰ ਕੁਮਾਰ |
| ਬਰਾਂਚ ਦਾ ਨਾਂਅ :ਬੇਗੋਵਾਲ | |
| 152205001293 | ਦਲੀਪ ਸਿੰਘ |
| 152205001294 | ਸੁਰਿੰਦਰ ਕੌਰ |
| ਬਰਾਂਚ ਦਾ ਨਾਂਅ : ਭਵਾਨੀਗੜ੍ਹ | |
| 282905002091 | ਅਵਤਾਰ ਸਿੰਘ |
| ਬਰਾਂਚ ਦਾ ਨਾਂਅ : ਬੋਹਾ | |
| 394905001544 | ਸੁਰਜੀਤ ਕੌਰ |
| ਬਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ-19 | |
| 134005001023 | ਹਰਵਿੰਦਰ ਹਰਵਿੰਦਰ |
| 134005001174 | ਰਾਜ ਕੁਮਾਰ |
| ਬਰਾਂਚ ਦਾ ਨਾਂਅ : ਚੋਗਾਵਾਂ | |
| 380205001397 | ਗੁਰਵਿੰਦਰ ਸਿੰਘ |
| 380205001962 | ਨਿਸ਼ਾਨ ਸਿੰਘ |
| ਬਰਾਂਚ ਦਾ ਨਾਂਅ : ਡੇਰਾ ਬਸੀ | |
| 096705003417 | ਮੋਹਿਤ ਸੇਠ |
| 096705002661 | ਰੰਜਨਾ ਰਾਵਤ |
| 096705003406 | ਘਸੀਟਾ ਸਿੰਘ |
| 096705003413 | ਸਚਿਨ ਗੁਪਤਾ |
| 096705003414 | ਜੁਗਲ ਰਾਣਾ |
| ਬਰਾਂਚ ਦਾ ਨਾਂਅ : ਧੂਰੀ | |
| 150805002907 | ਮਲਕੀਤ ਸਿੰਘ |
| ਬਰਾਂਚ ਦਾ ਨਾਂਅ : ਦੋਰਾਹਾ | |
| 078705002114 | ਮਨਪ੍ਰੀਤ ਸਿੰਘ |
| ਬਰਾਂਚ ਦਾ ਨਾਂਅ : ਇੰਡਸਟਰੀਅਲ ਏਰੀਆ-ਫੇਜ-1 | |
| 341605000711 | ਕਾਂਤਾ ਰਾਣੀ |
| ਬਰਾਂਚ ਦਾ ਨਾਂਅ : ਜਗਰਾਵਾਂ | |
| 087905002053 | ਅਮਰੀਕ ਸਿੰਘ |

| ਕਰਜ਼ਾ ਖਾਤਾ ਨੰ. | ਗਾਹਕ ਦਾ ਨਾਂਅ |
|---|---|
| ਬਰਾਂਚ ਦਾ ਨਾਂਅ : ਜਗਰਾਵਾਂ-ਨਿਊ ਗਰੇਨ ਮਾਰਕਿਟ | |
| 378905000792 | ਸੁਖਦੇਵ ਸਿੰਘ |
| ਬਰਾਂਚ ਦਾ ਨਾਂਅ :ਜੈਤੋਂ, ਪੰਜਾਬ | |
| 355805002295 | ਅਕਸ਼ੈ ਜਿੰਦਲ |
| ਬਰਾਂਚ ਦਾ ਨਾਂਅ : ਜਲੰਧਰ-ਅਰਬਨ ਅਸਟੇਟ | |
| 361205000148 | ਕੁਲਜੀਤ ਸਿੰਘ |
| ਬਰਾਂਚ ਦਾ ਨਾਂਅ : ਜਲੰਧਰ | |
| 008205008111 | ਹਰਅੰਮ੍ਰਿਤ ਸਿੰਘ |
| ਬਰਾਂਚ ਦਾ ਨਾਂਅ :ਜਲੰਧਰ-ਨਕੋਦਰ | |
| 008005002852 | ਹਰਬੰਸ ਸਿੰਘ |
| ਬਰਾਂਚ ਦਾ ਨਾਂਅ : ਕਪੂਰਥਲਾ-ਸੁਲਤਾਨ ਰੋਡ | |
| 189505001123 | ਵਿਕਰਮ |
| 189505001125 | ਵਿਕਰਮ |
| ਬਰਾਂਚ ਦਾ ਨਾਂਅ : ਕਰਤਾਰਪੁਰ | |
| 163405001744 | ਗੁਰਕਰਨ ਸਿੰਘ |
| 163405001750 | ਸੁਖਵਿੰਦਰ ਸਿੰਘ |
| ਬਰਾਂਚ ਦਾ ਨਾਂਅ :ਖਰੜ | |
| 079105002520 | ਅਜੈਬੀਰ ਸਿੰਘ |
| 079105002763 | ਸਹਿਨਵਾਜ਼ ਸਹਿਨਵਾਜ਼ |
| 079105002995 | ਆਰਿਫ ਆਰਿਫ |
| ਬਰਾਂਚ ਦਾ ਨਾਂਅ : ਕੁਰਾਲੀ | |
| 152405002869 | ਪੂਜਾ ਦੇਵੀ |
| ਬਰਾਂਚ ਦਾ ਨਾਂਅ : ਲਾਂਡਰਾਂ | |
| 325605000491 | ਜਤਿੰਦਰ ਸਿੰਘ |
| ਬਰਾਂਚ ਦਾ ਨਾਂਅ : ਲਹਿਰਾਗਾਗਾ, ਪੰਜਾਬ | |
| 358405001902 | ਕੁਲਦੀਪ ਸਿੰਘ |
| ਬਰਾਂਚ ਦਾ ਨਾਂਅ : ਲੌਂਗੋਵਾਲ | |
| 178105002709 | ਸੰਮੀ ਸਿੰਘ |
| 178105002846 | ਗੁਰਮੀਤ ਕੌਰ |
| ਬਰਾਂਚ ਦਾ ਨਾਂਅ : ਲੁਧਿਆਣਾ-ਰਾਹੋਂ ਰੋਡ | |
| 336405000428 | ਦਵਿੰਦਰ ਕੌਰ |
| ਬਰਾਂਚ ਦਾ ਨਾਂਅ : ਲੁਧਿਆਣਾ-ਦੁੱਗਰੀ | |
| 151505001469 | ਦੀਪਕ ਸ਼ਰਮਾ |
| ਬਰਾਂਚ ਦਾ ਨਾਂਅ :ਮਾਛੀਵਾੜਾ | |
| 178205001522 | ਛੋਟੂ ਰਾਮ |
| ਬਰਾਂਚ ਦਾ ਨਾਂਅ : ਮਖੂ | |
| 377605000381 | ਦਵਿੰਦਰ ਸਿੰਘ |

| ਕਰਜ਼ਾ ਖਾਤਾ ਨੰ. | ਗਾਹਕ ਦਾ ਨਾਂਅ |
|---|---|
| ਬਰਾਂਚ ਦਾ ਨਾਂਅ : ਮਾਨਸਾ | |
| 044605002326 | ਰਾਣੀ ਕੌਰ |
| ਬਰਾਂਚ ਦਾ ਨਾਂਅ : ਮੋਗਾ | |
| 023705003509 | ਅਨੀਤਾ ਅਨੀਤਾ |
| ਬਰਾਂਚ ਦਾ ਨਾਂਅ : ਮੁਕਤਸਰ | |
| 078805003710 | ਆਸ਼ਾ ਰਾਣੀ |
| ਬਰਾਂਚ ਦਾ ਨਾਂਅ : ਨਿਹਾਲ ਸਿੰਘ ਵਾਲਾ, ਪੰਜਾਬ | |
| 357305001153 | ਪਰਮਜੀਤ ਕੌਰ |
| ਬਰਾਂਚ ਦਾ ਨਾਂਅ : ਪਠਾਨਕੋਟ | |
| 027105002237 | ਗੁਰਜਿੰਦਰ ਸਿੰਘ |
| ਬਰਾਂਚ ਦਾ ਨਾਂਅ : ਪਠਾਨਕੋਟ-ਮਮੂਨ ਕੈਂਟ | |
| 096505000626 | ਨੀਰਜ ਸ਼ਰਮਾ |
| ਬਰਾਂਚ ਦਾ ਨਾਂਅ : ਪਟਿਆਲਾ-ਲੀਲਾ ਭਵਨ | |
| 016205006863 | ਸੁਖਦੇਵ ਸਿੰਘ |
| ਬਰਾਂਚ ਦਾ ਨਾਂਅ :ਪਾਤੜਾਂ | |
| 283105003176 | ਸਿਮਰਨਜੀਤ ਕੌਰ |
| ਬਰਾਂਚ ਦਾ ਨਾਂਅ : ਪੱਟੀ | |
| 150505005349 | ਵਿਕਰਮਜੀਤ ਸਿੰਘ |
| ਬਰਾਂਚ ਦਾ ਨਾਂਅ : ਰਮਾ | |
| 397805000482 | ਸੁਰਜੀਤ ਸਿੰਘ |
| 397805001556 | ਹਰਚੇਤ ਸਿੰਘ |
| 397805001559 | ਗੁਰਬਚਨ ਸਿੰਘ |
| ਬਰਾਂਚ ਦਾ ਨਾਂਅ : ਰਾਮਪੁਰਾ ਫੂਲ, ਪੰਜਾਬ | |
| 355505000492 | ਗੁਰਪ੍ਰੀਤ ਸਿੰਘ |
| ਬਰਾਂਚ ਦਾ ਨਾਂਅ : ਰੋਪੜ | |
| 055305002246 | ਪਰਮਜੀਤ ਸਿੰਘ |
| ਬਰਾਂਚ ਦਾ ਨਾਂਅ : ਸਾਦਿਕ, ਪੰਜਾਬ | |
| 357105005421 | ਨਿਸ਼ਾਨ ਸਿੰਘ |
| ਬਰਾਂਚ ਦਾ ਨਾਂਅ : ਸਾਹਨੇਵਾਲ | |
| 151705000636 | ਗੁਰਜੀਤ ਸਿੰਘ |
| ਬਰਾਂਚ ਦਾ ਨਾਂਅ : ਸੁਜਾਨਪੁਰ | |
| 262005000496 | ਰਜਨੀਸ਼ ਕੁਮਾਰ |
| ਬਰਾਂਚ ਦਾ ਨਾਂਅ : ਸੁਲਤਾਨਪੁਰ ਲੋਧੀ | |
| 272405000939 | ਪਰਮਾਤਮਾ ਸਿੰਘ |
| ਬਰਾਂਚ ਦਾ ਨਾਂਅ : ਤਲਵੰਡੀ ਭਾਈ | |
| 283205001798 | ਰਾਜਿੰਦਰ ਪਾਲ |
| ਬਰਾਂਚ ਦਾ ਨਾਂਅ : ਟਾਂਡਾ ਉੜਮੁੜ | |
| 087805001959 | ਜਗਦੀਸ਼ ਕੌਰ |

ਮਿਤੀ : 11.01.2023

ਸਥਾਨ :ਚੰਡੀਗੜ੍ਹ, ਜਲੰਧਰ, ਮੁਕਤਸਰ, ਪਟਿਆਲਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਅੰਮ੍ਰਿਤਸਰ, ਬਠਿੰਡਾ, ਫਿਰੋਜ਼ਪੁਰ, ਮਾਨਸਾ, ਲੁਧਿਆਣਾ, ਕਪੂਰਥਲਾ, ਰੂਪਨਗਰ, ਫਰੀਦਕੋਟ, ਹੁਸ਼ਿਆਰਪੁਰ, ਤਰਨ ਤਾਰਨ, ਮੋਗਾ, ਪਠਾਨਕੋਟ, ਸੰਗਰੂਰ, ਸ਼ਹੀਦ ਭਗਤ ਸਿੰਘ ਨਗਰ

ਸਹੀ/- ਅਧਿਕਾਰਤ ਅਫਸਰ, ਵਾਸਤੇ ਆਈ ਸੀ ਆਈ ਸੀ ਆਈ ਬੈਂਕ, ਲਿਮ:


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

# ਜਮਹੂਰੀ ਕਿਸਾਨ ਸਭਾ ਪੰਜਾਬ ਤਹਿਸੀਲ ਅਜਨਾਲਾ ਦਾ ਛੇਵਾਂ ਡੈਲੀਗੇਟ ਅਜਲਾਸ




**ਅੰਮ੍ਰਿਤਸਰ, ਅਜਨਾਲਾ (ਜਸਬੀਰ ਸਿੰਘ ਪੱਟੀ, ਸੁਖਤਿੰਦਰ ਸਿੰਘ ਰਾਜੂ)**-ਸੰਯੁਕਤ ਕਿਸਾਨ ਮੋਰਚੇ ਨੂੰ ਸਮਰਪਿਤ ਜਮਹੂਰੀ ਕਿਸਾਨ ਸਭਾ ਪੰਜਾਬ ਤਹਿਸੀਲ ਅਜਨਾਲਾ ਦਾ ਛੇਵਾਂ ਜਥੇਬੰਦਕ ਡੈਲੀਗੇਟ ਅਜਲਾਸ ਸੁਤੰਤਰਤਾ ਸੰਗਰਾਮੀ ਸਵਰਨ ਸਿੰਘ ਦੁਧਰਾਏ ਦੀ ਯਾਦ ਵਿੱਚ ਉਸਾਰੇ ਹਾਲ ਪਿੰਡ ਓਠੀਆਂ ਵਿਖੇ ਇਨਕਲਾਬੀ ਭਾਵਨਾਵਾਂ ਨਾਲ ਮਨਾਇਆ ਗਿਆ ਜਿੱਥੇ ਅਜਲਾਸ ਦਾ ਆਰੰਭ ਪਿੰਡ ਦੇ ਨੌਜਵਾਨ ਆਗੂ ਸਤਵਿੰਦਰ ਸਿੰਘ ਓਠੀਆਂ ਵੱਲੋਂ ਪੜ੍ਹੇ ਗਏ ਸੰਦੇਸ਼ ਨਾਲ ਆਰੰਭ ਕੀਤਾ ਗਿਆ।

ਇਹ ਅਜਲਾਸ ਤਿੰਨ ਸਾਲ ਬਾਅਦ ਕਿਸਾਨ ਸਭਾ ਦੇ ਪਿਛਲੇ ਸਮੇਂ 'ਚ ਕੀਤੇ ਗਏ ਕਾਰਜਾਂ ਦਾ ਲੇਖਾ-ਜੋਖਾ ਕਰਨ ਅਤੇ ਭਵਿੱਖੀ ਯੋਜਨਾ ਬਣਾਉਣ ਵਿੱਚ ਸਫਲਤਾਪੂਰਵਕ ਨੇਪਰੇ ਚੜ੍ਹਿਆ। ਸਾਥੀ ਗੁਰਨਾਮ ਸਿੰਘ ਉਮਰਪੁਰਾ ਤੇ ਸਤਿੰਦਰ ਸਿੰਘ ਓਠੀਆਂ ਨੇ ਜਮਹੂਰੀ ਕਿਸਾਨ ਸਭਾ ਤਹਿਸੀਲ ਦੇ ਪ੍ਰਧਾਨ ਸੀਸਿੰਘ ਤਲਵੰਡੀ ਨੇ ਵਿਸਥਾਰ ਸਹਿਤ ਜਥੇਬੰਦਕ ਰਿਪੋਰਟ ਪੜ੍ਹ ਕੇ ਪੇਸ਼ ਕੀਤੀ ਜਿਸ ਉਪਰ ਤਹਿਸੀਲ ਭਰ ਵਿਚੋਂ ਸ਼ਾਮਲ ਹੋਏ 93 ਡੈਲੀਗੇਟਾਂ ਵਿਚੋਂ ਦੋ ਦਰਜਨ ਦੇ ਕਰੀਬ ਡੈਲੀਗੇਟਾਂ ਨੇ ਵੱਡਮੁੱਲੇ ਵਿਚਾਰ ਪੇਸ਼ ਕੀਤੇ। ਕੁੱਝ ਘੱਟ ਵੱਧ ਸੋਧਾਂ ਨਾਲ ਨਾਹਰਿਆਂ ਦੀ ਗੂੰਜ 'ਚ ਰਿਪੋਰਟ ਪਾਸ ਕੀਤੀ। ਇਸ ਸਮੇਂ ਵਿਸ਼ੇਸ਼ ਤੌਰ 'ਤੇ ਪਹੁੰਚੇ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਡਾਕਟਰ ਸਤਨਾਮ ਸਿੰਘ ਅਜਨਾਲਾ ਨੇ ਡੈਲੀਗੇਟਾਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਆਰ. ਐੱਸ. ਐੱਸ. ਦੀ ਅਗਵਾਈ 'ਚ ਕੰਮ ਕਰਦੀ ਬੀ. ਜੇ. ਪੀ. ਦੀ ਮੋਦੀ ਸਰਕਾਰ ਦਾ ਮੁੱਖ ਏਜੰਡਾ ਹੈ ਕਿ ਕਿਸਾਨਾਂ ਦੀਆਂ ਜ਼ਮੀਨਾਂ ਕਾਰਪੋਰੇਟ ਘਰਾਣਿਆਂਦੇ ਹਵਾਲੇ ਕਰਨ, ਜਿਸ ਲਈ ਉਹ ਕਿਸਾਨਾਂ ਮਜ਼ਦੂਰਾਂ ਵਿਰੋਧੀ ਨਵੇਂ ਨਵੇਂ ਕਾਨੂੰਨ ਲਿਆ ਰਿਹਾ ਹੈ ਜਿਸ ਕਾਰਨ ਕਿਸਾਨਾਂ ਦੇ ਸੰਕਟ ਵਧਦੇ ਜਾ ਰਹੇ ਹਨ ਆਉਣ ਵਾਲੇ ਸਮੇਂ 'ਚ ਜਿਸ ਦਾ ਟਾਕਰਾ ਕਰਨ ਲਈ ਹੋਰ ਵਧੇਰੇ ਜਥੇਬੰਦ ਹੋਣ ਦੀ ਲੋੜ ਹੈ ਤਾਂ ਜੋ ਅਸੀਂ ਤਿੱਖੇ ਤੇ ਬੱਝਵੇਂ ਸੰਘਰਸ਼ ਲਾਮਬੱਧ ਕਰ ਸਕੀਏ। ਉਨ੍ਹਾਂ ਅੱਗੇ ਕਿਹਾ ਕਿ ਕੇਂਦਰ ਤੇ ਸੂਬਾਈ ਸਰਕਾਰਾਂ ਦੀਆਂ ਕਿਸਾਨਾਂ ਤੇ ਲੋਕ ਵਿਰੋਧੀ ਨੀਤੀਆਂ ਕਾਰਨ ਪੰਜਾਬ ਦਾ ਪਾਣੀ ਗੰਧਲਾ ਹੋ ਰਿਹਾ ਹੈ, ਵਾਤਾਵਰਣ ਖਰਾਬ ਹੋ ਰਿਹਾ ਹੈ ਜਿਸ ਦੀ ਤਾਜ਼ਾ ਮੂੰਹ ਬੋਲਦੀ ਤਸਵੀਰ ਜ਼ੀਰਾ ਸ਼ਰਾਬ ਫੈਕਟਰੀ ਹੈ। ਸਮਾਗਮ ਦੇ ਅੰਤ 'ਚ ਆਉਣ ਵਾਲੇ ਸਮੇਂ ਲਈ ਤਹਿਸੀਲ ਕਮੇਟੀ ਦਾ ਗਠਨ ਕੀਤਾ ਗਿਆ।

# ਕਾਨੂੰਨ ਵਿਵਸਥਾ ਪੱਖੋਂ ਪੰਜਾਬ ਦੇ ਹਾਲਾਤ ਚਿੰਤਾਜਨਕ: ਡਾ. ਵੇਰਕਾ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਸਾਬਕਾ ਵਿਧਾਇਕ ਅਤੇ ਭਾਜਪਾ ਆਗੂ ਡਾ. ਦਲਬੀਰ ਸਿੰਘ ਵੇਰਕਾ ਨੇ ਪੰਜਾਬ ਦੇ ਹਾਲਾਤ ਦੀ ਗੱਲ ਕਰਦਿਆਂ ਕਿਹਾ ਹੈ ਕਿ ਪੰਜਾਬ ਦੇ ਹਾਲਾਤ ਚਿੰਤਾਜਨਕ ਹਨ, ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਡਾਵਾਂਡੋਲ ਹੋ ਚੁੱਕੀ ਹੈ, ਨਸ਼ਿਆਂ ਨੂੰ ਖਤਮ ਕਰਨ ਦੇ ਵਾਅਦੇ ਕਰਨ ਵਾਲੀ ਆਪ ਸਰਕਾਰ ਦੇ ਰਾਜ ਵਿੱਚ ਨਸ਼ਾ ਬੇਖ਼ੌਫ ਵਿਕ ਰਿਹਾ ਹੈ ਜਿਸ ਵਿੱਚ ਆਪ ਆਗੂਆਂ ਦੀ ਮਿਲੀ ਭੁਗਤ ਸਬੰਧੀ ਆਪ ਦੇ ਵਲੰਟੀਅਰ ਹੀ ਇਲਜ਼ਾਮ ਲਗਾ ਰਹੇ ਹਨ।

ਆਪਣੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਵੇਰਕਾ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਪੱਖ ਤੋਂ ਫੇਲ੍ਹ ਸਾਬਤ ਹੋਈ ਹੈ। ਅੱਜ ਦੇ ਮਾਹੌਲ ਵਿੱਚ ਹਰ ਕੋਈ ਆਪਣੇ ਆਪ ਨੂੰ ਅਣ-ਸੁਰੱਖਿਅਤ ਮਹਿਸੂਸ ਕਰ ਰਿਹਾ ਹੈ। ਇਥੋਂ ਤੱਕ ਕਿ ਪੁਲਿਸ ਮੁਲਾਜ਼ਮ ਵੀ ਸੁਰੱਖਿਅਤ ਨਹੀਂ ਹਨ। ਪੰਜਾਬ ਵਿੱਚ ਅੱਜ ਚੋਰੀਆਂ, ਡਕੈਤੀਆਂ, ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਸ਼ਰੇਆਮ ਹੋ ਰਹੀਆਂ ਹਨ ਜਿਸਨੂੰ ਸਰਕਾਰ ਦਿਲਚਸਪੀ ਨਾਲ ਨਹੀਂ ਲੈ ਰਹੀ। ਇਥੋਂ ਤੱਕ ਕਿ ਚੋਰ ਗੁਰਦੁਆਰਿਆਂ ਅਤੇ ਸਕੂਲਾਂ ਨੂੰ ਵੀ ਨਹੀਂ ਬਖਸ਼ ਰਹੇ।

ਡਾ. ਵੇਰਕਾ ਨੇ ਕਿਹਾ ਕਿ ਆਪ ਨੇ 2022 ਦੀਆਂ ਚੋਣਾਂ ਵਿੱਚ ਝੂਠੇ ਸਬਜ਼ਬਾਗ ਵਿਖਾ ਕੇ ਪੰਜਾਬ ਦੇ ਲੋਕਾਂ ਤੋਂ ਵੋਟਾਂ ਬਟੋਰੀਆਂ ਹਨ। ਪੰਜਾਬ ਦੇ ਲੋਕਾਂ ਨੂੰ ਸਹੂਲਤਾਂ ਦੇ ਸੁਪਨੇ ਵਿਖਾਉਣ ਵਾਲੀ ਆਪ ਸਰਕਾਰ ਅੱਜ ਤੱਕ ਇੱਕ ਵੀ ਵਾਅਦਾ ਪੂਰਾ ਨਹੀ ਕਰ ਸਕੀ, ਪੰਜਾਬ ਦੇ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਕਰਜ਼ ਮੁਆਫ਼ੀ ਦੇ ਨਾਮ 'ਤੇ ਜ਼ਲੀਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ 2024 ਦੀਆਂ ਪਾਰਲੀਮੈਂਟ ਚੋਣਾਂ ਵਿੱਚ ਭਾਜਪਾ ਉਮੀਦਵਾਰਾਂ ਨੂੰ ਜਿਤਾ ਕੇ ਕੇਂਦਰ ਵਿੱਚ ਭਾਜਪਾ ਦੀ ਸਰਕਾਰ ਵਿੱਚ ਪੂਰਨ ਸਹਿਯੋਗ ਦੇਣਗੇ।

# ਜੇ ਏ ਸੀ/ਗੈਰ-ਸਰਕਾਰੀ ਸਹਾਇਤਾ ਪ੍ਰਾਪਤ ਕਾਲਜਾਂ ਵੱਲੋਂ ਰੋਸ ਪ੍ਰਦਰਸ਼ਨ




**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਗੈਰ-ਸਰਕਾਰੀ ਸਹਾਇਤਾ ਪ੍ਰਾਪਤ ਕਾਲਜਿਜ਼ ਮੈਨੇਜਮੈਂਟ ਫ਼ੈਡਰੇਸ਼ਨ (ਐਨਜੀਸੀਐਮਐੱਫ.), ਪ੍ਰਿੰਸੀਪਲ ਐਸੋਸੀਏਸ਼ਨਾਂ, ਪੰਜਾਬ ਚੰਡੀਗੜ੍ਹ ਕਾਲਜਿਜ਼ ਟੀਚਰਜ਼ ਯੂਨੀਅਨ (ਪੀਸੀਸੀਟੀਯੂ) ਅਤੇ ਅਨ-ਏਡਿਡ ਪ੍ਰਾਈਵੇਟ ਕਾਲਜਾਂ ਦੀ ਜਥੇਬੰਦੀ ਦੀ ਸਾਂਝੀ ਐਕਸ਼ਨ ਕਮੇਟੀ (ਜੇਏਸੀ) ਨੇ ਸੂਬਾ ਸਰਕਾਰ ਵੱਲੋਂ ਕੋਈ ਉਚਿੱਤ ਹੁੰਗਾਰਾ ਨਾ ਮਿਲਣ 'ਤੇ 18 ਜਨਵਰੀ ਨੂੰ ਸਮੂਹ ਕਾਲਜਾਂ ਨੂੰ 'ਤਾਲਾ ਬੰਦ' ਰੱਖਣ ਦਾ ਸੱਦਾ ਦਿੱਤਾ ਗਿਆ ਹੈ। ਰਾਜ ਸਰਕਾਰ ਦੇ ਮਨਮਾਨੇ ਅਤੇ ਪੱਖਪਾਤੀ ਫ਼ੈਸਲੇ ਖਿਲਾਫ਼ ਪੰਜਾਬ ਦੇ ਕਾਲਜ ਕੇਂਦਰੀਕ੍ਰਿਤ ਦਾਖਲਾ ਪੋਰਟਲ ਲਾਗੂ ਕਰਨ ਅਤੇ ਸੇਵਾ-ਮੁਕਤੀ ਦੀ ਉਮਰ 58 ਸਾਲ ਘਟਾਉਣ ਸਮੇਤ ਅਧਿਆਪਕਾਂ ਦੇ ਸੇਵਾ ਨਿਯਮਾਂ ਨਾਲ ਛੇੜਛਾੜ ਕਰਨ ਸਬੰਧੀ ਲੰਮੇਂ ਸਮੇਂ ਤੋਂ ਸੰਘਰਸ਼ ਕਰ ਰਹੇ ਹਨ, ਦੇ ਤਹਿਤ ਲਿਆ ਗਿਆ ਹੈ।

ਇਸ ਸਬੰਧੀ ਗੁਰੂ ਨਾਨਕ ਖ਼ਾਲਸਾ ਕਾਲਜ ਫ਼ਾਰ ਵੂਮੈਨ ਲੁਧਿਆਣਾ ਵਿਖੇ ਜੇਏਸੀ ਅਤੇ ਅਨ-ਏਡਿਡ ਕਾਲਜਾਂ ਦੀ ਸਾਂਝੀ ਮੀਟਿੰਗ ਦੌਰਾਨ ਉਕਤ ਮੁੱਦੇ 'ਤੇ ਗਹਿਰਾਈ ਨਾਲ ਵਿਚਾਰ-ਚਰਚਾ ਕੀਤੀ ਗਈ ਅਤੇ ਭਗਵੰਤ ਮਾਨ ਸਰਕਾਰ ਕਾਲਜਾਂ ਦੀਆਂ ਹੱਕੀ ਮੰਗਾਂ ਦੀ ਸੁਣਵਾਈ ਨਹੀਂ ਕਰ ਰਹੀ, ਇਸ ਲਈ 18 ਜਨਵਰੀ ਨੂੰ ਸਮੂਹ ਕਾਲਜ ਬੰਦ ਰੱਖੇ ਜਾਣਗੇ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਫ਼ੈਡਰੇਸ਼ਨ ਦੇ ਪ੍ਰਧਾਨ ਰਜਿੰਦਰ ਮੋਹਨ ਸਿੰਘ ਛੀਨਾ ਨੇ ਕਿਹਾ ਕਿ ਅਸੀਂ ਬਹੁਤ ਹੀ ਸੰਕਟ 'ਚ ਹਾਂ ਅਤੇ ਸਰਕਾਰ ਸਾਡੀਆਂ ਮੰਗਾਂ ਪ੍ਰਤੀ ਗੈਰ-ਜ਼ਿੰਮੇਵਾਰ ਹੋਣ ਕਾਰਨ ਇਹ ਸਖ਼ਤ ਕਦਮ ਚੁੱਕ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਅਤੇ ਉਚੇਰੀ ਸਿੱਖਿਆ ਮੰਤਰੀ ਨੇ ਸੂਬੇ 'ਚ ਉਚ ਸਿੱਖਿਆ ਨੂੰ ਦਰਪੇਸ਼ ਮੁੱਦਿਆਂ 'ਤੇ ਵਿਚਾਰ ਕਰਨ ਲਈ ਮੀਟਿੰਗ ਦਾ ਸਮਾਂ ਵੀ ਨਹੀਂ ਦਿੱਤਾ ਹੈ ਜਿਸ ਸਬੰਧੀ ਹੁਣ ਵੀ ਸਰਕਾਰ ਨੂੰ ਪੰਜਾਬ ਦੇ ਕਾਲਜਾਂ ਦੀਆਂ ਦਰਪੇਸ਼ ਸਮੱਸਿਆਵਾਂ ਨੂੰ ਹੱਲ ਕਰਨ ਦੀ ਅਪੀਲ ਕਰਦੇ ਹਾਂ।

ਸ: ਛੀਨਾ ਨਾਲ ਸਾਂਝੇ ਤੌਰ 'ਤੇ ਫੈਡਰੇਸ਼ਨ ਦੇ ਸਕੱਤਰ ਐਸ. ਐਮ. ਸ਼ਰਮਾ ਨੇ ਕਿਹਾ ਕਿ ਕਾਲਜਾਂ ਦੇ ਦਰਪੇਸ਼ ਮੁੱਦਿਆਂ ਪ੍ਰਤੀ ਭਗਵੰਤ ਸਿੰਘ ਮਾਨ ਦੀ ਸਰਕਾਰ ਦਾ ਉਦਾਸੀਨ ਰਵੱਈਆ ਸਾਨੂੰ ਅੰਦੋਲਨ ਅਤੇ ਵਿਦਰੋਹ ਦਾ ਰਾਹ ਅਪਨਾਉਣ ਲਈ ਮਜਬੂਰ ਕਰ ਰਿਹਾ ਹੈ। ਇਸ ਮੌਕੇ ਫ਼ੈਡਰੇਸ਼ਨ ਦੇ ਤੇਜਿੰਦਰ ਕੌਰ ਧਾਲੀਵਾਲ, ਰਮੇਸ਼ ਕੁਮਾਰ ਕੌੜਾ, ਸਕੱਤਰ ਅਗਨੀਸ਼ ਢਿੱਲੋਂ, ਪ੍ਰਾਈਵੇਟ ਅਣਏਡਿਡ ਕਾਲਜਿਜ਼ ਯੂਨੀਅਨ ਦੇ ਪ੍ਰਧਾਨ ਵੇਦ ਪ੍ਰਕਾਸ਼ ਬੇਦੀ, ਰਵਿੰਦਰ ਜੋਸ਼ੀ, ਪ੍ਰਿੰਸੀਪਲ ਐਸੋਸੀਏਸ਼ਨ ਦੇ ਮੁਖੀ ਡਾ. ਗੁਰਦੇਵ ਸਿੰਘ ਰੰਧਾਵਾ, ਪੀ. ਸੀ. ਸੀ. ਟੀ. ਯੂ. ਦੇ ਪ੍ਰਧਾਨ ਵਿਨੈ ਸੋਫ਼ਤ, ਜਨਰਲ ਸਕੱਤਰ ਡਾ. ਜੀ. ਐੱਸ. ਸੇਖੋਂ, ਪ੍ਰਿੰਸੀਪਲ ਡਾ. ਮਹਿਲ ਸਿੰਘ, ਜੀ. ਐੱਸ. ਸਰਨਾ ਅਤੇ ਹੋਰ ਹਾਜ਼ਰ ਸਨ।

## ਸੰਧੂ ਨੇ ਏ ਡੀ ਸੀ ਪੇਂਡੂ ਵਿਕਾਸ ਅੰਮ੍ਰਿਤਸਰ ਵਜੋਂ ਸੰਭਾਲਿਆ ਅਹੁਦਾ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)**-ਰਵਿੰਦਰਪਾਲ ਸਿੰਘ ਸੰਧੂ ਜੋ ਕਿ ਤਰਨਤਾਰਨ ਜ਼ਿਲ੍ਹੇ ਤੋਂ ਬਦਲ ਕੇ ਅੰਮ੍ਰਿਤਸਰ ਵਿਖੇ ਆਏ ਹਨ, ਨੇ ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਦਾ ਅਹੁਦਾ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਵਜੋਂ ਕੰਮ ਕਰਦੇ ਰਣਬੀਰ ਸਿੰਘ ਮੁੱਧਲ ਦੀ ਬਦਲੀ ਤਰਨਤਾਰਨ ਵਿਖੇ ਹੋ ਗਈ ਹੈ।

ਅਹੁਦਾ ਸੰਭਾਲਣ ਉਪਰੰਤ ਸੰਧੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੇਂਡੂ ਲੋਕਾਂ ਲਈ ਵਿਕਾਸ ਦੀਆਂ ਜੋ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ, ਦਾ ਲਾਭ ਹੇਠਲੇ ਪੱਧਰ ਤੱਕ ਪੁੱਜਦਾ ਕੀਤਾ ਜਾਵੇਗਾ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਰਕਾਰੀ ਸਕੀਮਾਂ ਦਾ ਲਾਭ ਲੈਣ ਲਈ ਜੇਕਰ ਕੋਈ ਮੁਕਸ਼ਲ ਪੇਸ਼ ਆਉਂਦੀ ਹੈ ਤਾਂ ਉਹ ਸਿੱਧਾ ਰਾਬਤਾ ਕਾਇਮ ਕਰ ਸਕਦੇ ਹਨ।

## ਸਬ-ਇੰਸਪੈਕਟਰ ਚਰਨ ਸਿੰਘ ਨੇ ਥਾਣਾ ਮੁਖੀ ਵਜੋਂ ਅਹੁਦਾ ਸੰਭਾਲਿਆ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਸਬ-ਇੰਸਪੈਕਟਰ ਚਰਨ ਸਿੰਘ ਨੇ ਥਾਣਾ ਖਾਲੜਾ ਦੇ ਮੁਖੀ ਵਜੋਂ ਚਾਰਜ ਸੰਭਾਲ ਕੇ ਕੰਮਕਾਜ ਆਰੰਭ ਕਰ ਦਿੱਤਾ ਹੈ। ਜ਼ਿਕਰਯੋਗ ਹੈ ਕਿ ਸਬ-ਇੰਸਪੈਕਟਰ ਚਰਨ ਸਿੰਘ ਚੌਕੀ ਅਲਗੋਂਕੋਠੀ 'ਚ ਬਤੌਰ ਇੰਚਾਰਜ ਵਧੀਆ ਸੇਵਾਵਾਂ ਦੇਣ ਮਗਰੋਂ ਥਾਣਾ ਖਾਲੜਾ ਵਿਖੇ ਆਏ ਹਨ। ਸਬ-ਇੰਸਪੈਕਟਰ ਚਰਨ ਸਿੰਘ ਨੇ ਥਾਣਾ ਖਾਲੜਾ ਦਾ ਚਾਰਜ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਖਾਲੜਾ ਥਾਣੇ ਅਧੀਨ ਆਉਂਦੇ ਪਿੰਡਾਂ ਅੰਦਰ ਅਮਨ-ਸ਼ਾਂਤੀ ਕਾਇਮ ਰੱਖਣਾ ਅਤੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਉਨ੍ਹਾਂ ਦਾ ਮੁੱਖ ਟੀਚਾ ਹੈ। ਇਸ ਮੌਕੇ ਉਨ੍ਹਾਂ ਨੇ ਇਲਾਕੇ ਅੰਦਰ ਮੌਜੂਦ ਬੁਰੇ ਕੰਮ ਕਰਨ ਵਾਲਿਆਂ ਨੂੰ ਸਖ਼ਤ ਤਾੜਨਾ ਕਰਦਿਆਂ ਕਿਹਾ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ਼ ਆਉਣ ਨਹੀਂ ਤਾਂ ਉਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਇਸਦੇ ਨਾਲ ਹੀ ਉਨ੍ਹਾਂ ਨੇ ਨਸ਼ੇ ਦੇ ਆਦੀ ਹੋ ਚੁੱਕੇ ਨੌਜਵਾਨਾਂ ਨੂੰ ਕਿਹਾ ਕਿ ਜੇਕਰ ਉਹ ਪੰਜਾਬ ਸਰਕਾਰ ਦੁਆਰਾ ਖੋਲ੍ਹੇ ਗਏ ਨਸ਼ਾ ਮੁਕਤੀ ਕੇਂਦਰਾਂ 'ਚ ਇਲਾਜ ਕਰਵਾ ਕੇ ਸਮਾਜ ਦੀ ਮੁੱਖ ਧਾਰਾ ਵਿੱਚ ਆਉਣਾ ਚਾਹੁੰਦੇ ਹਨ ਤਾਂ ਪੁਲਸ ਪ੍ਰਸ਼ਾਸਨ ਉਨ੍ਹਾਂ ਦਾ ਪੂਰਨ ਰੂਪ ਵਿੱਚ ਸਾਥ ਦੇਵੇਗਾ। ਨਵ-ਨਿਯੁਕਤ ਥਾਣਾ ਮੁਖੀ ਨੇ ਕਿਹਾ ਕਿ ਉਨ੍ਹਾਂ ਨੂੰ ਐੱਸ. ਐੱਸ. ਪੀ. ਗੁਰਮੀਤ ਸਿੰਘ ਚੌਹਾਨ ਵੱਲੋਂ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸਨੂੰ ਉਹ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ। ਇਸ ਮੌਕੇ ਥਾਣਾ ਮੁਖੀ ਚਰਨ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਆਲਾ-ਦੁਆਲਾ ਸੁਰੱਖਿਅਤ ਬਣਾਉਣ ਲਈ ਸ਼ੱਕੀ ਵਿਅਕਤੀਆਂ ਤੇ ਸਮਾਜ ਵਿਰੋਧੀ ਅਨਸਰਾਂ ਦੀ ਇਤਲਾਹ ਤੁਰੰਤ ਥਾਣੇ ਦੇਣ ਤਾਂ ਜੋ ਅਜਿਹੇ ਸਮਾਜ ਵਿਰੋਧੀ ਅਨਸਰਾਂ 'ਤੇ ਨਕੇਲ ਕੱਸੀ ਜਾ ਸਕੇ। ਇਸ ਮੌਕੇ ਥਾਣਾ ਖਾਲੜਾ ਦੇ ਮੁੱਖ ਮੁਨਸ਼ੀ ਜਸਵੰਤ ਸਿੰਘ ਮੁਨਸ਼ੀ, ਗੁਰਬਿੰਦਰ ਸਿੰਘ, ਏ. ਐੱਸ. ਆਈ. ਸਤਨਾਮ ਸਿੰਘ, ਏ. ਐੱਸ. ਆਈ. ਕਰਮਜੀਤ ਸਿੰਘ ਆਦਿ ਹਾਜ਼ਰ ਸਨ।

## ਸੋਸਾਇਟੀ ਨੇ ਲੋੜਵੰਦ ਪਰਵਾਰਾਂ ਨੂੰ ਗਰਮ ਕੱਪੜੇ ਵੰਡੇ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧੰਨ-ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਕੀਰਤਨ ਦਰਬਾਰ ਸੁਸਾਇਟੀ ਰਜਿ: ਪੱਟੀ ਵੱਲੋਂ ਸਰਦੀਆਂ ਦੇ ਮੌਸਮ ਨੂੰ ਮੁੱਖ ਰੱਖਦੇ ਲੋੜਵੰਦ ਪਰਿਵਾਰਾਂ ਨੂੰ ਗਰਮ ਕੱਪੜੇ ਵੰਡੇ ਗਏ। ਸੋਸਾਇਟੀ ਦੇ ਪ੍ਰਧਾਨ ਕੁਲਵਿੰਦਰ ਸਿੰਘ ਬੱਬਰ ਸਕੱਤਰ ਜੋਗਾ ਸਿੰਘ ਨੇ ਦੱਸਿਆ ਕਿ ਹਰ ਸਾਲ ਸਰਦੀਆਂ ਦੇ ਮੌਸਮ 'ਚ ਗਰਮ ਕੰਬਲ, ਬੂਟ ਆਦਿ ਲੋੜਵੰਦ ਪਰਿਵਾਰਾਂ ਵੰਡਣ ਦਾ ਉਪਰਾਲਾ ਕੀਤਾ ਜਾਂਦਾ ਹੈ। ਉਸੇ ਲੜੀ ਨੂੰ ਅੱਗੇ ਤੋਰਦਿਆਂ ਗਰੀਬ ਦਾ ਮੂੰਹ ਗੁਰੂ ਦੀ ਗੋਲਕ ਦੇ ਸਿਧਾਂਤ ਨੂੰ ਮੁੱਖ ਰੱਖਦੇ ਹੋਏ ਸਰਦੀ ਦਾ ਮੌਸਮ ਹੋਣ ਕਰਕੇ ਬਹੁਤ ਜ਼ਿਆਦਾ ਭਾਰੀ ਸਰਦੀ ਪੈ ਰਹੀ ਹੈ। ਕਈ ਜ਼ਰੂਰਤਮੰਦ ਪਰਿਵਾਰ ਜਿਨ੍ਹਾਂ ਦੇ ਕੋਲ ਕੰਬਲ, ਕੱਪੜੇ, ਜੁਰਾਬਾਂ, ਬੂਟ, ਸਰਦੀ ਤੋਂ ਬਚਣ ਲਈ ਕੱਪੜੇ ਆਦਿ ਨਹੀਂ ਹੈ ਉਨ੍ਹਾਂ ਨੂੰ ਗਰਮ ਵਧੀਆ ਕੁਆਲਟੀ ਦੇ ਕੰਬਲ, ਪੈਂਟਾਂ-ਸ਼ਰਟਾਂ, ਗਰਮ ਜੈਕੇਟਾਂ, ਬੱਚਿਆਂ ਦੇ ਸੂਟ, ਬੂਟ ਆਦਿ ਦਿੱਤੇ ਗਏ। ਇਹ ਨੇਕ ਕਾਰਜ ਅਵਤਾਰ ਸਿੰਘ ਅਤੇ ਸੇਵਾ ਸਿੰਘ ਦੇ ਵੱਡੇ ਉਦਮ ਉਪਰਾਲੇ ਨਾਲ ਨੇਪਰੇ ਚੜ੍ਹਿਆ। ਇਸ ਕਾਰਜ ਵਿੱਚ ਵਿਸ਼ੇਸ਼ ਸਹਿਯੋਗ ਅਵਤਾਰ ਸਿੰਘ ਸ਼ੂਜ਼ ਸਟੋਰ ਵਾਲੇ, ਜਸਪਾਲ ਸਿੰਘ, ਮਨਕੀਰਤ ਸਿੰਘ ਕੈਨੇਡਾ, ਇੰਸਪੈਕਟਰ ਦਰਸ਼ਨ ਸਿੰਘ, ਇੰਸਪੈਕਟਰ ਬਲਰਾਜ ਸਿੰਘ ਖਹਿਰਾ, ਇਕਬਾਲ ਸਿੰਘ ਜੌਲੀ , ਹਰਪ੍ਰੀਤ ਸਿੰਘ, ਕੰਵਲਜੀਤ ਸਿੰਘ ਕੈਰੋਂ ਸਰਪੰਚ, ਗੁਰਜੀਤ ਸਿੰਘ ਕੈਰੋਂ, ਸੁਖਦੇਵ ਸਿੰਘ ਚੰਡੀਗੜ੍ਹ, ਮਾਸਟਰ ਸਰਬਜੀਤ ਸਿੰਘ, ਕਿਰਨਪਾਲ ਸਿੰਘ, ਨਿਰਮਲ ਸਿੰਘ, ਭੁਪਿੰਦਰ ਸਿੰਘ, ਚਰਨਕਮਲ ਸਿੰਘ ਸੋਨੂੰ, ਜੌਲੀ, ਬਲਬੀਰ ਸਿੰਘ ਲੁਹਾਰੀਆ ਪ੍ਰਧਾਨ ਗੁ. ਬੀਬੀ ਰਜਨੀ ਜੀ ਆਦਿ ਸੁਸਾਇਟੀ ਦੇ ਸਮੂਹ ਮੈਂਬਰ ਹਾਜ਼ਰ ਸਨ।

## ਸੋਨਾਲੀਕਾ ਤੇ ਮਾਰੂਤੀ ਕੰਪਨੀ 'ਚ ਭਰਤੀ ਲਈ ਪਲੇਸਮੈਂਟ ਕੈਂਪ ਅੱਜ

**ਧਾਰੀਵਾਲ (ਮਨਦੀਪ ਵਿੱਕੀ)**-ਪੰਜਾਬ ਸਰਕਾਰ ਵੱਲੋਂ ਬੇਰੁਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਦੇ ਮਕਸਦ ਤਹਿਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਲੋਂ 11 ਜਨਵਰੀ 2023 ਨੂੰ ਜ਼ਿਲ੍ਹਾ ਰੋਜ਼ਗਾਰ ਦਫ਼ਤਰ ਗੁਰਦਾਸਪੁਰ ਵਿਖੇ ਇੱਕ ਰੋਜ਼ਗਾਰ ਮੇਲੇ/ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪਰਸ਼ੋਤਮ ਸਿੰਘ ਨੇ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਰੋਜ਼ਗਾਰ ਮੇਲੇ ਵਿੱਚ ਸੋਨਾਲੀਕਾ ਕੰਪਨੀ ਵਲੋਂ 10ਵੀਂ, 12ਵੀਂ ਅਤੇ ਆਈਟੀਆਈ ਪਾਸ ਪ੍ਰਾਰਥੀ, ਜਿਨ੍ਹਾਂ ਦੀ ਉਮਰ 18 ਤੋਂ 40 ਸਾਲ ਹੈ, ਨੂੰ ਹੈਲਪਰ ਅਤੇ ਮਸ਼ੀਨਿਸਟ ਦੀ ਭਰਤੀ ਲਈ ਕੰਟਰੈਕਟਰ ਪੇਅ ਰੋਲ 'ਤੇ ਚੰਗੀ ਸੈਲਰੀ ਤੇ ਯੋਗਤਾ ਅਨੁਸਾਰ ਭਰਤੀ ਕੀਤਾ ਜਾਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਮਿਤੀ 11 ਜਨਵਰੀ 2023 ਨੂੰ ਮਾਰੂਤੀ ਸਜ਼ੂਕੀ ਇੰਡੀਆ ਲਿਮ: ਕੰਪਨੀ ਵਲੋਂ ਆਈਟੀਆਈ ਪਾਸ (ਕੇਵਲ ਲੜਕੇ) ਜਿਵੇਂ ਕਿ ਫਿਟਰ, ਵੈਲਡਰ, ਪੇਂਟਰ, ਇਲੈਕਟਰੀਸ਼ੀਅਨ, ਟਰਨਰ, ਡੀਜ਼ਲ ਮਕੈਨਿਕ, ਕੋਪਾ (ਸੀਓਪੀਏ) ਮਸ਼ੀਨਿਸਟ, ਮੋਟਰ ਮਕੈਨਿਕ ਆਦਿ ਟਰੇਡ ਨਾਲ ਸਬੰਧਤ ਪ੍ਰਾਰਥੀਆਂ ਦੀ ਐਪਰਿੰਟਸ਼ਿਪ ਲਈ ਨਾਮ ਰਜਿਸਟਰ ਕੀਤਾ ਜਾਣਾ ਹੈ, ਜਿਸ ਲਈ ਉਮਰ ਦੀ ਹੱਦ 18-23 ਸਾਲ ਹੈ। ਐਪਰਿੰਟਸ਼ਿਪ ਦੌਰਾਨ ਉਮੀਦਵਾਰ ਨੂੰ 12835 ਰੁਪਏ ਪ੍ਰਤੀ ਮਹੀਨਾ ਸਟਾਈਫਨ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਕੰਪਨੀ ਵਲੋਂ ਕੰਪਨੀ ਦੀ ਪਾਲਿਸੀ ਮੁਤਾਬਕ ਯੂਨੀਫਾਰਮ, ਸਬਸੀਡਾਈਜ਼ ਫੂਡ ਅਤੇ ਹੋਰ ਲਾਭ ਵੀ ਦਿੱਤੇ ਜਾਣਗੇ। ਜ਼ਿਲ੍ਹਾ ਰੋਜ਼ਗਾਰ ਅਫ਼ਸਰ ਨੇ ਸਾਰੇ 10ਵੀਂ, 12ਵੀਂ ਅਤੇ ਆਈਟੀਆਈ ਪਾਸ ਪ੍ਰਾਰਥੀਆਂ ਨੂੰ ਸੋਨਾਲੀਕਾ ਕੰਪਨੀ ਵਿੱਚ ਇੰਟਰਵਿਊ ਦੇਣ ਅਤੇ ਐਪਰਿੰਟਸ਼ਿਪ ਕਰਨ ਦੇ ਚਾਹਵਾਨ ਪ੍ਰਾਰਥੀਆਂ ਨੂੰ ਆਪਣਾ ਨਾਮ ਰਜਿਸਟਰ ਕਰਵਾਉਣ ਲਈ ਅਪੀਲ ਕਰਦਿਆਂ ਕਿਹਾ ਹੈ ਕਿ ਉਹ ਮਿਤੀ 11 ਜਨਵਰੀ 2023 ਨੂੰ ਸਵੇਰੇ 10:00 ਵਜੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਕਮਰਾ ਨੰ: 217, ਬਲਾਕ ਬੀ, ਡੀ.ਸੀ. ਦਫਤਰ, ਨੇੜੇ ਬੱਸ ਸਟੈਂਡ ਗੁਰਦਾਸਪੁਰ ਵਿਖੇ ਨਿੱਜੀ ਤੌਰ 'ਤੇ ਹਾਜ਼ਰ ਹੋਣ ਅਤੇ ਇਸ ਮੌਕੇ ਦਾ ਲਾਭ ਉਠਾਉਣ।

## ਪੰਜਾਬ ਸਰਕਾਰ ਅੰਮ੍ਰਿਤਸਰ ਸ਼ਹਿਰ ਦੇ ਸੁੰਦਰੀਕਰਨ ਲਈ ਖਰਚੇਗੀ 6.81 ਕਰੋੜ : ਡਾ. ਨਿੱਜਰ

**ਅੰਮ੍ਰਿਤਸ (ਜਸਬੀਰ ਸਿੰਘ ਪੱਟੀ)** ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਰਾਜ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਯਤਨਸ਼ੀਲ ਹੈ ਅਤੇ ਪੰਜਾਬ ਸਰਕਾਰ ਨੇ ਅੰਮ੍ਰਿਤਸਰ ਦੇ ਸੁੰਦਰੀਕਰਨ ਲਈ ਵਿਕਾਸ ਕਾਰਜਾਂ 'ਤੇ 6.81 ਕਰੋੜ ਰੁਪਏ ਦਾ ਖਰਚ ਕਰਨ ਦਾ ਫੈਸਲਾ ਕੀਤਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਾ. ਨਿੱਜਰ ਨੇ ਅੱਜ ਵਾਰਡ ਨੰ: 38 ਅਧੀਨ ਪੈਂਦੇ ਇਲਾਕੇ ਪੋਠੋਹਾਰ ਬਾਜ਼ਾਰ, ਕੋਟ ਮਿਤ ਸਿੰਘ ਅਤੇ ਖਾਲਸਾ ਨਗਰ ਵਿਖੇ 40 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕਿੰਗ ਟਾਇਲਾਂ ਲਗਾਉਣ ਦੇ ਕੰਮ ਕਰਨ ਦਾ ਟੱਕ ਲਗਾ ਕੇ ਉਦਘਾਟਨ ਕਰਨ ਉਪਰੰਤ ਕੀਤਾ। ਉਨ੍ਹਾਂ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਪਿਛਲੇ 35 ਸਾਲਾਂ ਤੋਂ ਇਸ ਇਲਾਕੇ ਦੀ ਕਿਸੇ ਨੇ ਵੀ ਸਾਰ ਨਹੀਂ ਲਈ ਅਤੇ ਇਹ ਇਲਾਕਾ ਪੂਰੀ ਤਰ੍ਹਾਂ ਪਛੜਿਆ ਹੋਇਆ ਹੈ। ਡਾ. ਨਿੱਜਰ ਨੇ ਕਿਹਾ ਕਿ ਹੁਣ ਇਸ ਇਲਾਕੇ ਵਿੱਚ ਸਾਰੀਆਂ ਸਹੂਲਤਾਂ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾਣਗੀਆਂ ਅਤੇ ਸਭ ਤੋਂ ਪਹਿਲਾਂ ਗਲੀਆਂ ਨਾਲੀਆਂ ਦੇ ਕੰਮ ਨੂੰ ਮੁਕੰਮਲ ਕੀਤਾ ਜਾਵੇਗਾ। ਇਸ ਮੌਕੇ ਵਿਧਾਇਕ ਹਲਕਾ ਅਟਾਰੀ ਜਸਵਿੰਦਰ ਸਿੰਘ ਰਮਦਾਸ, ਬਲਜੀਤ ਸਿੰਘ ਸਰਪੰਚ, ਗਗਨਦੀਪ ਸਿੰਘ, ਲੱਕੀ, ਰਵੀ ਸ਼ੇਰ, ਕੰਵਲ ਬੁੱਗਾ ਟੇਲਰ, ਨਵਨੀਤ ਸ਼ਰਮਾ, ਸੁੱਖਾ ਸਿੰਘ ਵਲਟੋਹਾ, ਬਲਦੇਵ ਸਿੰਘ ਅਟਾਰੀਵਾਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਮੋਟਰਸਾਈਕਲ ਚੋਰ ਗਰੋਹ ਦਾ ਇਕ ਮੈਂਬਰ ਕਾਬੂ, ਦੂਜਾ ਫਰਾਰ



**ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)**-ਥਾਣਾ ਝਬਾਲ ਦੀ ਪੁਲਸ ਵੱਲੋਂ ਪਿੰਡ ਸੋਹਲ ਰੋਡ ਝਬਾਲ ਭਿੱਖੀਵਿੰਡ ਨੇੜੇ ਮੋਟਰਸਾਈਕਲ ਚੋਰ ਦੇ ਇਕ ਮੈਂਬਰ ਨੂੰ ਕਾਬੂ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਮੇਂ ਥਾਣਾ ਝਬਾਲ ਦੇ ਐੱਸਐੱਚਓ ਪ੍ਰਭਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਦਰਬਾਰਾ ਸਿੰਘ ਅਤੇ ਹੋਰ ਪੁਲਸ ਮੁਲਾਜ਼ਮਾਂ ਸਮੇਤ ਭੈੜੇ ਅਨਸਰਾਂ ਦੇ ਸਬੰਧ ਵਿਚ ਥਾਣਾ ਝਬਾਲ ਤੋਂ ਗੱਗੋਬੂਆ ਨੂੰ ਗਸ਼ਤ ਕਰਨ ਲਈ ਜਾ ਰਹੇ ਸਨ ਤਾਂ ਗੁਪਤ ਸੂਚਨਾ ਦੇ ਆਧਾਰ 'ਤੇ ਸੋਹਲ ਨੇੜੇ ਲਗਾਏ ਨਾਕੇ 'ਤੇ ਮੋਟਰਸਾਈਕਲ ਸਵਾਰ ਨਵਪ੍ਰੀਤ ਸਿੰਘ ਨੂੰ ਕਾਬੂ ਕੀਤਾ ਅਤੇ ਬਿੱਟੂ ਮੌਕੇ ਤੋਂ ਫਰਾਰ ਹੋ ਗਿਆ। ਕਾਬੂ ਕੀਤੇ ਨੌਜਵਾਨ ਦੀ ਪਛਾਣ ਨਵਪ੍ਰੀਤ ਸਿੰਘ ਉਰਫ ਨਿੰਮਾ ਪੁੱਤਰ ਰਛਪਾਲ ਸਿੰਘ ਵਜੋਂ ਹੋਈ ਜਿਸ ਨੇ ਪੁੱਛਗਿੱਛ ਦੌਰਾਨ ਮੰਨਿਆ ਕਿ ਅਸੀਂ ਚੋਰੀ ਕਰਕੇ ਵੱਖ-ਵੱਖ ਥਾਵਾਂ 'ਤੇ ਮੋਟਰਸਾਈਕਲ ਵੇਚਦੇ ਹਾਂ ਪਰ ਕਦੇ ਪੁਲਸ ਦੇ ਕਾਬੂ ਨਹੀਂ ਆਏ ਅਤੇ ਦੂਸਰੇ ਨੌਜਵਾਨ ਦੀ ਪਛਾਣ ਬਿੱਟੂ ਪੁੱਤਰ ਕਾਲਾ ਫੌਜੀ ਵਾਸੀ ਅਲਗੋਂ ਖੁਰਦ ਹੋਈ ਜਿਸ ਤੇ ਥਾਣਾ ਝਬਾਲ ਦੀ ਪੁਲਸ ਵੱਲੋਂ ਪਰਚਾ ਦਰਜ ਕਰ ਲਿਆ ਗਿਆ ਹੈ ਅਤੇ ਦੂਸਰੇ ਨੌਜਵਾਨ ਦੀ ਤਲਾਸ਼ ਜਾਰੀ ਹੈ।

# ਖੇਤੀਬਾੜੀ ਵਿਭਾਗ ਨੇ ਆਤਮਾ ਮੈਨੇਜਮੈਂਟ ਕਮੇਟੀ ਦੀ ਕਰਵਾਈ ਮੀਟਿੰਗ



**ਐਸ.ਏ.ਐਸ ਨਗਰ (ਗੁਰਜੀਤ ਬਿੱਲਾ)** ਡਿਪਟੀ ਕਮਿਸ਼ਨਰ ਦੇ ਦਿਸ਼ਾ ਨਿਰਦੇਸ਼ਾਂ ਨਾਲ ਮੁੱਖ ਖੇਤੀਬਾੜੀ ਅਫਸਰ ਡਾ. ਗੁਰਬਚਨ ਸਿੰਘ ਦੀ ਅਗਵਾਈ ਹੇਠ ਡਾ. ਬਲਜਿੰਦਰ ਸਿੰਘ ਜਿਲ੍ਹਾ ਸਿਖਲਾਈ ਅਫਸਰ ਵੱਲੋਂ ਆਤਮਾ ਸਕੀਮ ਅਧੀਨ ਜਿਲ੍ਹਾ ਆਤਮਾ ਮਨੇਜਮੈਂਟ ਕਮੇਟੀ ਦੀ ਮੀਟਿੰਗ ਕਰਵਾਈ ਗਈ। ਇਸ ਮੀਟਿੰਗ ਦੇ ਵਿੱਚ ਕਿਸਾਨ ਮੈਂਬਰ ਅਤੇ ਅਲਾਇਡ ਵਿਭਾਗਾਂ ਦੇ ਅਫਸਰ ਨੇ ਸ਼ਿਰਕਤ ਕੀਤੀ। ਇਸ ਮੀਟਿੰਗ ਵਿੱਚ ਆਤਮਾ ਸਕੀਮ ਅਧੀਨ ਸਾਲ 2022-23 ਦੌਰਾਨ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਅਤੇ ਸਾਲ 2023-24 ਦੇ ਐਕਸ਼ਨ ਪਲਾਨ ਬਾਰੇ ਵਿਚਾਰ ਵਟਾਂਦਰਾਂ ਕੀਤਾ ਗਿਆ । ਡਾ. ਜਗਦੀਸ ਸਿੰਘ ਡਿਪਟੀ ਡਾਇਰੈਕਟਰ ਬਾਗਬਾਨੀ ਨੇ ਦੱਸਿਆ ਕਿ ਸਾਲ 2022-23 ਦੌਰਾਨ ਆਤਮਾ ਸਕੀਮ ਅਧੀਨ ਘਰੇਲੂ ਬਗੀਚੀ, ਮਸਰੂਮ ਦੀ ਟ੍ਰੇਨਿੰਗ ਲਗਾਉਣ ਅਤੇ ਖੁੰਬਾ ਦੇ ਪ੍ਰਦਰਸ਼ਨੀ ਪਲਾਟ ਕਿਸਾਨਾਂ ਨੂੰ ਦਿੱਤੇ ਗਏ ਹਨ ਅਤੇ ਉਨ੍ਹਾਂ ਨੇ ਇਹ ਵੀ ਦੱਸਿਆ ਕਿ ਕਿਸਾਨਾਂ ਦੀ ਮੰਗ ਅਨੁਸਾਰ ਸਾਲ 2023-24 ਦੌਰਾਨ ਵਧੀਆ ਕਿਸਮ ਦੇ ਫਲਦਾਰ ਬੂਟੇ ਵੀ ਦਿੱਤੇ ਜਾਂਣਗੇ। ਭੁਪਿੰਦਰ ਸਿੰਘ, ਪ੍ਰੋਜੈਕਟ ਡਾਇਰੈਕਟਰ ਆਤਮਾ ਨੇ ਦੱਸਿਆ ਕਿ ਨੈਸ਼ਨਲ ਮੈਡੀਸਨਲ ਪਲਾਟ ਬੋਰਡ ਤੋਂ ਕਿਸਾਨਾਂ ਨੂੰ ਮੈਡੀਸਨਲ ਪਲਾਟ ਦੀ ਟ੍ਰੇਨਿੰਗ ਦਵਾਈ ਜਾਵੇਗੀ ਅਤੇ ਸ੍ਰੀਮਤੀ ਸਿਖਾ ਸਿੰਗਲਾ ਡਿਪਟੀ ਪ੍ਰੋਜੈਕਟ ਡਾਇਰੈਕਟਰ ਆਤਮਾ ਨੇ ਕਿਸਾਨਾਂ ਅਤੇ ਅਲਾਇਡ ਵਿਭਾਗਾ ਤੋਂ ਆਏ ਅਧਿਕਾਰੀਆਂ ਨੂੰ ਆਤਮਾ ਸਕੀਮ ਅਧੀਨ ਸਾਲ 2022-23 ਦੌਰਾਨ ਕੀਤੇ ਗਏ ਕੰਮਾਂ ਅਤੇ ਸਾਲ 2023-24 ਦੌਰਾਨ ਕੀਤੇ ਜਾਣ ਵਾਲੇ ਕੰਮਾ ਬਾਰੇ ਵਿਸਥਾਰ ਵਿੱਚ ਵਿਚਾਰ ਵਟਾਂਦਰਾਂ ਕੀਤਾ। ਡਾ. ਰਾਜੇਸ਼ ਨਾਰੰਗ ਸੀਨੀਅਰ ਪਸ਼ੂ ਪਾਲਣ ਅਫਸਰ ਨੇ ਦੱਸਿਆ ਕਿ ਪਟਿਆਲਾ ਵਿਖੇ ਬੱਕਰੀ ਪਾਲਣ ਦੀ ਤਿੰਨ ਦੀ ਟ੍ਰੇਨਿੰਗ ਦਿੱਤੀ ਜਾਂਦੀ ਹੈ। ਉਨ੍ਹਾਂ ਨੇ ਕਿਹਾ ਕਿ ਆਤਮਾ ਸਕੀਮ ਅਧੀਨ ਚਾਹਵਾਨ ਕਿਸਾਨਾਂ ਨੂੰ ਬੱਕਰੀ ਪਾਲਣ ਦੀ ਟ੍ਰੇਨਿੰਗ ਕਰਵਾਈ ਜਾਵੇਗੀ। ਕਸ਼ਮੀਰ ਸਿੰਘ ਡੇਅਰੀ ਇੰਸਪੈਕਟਰ ਨੇ ਦੱਸਿਆ ਕਿ 10 ਕਿਸਾਨਾਂ ਨੂੰ ਦੁੱਧ ਤੋਂ ਬਨਣ ਵਾਲੇ ਉਤਪਾਦਨ ਦੀ ਟ੍ਰੇਨਿੰਗ ਦਿਵਾਉਣੀ ਹੈ ਅਤੇ ਕਿਸਾਨਾਂ ਨੇ ਉਨਾਂ ਨੂੰ ਕਿਹਾਂ ਕੇ ਆਤਮਾ ਸਕੀਮ ਅਧੀਨ ਡੇਅਰੀ ਵਿਭਾਗ ਦੇ ਸਹਿਯੋਗ ਨਾਲ ਸਾਇਲਜ ਦੀਆਂ ਗੱਠਾਂ ਦੀਆਂ ਪ੍ਰਦਰਸ਼ਨੀਆਂ ਦਿੱਤੀਆ ਜਾਣ। ਡਾ. ਅਨਿਲ ਕੁਮਾਰ ਬਾਨਾ ਭੂਮੀ ਰੱਖਿਆ ਅਫਸਰ ਨੇ ਆਪਣੇ ਵਿਭਾਗ ਵਿੱਚ ਚੱਲ ਰਹੀਆਂ ਸਕੀਮਾਂ ਜਿਵੇਂ ਕਿ ਸੈਲਫ ਹੈਲਪ ਗਰੁੱਪ, ਟੋਬਿਆਂ ਦਾ ਰੱਖ ਰਖਾਵ, ਵਾਟਰਸੈਡ ਮਨੇਜਮੈਂਟ ਅਤੇ ਸੀਡ ਪ੍ਰੋਡੈਕਸ਼ਨ) ਬਾਰੇ ਹਾਊਸ ਨੂੰ ਜਾਣੂੰ ਕਰਵਾਇਆ। ਕਿਸਾਨ ਸ੍ਰੀ ਰਾਜਵੀਰ ਸਿੰਘ ਪਿੰਡ ਨੰਗਲਫੈਜਗੜ੍ਹ ਨੇ ਕਿਹਾ ਕਿ ਸਾਡੇ ਪਿੰਡ ਦੇ ਟੋਬੇ ਦਾ ਦੌਰਾ ਕਰਕੇ ਇਨ੍ਹਾਂ ਟੋਬਿਆਂ ਨੂੰ ਸਿੰਚਾਈ ਲਈ ਵਰਤਣ ਯੋਗ ਬਣਾਉਣ ਲਈ ਮੁਕੰਮਲ ਜਾਣਕਾਰੀ ਦਿੱਤੀ ਜਾਵੇ।

ਡਾ. ਹਰਮੀਤ ਦੌਰ ਕੇ.ਵੀ.ਕੇ ਅਤੇ ਆਤਮਾ ਸਕੀਮ ਦੇ ਸਹਿਯੋਗ ਨਾਲ ਖੁੰਬਾ ਦੀ ਪੰਜ ਤੋਂ ਸੱਤ ਦਿਨਾਂ ਦੀ ਟ੍ਰੇਨਿੰਗ ਅਤੇ ਐਕਸਪੋਜ਼ਰ ਵਿਜਿਟ ਕਰਵਾਈ ਜਾਵੇਗੀ ਅਤੇ ਨਾਲ ਹੀ ਬੀਬੀਆ ਦੇ ਸੈਲਫ ਹੈਲਪ ਗਰੁੱਪ ਨੂੰ ਮਸਰੂਮ ਕਲਟੀਵੇਜ਼ਨ ਅਤੇ ਪ੍ਰੋਸੈਸਿੰਗ ਦੀ ਟ੍ਰੇਨਿੰਗ ਦਿੱਤੀ ਜਾਵੇਗੀ। ਸ੍ਰੀਮਤੀ ਹਰਦੀਪ ਕੌਰ ਸੀਨੀਅਰ ਮੱਛੀ ਪਾਲਣ ਅਫਸਰ ਅਤੇ ਮਿਸ ਜਗਦੀਪ ਕੌਰ ਮੱਛੀ ਪਾਲਣ ਅਫਸਰ ਨੇ ਆਪਣੇ ਵਿਭਾਗ ਦੀਆਂ ਸਕੀਮਾ ਬਾਰੇ ਜਾਣਕਾਰੀ ਦਿੱਤੀ ਅਤੇ ਸਾਲ 2023-24 ਵਿੱਚ ਕਰਨ ਵਾਲੇ ਕੰਮਾਂ ਦਾ ਐਕਸ਼ਨ ਪਲਾਨ ਵੀ ਦਿੱਤਾ ਗਿਆ। ਬਲਜਿੰਦਰ ਸਿੰਘ ਅਤੇ ਰਾਜਵੀਰ ਸਿੰਘ ਕਿਸਾਨ ਵੀ ਮੌਜੂਦ ਸਨ ।

# ਪ੍ਰੋ. ਕਿਰਪਾਲ ਸਿੰਘ ਯੋਗੀ ਦੀ ਯਾਦ 'ਚ ਕਰਵਾਇਆ ਕਵੀ ਦਰਬਾਰ




**ਗੁਰਦਾਸਪੁਰ ,(ਨਜ਼ਸ)**-ਪੰਜਾਬੀ ਸਾਹਿਤ ਸਭਾ, ਗੁਰਦਾਸਪੁਰ ਵੱਲੋਂ ਇੱਥੋਂ ਦੀ ਹਰਦੋਛੰਨੀ ਰੋਡ ਸਥਿਤ ਗੋਲਡਨ ਗਰੁੱਪ ਆਫ਼ ਕਾਲਜਜ਼ ਵਿੱਚ ਪ੍ਰੋ. ਕਿਰਪਾਲ ਸਿੰਘ ਯੋਗੀ ਯਾਦਗਾਰੀ ਕਵੀ ਦਰਬਾਰ ਕਰਵਾਇਆ ਗਿਆ । ਇਸ ਮੌਕੇ ਗੀਤਕਾਰ ਬਲਦੇਵ ਸਿੰਘ ਸਿੱਧੂ ਦੇ ਗੀਤਾਂ ਦੀ ਪੁਸਤਕ 'ਭੁੱਖ ਤੇਰੇ ਦਰਸ਼ਨ ਦੀ' ਦਾ ਲੋਕ ਅਰਪਣ ਵੀ ਕੀਤਾ ਗਿਆ। ਇਸ ਸਮਾਗਮ ਵਿਚ ਖੰਨਾ ਮੰਡੀ ਤੋਂ ਸਾਹਿਤਕਾਰ ਸਨੇਹਇੰਦਰ ਸਿੰਘ ਮੀਲੂ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਡਾਕਟਰ ਅਨੂਪ ਸਿੰਘ, ਡਾ. ਲੇਖ ਰਾਜ ਅਤੇ ਪ੍ਰੋ. ਰਾਜ ਕੁਮਾਰ ਨੇ ਪ੍ਰੋਫੈਸਰ ਯੋਗੀ ਦੀਆਂ ਯਾਦਾਂ ਸਾਂਝੀਆਂ ਕਰਦਿਆਂ ਉਨ੍ਹਾਂ ਵੱਲੋਂ ਸਾਹਿਤ ਅਤੇ ਸਿੱਖਿਆ ਦੇ ਖੇਤਰ ਵਿਚ ਦਿੱਤੇ ਯੋਗਦਾਨ ਦਾ ਵਿਸ਼ੇਸ਼ ਜ਼ਿਕਰ ਕੀਤਾ। ਪੁਸਤਕ ਦੇ ਉੱਪਰ ਪਰਚਾ ਸੀਤਲ ਸਿੰਘ ਗੁੰਨੋਪੁਰੀ ਨੇ ਪੜ੍ਹਿਆ। ਚਰਚਾ ਵਿਚ ਹਿੱਸਾ ਲੈਂਦਿਆਂ ਸਭਾ ਦੇ ਪ੍ਰਧਾਨ ਤਰਸੇਮ ਸਿੰਘ ਭੰਗੂ ਅਤੇ ਪ੍ਰਤਾਪ ਪਾਰਸ ਨੇ ਸਿੱਧੂ ਸਿੱਧਵਾਂ ਵਾਲੇ ਦੇ ਗੀਤਕਾਰੀ ਦੇ ਸਫ਼ਰ ਬਾਰੇ ਚਾਨਣਾ ਪਾਇਆ। ਜਨਰਲ ਸਕੱਤਰ ਸੁਭਾਸ਼ ਦੀਵਾਨਾ ਨੇ ਮੰਚ ਦੀ ਕਾਰਵਾਈ ਚਲਾਉਂਦਿਆਂ ਆਪਣੇ ਸ਼ੇਅਰਾਂ ਨਾਲ ਰੰਗ ਬੰਨ੍ਹੀ ਰੱਖਿਆ। ਕਵੀ ਦਰਬਾਰ ਵਿਚ ਵਰਗਿਸ ਸਲਾਮਤ, ਸੁਰਿੰਦਰ ਸਿੰਘ ਨਿਆਣਾ, ਰਮੇਸ਼ ਜਾਨੂੰ, ਵਿਜੇ ਅਗਨੀਹੋਤਰੀ, ਅਮਿਤ ਕਾਦੀਆਂ, ਜਗਨ ਨਾਥ, ਪ੍ਰੀਤ ਰਾਣਾ, ਜਗਦੀਸ਼ ਰਾਣਾ, ਕੁਲਜੀਤ ਰੰਧਾਵਾ, ਐਨ. ਕੇ. ਸੋਈ, ਕੇ. ਪੀ. ਸਿੰਘ ਅਤੇ ਵਿਜੇ ਬੱਧਨ ਆਦਿ ਨੇ ਆਪਣੇ ਕਲਾਮ ਪੇਸ਼ ਕੀਤੇ। ਬਲਦੇਵ ਸਿੱਧੂ, ਬਲਵਿੰਦਰ ਦਵਾਨੀਵਾਲ, ਨਿੰਮਾ ਕਲੇਰ, ਪ੍ਰਤਾਪ ਪਾਰਸ ਅਤੇ ਸ਼ਿੰਦਾ ਗੁਰਦਾਸਪੁਰੀ ਨੇ ਆਪਣੀਆਂ ਬੁਲੰਦ ਆਵਾਜ਼ਾਂ ਵਿਚ ਗੀਤ ਪੇਸ਼ ਕਰ ਕੇ ਪ੍ਰੋਗਰਾਮ ਨੂੰ ਸਿਖਰ 'ਤੇ ਪਹੁੰਚਾ ਦਿੱਤਾ। ਇਸ ਮੌਕੇ ਡਾ. ਅਨੂਪ ਸਿੰਘ ਵੱਲੋਂ ਸਭਾ ਦੇ ਮੈਂਬਰਾਂ ਨੂੰ ਆਪਣੀਆਂ ਪੁਸਤਕਾਂ ਭੇਟ ਕੀਤੀਆਂ ਗਈਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਰਿੰਦਰ ਮੋਹਨ, ਹਰਭਜਨ ਸਿੰਘ, ਨਰਿੰਦਰ ਮੋਹਨ, ਸੋਹਣ ਸਿੰਘ, ਅਮਿਤ ਅਤੇ ਡਾ. ਚਿਰੰਜੀਵ ਸਿੰਘ ਵੀ ਮੌਜੂਦ ਸਨ। ਸਭਾ ਵੱਲੋਂ ਗੋਲਡਨ ਗਰੁੱਪ ਦੇ ਚੇਅਰਮੈਨ ਮੋਹਿਤ ਮਹਾਜਨ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

# ਪ੍ਰਦੂਸ਼ਣ ਕੰਟਰੋਲ ਬੋਰਡ ਦਾ ਘਿਰਾਓ ਅੱਜ : ਹਰਪ੍ਰੀਤ ਸਿੰਘ ਸਿੱਧਵਾਂ



**ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)**-ਅੱਜ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਕਿਸਾਨਾਂ ਮਜ਼ਦੂਰਾਂ ਸਮੇਤ ਆਮ ਵਰਗ ਦੀਆਂ ਹੱਕੀ ਮੰਗਾਂ ਲਈ ਡੀਸੀ ਦਫਤਰ ਤਰਨਤਾਰਨ ਅੱਗੇ ਚੱਲ ਰਿਹਾ ਮੋਰਚਾ ਤੇ ਮੰਨਣ ਟੋਲ ਪਲਾਜ਼ਾ 'ਤੇ ਕਿਸਾਨਾਂ ਮਜ਼ਦੂਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਹਰਪ੍ਰੀਤ ਸਿੰਘ ਪੰਡੋਰੀ ਸਿੱਧਵਾ, ਜ਼ਿਲ੍ਹਾ ਆਗੂ ਹਰਪਾਲ ਸਿੰਘ ਪੰਡੋਰੀ ਸਿੱਧਵਾਂ, ਜ਼ੋਨ ਪ੍ਰਧਾਨ ਮਨਜਿੰਦਰ ਸਿੰਘ ਗੋਹਲਵੜ, ਜ਼ੋਨ ਸਕੱਤਰ ਹਰਦੀਪ ਸਿੰਘ ਜੌਹਲ, ਜ਼ੋਨ ਮੀਤ ਪ੍ਰਧਾਨ ਅੰਗਰੇਜ਼ ਸਿੰਘ ਦਬੁਰਜੀ, ਜ਼ੋਨ ਖਜ਼ਾਨਚੀ ਹਰਜਿੰਦਰ ਸਿੰਘ ਪੰਡੋਰੀ ਸਿੱਧਵਾਂ ਨੇ ਕਿਹਾ ਕਿ ਕਾਰਪੋਰੇਟ ਜਗਤ ਦੇ ਦਲਾਲ ਹਾਕਮ ਆਮ ਲੋਕਾਂ ਦੀ ਅਵਾਜ਼ ਦਬਾਉਣ ਲਈ ਛਲ, ਕਪਟ, ਜਬਰ ਅਤੇ ਜ਼ੁਲਮ ਹਰ ਹਰਬਾ ਵਰਤਦੇ ਹਨ। ਮਾਲਬਰੋਜ਼ ਸ਼ਰਾਬ ਫੈਕਟਰੀ ਜ਼ੀਰਾ ਚਲਾਉਣ ਲਈ ਸਰਕਾਰ ਪੂਰਾ ਜ਼ੋਰ ਲਗਾ ਰਹੀ ਹੈ ਜਦਕਿ ਸੱਚਾਈ ਇਹ ਹੈ ਕਿ ਉਸ ਸ਼ਰਾਬ ਫੈਕਟਰੀ ਕਾਰਨ ਆਸ ਪਾਸ ਦੇ ਦਰਜਨਾਂ ਪਿੰਡਾਂ ਦਾ ਧਰਤੀ ਹੇਠਲਾ ਪਾਣੀ ਅਤਿ ਜ਼ਹਿਰੀਲਾ ਹੋ ਚੁੱਕਾ ਹੈ ਜਿਸ ਕਾਰਨ ਲੋਕ ਭਿਆਨਕ ਬੀਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ । ਕਿਸਾਨ ਆਗੂਆਂ ਨੇ ਜ਼ੋਰਦਾਰ ਮੰਗ ਕੀਤੀ ਕਿ ਮਾਲਬਰੋਜ਼ ਸ਼ਰਾਬ ਫੈਕਟਰੀ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ ਅਤੇ ਸ਼ਾਂਤਮਈ ਧਰਨਾ ਦੇ ਰਹੇ ਕਿਸਾਨਾਂ ਮਜ਼ਦੂਰਾਂ ਅਤੇ ਇਲਾਕੇ ਦੇ ਲੋਕਾਂ ਉੱਤੇ ਕੀਤੇ ਪਰਚੇ ਰੱਦ ਕੀਤੇ ਜਾਣ। ਡੀ ਸੀ ਦਫਤਰ ਧਰਨਿਆਂ ਦੀਆਂ ਮੰਗਾਂ ਤੁਰੰਤ ਹੱਲ ਕੀਤੀਆਂ ਜਾਣ, ਨਸ਼ੇ ਦੇ ਸੌਦਾਗਰਾਂ ਨੂੰ ਨੱਥ ਪਾਈ ਜਾਵੇ, ਸਰਕਾਰੀ ਅਦਾਰਿਆਂ ਵਿੱਚ ਫੈਲਿਆ ਭ੍ਰਿਸ਼ਟਾਚਾਰ ਬੰਦ ਕੀਤਾ ਜਾਵੇ, ਨੌਜਵਾਨਾਂ ਨੂੰ ਰੁਜ਼ਗਾਰ ਦਿੱਤਾ ਜਾਵੇ। ਇਸ ਮੌਕੇ ਪ੍ਰਧਾਨ ਸਤਵਿੰਦਰ ਸਿੰਘ, ਰਣਜੀਤ ਸਿੰਘ, ਗੁਰਦੇਵ ਸਿੰਘ, ਹਰਦੇਵ ਸਿੰਘ, ਕਰਤਾਰ ਸਿੰਘ, ਰਾਜੂ ਸਿੰਘ, ਹਰਭਿੰਦਰ ਸਿੰਘ, ਗੁਰਕੀਰਤ ਸਿੰਘ, ਅਗਮਜੋਤ ਸਿੰਘ, ਜੈਦੀਪ ਸਿੰਘ ਅਤੇ ਸੁਖਵੰਤ ਸਿੰਘ ਆਦਿ ਹਾਜ਼ਰ ਸਨ।

# ਕਲੇਰ ਮਾਂਗਟ 'ਚ ਦਸਮ ਪਾਤਸ਼ਾਹ ਦਾ ਨਗਰ ਕੀਰਤਨ ਸਜਾਇਆ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਇੱਥੋ ਥੋੜ੍ਹੀ ਦੂਰ ਪੈਂਦੇ ਪਿੰਡ ਕਲੇਰ ਮਾਂਗਟ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਿੰਡ 'ਚ ਸਥਿੱਤ ਵੱਖ-ਵੱਖ ਗੁਰਦੁਆਰਾ ਕਮੇਟੀਆਂ ਵਲੋਂ ਪਿੰਡ ਵਾਸੀਆਂ ਤੇ ਸੰਗਤਾਂ ਦੇ ਸਹਿਯੋਗ ਨਾਲ ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਗਰ ਕੀਰਤਨ ਦਾ ਆਯੋਜਨ ਕੀਤਾ ਗਿਆ। ਇਹ ਨਗਰ ਕੀਰਤਨ ਪਿੰਡ ਦੇ ਗੁਰਦੁਆਰਾ ਮਾਂਗਟ ਪੱਤੀ ਤੋਂ ਮੁੱਖ ਸੇਵਾਦਾਰ ਗ੍ਰੰਥੀ ਸਿੰਘ ਬਾਬਾ ਅਮਰੀਕ ਸਿੰਘ ਵਲੋਂ ਅਰਦਾਸ ਕਰਨ ਉਪਰੰਤ ਆਰੰਭ ਹੋ ਕੇ ਪਿੰਡ ਦੇ ਸਮੂਹ ਬਜ਼ਾਰਾਂ, ਖੇਤਾਂ 'ਚ ਪੈਂਦੇ ਡੇਰਿਆਂ, ਗੁਰਦੁਆਰਾ ਸ਼ਹੀਦ ਬਾਬਾ ਜੀਵਨ ਸਿੰਘ, ਗੁਰਦੁਆਰਾ ਸ਼ਹੀਦ ਬਾਬਾ ਬੇਰੀ ਵਾਲਾ, ਦੇਵੀ ਮੰਦਿਰ ਮਾਂਗਟ ਪੱਤੀ, ਗੁਰਦੁਆਰਾ ਕਲੇਰ ਪੱਤੀ ਸੰਤ ਬਾਬਾ ਸੋਹਣ ਸਿੰਘ ਤੋਂ ਹੁੰਦਾ ਹੋਇਆ ਮੁੜ ਗੁਰਦੁਆਰਾ ਮਾਂਗਟ ਪੱਤੀ ਵਿਖੇ ਸਮਾਪਤ ਹੋਇਆ। ਆਪਸੀ ਭਾਈਚਾਰਕ ਸਾਂਝ ਬਰਕਰਾਰ ਰੱਖਣ ਲਈ ਪਹਿਲੀ ਵਾਰ ਪਿੰਡ 'ਚ ਸਥਿੱਤ ਦੇਵੀ ਮੰਦਿਰ ਦੇ ਪੁਜਾਰੀ ਪੰਡਿਤ ਯੁਗੇਸ਼ ਕੁਮਾਰ ਵਲੋਂ ਮੁਹੱਲਾ ਵਾਸੀਆਂ ਦੇ ਸਹਿਯੋਗ ਨਾਲ ਮੰਦਿਰ ਵਿਖੇ ਪੜਾਅ ਬਣਾ ਕੇ ਨਗਰ ਕੀਰਤਨ ਦਾ ਨਿੱਘਾ ਸਵਾਗਤ ਕੀਤਾ ਗਿਆ। ਨਗਰ ਕੀਰਤਨ ਵਿੱਚ ਸ਼ਾਮਲ ਸ਼ਬਦੀ ਜਥਿਆਂ ਅਤੇ ਹੋਰ ਸੰਗਤਾਂ ਵਲੋਂ ਸ਼ਬਦ ਗਾਇਨ ਕੀਤੇ ਗਏ। ਇਸ ਨਗਰ ਕੀਰਤਨ ਦਾ ਪਿੰਡ ਵਿੱਚ ਤੇ ਬਾਹਰ ਡੇਰਿਆਂ ਤੇ ਬਣਾਏ ਗਏ ਵੱਖ-ਵੱਖ ਪੜਾਵਾਂ ਤੇ ਸ਼ਰਧਾਲੂ ਸੰਗਤਾਂ ਵਲੋਂ ਚਾਹ, ਦੁੱਧ, ਪਕੌੜੇ, ਫਲ ਤੇ ਕਈ ਪ੍ਰਕਾਰ ਦੇ ਲੰਗਰ ਲਗਾ ਕੇ ਨਿੱਘਾ ਸੁਆਗਤ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਅਮਰੀਕ ਸਿੰਘ, ਬਾਬਾ ਹਰਭਜਨ ਸਿੰਘ, ਬਾਬਾ ਸੁਖਵੰਤ ਸਿੰਘ ਤੇ ਪੰਜ ਪਿਆਰਿਆਂ ਕਵਲਜੀਤ ਸਿੰਘ, ਦਿਲਬਾਗ ਸਿੰਘ, ਸਤਨਾਮ ਸਿੰਘ, ਦਲਬੀਰ ਸਿੰਘ ਤੇ ਸਵਿੰਦਰ ਸਿੰਘ ਅਤੇ ਸ਼ਬਦੀ ਜਥੇ ਵਿੱਚ ਰਵਿੰਦਰ ਸਿੰਘ ਨਿਹੰਗ ਸਿੰਘ, ਕੁਲਬੀਰ ਸਿੰਘ, ਫੌਜੀ ਸ਼ਮਸ਼ੇਰ ਸਿੰਘ ਤੇ ਹੋਰ ਸਾਥੀਆਂ ਤੋਂ ਇਲਾਵਾ ਗੁਰਦੁਆਰਾ ਪ੍ਰਧਾਨ ਅਮਰਜੀਤ ਸਿੰਘ, ਤਰਸੇਮ ਸਿੰਘ, ਗੁਰਜੀਤ ਸਿੰਘ ਖਾਲਸਾ, ਬਾਬਾ ਸੁੱਚਾ ਸਿੰਘ, ਅਨਮੋਲਦੀਪ ਸਿੰਘ, ਕੁਲਦੀਪ ਸਿੰਘ, ਜਗਤਾਰ ਸਿੰਘ ਸਾਬਕਾ ਪੰਚ, ਸਵਿੰਦਰ ਸਿੰਘ, ਮੰਗਤ ਸਿੰਘ, ਸਰਵਣ ਸਿੰਘ ਪੰਚ, ਜੋਧ ਸਿੰਘ, ਠੇਕੇਦਾਰ ਕੁਲਵੰਤ ਸਿੰਘ, ਗੁਰਮੀਤ ਸਿੰਘ ਤੇ ਹੋਰ ਪਿੰਡ ਵਾਸੀ ਪ੍ਰਬੰਧਕ ਤੇ ਸੰਗਤਾਂ ਹਾਜ਼ਰ ਸਨ।

# ਪੰਜਾਬ ਦੇ ਪਿੰਡਾਂ 'ਚ ਸਾਫ ਪੀਣ ਯੋਗ ਪਾਣੀ ਸਪਲਾਈ ਕਰਨਾ ਮਾਨ ਸਰਕਾਰ ਦੀ ਪਹਿਲਕਦਮੀ : ਜਿੰਪਾ

**ਚੰਡੀਗੜ੍ਹ (ਗੁਰਜੀਤ ਬਿੱਲਾ)** ਜਲ ਸਪਲਾਈ ਅਤੇ ਸੈਨੀਟੇਸਨ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਉਨ੍ਹਾਂ ਪਿੰਡਾਂ ਵਿੱਚ ਸੁੱਧ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਲਈ ਵੱਡੇ ਉਪਰਾਲੇ ਕਰ ਰਹੀ ਹੈ, ਜਿੱਥੇ ਧਰਤੀ ਹੇਠਲਾ ਪਾਣੀ ਦੂਸ਼ਿਤ ਹੈ। ਮੁੱਖ ਮੰਤਰੀ ਲੋਕਾਂ ਨੂੰ ਸਾਰੀਆਂ ਸਹੂਲਤਾਂ ਉਹਨਾਂ ਦੀਆਂ ਬਰੂਹਾਂ 'ਤੇ ਮੁਹੱਈਆ ਕਰਵਾਉਣ ਲਈ ਵਚਨਬੱਧ ਹਨ। ਜਿੰਪਾ ਨੇ ਕਿਹਾ ਕਿ ਦੂਸ਼ਿਤ ਪਾਣੀ ਤੋਂ ਪ੍ਰਭਾਵਿਤ ਪਿੰਡਾਂ ਨੂੰ ਪੀਣ ਵਾਲਾ ਸਾਫ ਪਾਣੀ ਮੁਹੱਈਆ ਕਰਵਾਉਣ ਦੇ ਆਪਣੇ ਯਤਨਾਂ ਤਹਿਤ ਸੂਬਾ ਸਰਕਾਰ ਅਤੇ ਵਿਸਵ ਬੈਂਕ ਵੱਲੋਂ ਮੋਗਾ ਪ੍ਰੋਜੈਕਟ ਦੀ ਸੁਰੂਆਤ ਕੀਤੀ ਗਈ, ਜੋ ਕਿ ਖੇਤਰ ਦੇ ਦੂਸ਼ਿਤ ਪਾਣੀ ਤੋਂ ਪ੍ਰਭਾਵਿਤ ਪਿੰਡਾਂ ਨੂੰ ਸਾਫ ਅਤੇ ਸੁਰੱਖਿਅਤ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਤਿਆਰ ਕੀਤੀ ਇੱਕ ਵਿਆਪਕ ਨਹਿਰੀ ਜਲ ਸਪਲਾਈ ਸਕੀਮ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਅਜਿਹੇ ਖੇਤਰਾਂ ਲਈ ਇੱਕ ਨਮੂਨੇ ਵਜੋਂ ਕੰਮ ਕਰ ਰਿਹਾ ਹੈ ਜੋ ਸਾਫ ਪੀਣ ਵਾਲੇ ਪਾਣੀ ਦੀ ਸਪਲਾਈ ਅਤੇ ਜੀਵਨ ਪੱਧਰ ਵਿੱਚ ਸੁਧਾਰ ਕਰਨ ਲਈ ਯਤਨ ਕਰ ਰਹੇ ਹਨ। ਇਸ ਪ੍ਰੋਜੈਕਟ ਨੇ ਖੇਤਰ ਦੇ ਵਸਨੀਕਾਂ ਦੇ ਜੀਵਨ 'ਤੇ ਮਹੱਤਵਪੂਰਨ ਅਤੇ ਪਰਿਵਰਤਨਸੀਲ ਪ੍ਰਭਾਵ ਪਾਇਆ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਪ੍ਰੋਜੈਕਟ ਜ਼ਰੀਏ ਸਾਫ, ਸ਼ੁੱਧ ਅਤੇ ਸੁਰੱਖਿਅਤ ਪੀਣ ਵਾਲੇ ਪਾਣੀ ਤੱਕ ਪਹੁੰਚ ਪ੍ਰਦਾਨ ਕਰਕੇ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਦੇ ਪ੍ਰਸਾਰ ਨੂੰ ਘਟਾਇਆ ਹੈ ਅਤੇ ਲੋਕਾਂ ਦੀ ਸਮੁੱਚੀ ਸਿਹਤ ਵਿੱਚ ਸੁਧਾਰ ਕੀਤਾ ਗਿਆ ਹੈ।

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਪ੍ਰਮੁੱਖ ਸਕੱਤਰ ਡੀ.ਕੇ ਤਿਵਾੜੀ ਅਤੇ ਵਿਭਾਗ ਦੇ ਮੁਖੀ ਮੁਹੰਮਦ ਇਸਫਾਕ ਨੇ ਕਿਹਾ ਕਿ ਇਸ ਪ੍ਰੋਜੈਕਟ ਦੀ ਸਫਲਤਾ ਪੰਜਾਬ ਸਰਕਾਰ ਦੀ ਦੂਰਅੰਦੇਸੀ ਅਤੇ ਸਖ਼ਤ ਮਿਹਨਤ ਦਾ ਪ੍ਰਮਾਣ ਹੈ। ਇਸ ਨਾਲ ਇਹ ਉਜਾਗਰ ਹੁੰਦਾ ਹੈ ਕਿ ਸੁਚੱਜੀ ਯੋਜਨਾਬੰਦੀ, ਤਾਲਮੇਲ ਅਤੇ ਸਰੋਤਾਂ ਦੀ ਉਚਿਤ ਵਰਤੋਂ ਨਾਲ ਲੰਬੇ ਸਮੇਂ ਲਈ ਪੀਣ ਯੋਗ ਪਾਣੀ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਪੇਂਡੂ ਖੇਤਰ ਦੇ ਲੋਕਾਂ ਦੇ ਜੀਵਨ ਨੂੰ ਹੋਰ ਬਿਹਤਰ ਬਣਾਉਣਾ ਸੰਭਵ ਹੈ।

ਸਾਰੀਆਂ ਚੁਣੌਤੀਆਂ ਦੇ ਬਾਵਜੂਦ ਇਹ ਪ੍ਰੋਜੈਕਟ ਇੱਕ ਵੱਡੀ ਸਫਲਤਾ ਸਾਬਿਤ ਹੋਇਆ ਹੈ। 50 ਐਮ ਐਲ ਡੀ ਦੀ ਸਮਰੱਥਾ ਵਾਲਾ ਵਾਟਰ ਟ੍ਰੀਟਮੈਂਟ ਪਲਾਂਟ ਹੁਣ ਪੂਰੀ ਤਰ੍ਹਾਂ ਕਾਰਜਸ਼ੀਲ ਹੈ, ਜੋ ਲਗਭਗ 4 ਲੱਖ ਦੀ ਆਬਾਦੀ ਵਾਲੇ 85 ਪਿੰਡਾਂ ਨੂੰ ਸਾਫ ਅਤੇ ਸੁਰੱਖਿਅਤ ਪੀਣ ਵਾਲਾ ਪਾਣੀ ਪ੍ਰਦਾਨ ਕਰ ਰਿਹਾ ਹੈ। ਇਹ ਪ੍ਰੋਜੈਕਟ ਨਾ ਸਿਰਫ ਸੁਰੱਖਿਅਤ ਪਾਣੀ ਮੁਹੱਈਆ ਕਰਵਾ ਰਿਹਾ ਹੈ ਬਲਕਿ ਰੋਜਾਨਾ 5 ਕਰੋੜ ਲੀਟਰ ਧਰਤੀ ਹੇਠਲੇ ਪਾਣੀ ਦੀ ਬਚਤ ਵੀ ਕਰੇਗਾ।

# ਡੀ ਸੀ ਨੇ ਮਗਨਰੇਗਾ ਤਹਿਤ ਚੱਲ ਰਹੇ ਕੰਮਾਂ ਦਾ ਕੀਤਾ ਨਿਰੀਖਣ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਡਿਪਟੀ ਕਮਿਸ਼ਨਰ ਤਰਨ ਤਾਰਨ ਰਿਸ਼ੀਪਾਲ ਸਿੰਘ ਵੱਲੋਂ ਗਰਾਮ ਪੰਚਾਇਤ ਕੱਲ੍ਹਾ ਅਤੇ ਗੋਇੰਦਵਾਲ ਸਾਹਿਬ ਦਾ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਗਰਾਮ ਪੰਚਾਇਤ ਕੱਲ੍ਹਾ ਪੰਚਾਇਤ ਵਲੋਂ ਥਾਪਰ ਤਕਨੀਕ ਨਾਲ ਕਰਵਾਏ ਗਏ ਛੱਪੜ ਦੇ ਕੰਮ ਦਾ ਨਿਰੀਖਣ ਕੀਤਾ ਗਿਆ ਅਤੇ ਇਸੇ ਛੱਪੜ ਦੇ ਨਾਲ ਪੰਚਾਇਤ ਵੱਲੋਂ ਦੋ ਪਾਰਕਾਂ ਦਾ ਨਿਰਮਾਣ ਕੀਤਾ ਗਿਆ ਸੀ। ਮੌਕੇ ਕੰਮ ਤਸੱਲੀਬਖਸ਼ ਪਾਇਆ ਗਿਆ। ਇਸ ਮੌਕੇ ਪਿੰਡ ਦੇ ਸਰਪੰਚ ਵੱਲੋਂ ਦੱਸਿਆ ਗਿਆ ਕਿ ਸਵੱਛ ਭਾਰਤ ਮਿਸ਼ਨ, ਵਿੱਤ ਕਮਿਸ਼ਨ ਅਤੇ ਮਗਨਰੇਗਾ ਫੰਡਾਂ ਨਾਲ ਕਨਵਰਜੈਂਸ ਕਰਕੇ ਛੱਪੜ ਦਾ ਨਿਰਮਾਣ ਕੀਤਾ ਗਿਆ ਹੈ। ਇਸ ਛੱਪੜ ਨੂੰ ਮੱਛੀ ਪਾਲਣ ਲਈ ਵਰਤਿਆ ਜਾ ਰਿਹਾ ਹੈ, ਜਿਸ ਨਾਲ ਹਰ ਸਾਲ ਲੱਗਭੱਗ 1.25 ਲੱਖ ਰੁਪਏ ਦੀ ਆਮਦਨ ਪੰਚਾਇਤ ਨੂੰ ਹੁੰਦੀ ਹੈ।

ਡਿਪਟੀ ਕਮਿਸ਼ਨਰ ਵੱਲੋਂ ਇਸ ਮੌਕੇ ਨਰਦੇਸ਼ ਦਿੱਤੇ ਗਏ ਕਿ ਇਸ ਛੱਪੜ ਦੇ ਆਲੇ ਦੁਆਲੇ ਪੌਦੇ ਲਗਵਾਏ ਜਾਣ। ਇਸ ਉਪਰੰਤ ਉਨ੍ਹਾਂ ਵੱਲੋਂ ਸਕੂਲ ਦੇ ਕੰਮ ਦਾ ਨਿਰੀਖਣ ਕੀਤਾ ਗਿਆ ਜਿਸ ਵਿੱਚ ਚਾਰਦੀਵਾਰੀ, ਸੋਕ ਪਿੱਟ ਅਤੇ ਪਾਰਕ ਦਾ ਕੰਮ ਦੇਖਿਆ ਗਿਆ ਮੌਕੇ 'ਤੇ ਕੰਮ ਤਸੱਲੀਬਖਸ਼ ਸਨ। ਡਿਪਟੀ ਕਮਿਸ਼ਨਰ ਵਲੋਂ ਏ. ਪੀ. ਓ. ਮਗਨਰੇਗਾ ਨੂੰ ਹਰੇਕ ਪਿੰਡ ਵਿਚ ਸੋਕ ਪਿੱਟ ਤਿਆਰ ਕਰਨ ਦੇ ਆਦੇਸ਼ ਦਿੱਤੇ ਗਏ।

ਇਸ ਉਪਰੰਤ ਡਿਪਟੀ ਕਮਿਸਨਰ ਵੱਲੋਂ ਗਰਾਮ ਪੰਚਾਇਤ ਗੋਇੰਦਵਾਲ ਸਾਹਿਬ ਵਿਖੇ ਜਵਾਹਰ ਨਵੋਦਿਆ ਵਿਦਿਆਲਾ ਦਾ ਦੌਰਾ ਕੀਤਾ ਗਿਆ। ਸਕੂਲ ਦੀ ਕਰੀਬ ਪੰਜ ਏਕੜ ਦੇ ਕਰੀਬ ਜਗ੍ਹਾ ਜਿਸ ਵਿਚ ਪਲੇਅ ਗਰਾਊਂਡ ਤਿਆਰ ਕਰਨ ਅਤੇ ਪਲਾਂਟੇਸ਼ਨ ਕਰਵਾਉਣ ਲਈ ਏਪੀਓ ਮਗਨਰੇਗਾ ਨੂੰ ਆਦੇਸ਼ ਜਾਰੀ ਕੀਤੇ ਗਏ। ਇਸ ਸਕੂਲ ਦੀ ਚਾਰਦੀਵਾਰੀ ਦੇ ਬਿਲਕੁੱਲ ਨਾਲ ਲੱਗਭੱਗ 2 ਤੋਂ 3 ਏਕੜ ਜ਼ਮੀਨ ਵਿੱਚ ਮੀਆਂਵਾਕੀ ਤਕਨੀਕ ਨਾਲ ਜੰਗਲ ਤਿਆਰ ਕਰਨ ਦੇ ਹੁਕਮ ਵੀ ਦਿੱਤੇ ਗਏ।

# ਰੋਟਰੀ ਕਲੱਬ ਦੇ ਮੈਂਬਰਾਂ ਨੇਤਰਹੀਣ ਲੜਕੀਆਂ ਨਾਲ ਮਨਾਈ ਲੋਹੜੀ




**ਅੰਮ੍ਰਿਤਸਰ (ਅਰੋੜਾ)**: ਰੋਟਰੀ ਕਲੱਬ ਅੰਮ੍ਰਿਤਸਰ ਨੌਰਥ ਵੱਲੋਂ ਕਲੱਬ ਦੇ ਪ੍ਰਧਾਨ ਵਿਜੇ ਭਸੀਨ, ਸਕੱਤਰ ਗੁਰਮੀਤ ਸਿੰਘ, ਪ੍ਰੋਜੈਕਟ ਚੇਅਰਮੈਨ ਪੀਆਰਓ ਐੱਸ, ਪੀ. ਅਰੋੜਾ ਦੀ ਪ੍ਰਧਾਨਗੀ ਹੇਠ ਪੰਜਾਬ ਦਾ ਵਿਰਾਸਤੀ ਇਤਿਹਾਸਕ ਤੇ ਪਵਿੱਤਰ ਤਿਉਹਾਰ ਲੋਹੜੀ ਬੀਬੀ ਭਾਨੀ ਨੇਤਰਹੀਣ ਵਿਦਿਆਲਾ ਛੇਹਰਟਾ ਵਿੱਚ ਮਨਾਇਆ ਗਿਆ। ਸਮਾਗਮ ਵਿੱਚ ਰੋਟਰੀ ਦੇ ਸਾਬਕਾ ਸਹਾਇਕ ਗਵਰਨਰ ਰਸਜੀਤ ਸਿੰਘ ਖੇੜਾ ਅਤੇ ਰੋਟਰੀ ਦੇ ਐਮਓਸੀ ਆਰਐੱਸ ਚੱਠਾ ਵਿਸ਼ੇਸ਼ ਰੂਪ ਵਿੱਚ ਸ਼ਾਮਿਲ ਹੋਏ। ਰੋਟਰੀ ਕਲੱਬ ਵੱਲੋਂ ਸਾਰੀਆਂ ਨੇਤਰਹੀਣ ਲੜਕੀਆਂ ਨੂੰ ਠੰਢ ਤੋਂ ਬਚਾਅ ਲਈ ਗਰਮ ਟੋਪੀਆਂ ਅਤੇ ਲੋਹੜੀ ਵਿੱਚ ਵੰਡੀ ਜਾਣ ਵਾਲੀ ਸਮੱਗਰੀ ਮੂੰਗਫਲੀ, ਰਿਓੜੀਆਂ, ਪਾਪਕੋਨ, ਚਿਪਸ ਦੇ ਪੈਕਟ ਅਤੇ ਹੋਰ ਕਈ ਪ੍ਰਕਾਰ ਦੀ ਸਮੱਗਰੀ ਵੰਡੀ। ਰੋਟਰੀ ਦੇ ਸਹਾਇਕ ਗਵਰਨਰ ਰਸਜੀਤ ਸਿੰਘ ਖੇੜਾ ਨੇ ਸਾਰੇ ਰੋਟਰੀ ਮੈਂਬਰਾਂ ਅਤੇ ਨੇਤਰਹੀਣ ਲੜਕੀਆਂ ਨੂੰ ਸੰਬੋਧਨ ਕਰਕੇ ਲੋਹੜੀ ਦੇ ਪਵਿੱਤਰ ਤਿਉਹਾਰ ਦੇ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਲੋਹੜੀ ਵਿੱਚ ਗਾਏ ਜਾਣ ਵਾਲੇ ਗੀਤ ਦੁੱਲਾ ਭੱਟੀ ਦੇ ਪੁਰਾਤਨ ਇਤਿਹਾਸ ਦੇ ਬਾਰੇ ਦੱਸਿਆ। ਪ੍ਰਧਾਨ ਵਿਜੇ ਭਸੀਨ ਨੇ ਸਾਰੇ ਰੋਟੇਰੀਅਨ ਅਤੇ ਨੇਤਰਹੀਣ ਵਿਦਿਆਲਾ ਚਲਾਉਣ ਵਾਲੇ ਸੰਚਾਲਕਾਂ ਦਾ ਧੰਨਵਾਦ ਕੀਤਾ। ਐਮਓਸੀ ਆਰਐੱਸ ਚੱਠਾ ਨੇ ਨੇਤਰਹੀਣ ਲੜਕੀਆਂ ਅਤੇ ਸੰਚਾਲਕਾਂ ਨੂੰ ਭਰੋਸਾ ਦਿੱਤਾ ਕਿ ਰੋਟਰੀ ਕਲੱਬ ਦੇ ਵੱਲੋਂ ਭਵਿੱਖ ਵਿੱਚ ਵੀ ਉਨ੍ਹਾਂ ਨੂੰ ਹਰ ਤਰ੍ਹਾਂ ਦੀ ਸਹਾਇਤਾ ਮੁਹੱਈਆ ਕਰਵਾਈ ਜਾਏਗੀ। ਇਸ ਮੌਕੇ ਰਾਜ ਕੁਮਾਰ ਸਚਦੇਵਾ, ਅਮਨ ਅਨੇਜਾ, ਰੋਟਰੀ ਦੇ ਮੇਜਰ ਡੋਨਰ ਡਾ. ਜੀ. ਐੱਸ. ਮਦਾਨ, ਡਾ. ਕੁਲਦੀਪ ਸਿੰਘ ਅਰੋੜਾ, ਦਵਿੰਦਰ ਧਵਨ, ਡਾ. ਸੁਖਮਨਪ੍ਰੀਤ ਕੌਰ, ਵਰੁਣ ਕੱਕੜ, ਜਗਦੀਸ਼ ਕੱਕੜ, ਹਰਜਿੰਦਰ ਕੌਰ ਚੱਠਾ, ਅਵਿੰਦਰ ਕੌਰ ਖੇੜਾ ਆਦਿ ਰੋਟਰੀ ਕਲੱਬ ਨੌਰਥ ਦੇ ਮੈਂਬਰ ਮੌਜੂਦ ਸਨ।

11-January-PAGE-4-2.qxd 1/10/2023 10:42 PM Page 1

ਨਵਾਂ ਜ਼ਮਾਨਾ

ਬੁੱਧਵਾਰ, 11 ਜਨਵਰੀ 2023

# ਵਿਕਾਸ ਨਹੀਂ ਵਿਨਾਸ਼ ਮਾਡਲ

*ਸੱਤਾ ਵਿੱਚ ਆਉਣ ਤੋਂ ਪਹਿਲਾਂ ਨਰਿੰਦਰ ਮੋਦੀ ਨੇ ਦੇਸ਼ ਵਾਸੀਆਂ ਨੂੰ ਗੁਜਰਾਤ ਵਿਕਾਸ ਮਾਡਲ ਦੇ ਸੁਨਹਿਰੀ ਸੁਫ਼ਨੇ ਦਿਖਾਏ ਸਨ। ਹਕੀਕਤ ਵਿੱਚ ਇਹ ਵਿਕਾਸ ਮਾਡਲ ਨਹੀਂ, ਵਿਨਾਸ਼ ਮਾਡਲ ਸੀ। ਇਸ ਦੇ ਦੋ ਹੀ ਨਿਸ਼ਾਨੇ ਸਨ, ਇੱਕ ਅਜਿਹੀਆਂ ਯੋਜਨਾਵਾਂ ਤਿਆਰ ਕੀਤੀਆਂ ਜਾਣ ਜਿਨ੍ਹਾਂ ਨਾਲ ਹਿੰਦੂਤਵੀ ਧਾਰਮਿਕ ਕੱਟੜਤਾ ਵਧੇ ਫੁੱਲੇ ਤੇ ਫਿਰਕੂ ਵੰਡ ਤਿੱਖੀ ਹੋਵੇ ਤੇ ਦੂਜਾ, ਕਾਰਪੋਰੇਟਾਂ ਲਈ ਰਾਹ ਚੌੜੇ ਕੀਤੇ ਜਾਣ ਤਾਂ ਜੋ ਉਹ ਦੇਸ਼ ਦੀ ਸਮੁੱਚੀ ਸੰਪਤੀ ਨੂੰ ਦੋਹੀਂ ਹੱਥੀਂ ਲੁੱਟ ਸਕਣ।*

*ਇਸੇ ਗੁਜਰਾਤੀ ਵਿਨਾਸ਼ ਦਾ ਨਤੀਜਾ ਅੱਜ ਜੋਸ਼ੀ ਮੱਠ ਭੁਗਤ ਰਿਹਾ ਹੈ। ਜੋਸ਼ੀ ਮੱਠ ਦੇ 600 ਤੋਂ ਵੱਧ ਘਰਾਂ ਨੂੰ ਖਾਲੀ ਕਰਾ ਲਿਆ ਗਿਆ ਹੈ। ਜੋਸ਼ੀ ਮੱਠ ਦੇ ਲੋਕ ਪੀੜ੍ਹੀਆਂ ਤੋਂ ਬਣਾਏ ਆਪਣੇ ਆਸ਼ਿਆਨਿਆਂ ਦੇ ਜ਼ਮੀਨਦੋਜ਼ ਹੋਣ ਦੀ ਉਡੀਕ ਵਿੱਚ ਪਲ-ਪਲ ਮਰ ਰਹੇ ਹਨ। ਮੋਦੀ ਸਰਕਾਰ ਨੇ ਉੱਤਰਾਖੰਡ ਲਈ ਦੋ ਯੋਜਨਾਵਾਂ 'ਤੇ ਤੇਜ਼ੀ ਨਾਲ ਕੰਮ ਸ਼ੁਰੂ ਕੀਤਾ ਸੀ। ਇੱਕ, ਹਰ ਮੌਸਮੀ ਚਾਰ ਮਾਰਗੀ ਸੜਕ (ਆਲ ਵੈਦਰ ਰੋਡ), ਜਿਹੜੀ 889 ਕਿਲੋਮੀਟਰ ਲੰਮੀ ਹੈ ਤੇ ਇਸ ਦਾ ਤਿੰਨ-ਚੌਥਾਈ ਹਿੱਸਾ ਬਣ ਚੁੱਕਾ ਹੈ । ਦੂਜੀ, ਤਪੋਵਨ ਤੋਂ ਵਿਸ਼ਣੂਗੜ੍ਹ ਵਿਚਕਾਰ 12 ਕਿਲੋਮੀਟਰ ਲੰਮੀ ਸੁਰੰਗ, ਜਿਸ ਰਾਹੀਂ ਧੌਲੀ ਗੰਗਾ ਦਾ ਪਾਣੀ ਸੇਲੰਗ ਪਾਵਰ ਹਾਊਸ ਤੱਕ ਬਿਜਲੀ ਬਣਾਉਣ ਲਈ ਲਿਆਂਦਾ ਜਾਣਾ ਹੈ। ਇਹ ਸੁਰੰਗ ਉਸੇ ਪਹਾੜ ਦੇ ਵਿੱਚੋਂ ਲੰਘ ਰਹੀ ਹੈ, ਜਿਸ ਦੇ ਨਾਲ ਵਸਿਆ ਹੋਇਆ ਹੈ ਜੋਸ਼ੀਮੱਠ। ਹਰ ਮੌਸਮੀ ਚਾਰ ਮਾਰਗੀ ਸੜਕ ਦਾ ਮੁੱਖ ਮਕਸਦ ਜੋਸ਼ੀ ਮੱਠ, ਬਦਰੀਨਾਥ, ਕੇਦਾਰਨਾਥ ਦੇ ਹੇਮਕੁੰਟ ਸਮੇਤ ਵੱਖ-ਵੱਖ ਧਾਰਮਿਕ ਸਥਲਾਂ ਦੀ ਸੈਰ ਸਪਾਟੇ ਤੇ ਸ਼ਰਧਾਲੂਆਂ ਨੂੰ ਨਫ਼ਰਤੀ ਟੀਕੇ ਲਾਉਣ ਲਈ ਵਰਤੋਂ ਸੌਖਾਲੀ ਕਰਨਾ ਹੈ। ਇਸ ਚਾਰ ਮਾਰਗੀ ਸੜਕ ਦਾ ਨਰਿੰਦਰ ਮੋਦੀ ਨੇ 2016 ਵਿੱਚ ਉਦਘਾਟਨ ਕੀਤਾ ਸੀ। ਉਦੋਂ ਤੋਂ ਲੈ ਕੇ ਹੁਣ ਤੱਕ ਧੰਨਾ ਸੇਠਾਂ ਨੇ ਇਸ ਇਲਾਕੇ ਵੱਲ ਵਹੀਰਾਂ ਘੱਤ ਲਈਆਂ ਸਨ। ਵੱਡੇ-ਵੱਡੇ ਹੋਟਲ ਤੇ ਮਾਲ ਉਸਾਰ ਲਏ ਸਨ।*

*ਇਹ ਵਿਕਾਸ ਨਾਂਅ ਦਾ ਬੁਲਡੋਜ਼ਰ ਲਗਾਤਾਰ ਚਲਦਾ ਰਿਹਾ। ਇਸ ਗੱਲ ਦੀ ਪਰਵਾਹ ਨਾ ਕੀਤੀ ਗਈ ਕਿ ਭੂ-ਗਰਭ ਵਿਗਿਆਨੀ ਇਸ ਏਰੀਏ ਦੇ ਨਾਜ਼ੁਕ ਹੋਣ ਤੇ ਧਸ ਜਾਣ ਬਾਰੇ ਲਗਾਤਾਰ ਚੇਤਾਵਨੀਆਂ ਦਿੰਦੇ ਰਹੇ ਸਨ। ਵਾਤਾਵਰਣ ਪ੍ਰੇਮੀ ਵੀ ਲਗਾਤਾਰ ਜੱਦੋ-ਜਹਿਦ ਕਰਦੇ ਰਹੇ ਸਨ, ਪ੍ਰੰਤੂ ਉਨ੍ਹਾਂ ਨੂੰ ਵਿਕਾਸ ਵਿਰੋਧੀ ਤੇ ਅਰਬਨ ਨਕਸਲ ਕਹਿ ਕੇ ਉਨ੍ਹਾਂ ਦਾ ਮਜ਼ਾਕ ਉਡਾਇਆ ਜਾਂਦਾ ਰਿਹਾ।*

*ਲੋਕ ਇਸ ਤਬਾਹੀ ਲਈ ਪਹਾੜ ਹੇਠ ਬਣਾਈ ਜਾ ਰਹੀ ਸੁਰੰਗ ਨੂੰ ਵੀ ਜ਼ਿੰਮੇਵਾਰ ਮੰਨ ਰਹੇ ਹਨ। ਇਹ ਉਹੋ ਸੁਰੰਗ ਹੈ, ਜਿਸ ਵਿੱਚ ਕੰਮ ਕਰਦੇ 150 ਮਜ਼ਦੂਰ ਫਰਵਰੀ 2021 ਵਿੱਚ ਹੋਏ ਇੱਕ ਹਾਦਸੇ ਦੌਰਾਨ ਧਰਤੀ ਵਿੱਚ ਦਫਨ ਹੋ ਗਏ ਸਨ।*

*ਕੁਮਾਊਂ ਯੂਨੀਵਰਸਿਟੀ ਦੇ ਭੂ-ਵਿਗਿਆਨ ਪ੍ਰੋ. ਡਾ. ਬਹਾਦਰ ਸਿੰਘ ਦਾ ਕਹਿਣਾ ਹੈ ਕਿ ਅਸੀਂ ਦੋ ਦਹਾਕਿਆਂ ਤੋਂ ਸਰਕਾਰਾਂ ਨੂੰ ਚੇਤਾਵਨੀਆਂ ਦਿੰਦੇ ਆ ਰਹੇ ਹਾਂ, ਪਰ ਸਰਕਾਰਾਂ ਨਜ਼ਰ-ਅੰਦਾਜ਼ ਕਰਦੀਆਂ ਆ ਰਹੀਆਂ ਹਨ। ਇਹ ਪਾਗਲ ਵਿਕਾਸ ਦੀ ਸਨਕ ਹੈ, ਜਿਸ ਰਾਹੀਂ ਇਸ ਮੂਲ ਸਵਾਲ ਨੂੰ ਵੀ ਅਣਦੇਖਿਆ ਕਰ ਦਿੱਤਾ ਗਿਆ ਕਿ ਇਹ ਭੁਚਾਲ ਵਾਲਾ ਖੇਤਰ ਹੈ ਤੇ ਜੋਸ਼ੀ ਮੱਠ ਗਲੇਸ਼ੀਅਰ ਉਤੇ ਬਣਿਆ ਹੋਇਆ ਸ਼ਹਿਰ ਹੈ।*

*ਡਾ. ਬਹਾਦਰ ਸਿੰਘ ਦਾ ਕਹਿਣਾ ਹੈ ਕਿ ਇਹ ਤਬਾਹੀ ਸਿਰਫ਼ ਜੋਸ਼ੀ ਮੱਠ ਤੱਕ ਹੀ ਸੀਮਤ ਨਹੀਂ ਰਹੇਗੀ, ਸਗੋਂ ਹੋਰ ਸ਼ਹਿਰ ਵੀ ਇਸ ਦੀ ਲਪੇਟ ਵਿੱਚ ਆਉਣਗੇ। ਸੜਕਾਂ ਤੇ ਸੁਰੰਗਾਂ ਬਣਾਉਣ ਲਈ ਕੀਤੇ ਜਾਂਦੇ ਵਿਸਫੋਟਾਂ ਨੇ ਪਰਬਤਾਂ ਨੂੰ ਕਮਜ਼ੋਰ ਕਰ ਦਿੱਤਾ ਹੈ। ਚਾਰ ਮਾਰਗੀ ਸੜਕਾਂ ਉਤੇ ਜਦੋਂ ਭਾਰੇ ਵਾਹਨ ਚੱਲਣਗੇ ਤਾਂ ਉਨ੍ਹਾਂ ਵੱਲੋਂ ਪੈਦਾ ਕੀਤੀ ਥਰਥਰਾਹਟ ਪਹਾੜਾਂ ਅੰਦਰ ਹਲਚਲ ਪੈਦਾ ਕਰੇਗੀ। ਜੋਸ਼ੀ ਮੱਠ ਦੀ ਤਰਾਸਦੀ ਤੋਂ ਉੱਤਰਾਖੰਡ ਦੇ ਬਾਕੀ ਸ਼ਹਿਰਾਂ ਤੇ ਪਿੰਡਾਂ ਦੇ ਲੋਕ ਚੌਕਸ ਹੋ ਗਏ ਹਨ। ਗੜ੍ਹਵਾਲ ਤੇ ਕੁਮਾਊਂ ਮੰਡਲਾਂ ਦੇ ਕਈ ਹਿੱਸੇ ਅਜਿਹੀ ਹੀ ਹੋਣੀ ਵੱਲ ਵਧ ਰਹੇ ਹਨ। ਰਿਸ਼ੀਕੇਸ਼ ਤੇ ਕਰਣ ਪ੍ਰਯਾਗ ਵਿਚਕਾਰ ਰੇਲਵੇ ਲਾਈਨ ਲਈ ਬਣਾਈ ਜਾ ਰਹੀ ਸੁਰੰਗ ਕਾਰਣ ਟੀਹਰੀ ਜ਼ਿਲ੍ਹੇ ਦੇ ਅਟਾਲੀ ਪਿੰਡ ਦੇ ਮਕਾਨਾਂ ਤੇ ਖੇਤਾਂ ਵਿੱਚ ਦਰਾੜਾਂ ਆ ਗਈਆਂ ਹਨ। ਉੱਤਰਾਖੰਡ ਦਾ ਮਸ਼ਹੂਰ ਸ਼ਹਿਰ ਨੈਨੀਤਾਲ ਵੀ ਖਤਰੇ ਵਿੱਚ ਆ ਚੁੱਕਾ ਹੈ। ਇੱਥੇ ਇੱਕ ਦਰਜਨ ਤੋਂ ਵੱਧ ਥਾਵਾਂ 'ਤੇ 6-6 ਇੰਚ ਚੌੜੀਆਂ ਦਰਾੜਾਂ ਪੈ ਗਈਆਂ ਹਨ।*

*ਕੱਲ ਤੱਕ ਹਿੰਦੂ ਲੋਕ ਮੁਸਲਮਾਨਾਂ ਵਿਰੋਧੀ ਭਾਵਨਾਵਾਂ ਨੂੰ ਹੀ ਵਿਕਾਸ ਮੰਨ ਰਹੇ ਸਨ। ਅੱਜ ਜੋਸ਼ੀ ਮੱਠ ਦੀ ਤਰਾਸਦੀ ਨੂੰ 99 ਫ਼ੀਸਦੀ ਹਿੰਦੂ ਹੀ ਭੁਗਤ ਰਹੇ ਹਨ। ਸਾਨੂੰ ਯਾਦ ਰੱਖਣਾ ਚਾਹੀਦਾ ਕਿ ਫਿਰਕੂ ਤੇ ਧਾਰਮਿਕ ਕੱਟੜਤਾ ਦੇ ਥੰਮ੍ਹਾਂ ਉੱਤੇ ਖੜ੍ਹੀ ਰਾਜਨੀਤੀ ਸਿਰਫ਼ ਮਨੁੱਖੀ ਸਮਾਜ ਦੇ ਵਿਵੇਕ, ਸਹਿਣਸ਼ੀਲਤਾ ਤੇ ਆਪਸੀ ਸਦਭਾਵਨਾ ਨੂੰ ਹੀ ਤਬਾਹ ਨਹੀਂ ਕਰਦੀ ਸਗੋਂ ਮਾਨਵ ਸਮਾਜ ਦੇ ਕੁਦਰਤ ਨਾਲ ਰਿਸ਼ਤਿਆਂ ਨੂੰ ਵੀ ਖੇਰੂੰ-ਖੇਰੂੰ ਕਰ ਦਿੰਦੀ ਹੈ। ਇਸ ਦਾ ਖਮਿਆਜ਼ਾ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਭੁਗਤਣਾ ਪੈਂਦਾ ਹੈ।*

**-ਚੰਦ ਫਤਿਹਪੁਰੀ**

## ਧੁੰਦ ਬਨਾਮ ਅਗਿਆਨਤਾ

*ਧੁੰਦ ਮੌਸਮੀ ਪੈ ਰਹੀ ਏ ਬਹੁਤ ਗੂੜ੍ਹੀ,*
*ਜਨ-ਜੀਵਨ ਏ ਹਾਲੋਂ-ਬੇਹਾਲ ਹੋਇਆ।*
*ਸੜਕਾਂ 'ਤੇ ਵੀ ਗੱਡੀਆਂ ਤੁਰਨ ਹੌਲੀ,*
*ਦੂਰ-ਨੇੜੇ ਨੂੰ ਜਾਣਾ ਮੁਹਾਲ ਹੋਇਆ।*
*ਕਰੀਆਂ ਛੁੱਟੀਆਂ ਬੰਦ ਸਕੂਲ ਹੋ ਗਏ,*
*ਤਾਣਾ-ਬਾਣਾ ਹੀ ਜਾਪੇ ਬੇਤਾਲ ਹੋਇਆ।*
*ਸਾਰਾ ਦਿਨ ਹੀ ਸੂਰਜ ਨਹੀਂ ਚੜ੍ਹਨ ਦਿੰਦੀ,*
*ਛਾਈ ਗਹਿਰ ਨੂੰ ਏਨਾ ਮਲਾਲ ਹੋਇਆ।*
*ਇਨ੍ਹਾਂ ਦਿਨਾਂ ਤੋਂ ਲੈ ਲਈਏ ਸਬਕ ਯਾਰੋ,*
*ਹੈ ਮਿਸਾਲ ਵਿੱਚ ਗੱਲ ਸਮਾਨਤਾ ਦੀ।*
*ਬਣਨਾ ਜ਼ਿੰਦਗੀ ਵਾਲਾ ਵੀ ਹਾਲ ਏਹੋ,*
*ਰਹੀ ਸਿਰ 'ਚ ਜੇ ਧੁੰਦ ਅਗਿਆਨਤਾ ਦੀ!*

*-ਤਰਲੋਚਨ ਸਿੰਘ 'ਦੁਪਾਲਪੁਰ', 78146-92724*

# ਕੀ ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਪੰਜਾਬ ਕਾਂਗਰਸ 'ਚ ਜਾਨ ਪਾ ਸਕੇਗੀ?



ਉਜਾਗਰ ਸਿੰਘ

ਗਾਂਧੀ ਪਰਵਾਰ ਦੇ ਸ਼ਹਿਜ਼ਾਦੇ ਰਾਹੁਲ ਗਾਂਧੀ ਨੇ 7 ਸਤੰਬਰ 2022 ਨੂੰ ਕੰਨਿਆਕੁਮਾਰੀ (ਤਾਮਿਲਨਾਡੂ) ਤੋਂ ਭਾਰਤ ਜੋੜੋ ਯਾਤਰਾ ਸ਼ੁਰੂ ਕੀਤੀ ਹੈ। ਇਹ ਯਾਤਰਾ 10 ਜਨਵਰੀ ਨੂੰ ਸ਼ੰਭੂ ਸਰਹੱਦ ਤੋਂ ਪੰਜਾਬ ਵਿੱਚ ਸ਼ਾਮਲ ਹੋਵੇਗੀ ਅਤੇ 19 ਜਨਵਰੀ ਤੱਕ ਪੰਜਾਬ ਵਿੱਚ ਹੋਵੇਗੀ। ਇਸ ਇਤਿਹਾਸਕ ਯਾਤਰਾ ਦਾ ਲੁਕਿਆ ਮੰਤਵ ਭਾਵੇਂ ਕੁਝ ਵੀ ਹੋਵੇ, ਪ੍ਰੰਤੂ ਰਾਹੁਲ ਗਾਂਧੀ ਕਹਿ ਰਿਹਾ ਹੈ ਕਿ ਇਸ ਯਾਤਰਾ ਦਾ ਮਕਸਦ ਭਾਰਤ ਦੀ ਜਨਤਾ ਵਿੱਚ ਅਮਨ ਅਤੇ ਸਦਭਾਵਨਾ ਨੂੰ ਮਜ਼ਬੂਤ ਕਰਨਾ ਹੈ, ਕਿਉਂਕਿ ਪਿਛਲੇ ਸਾਢੇ ਸੱਤ ਸਾਲਾਂ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਨੇ ਫ਼ਿਰਕੂ ਧਰੁਵੀਕਰਨ ਰਾਹੀਂ ਘੱਟ-ਗਿਣਤੀਆਂ ਦੇ ਨੱਕ ਵਿੱਚ ਦਮ ਕੀਤਾ ਹੋਇਆ ਹੈ। ਭਾਰਤੀਆਂ ਨੂੰ ਜਾਤਾਂ-ਪਾਤਾਂ ਅਤੇ ਫ਼ਿਰਕਿਆਂ ਦੇ ਨਾਂਅ 'ਤੇ ਲੜਾਇਆ ਜਾ ਰਿਹਾ ਹੈ। ਇਹ ਯਾਤਰਾ ਲੋਕਾਂ ਨੂੰ ਸੁਚੇਤ ਕਰਕੇ ਆਪਸੀ ਸਦਭਾਵਨਾ ਬਣਾਈ ਰੱਖਣ ਅਤੇ ਭਾਰਤ ਨੂੰ ਧਰਮ ਨਿਰਪੱਖ ਰਾਸ਼ਟਰ ਤੋਂ ਹਿੰਦੂ ਰਾਸ਼ਟਰ ਬਣਾਉਣ ਦੀ ਪ੍ਰਕਿਰਿਆ ਨੂੰ ਰੋਕਣ ਵਿੱਚ ਮਹੱਤਵਪੂਰਨ ਯੋਗਦਾਨ ਪਾਵੇਗੀ। ਹੁਣ ਤੱਕ ਇਹ ਯਾਤਰਾ ਰਾਜਨੀਤਕ ਵਿਸ਼ਲੇਸ਼ਕਾਂ ਮੁਤਾਬਕ ਜਿਹੜੇ 11 ਰਾਜਾਂ ਵਿੱਚ ਗਈ ਹੈ, ਉਥੇ ਸਫਲ ਰਹੀ ਹੈ, ਕਿਉਂਕਿ ਪਾਰਟੀ ਪੱਧਰ ਤੋਂ ਉੱਪਰ ਉੱਠ ਕੇ ਬੁੱਧੀਜੀਵੀ, ਅਰਥ ਸ਼ਾਸਤਰੀ, ਵਿਗਿਆਨੀ, ਕਲਾਕਾਰ ਅਤੇ ਸਾਹਿਤਕਾਰ ਵਰਗ ਨੇ ਇਸ ਵਿੱਚ ਸ਼ਮੂਲੀਅਤ ਕੀਤੀ ਹੈ। ਕੁਝ ਸਿਆਸੀ ਪਾਰਟੀਆਂ ਨੇ ਵੀ ਇਸ ਦੀ ਸਪੋਰਟ ਕੀਤੀ ਹੈ। ਯਾਤਰਾ ਦੇ ਪਹਿਲੇ ਪੜਾਅ ਵਿੱਚ 11 ਜਨਵਰੀ ਨੂੰ ਰਾਹੁਲ ਗਾਂਧੀ ਗੁਰਦੁਆਰਾ ਫਤਿਹਗੜ੍ਹ ਸਾਹਿਬ ਵਿਖੇ 'ਤਿਲਕ ਜੰਞੂ ਦੇ ਰਾਖੇ' ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪੋਤਰਿਆਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਿਹ ਸਿੰਘ ਅਤੇ ਮਾਤਾ ਗੁਜਰੀ ਜੀ ਨੂੰ ਅਕੀਦਤ ਦੇ ਫੁੱਲ ਭੇਟ ਕਰਕੇ ਸ਼ੁਰੂ ਕੀਤੀ ਜਾਵੇਗੀ। ਉਸ ਦਿਨ ਫ਼ਤਿਹਗੜ੍ਹ ਸਾਹਿਬ ਵਿਖੇ ਇਕ ਪਬਲਿਕ ਮੀਟਿੰਗ ਵੀ ਕੀਤੀ ਜਾਵੇਗੀ, ਜਿਸ ਨੂੰ ਰਾਹੁਲ ਗਾਂਧੀ ਸੰਬੋਧਨ ਕਰਨਗੇ। ਭਾਰਤ ਦੇ ਲੋਕਾਂ ਨੂੰ ਕੇਂਦਰ ਸਰਕਾਰ ਦੀਆਂ ਫ਼ਿਰਕੂ ਨੀਤੀਆਂ ਵਿਰੁੱਧ ਲਾਮਬੰਦ ਕਰਨ ਦਾ ਕੰਮ ਤਾਂ ਕਰੇਗੀ ਹੀ , ਪ੍ਰੰਤੂ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਦੇ ਇਰਾਦੇ ਨਾਲ ਰਾਹੁਲ ਗਾਂਧੀ ਭਾਰਤ ਜੋੜੋ ਯਾਤਰਾ ਲੈ ਕੇ ਸਾਰੇ ਦੇਸ਼ ਵਿੱਚ ਘੁੰਮ ਰਿਹਾ ਹੈ। ਇਸੇ ਲੜੀ ਵਿੱਚ ਉਹ 10 ਜਨਵਰੀ ਸ਼ਾਮ ਨੂੰ ਪੰਜਾਬ ਵੀ ਆ ਰਿਹਾ ਹੈ। ਧੜਿਆਂ ਵਿੱਚ ਵੰਡੀ, ਖੇਰੂੰ-ਖੇਰੂੰ ਹੋਈ ਅਤੇ ਡਿੱਗੇ ਮਨੋਬਲ ਵਾਲੀ ਪੰਜਾਬ ਕਾਂਗਰਸ ਦੀ ਲੀਡਰਸ਼ਿਪ ਲਈ ਇਹ ਯਾਤਰਾ ਸੰਜੀਵਨੀ ਬੂਟੀ ਦਾ ਕੰਮ ਕਰੇਗੀ ਜਾਂ ਪੰਜਾਬ ਕਾਂਗਰਸ ਦੇ ਨੇਤਾ ਆਪੋ-ਆਪਣੀ ਡਫਲੀ ਵਜਾਉਂਦੇ ਹੋਏ ਰਾਹੁਲ ਗਾਂਧੀ ਦੀ ਪਰਕਰਮਾ ਕਰਦੇ ਰਹਿਣਗੇ? ਇਹ ਤਾਂ ਸਮਾਂ ਹੀ ਦੱਸੇਗਾ ਕਾਂਗਰਸ ਪਾਰਟੀ ਦਾ ਦੁਖਾਂਤ ਇਹੋ ਹੈ ਕਿ ਉਸ ਦੇ ਨੇਤਾ ਫੀਲਡ ਵਿੱਚ ਕੰਮ ਕਰਨ ਦੀ ਥਾਂ ਸੀਨੀਅਰ ਨੇਤਾਵਾਂ ਦੀ ਚਮਚਾਗਿਰੀ ਵਿੱਚ ਮਸ਼ਰੂਫ ਰਹਿੰਦੇ ਹਨ, ਕਿਉਂਕਿ ਉਨ੍ਹਾਂ ਦੇ ਹਿੱਤਾਂ 'ਤੇ ਸੀਨੀਅਰ ਲੀਡਰਸ਼ਿਪ ਚਮਚਾਗਿਰੀ ਕਰਕੇ ਹੀ ਪਹਿਰਾ ਦਿੰਦੀ ਹੈ। ਪੰਜਾਬ ਕਾਂਗਰਸ ਪਾਰਟੀ ਲਈ ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਆਪਣੇ ਆਧਾਰ ਨੂੰ ਵਧਾਉਣ ਅਤੇ ਲੋਕਾਂ ਨੂੰ ਕਾਂਗਰਸ ਪਾਰਟੀ ਨਾਲ ਜੋੜਨ ਦਾ ਵਧੀਆ ਮੌਕਾ ਹੈ। ਵੇਖਣ ਵਾਲੀ ਗੱਲ ਹੈ ਕਿ ਪੰਜਾਬ ਦੇ ਕਾਂਗਰਸੀ ਇਸ ਮੌਕੇ ਦਾ ਸਦਉਪਯੋਗ ਕਰ ਸਕਣਗੇ ਜਾਂ ਬੇਇਤਫਾਕੀ ਦਾ ਮੁਜ਼ਾਹਰਾ ਕਰਨਗੇ। ਕਾਂਗਰਸ ਪਾਰਟੀ ਦੇ ਨੇਤਾਵਾਂ ਦੀ ਆਪਸੀ ਫੁੱਟ ਪੰਜਾਬ ਪ੍ਰਦੇਸ਼ ਕਾਂਗਰਸ ਵੱਲੋਂ ਭਾਰਤ ਜੋੜੋ ਯਾਤਰਾ ਦੀ ਸਫਲਤਾ ਸੰਬੰਧੀ ਕੀਤੀਆਂ ਜਾ ਰਹੀਆਂ ਮੀਟਿੰਗਾਂ ਤੋਂ ਸਾਫ ਵਿਖਾਈ ਦੇ ਰਹੀ ਹੈ। ਇਸ ਲਈ ਕਾਂਗਰਸ ਹਾਈ ਕਮਾਂਡ ਨੇ ਪਾਰਟੀ ਵਿੱਚ ਵਧੀਆ ਤਾਲਮੇਲ ਰੱਖਣ ਲਈ ਸੀਨੀਅਰ ਨੇਤਾ ਸ੍ਰੀ ਵੇਨੂੰਗੋਪਾਲ ਨੂੰ ਤਾਲਮੇਲ ਕਰਨ ਲਈ ਲਗਾਇਆ ਹੈ। ਵਿਧਾਨ ਸਭਾ ਹਲਕਿਆਂ ਦੇ ਸਥਾਨਕ ਨੇਤਾ ਅਤੇ ਸਾਬਕਾ ਵਿਧਾਨਕਾਰ/ਮੰਤਰੀ ਆਪੋ-ਆਪਣੀਆਂ ਵੱਖਰੀਆਂ-ਵੱਖਰੀਆਂ ਮੀਟਿੰਗਾਂ ਕਰ ਰਹੇ ਹਨ। ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਕਰਕੇ ਹੋ ਸਕਦਾ ਜਿਹੜੇ ਨੇਤਾ



ਕਾਂਗਰਸ ਪਾਰਟੀ ਨੂੰ ਤਿਲਾਂਜਲੀ ਦੇਣੀ ਚਾਹੁੰਦੇ ਸਨ ਜਾਂ ਆਪੋ-ਆਪਣੇ ਘਰਾਂ ਵਿੱਚ ਚੁੱਪ ਬੈਠੇ ਸਨ, ਉਹ ਸਰਗਰਮ ਹੋ ਜਾਣਗੇ ਤੇ ਫਿਲਹਾਲ ਪਾਰਟੀ ਛੱਡਣ ਤੋਂ ਗੁਰੇਜ਼ ਕਰਨਗੇ, ਕਿਉਂਕਿ ਕਾਂਗਰਸ ਪਾਰਟੀ ਦਾ ਹਰ ਨੇਤਾ ਆਪੋ-ਆਪਣੇ ਵਰਕਰਾਂ ਨਾਲ ਤਾਲਮੇਲ ਬਣਾ ਰਿਹਾ ਹੈ। ਪੰਜਾਬ ਵਿੱਚ ਇਸ ਯਾਤਰਾ ਨਾਲ ਕਾਂਗਰਸ ਪਾਰਟੀ ਹੇਠਲੇ ਪੱਧਰ/ਵਰਕਰ ਦੇ ਪੱਧਰ 'ਤੇ ਕਾਫੀ ਸਰਗਰਮ ਹੋਈ ਹੈ। ਇਹ ਸਰਗਰਮੀ ਪਾਰਟੀ ਲਈ ਸ਼ੁੱਭ ਸ਼ਗਨ ਹੈ। ਆਉਂਦੀਆਂ ਲੋਕ ਸਭਾ ਚੋਣਾਂ ਤੱਕ ਇਨ੍ਹਾਂ ਵਰਕਰਾਂ ਨੂੰ ਪਾਰਟੀ ਨਾਲ ਜੋੜ ਕੇ ਰੱਖਣ ਦੀ ਜ਼ਿੰਮੇਵਾਰੀ ਕਾਂਗਰਸ ਪਾਰਟੀ ਦੀ ਲੀਡਰਸ਼ਿਪ 'ਤੇ ਨਿਰਭਰ ਕਰੇਗੀ। ਇਹ ਯਾਤਰਾ ਪਾਰਟੀ ਲਈ ਇਸ ਕਰਕੇ ਵੀ ਸਾਰਥਕ ਹੋ ਸਕਦੀ ਹੈ, ਕਿਉਂਕਿ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਪਿੰਡ ਪੱਧਰ 'ਤੇ ਲੋਕਾਂ ਨੂੰ ਲਾਮਬੰਦ ਕਰ ਰਹੀ ਹੈ। ਖਾਸ ਤੌਰ 'ਤੇ ਦਿਹਾਤੀ ਸਿੱਖਾਂ ਨੂੰ ਆਪਣੇ ਨਾਲ ਜੋੜ ਰਹੀ ਹੈ। ਪਾਰਟੀ ਵਰਕਰਾਂ ਨੂੰ ਇਕਮੁੱਠ ਰੱਖਣਾ ਕਾਂਗਰਸ ਪਾਰਟੀ ਦੀਆਂ ਸਥਾਨਕ ਇਕਾਈਆਂ ਅਤੇ ਸਥਾਨਕ ਪੱਧਰ ਦੇ ਨੇਤਾਵਾਂ ਦੀ ਸੋਚ 'ਤੇ ਨਿਰਭਰ ਕਰਦਾ ਹੈ। ਰਾਹੁਲ ਗਾਂਧੀ ਕੋਲ ਆਪਣੀ ਹਾਜ਼ਰੀ ਲਗਵਾਉਣ ਲਈ ਸਥਾਨਕ ਨੇਤਾ ਅੱਡੀ-ਚੋਟੀ ਦਾ ਜ਼ੋਰ ਲਗਾ ਰਹੇ ਹਨ। ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਕਾਂਗਰਸ ਵਿਧਾਨ ਸਭਾ ਪਾਰਟੀ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਪਾਰਟੀ ਨੂੰ ਇਕਮੁੱਠ ਕਰਨ ਲਈ ਕੋਸ਼ਿਸ਼ ਕਰ ਰਹੇ ਹਨ ਪ੍ਰੰਤੂ ਰਾਜਾ ਵੜਿੰਗ ਦੇ ਆਪਣੇ ਬਠਿੰਡਾ ਜਿਲ੍ਹੇ ਵਿੱਚ ਮਨਪ੍ਰੀਤ ਸਿੰਘ ਬਾਦਲ ਦਾ ਧੜਾ ਉਸ ਦਾ ਸਾਥ ਨਹੀਂ ਦੇ ਰਿਹਾ। ਇੱਥੋਂ ਤੱਕ ਕਿ ਉਸ ਵੱਲੋਂ ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਲਈ ਸੱਦੀ ਗਈ ਮੀਟਿੰਗ ਵਿੱਚ ਵੀ ਨਹੀਂ ਪਹੁੰਚਿਆ। ਇਸੇ ਤਰ੍ਹਾਂ ਪਟਿਆਲਾ ਜ਼ਿਲ੍ਹੇ ਦੀ ਸ਼ਹਿਰੀ ਇਕਾਈ ਦਾ ਪ੍ਰਧਾਨ ਨਰਿੰਦਰ ਲਾਲੀ ਜੋ ਨਵਜੋਤ ਸਿੰਘ ਸਿੱਧੂ ਦਾ ਕਰੀਬੀ ਸੀ, ਉਸ ਨੂੰ ਰਾਜਾ ਵੜਿੰਗ ਨੇ ਪ੍ਰਧਾਨਗੀ ਤੋਂ ਹਟਾ ਦਿੱਤਾ ਹੈ। ਉਹ ਧੜਾ ਆਪਣੀਆਂ ਵੱਖਰੀਆਂ ਮੀਟਿੰਗਾਂ ਕਰ ਰਿਹਾ ਹੈ। ਹਾਲਾਂਕਿ ਰਾਜਾ ਵੜਿੰਗ ਅਤੇ ਨਵਜੋਤ ਸਿੰਘ ਸਿੱਧੂ ਪਹਿਲਾਂ ਘਿਓ-ਖਿਚੜੀ ਸਨ।

ਜਨਵਰੀ 2021 ਵਿੱਚ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਬੁਰੀ ਤਰ੍ਹਾਂ ਆਮ ਆਦਮੀ ਪਾਰਟੀ ਕੋਲੋਂ ਹਾਰਨ ਤੋਂ ਬਾਅਦ ਕਾਂਗਰਸੀ ਨੇਤਾਵਾਂ ਅਤੇ ਵਰਕਰਾਂ ਦੇ ਹੌਸਲੇ ਪਸਤ ਹੋਏ ਪਏ ਹਨ। ਕਾਂਗਰਸ ਦੇ ਰਾਜ ਵਿੱਚ ਭ੍ਰਿਸ਼ਟਾਚਾਰ ਭਾਰੂ ਰਿਹਾ। ਕਾਂਗਰਸੀ ਨੇਤਾ ਇਕ-ਦੂਜੇ 'ਤੇ ਚਿੱਕੜ ਸੁੱਟਦੇ ਰਹੇ ਹਨ। ਹੈਰਾਨੀ ਦੀ ਗੱਲ ਹੈ ਕਿ ਪੰਜਾਬ ਕਾਂਗਰਸ ਦੇ ਉਹ ਸੀਨੀਅਰ ਨੇਤਾ ਜਿਹੜੇ ਨਵਜੋਤ ਸਿੰਘ ਸਿੱਧੂ ਦਾ ਪ੍ਰਧਾਨ ਬਣਨ 'ਤੇ ਜ਼ਬਰਦਸਤ ਵਿਰੋਧ ਕਰ ਰਹੇ ਸਨ, ਉਹ ਹੁਣ ਪਟਿਆਲਾ ਜੇਲ੍ਹ ਵਿੱਚ ਬੰਦ ਨਵਜੋਤ ਸਿੰਘ ਸਿੱਧੂ ਨਾਲ ਮੁਲਾਕਾਤਾਂ ਕਰ ਰਹੇ ਹਨ। ਇਸ ਸਮੇਂ ਪਾਰਟੀ ਵਿੱਚ ਪੁਰਾਣੇ ਸਮੀਕਰਨ ਬਦਲ ਰਹੇ ਹਨ। ਸ਼ਮਸ਼ੇਰ ਸਿੰਘ ਦੂਲੋ ਸਾਬਕ ਮੈਂਬਰ ਰਾਜ ਸਭਾ ਅਤੇ ਪ੍ਰਧਾਨ ਪੰਜਾਬ ਪ੍ਰਦੇਸ਼ ਕਾਂਗਰਸ ਜਿਹੜੇ ਨਵਜੋਤ ਸਿੰਘ ਸਿੱਧੂ ਦੇ ਕੱਟੜ ਵਿਰੋਧੀ ਸਨ, ਹੁਣ ਵਾਰ-ਵਾਰ ਜੇਲ੍ਹ ਵਿੱਚ ਨਵਜੋਤ ਸਿੰਘ ਸਿੱਧੂ ਨੂੰ ਮਿਲ ਰਹੇ ਹਨ। ਮਹਿੰਦਰ ਸਿੰਘ ਕੇ.ਪੀ. ਜਿਹੜਾ ਚਰਨਜੀਤ ਸਿੰਘ ਚੰਨੀ ਦਾ ਨਜ਼ਦੀਕੀ ਰਿਸ਼ਤੇਦਾਰ ਹੈ, ਉਹ ਵੀ ਨਵਜੋਤ ਸਿੰਘ ਸਿੱਧੂ ਦੀ ਜੇਲ੍ਹ ਵਿੱਚ ਹਾਜ਼ਰੀ ਭਰ ਕੇ ਗਿਆ ਹੈ। ਕਾਂਗਰਸ ਪਾਰਟੀ ਦੇ ਨੇਤਾਵਾਂ ਨੂੰ ਵਿਧਾਨ ਸਭਾ ਦੀ ਹਾਰ ਤੋਂ ਸਬਕ ਸਿੱਖਣਾ ਚਾਹੀਦਾ ਹੈ। ਨਵਜੋਤ ਸਿੰਘ ਸਿੱਧੂ ਨੂੰ ਜੇਲ੍ਹ ਵਿੱਚ ਪ੍ਰਿਅੰਕਾ ਗਾਂਧੀ ਦੇ ਦੂਤ ਵੱਲੋਂ ਚਿੱਠੀ ਭੇਜਣ ਦੀਆਂ ਖ਼ਬਰਾਂ ਫੈਲਾਈਆਂ ਜਾ ਰਹੀਆਂ ਹਨ। ਇਹ ਵੀ ਕਿਹਾ ਜਾ ਰਿਹਾ ਹੈ ਕਿ ਉਸ ਦੇ ਜੇਲ੍ਹ ਵਿੱਚੋਂ ਬਾਹਰ ਆਉਣ 'ਤੇ ਉਸ ਨੂੰ ਵੱਡਾ ਅਹੁਦਾ ਦਿੱਤਾ ਜਾਵੇਗਾ। ਅਜਿਹੇ ਸਵਾਲ ਵਰਕਰਾਂ ਵਿੱਚ ਖਲਬਲੀ ਮਚਾ ਰਹੇ ਹਨ। ਕੈਪਟਨ ਅਮਰਿੰਦਰ ਸਿੰਘ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਲਾਹ ਕੇ ਨਵਾਂ ਮੁੱਖ ਮੰਤਰੀ ਬਣਾਉਣ ਦੀ ਕਵਾਇਦ ਨੇ ਪਾਰਟੀ ਲਈ ਨਵੀਆਂ ਮੁਸ਼ਕਲਾਂ ਪੈਦਾ ਕਰ ਦਿੱਤੀਆਂ ਸਨ। ਚਰਨਜੀਤ ਸਿੰਘ ਚੰਨੀ ਆਪ ਵੀ ਚਮਕੌਰ ਸਾਹਿਬ ਅਤੇ ਭਦੌੜ ਵਿਧਾਨ ਸਭਾ ਦੀਆਂ ਦੋਵਾਂ ਸੀਟਾਂ ਤੋਂ ਚੋਣ ਹਾਰ ਗਿਆ ਸੀ। ਚੰਨੀ ਦੇ ਮੁੱਖ ਮੰਤਰੀ ਬਣਨ ਤੋਂ ਕੁਝ ਸਮਾਂ ਬਾਅਦ ਹੀ ਨਵਜੋਤ ਸਿੰਘ ਸਿੱਧੂ ਨੇ ਬਾਗੀ ਤੇਵਰ ਵਿਖਾਉਣੇ ਸ਼ੁਰੂ ਕਰ ਦਿੱਤੇ ਸਨ।

ਪੰਜਾਬ ਕਾਂਗਰਸ ਦੇ ਨੇਤਾ ਇਕਮੁੱਠ ਹੋ ਕੇ ਚੋਣ ਲੜਨ ਦੀ ਥਾਂ ਬਿਖ਼ਰ ਗਏ। ਪਾਰਟੀ ਦੀ ਫੁੱਟ ਚੋਣਾਂ ਵਿੱਚ ਜੱਗ ਜ਼ਾਹਰ ਹੋ ਗਈ, ਜਿਸ ਦਾ ਇਵਜ਼ਾਨਾ ਕਾਂਗਰਸ ਪਾਰਟੀ ਨੂੰ ਭੁਗਤਣਾ ਪਿਆ। ਆਮ ਆਦਮੀ ਪਾਰਟੀ ਦੀ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਅਧੀਨ ਕੁਝ ਸਾਬਕਾ ਕਾਂਗਰਸੀ ਮੰਤਰੀ ਜੇਲ੍ਹਾਂ ਦੀ ਹਵਾ ਖਾ ਰਹੇ ਹਨ। ਬਾਕੀ ਰਹਿੰਦੇ ਭ੍ਰਿਸ਼ਟ ਮੰਤਰੀਆਂ ਨੂੰ ਗ੍ਰਿਫ਼ਤਾਰੀਆਂ ਦਾ ਡਰ ਸਤਾ ਰਿਹਾ ਹੈ, ਜਿਸ ਕਰਕੇ ਪਾਰਟੀ ਵਰਕਰਾਂ ਅਤੇ ਲੀਡਰਸ਼ਿਪ ਦਾ ਮਨੋਬਲ ਡਿਗਿਆ ਪਿਆ ਹੈ। ਇਨ੍ਹਾਂ ਖ਼ਬਰਾਂ ਤੋਂ ਤਾਂ ਇਉਂ ਲੱਗ ਰਿਹਾ ਹੈ ਕਿ ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਦੀ ਸਫਲਤਾ ਪੰਜਾਬ ਕਾਂਗਰਸ ਲਈ ਵੰਗਾਰ ਹੋਵੇਗੀ। ਕਾਂਗਰਸੀ ਨੇਤਾਵਾਂ ਨੂੰ ਸਾਰੇ ਗਿਲੇ-ਸ਼ਿਕਵੇ ਭੁੱਲ ਕੇ ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਨੂੰ ਸਫਲ ਕਰਨ ਵਿੱਚ ਸਹਿਯੋਗ ਕਰਨਾ ਚਾਹੀਦਾ ਹੈ, ਇਹ ਯਾਤਰਾ ਕਾਂਗਰਸ ਲਈ ਵਰਦਾਨ ਸਾਬਤ ਹੋਵੇਗੀ।

**# ਸੰਪਰਕ : 94178-13072**

# ਜੰਮ ਜੰਮ ਕਰੋ ਸ਼ਰਾਰਤਾਂ, ਪਰ...!

ਕਮਲ

ਅਸਲ ਵਿੱਚ ਮੈਨੂੰ ਇਉਂ ਲੱਗਦੈ ਬਈ ਮਨੁੱਖ ਬਾਂਦਰ ਦਾ ਹੀ ਵਿਕਸਤ ਰੂਪ ਹੋਣ ਕਰਕੇ ਸ਼ਰਾਰਤੀ ਦਿਮਾਗ ਰੱਖਦੈ, ਹਰ ਕਿਸੇ ਕੋਲ ਜ਼ਿੰਦਗੀ 'ਚ ਕੀਤੀਆਂ ਸ਼ਰਾਰਤਾਂ ਦੀ ਇੱਕ ਲੜੀ ਹੁੰਦੀ ਐ। ਜੇ ਬੰਦਾ ਸਾਰੀਆਂ ਸ਼ਰਾਰਤਾਂ ਕਾਗਜ਼ 'ਤੇ ਉੱਕਰਨ ਲੱਗ ਜਾਵੇ ਤਾਂ ਕਾਗਜ਼ ਸ਼ਾਇਦ ਮੁੱਕ ਜਾਣ, ਪਰ ਸ਼ਰਾਰਤਾਂ ਦਾ ਭੰਡਾਰ ਨਹੀਂ।

ਹੋਸਟਲ ਸਮੇਂ ਦੀਆਂ ਬਹੁਤ ਸਾਰੀਆਂ ਸ਼ਰਾਰਤਾਂ 'ਚੋਂ ਮੇਰੀਆਂ ਵੀ ਦੋ ਅਜਿਹੀਆਂ ਸ਼ਰਾਰਤਾਂ ਹਨ, ਜੋ ਅਭੁੱਲ ਯਾਦ ਬਣ ਗਈਆਂ ਅਤੇ ਹੁਣ ਵੀ ਤਰੋਤਾਜ਼ਾ ਲੱਗਦੀਆਂ ਹਨ, ਹੁਣ ਵੀ ਯਾਦ ਕਰਕੇ ਓਨਾ ਹੀ ਹਾਸਾ ਆਉਂਦਾ ਹੈ। ਹੋਇਆ ਇਉਂ ਕਿ ਨਰਸਿੰਗ ਦੀ ਟ੍ਰੇਨਿੰਗ ਦੌਰਾਨ ਸਾਨੂੰ ਹੋਸਟਲ ਵਿੱਚੋਂ ਰੋਜ਼ਾਨਾ ਬਾਹਰ ਆਉਣ ਜਾਣ ਦੀ ਇਜਾਜ਼ਤ ਨਹੀਂ ਸੀ ਹੁੰਦੀ, ਸ਼ਨਿੱਚਰਵਾਰ ਅਤੇ ਐਤਵਾਰ ਨੂੰ ਸਿਰਫ ਤਿੰਨ ਘੰਟਿਆਂ ਲਈ ਹੀ ਹੋਸਟਲ 'ਚੋਂ ਬਾਹਰ ਜਾਣ ਦੀ ਇਜਾਜ਼ਤ ਮਿਲਦੀ ਸੀ। ਉਨ੍ਹੀਂ ਦਿਨੀਂ 'ਇਨਸਾਫ ਕਾ ਤਰਾਜੂ' ਫਿਲਮ ਦੀ ਬੜੀ ਚਰਚਾ ਸੀ ਅਤੇ ਸਾਡਾ ਵੀ ਬੜਾ ਮਨ ਕਰਦਾ ਸੀ ਫਿਲਮ ਦੇਖਣ ਨੂੰ ਅਸੀਂ ਪ੍ਰੋਗਰਾਮ ਬਣਾਇਆ ਅਤੇ ਆਪਣੀ ਮੈਡਮ ਤੋਂ ਆਗਿਆ ਲੈਣ ਲਈ ਪੁੱਛਿਆ, "ਮੈਡਮ ਅਸੀਂ ਫਿਲਮ ਦੇਖਣ ਚਲੇ ਜਾਈਏ ਜੀ?" ਮੈਡਮ ਜੀ ਦਾ ਤਾਂ ਕੋਰਾ ਜੁਆਬ ਕਹਿੰਦੇ, "ਨਾ, ਬਿਲਕੁਲ 'ਨ੍ਹੀਂ, ਤਿੰਨ ਘੰਟਿਆਂ ਵਿੱਚ ਫਿਲਮ ਕਿਵੇਂ ਵੇਖੀ ਜਾਊ? ਆਉਣ-ਜਾਣ 'ਤੇ ਵੀ ਸਮਾਂ ਲੱਗਣੈ।"

ਅਸੀਂ ਮਸੋਸੇ ਜਿਹੇ ਮਨ ਨਾਲ ਕਿਹਾ, "ਚਲੋ, ਠੀਕ ਐ ਮੈਡਮ ਜੀ।" ਜਿਵੇਂ ਕਿ ਆਪਾਂ ਜਾਣਦੇ ਹਾਂ ਕਿ ਨੌਜਵਾਨਾਂ, ਵਿਦਿਆਰਥੀਆਂ ਦਾ ਸੁਭਾਅ ਸ਼ਰਾਰਤੀ ਤਾਂ ਹੁੰਦਾ ਹੀ ਹੈ, ਅਸੀਂ ਵੀ ਫਿਰ ਧਾਰ ਹੀ ਲਿਆ ਬਈ ਫਿਲਮ ਦੇਖਣੀ ਤਾਂ ਜ਼ਰੂਰ ਐ, ਪਰ ਪੰਗਾ ਇਹ ਵੀ ਸੀ ਕਿ ਫਿਲਮ ਲੱਗੀ ਵੀ ਨਾਲ ਵਾਲੇ ਸ਼ਹਿਰ 'ਚ ਸੀ, ਜਿੱਥੇ ਆਉਣ-ਜਾਣ ਲਈ ਇੱਕ ਘੰਟੇ ਦਾ ਸਮਾਂ ਹੋਰ ਵੀ ਚਾਹੀਦਾ ਸੀ, ਜਾਣਾ ਵੀ ਬੱਸ 'ਤੇ ਹੀ ਸੀ, ਉਦੋਂ ਕਿਹੜਾ ਹੁਣ ਵਾਂਗ ਕੈਬ ਹੁੰਦੀਆਂ ਸੀ। ਜੇ ਹੁੰਦੀਆਂ ਤਾਂ ਵੀ ਕਿਹੜਾ ਅਸੀਂ ਕਰਵਾ ਲੈਂਦੀਆਂ, ਪੈਸੇ ਤਾਂ ਸਾਡੇ ਕੋਲ ਫਿਲਮ ਤੇ ਬੱਸ ਦੇ ਕਿਰਾਏ ਜੋਗੇ ਹੀ ਮਸਾਂ ਸਨ ।

ਸਾਡੇ ਹੋਸਟਲ ਵਿੱਚ ਜਦੋਂ ਵਾਰਡਨ ਛੁੱਟੀ 'ਤੇ ਹੁੰਦੇ ਤਾਂ ਆਉਣ-ਜਾਣ ਵਾਲੇ ਰਜਿਸਟਰ 'ਤੇ ਐਂਟਰੀ ਕਰਾਉਣ ਲਈ ਮੈਡਮ ਆਪਣੀ ਕਿਸੇ ਚਹੇਤੀ ਵਿਦਿਆਰਥਣ ਦੀ ਡਿਊਟੀ ਲਗਾ ਦਿੰਦੇ, ਜਿਸ ਦਾ ਅਸੀਂ ਭਰਪੂਰ ਫਾਇਦਾ ਲਿਆ। ਅਸੀਂ ਐਂਟਰੀ ਰਜਿਸਟਰ ਵਿੱਚ ਸਮਾਂ ਗਲਤ ਦਰਜ ਕਰ ਦਿੱਤਾ, ਪਰ ਉਹਨੇ ਰਜਿਸਟਰ 'ਤੇ ਸਮਾਂ ਚੈੱਕ ਕਰਨ ਦੀ ਸ਼ਾਇਦ ਲੋੜ ਹੀ ਨਹੀਂ ਸਮਝੀ, ਕਿਉਂਕਿ ਸਾਡਾ ਪ੍ਰਭਾਵ ਵੀ ਕੁੱਝ ਪੜ੍ਹਨ-ਲਿਖਣ ਅਤੇ ਅਨੁਸ਼ਾਸਨਬੱਧ ਵਿਦਿਆਰਥਣਾਂ ਵਾਲਾ ਹੀ ਸੀ ।ਅਸੀਂ ਫਿਲਮ ਦੇਖੀ ਅਤੇ ਵਾਪਸ ਆ ਕੇ ਫਿਰ ਐਂਟਰੀ ਸਮੇਂ 'ਚ ਹੇਰਾ-ਫੇਰੀ ਕੀਤੀ। ਬੜੀਆਂ ਖੁਸ਼ ਕਿ ਮਨ ਦੀ ਰੀਝ ਪੁਗਾ ਲਈ। ਫਿਲਮ ਦੇਖਣ ਦੇ ਨਾਲ-ਨਾਲ ਜਿਹੜੇ ਢੰਗ ਨਾਲ ਫਿਲਮ ਦੇਖਣ ਵਿੱਚ ਕਾਮਯਾਬ ਹੋਈਆਂ, ਉਹਦੀ ਖੁਸ਼ੀ ਕੁੱਝ ਜ਼ਿਆਦਾ ਹੀ ਸੀ, ਪਰ ਜਦੋਂ ਇੱਕ ਦਿਨ ਇੱਕ ਵਿਦਿਆਰਥਣ ਨੇ ਮੈਡਮ ਦੇ ਹੁਕਮਾਂ ਦੀ ਅਵੱਗਿਆ ਕੀਤੀ ਤਾਂ ਮੈਡਮ ਨੇ ਉਹਨੂੰ ਕਲਾਸ ਵਿੱਚ ਖੜੇ ਕਰ ਲਿਆ ਅਤੇ ਝਿੜਕਾਂ ਦਿੰਦੇ-ਦਿੰਦੇ ਸਾਡੀ ਉਦਾਹਰਣ ਦੇ ਕੇ ਕਹਿਣ ਲੱਗੇ, "ਦੇਖੋ, ਇਹਨਾਂ ਨੂੰ ਮੈਂ ਫਿਲਮ ਦੇਖਣ ਤੋਂ ਮਨ੍ਹਾ ਕੀਤਾ, ਇਹ ਗਈਆਂ? ਬਿਲਕੁਲ ਨਹੀਂ ਗਈਆਂ, ਸਿੱਖ ਲਓ ਇਹਨਾਂ ਤੋਂ ਕੁੱਝ।" ਓਹੋ ਓਹੋ! ਬੱਸ ਫਿਰ ਕੀ ਸੀ, ਉਹ ਤਾਂ ਸਾਨੂੰ ਹੀ ਪਤੈ ਬਈ ਉਦੋਂ ਅਸੀਂ ਆਪਣੇ-ਆਪ ਨੂੰ ਕਲਾਸ 'ਚ ਕਿਵੇਂ ਸੰਭਾਲਿਆ। ਫਿਰ ਹੋਸਟਲ ਆ ਕੇ ਐਨਾ ਹੱਸੀਆਂ ਕਿ ਬੱਸ ਪੁੱਛੋ ਹੀ ਨਾ, ਅੱਜ ਵੀ ਕੰਨ 'ਚ ਉਹੀ ਹਾਸਾ ਗੂੰਜਦਾ ਐ। ਹੁਣ ਜਦੋਂ ਕਦੇ ਵੀ ਮੈਨੂੰ ਉਹ ਘਟਨਾ ਯਾਦ ਆਉਂਦੀ ਐ ਜਾਂ ਕਿਸੇ ਨੂੰ ਉਹ ਫ਼ਿਲਮ ਵਾਲਾ ਕਿੱਸਾ ਸੁਣਾਉਂਦੀ ਹਾਂ ਤਾਂ ਕਿਸੇ ਦਾ ਹਾਸਾ ਵੀ ਰੁਕਣ ਦਾ ਨਾਂਅ ਨਹੀਂ ਲੈਂਦਾ ਅਤੇ ਮੇਰਾ ਚਿੱਤ ਵੀ ਕਿੰਨਾ ਚਿਰ ਹੀ ਸੁਆਦਲਾ ਜਿਹਾ ਬਣਿਆ ਰਹਿੰਦੈ।

ਇਸੇ ਤਰ੍ਹਾਂ ਦੂਸਰੀ ਘਟਨਾ ਜੋ ਕਦੇ ਨਹੀਂ ਭੁੱਲਦੀ, ਉਹ ਇਹ ਹੈ ਕਿ ਸਾਡੀ ਮੈਡਮ ਨੇ ਸਾਨੂੰ ਕਿਹਾ ਕਿ, "ਬੱਚਿਓ! ਕੱਲ੍ਹ ਨੂੰ ਸ਼ਹਿਰ 'ਚ ਜਲੂਸ ਕੱਢਿਆ ਜਾਣਾ ਹੈ, ਤੁਹਾਨੂੰ ਵੀ ਲੈ ਕੇ ਚੱਲਾਂਗੇ।" ਇਹ ਸੁਣਦਿਆਂ ਹੀ ਸਾਨੂੰ ਤਾਂ ਚੜ੍ਹ ਗਿਆ ਚਾਅ ਕਿ ਸ਼ੁਕਰ ਐ! ਹੋਸਟਲ 'ਚੋਂ ਬਾਹਰ ਨਿਕਲਣ ਦਾ ਸਬੱਬ ਤਾਂ ਬਣਿਆ। ਬੱਸ ਫਿਰ ਕੀ ਸੀ ਬਣਾ ਲਿਆ ਪ੍ਰੋਗਰਾਮ। ਜਦੋਂ ਜਲੂਸ ਚੱਲ ਪਿਆ ਤਾਂ ਤੁਰਦੇ-ਤੁਰਦੇ ਪਿੱਛੇ-ਪਿੱਛੇ ਹਟੀ ਗਈਆਂ ਤੇ ਬਾਜ਼ਾਰ 'ਚ ਵੜ ਗਈਆਂ। ਆਪਣੇ ਬਣਾਏ ਹੋਏ ਪ੍ਰੋਗਰਾਮ ਮੁਤਾਬਿਕ ਫੋਟੋ ਸਟੂਡੀਓ ਵਿੱਚ ਚਲੀਆਂ ਗਈਆਂ (ਉਦੋਂ ਕਿਹੜਾ ਹੁਣ ਵਾਂਗ ਫੋਨ ਹੁੰਦੇ ਸੀ, ਬਈ ਲਈ ਚੱਲੋ ਸੈਲਫੀਆਂ) ਅਸੀਂ ਉਥੇ ਬੜੇ ਪੋਜ ਬਣਾ-ਬਣਾ ਕੇ, ਕਿਸੇ ਨੇ ਸਾੜ੍ਹੀ ਲਾ ਕੇ, ਕਿਸੇ ਨੇ ਪੱਗ ਬੰਨ੍ਹ ਕੇ, ਕਿਸੇ ਨੇ ਕਿਵੇਂ ਤੇ ਕਿਸੇ ਨੇ ਕਿਵੇਂ ਫੋਟੋਆਂ ਕਰਵਾਈਆਂ, ਪਤਾ ਹੀ ਨਹੀਂ ਲੱਗਿਆ ਦੋ-ਤਿੰਨ ਘੰਟਿਆਂ ਦਾ ਸਮਾਂ ਕਦੋਂ ਬੀਤ ਗਿਆ, ਫੋਟੋਆਂ ਫੜ ਕੇ ਫਟਾਫਟ ਉਥੇ ਪਹੁੰਚ ਗਈਆਂ, ਜਿੱਥੇ ਜਲੂਸ ਦੀ ਸਮਾਪਤੀ ਸੀ। ਹੋਸਟਲ ਵਾਪਸੀ ਵੇਲੇ ਮੈਡਮ ਸਾਰੀਆਂ ਵਿਦਿਆਰਥਣਾਂ ਨੂੰ ਇਕੱਠਿਆਂ ਖੜ੍ਹਾ ਕੇ ਕਹਿਣ ਲੱਗੇ, "ਆਇਆ ਮਜ਼ਾ? ਦੇਖੋ ਕਿੰਨਾ ਕੁੱਝ ਖਾਣ ਨੂੰ ਮਿਲਿਆ ਤੁਹਾਨੂੰ, ਖੁਸ਼ ਹੋ ਹੁਣ ਤਾਂ ਪੂਰੀਆਂ?" ਸਾਰਿਆਂ ਨੇ ਇਕੋ ਆਵਾਜ਼ 'ਚ ਕਿਹਾ, "ਹਾਂ ਜੀ", ਤੇ ਇਸ 'ਹਾਂ ਜੀ' 'ਚ ਸ਼ਾਇਦ ਸਾਡੀ ਆਵਾਜ਼ ਸਭ ਤੋਂ ਉੱਚੀ ਸੀ। ਹੁਣ ਜਦੋਂ ਵੀ ਮੈਂ ਕੋਈ ਰੈਲੀ/ਜਲੂਸ ਨਿਕਲਦਾ ਦੇਖਦੀ ਹਾਂ ਤਾਂ ਮੈਨੂੰ ਆਪਣੀ ਉਹ ਘਟਨਾ ਤਾਜ਼ਾ ਹੋ ਜਾਂਦੀ ਐ ਅਤੇ ਇਉਂ ਲੱਗਦਾ ਐ, ਜਿਵੇਂ ਕੱਲ੍ਹ ਦੀ ਹੀ ਗੱਲ ਹੋਵੇ।

ਇੱਥੇ ਵਰਨਣਯੋਗ ਗੱਲ ਇਹ ਹੈ ਕਿ ਮੇਰੇ ਦੇਖਦਿਆਂ-ਦੇਖਦਿਆਂ ਪਹਿਲਾਂ ਜਦੋਂ ਸਾਡੀ ਇਸ ਸੰਸਥਾ ਦੀਆਂ ਵਿਦਿਆਰਥਣਾਂ ਦੀਆਂ ਰਾਰਤਾਂ ਸਾਡੇ ਧਿਆਨ ਵਿੱਚ ਆਉਂਦੀਆਂ ਸਨ ਤਾਂ ਅਸੀਂ ਉਹਨਾਂ ਨੂੰ ਕੋਲ ਬੁਲਾਉਣਾ ਅਤੇ ਸਮਝਾਅ-ਬੁਝਾਅ ਕੇ ਤੋਰ ਦੇਣਾ। ਉਹਨਾਂ ਦੀਆਂ ਸ਼ਰਾਰਤਾਂ ਸੁਣ ਕੇ ਚੰਗਾ ਵੀ ਲੱਗਦਾ ਅਤੇ ਤਸੱਲੀ ਵੀ ਮਿਲਦੀ ਕਿ ਠੀਕ ਗੱਲ ਐ, ਵਿਦਿਆਰਥੀਆਂ ਨੂੰ ਸਿਰਫ "ਯੈਸ ਮੈਨ" ਤਾਂ ਨਹੀਂ ਹੋਣਾ ਚਾਹੀਦਾ? ਫਿਰ ਸਟਾਫ ਮੈਂਬਰ ਆਪਸ 'ਚ ਗੱਲਾਂ ਕਰਨ ਲੱਗ ਜਾਂਦੇ ਕਿ ਆਪਾਂ ਵੀ ਇਹੋ ਕੁੱਝ ਕਰਦੇ ਹੁੰਦੇ ਸੀ, ਕਿਸੇ ਨਾ ਕਿਸੇ ਨੇ ਆਪਣੀ ਸ਼ਰਾਰਤ ਦੀ ਕੋਈ ਨਾ ਕੋਈ ਕਹਾਣੀ ਜ਼ਰੂਰ ਸੁਣਾਉਣੀ।

ਪਰ ਹੁਣ ਫਿਕਰ ਦੀ ਗੱਲ ਇਹ ਹੈ ਪਿਛਲੇ ਕੁੱਝ ਸਮੇਂ ਤੋਂ ਵਿਦਿਆਰਥਣਾਂ ਦੇ ਇਹੋ ਜਿਹੇ ਉਲਾਂਭੇ ਸੁਣਨ ਨੂੰ ਮਿਲਦੇ, ਜਿਹਨਾਂ ਨੂੰ ਐ ਸੁਣ ਕੇ ਮਨ ਬਹੁਤ ਦੁਖੀ ਹੁੰਦੈ ਅਤੇ ਉਹਨਾਂ ਦੇ ਮਾਪਿਆਂ ਦੇ ਚਿਹਰੇ ਤਾਂ ਬੱਸ ਦੇਖਣ ਵਾਲੇ ਹੀ ਹੁੰਦੇ ਐ, ਉਹਨਾਂ ਦੀ ਬੇਵੱਸੀ ਅੱਗੇ ਬਾਕੀ ਕੁੱਝ ਕਹਿਣ ਨੂੰ ਬਚਦਾ ਹੀ ਨਹੀਂ । ਇਸੇ ਕਰਕੇ ਮੇਰੀ ਬੱਚੇ, ਬੱਚੀਆਂ, ਵਿਦਿਆਰਥੀਆਂ, ਨੌਜਵਾਨਾਂ ਸਭ ਅੱਗੇ ਝੋਲੀ ਅੱਡ ਕੇ ਬੇਨਤੀ ਹੈ ਕਿ ਪੁੱਤਰੋ! ਧੀਓ ! ਜੰਮ ਜੰਮ ਕਰੋ ਸ਼ਰਾਰਤਾਂ, ਇਹ ਸਾਡੇ ਬੀਤੇ ਦਾ ਖਜ਼ਾਨਾ ਹੁੰਦੀਐਂ" ਪਰ ਕਿਰਪਾ ਕਰਕੇ ਇਹੋ ਜਿਹੀ ਕੋਈ ਸ਼ਰਾਰਤ ਕਦੇ ਨਾ ਕਰਿਓ, ਜਿਸ ਵਿੱਚ ਤੁਹਾਨੂੰ, ਤੁਹਾਡੇ ਮਾਪਿਆਂ ਨੂੰ, ਅਧਿਆਪਕਾਂ ਅਤੇ ਹੋਰ ਸਾਕ ਸੰਬੰਧੀਆਂ ਨੂੰ ਨਮੋਸ਼ੀ ਝੱਲਣੀ ਪਵੇ । ਤੁਹਾਨੂੰ ਸਮਾਜ ਅੱਗੇ ਨਜ਼ਰਾਂ ਝੁਕਾਉਣੀਆਂ ਪੈਣ ਅਤੇ ਤੁਸੀਂ ਸਾਰੀ ਉਮਰ ਪਛਤਾਵੇ ਦੀ ਚੱਕੀ 'ਚ ਹੀ ਪਿਸਦੇ ਰਹੋ। ਮਾਪਿਆਂ ਨੂੰ ਬਹੁਤ ਮਾਣ ਐ ਤੁਹਾਡੇ 'ਤੇ, ਸਮਾਜ ਨੂੰ ਬਹੁਤ ਉਮੀਦਾਂ ਨੇ ਤੁਹਾਡੇ ਤੋਂ, ਤੁਸੀਂ ਦੇਸ ਦਾ ਭਵਿੱਖ ਹੋ, ਆਉਣ ਵਾਲਾ ਕੱਲ੍ਹ ਤੁਹਾਡਾ ਐ, ਨਰੋਈ ਜ਼ਿੰਦਗੀ ਜੀਓ, ਜ਼ਿੰਦਗੀ ਮਾਣੋ, ਜ਼ਿੰਦਗੀ ਜ਼ਿੰਦਾਬਾਦ! ਜੁਆਨੀ ਜ਼ਿੰਦਾਬਾਦ!

***# ਸੰਪਰਕ : 94630-23100***

# ਸਰਕਾਰ ਨੇ ਅਵਾਰਾ ਡੰਗਰਾਂ ਦੇ ਹੱਲ ਬਾਰੇ ਅਜੇ ਤੱਕ ਧਿਆਨ ਕਿਉਂ ਨਹੀਂ ਦਿੱਤਾ

ਮੇਜਰ ਸਿੰਘ ਨਾਭਾ

ਨਵੇਂ ਸਾਲ ਵਿੱਚ ਪ੍ਰਵੇਸ਼ ਕਰ ਰਹੀ ਨਵੀਂ ਸਰਕਾਰ ਬਣੀ ਨੂੰ ਕਈ ਮਹੀਨੇ ਹੋ ਗਏ, ਪਰ ਅਜੇ ਤੱਕ ਅਵਾਰਾ ਡੰਗਰਾਂ ਦੀ ਸਾਂਭ-ਸੰਭਾਲ ਲਈ ਕੋਈ ਨੀਤੀ , ਬਿਆਨ ਸਾਹਮਣੇ ਨਹੀਂ ਆਇਆ ।ਸਰਕਾਰ ਲਈ ਇਹ ਬਿਜਲੀ ਫਰੀ ਕਰਨ ਦੇ ਵੱਡੇ ਫੈਸਲੇ ਨਾਲੋਂ ਇਹ ਬਹੁਤ ਛੋਟਾ ਵੱਡਾ ਮਸਲਾ ਹੈ, ਜੋ ਆਸਾਨੀ ਨਾਲ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਹੱਲ ਹੋ ਸਕਦਾ, ਪਰ ਲੋਕਾਂ ਲਈ ਇਹ ਘਰਾਂ ਤੋਂ ਬਾਹਰ ਨਿਕਲਣ ਸਮੇਂ ਜ਼ਰੂਰ ਵੱਡੀ ਸਮੱਸਿਆ ਕਿਸੇ ਨਾ ਕਿਸੇ ਰੂਪ ਵਿੱਚ ਸਾਹਮਣੇ ਆ ਜਾਂਦੀ ਹੈ ।ਜੇਕਰ ਸਰਕਾਰ ਸੁਹਿਰਦਤਾ ਨਾਲ ਇਸ ਵੱਲ ਧਿਆਨ ਦੇਵੇ ਤਾਂ ਇਹ ਕੋਈ ਵੱਡੀ ਗੱਲ ਨਹੀਂ ਹੋਵੇਗੀ, ਜਿਸ ਨਾਲ ਬਹੁਤ ਸਾਰੀਆਂ ਜਾਨਾਂ ਅਜਾਈਂ ਜਾਣ ਤੋਂ ਕਿਸਾਨਾਂ ਦੀਆਂ ਫਸਲਾਂ ਦੇ ਉਜਾੜੇ ਆਦਿ ਤੋਂ ਲੋਕਾਂ ਨੂੰ ਰਾਹਤ ਮਿਲੇਗੀ ।

ਪੰਜਾਬ ਦੀਆਂ ਸੜਕਾਂ 'ਤੇ ਅਵਾਰਾ ਡੰਗਰ ਪਹਿਲੀ ਸਰਸਰੀ ਨਜ਼ਰੇ ਹੀ ਝੁੰਡਾਂ ਦੇ ਰੂਪ ਵਿੱਚ ਦੇਖਣ ਨੂੰ ਮਿਲਣਗੇ। ਰੋਜ਼ਾਨਾ ਅਖਬਾਰਾਂ ਅੰਦਰ ਅਵਾਰਾ ਡੰਗਰਾਂ ਨਾਲ ਦੁਰਘਟਨਾਵਾਂ ਦਾ ਜ਼ਿਕਰ ਅਕਸਰ ਹੁੰਦਾ ਹੈ। ਦਿਨੋਂ-ਦਿਨ ਪੰਜਾਬ ਅੰਦਰ ਵਧ ਰਹੇ ਅਵਾਰਾ ਡੰਗਰਾਂ ਤੋਂ ਲੋਕਾਂ ਦੀਆਂ ਜਾਨਾਂ ਨੂੰ ਵਧੇਰੇ ਖਤਰਾ ਹੋ ਰਿਹਾ ਹੈ।

ਕਈ ਥਾਵਾਂ 'ਤੇ ਅਵਾਰਾ ਡੰਗਰਾਂ ਨਾਲ ਮਾਰੇ ਲੋਕਾਂ ਲਈ ਸਥਾਨਕ ਪ੍ਰਸ਼ਾਸਨ ਖਿਲਾਫ ਮੁਆਵਜ਼ੇ ਲਈ ਮੁਕੱਦਮੇ ਵੀ ਦਰਜ ਕਰਵਾਏ ਗਏ ਹਨ। ਸਾਰੇ ਸ਼ਹਿਰਾਂ ਦੀਆਂ ਲੋਕ ਹਿੱਤ 'ਚ ਕੰਮ ਕਰਨ ਵਾਲੀਆਂ ਜਥੇਬੰਦੀਆਂ ਨੂੰ ਵੀ ਅੱਗੇ ਆ ਕੇ ਇਨ੍ਹਾਂ ਅਵਾਰਾ ਡੰਗਰਾਂ ਤੋਂ ਹੋਰ ਜਾਨਾਂ ਬਚਾਉਣ ਲਈ ਸੰਘਰਸ਼ ਵਿੱਢਣ ਦੀ ਤੁਰੰਤ ਲੋੜ ਹੈ, ਕਿਉਂਕਿ ਹੁਣ ਕਈ ਥਾਂਵਾਂ 'ਤੇ ਦੁਖਦਾਈ ਘਟਨਾਵਾਂ ਵਾਪਰ ਚੁੱਕੀਆਂ ਹਨ, ਕਿਉਂਕਿ ਇਹ ਅਵਾਰਾ ਡੰਗਰ ਖ਼ੂੰਖਾਰ ਜੰਗਲੀ ਬਿਰਤੀ ਦੇ ਬਣ ਚੁੱਕੇ ਹਨ, ਜਿਹੜੇ ਕਿ ਸੜਕਾਂ 'ਤੇ ਤੁਰੇ ਜਾਂਦੇ ਰਾਹੀਆਂ ਨੂੰ ਸਿੰਗਾਂ 'ਤੇ ਚੁੱਕ ਪਟਕਾ-ਪਟਕਾ ਮਾਰ ਰਹੇ ਹਨ। ਹਰ ਰੋਜ਼ ਕੋਈ ਨਾ ਕੋਈ ਖਬਰ ਅਵਾਰਾ ਡੰਗਰਾਂ ਨਾਲ ਦੁਰਘਟਨਾ 'ਚ ਜ਼ਖ਼ਮੀ ਹੋਣ ਜਾਂ ਮਰਨ ਵਾਲਿਆਂ ਦੀ ਹੁੰਦੀ ਹੈ। ਇਨ੍ਹਾਂ ਡੰਗਰਾਂ ਦੇ ਝੁੰਡਾਂ ਦੇ ਝੁੰਡ ਸੜਕਾਂ 'ਤੇ ਫਿਰਦੇ ਅਤੇ ਬੈਠੇ ਆਮ ਦਿਖਾਈ ਦਿੰਦੇ ਹਨ, ਜੋ ਰਾਤ ਵੇਲੇ ਵੱਡੇ ਹਾਦਸੇ ਦਾ ਕਾਰਨ ਬਣ ਜਾਂਦੇ ਹਨ । ਬਹੁਤੀਆਂ ਸੜਕਾਂ 'ਤੇ ਸੈਰ ਕਰਨ ਵਾਲਿਆਂ ਲਈ ਵੀ ਰਸਤਾ ਸੁਰੱਖਿਅਤ ਨਹੀਂ ਹੈ। ਕਈ ਥਾਵਾਂ 'ਤੇ ਬਾਂਦਰਾਂ ਦੀ ਗਿਣਤੀ ਵੀ ਬਹੁਤ ਵਧੀ ਹੋਈ ਹੈ। ਸੜਕਾਂ ਤੋਂ ਲੰਘਣ ਵਾਲਿਆਂ ਨੂੰ ਇਨ੍ਹਾਂ ਅਵਾਰਾ ਡੰਗਰਾਂ ਆਦਿ ਕੋਲੋਂ ਲੰਘਣਾ ਬਹੁਤ ਮੁਸ਼ਕਲ ਹੋ ਜਾਂਦਾ ਹੈ, ਕਿਉਂਕਿ ਇਹ ਜਾਨਵਰ ਢੀਠ ਕਿਸਮ ਦੀ ਬਿਰਤੀ ਦੇ ਬਣ ਚੁੱਕੇ ਹਨ, ਹਾਰਨ ਮਾਰਨ ਜਾਂ ਕਿਸੇ ਆਵਾਜ਼ ਦੇਣ ਨਾਲ ਛੇਤੀ-ਛੇਤੀ ਇਹ ਡੰਗਰ ਰਸਤਾ ਨਹੀਂ ਦਿੰਦੇ । ਸਕੂਲਾਂ, ਕਾਲਜਾਂ ਵਿੱਚ ਪੜ੍ਹਦੇ ਬੱਚੇ ਮਜਬੂਰੀਵੱਸ ਰੋਜ਼ਾਨਾ ਇਨ੍ਹਾਂ ਸੜਕਾਂ ਤੋਂ ਡਰ-ਡਰ ਕੇ ਲੰਘਦੇ ਹਨ। ਸਕੂਲ, ਕਾਲਜ ਟਿਊਸ਼ਨ ਜਾਣ ਵਾਲੀਆਂ ਇਕੱਲੀਆਂ ਲੜਕੀਆਂ ਲਈ ਇਹੋ ਜਿਹੇ ਰਸਤਿਆਂ ਤੋਂ ਦੀ ਲੰਘਣਾ ਹੋਰ ਵੀ ਮੁਸ਼ਕਲ ਹੈ। ਮਾਪਿਆਂ ਦੇ ਆਪਣੇ ਬੱਚਿਆਂ ਦੇ ਸਹੀ-ਸਲਾਮਤ ਘਰ ਆਉਣ ਤੱਕ ਸਾਹ ਸੂਤੇ ਰਹਿੰਦੇ ਹਨ। ਭੂਸਰੇ ਸਾਨ੍ਹ ਕਈ ਵਾਰ ਲੰਘ ਰਹੇ ਰਾਹੀਆਂ 'ਤੇ ਹਮਲਾ ਕਰਕੇ ਜ਼ਖ਼ਮੀ ਕਰ ਦਿੰਦੇ ਹਨ। ਇਨ੍ਹਾਂ ਅਵਾਰਾ ਡੰਗਰਾਂ ਲਈ ਚਾਰਾ ਅਕਸਰ ਹੀ ਲੋਕ ਸੜਕ ਦੇ ਕਿਨਾਰਿਆਂ 'ਤੇ ਸੁੱਟ ਜਾਂਦੇ ਹਨ, ਜਿਸ ਨਾਲ ਕਈ ਵਾਰੀ ਲੰਘ ਰਹੇ ਰਾਹੀਆਂ ਦੇ ਐਕਸੀਡੈਂਟ ਹੋ ਜਾਂਦੇ ਹਨ, ਕਿਉਂਕਿ ਕਈ ਵਾਰੀ ਦੂਸਰੀ ਸਾਈਡ ਤੋਂ ਡੰਗਰ ਦੌੜ ਕੇ ਖਾਣ ਲਈ ਆਉਂਦੇ ਹਨ। ਲੋਕ ਸ਼ਾਇਦ ਦਾਨ-ਪੁੰਨ ਦੀ ਭਾਵਨਾ ਨਾਲ ਖਾਣ ਵਾਲੀਆਂ ਵਸਤਾਂ ਪਾ ਕੇ ਜਾਂਦੇ ਹਨ, ਪਰ ਉਹ ਇਹ ਨਹੀਂ ਸੋਚਦੇ ਕਿ ਇਸ ਤਰ੍ਹਾਂ ਸੜਕ 'ਤੇ ਗੰਦ ਅਤੇ ਆਵਾਜਾਈ 'ਚ ਵਿਘਨ ਵੀ ਪੈਂਦਾ ਹੈ । ਸਰਕਾਰ ਨੂੰ ਚਾਹੀਦਾ ਤਾਂ ਇਹ ਹੈ ਕਿ ਘੱਟੋ-ਘੱਟ ਆਵਾਰਾ ਗਊਆਂ, ਸਾਨ੍ਹਾਂ, ਵੱਛੜਿਆਂ ਆਦਿ ਨੂੰ ਫੜ ਕੇ ਨੇੜੇ ਦੀਆਂ ਗਊਸ਼ਾਲਾਵਾਂ ਵਿੱਚ ਭੇਜੇ । ਗਊ ਧਨ ਨੂੰ ਸਾਂਭਣ ਲਈ ਭਾਵੇਂ ਸਰਕਾਰ ਨੇ ਪੰਜਾਬ ਗਊ ਸੇਵਾ ਕਮਿਸ਼ਨ ਐਕਟ, 2014 ਅਧੀਨ 'ਪੰਜਾਬ ਗਊ ਸੇਵਾ ਕਮਿਸ਼ਨ' ਦੀ ਸਥਾਪਨਾ ਕੀਤੀ ਹੈ, ਜਿਸ ਵਿੱਚ ਗਊ, ਸਾਨ੍ਹ, ਬਲਦ, ਵੱਛੇ-ਵੱਛੜੀਆਂ ਦੀ ਸੁਰੱਖਿਆ ਅਤੇ ਦੇਖਭਾਲ ਕਰਨ ਦੀ ਜ਼ਿੰਮੇਵਾਰੀ ਸ਼ੌਂਪੀ ਗਈ ਹੈ। ਇਸ ਲਈ ਫੰਡ ਦੀ ਬੱਜਟ ਵਿੱਚ ਵਿਵਸਥਾ ਕੀਤੀ ਜਾਂਦੀ ਹੈ, ਜਿਸ ਨਾਲ ਗਊ-ਪਰਵਾਰ ਦੀ ਸੰਭਾਲ ਕਰਨੀ ਹੈ ਅਤੇ ਮਨੁੱਖੀ ਅੱਤਿਆਚਾਰ ਤੋਂ ਬਚਾਉਣਾ ਹੈ। ਜ਼ਖ਼ਮੀ ਬੇਵੱਸ ਡੰਗਰਾਂ ਦੀ ਤਰਸਯੋਗ ਹਾਲਤ ਦੇਖੀ ਨਹੀਂ ਜਾਂਦੀ, ਜਦੋਂ ਜ਼ਖ਼ਮਾਂ ਨੂੰ ਕੁੱਤੇ, ਪੰਛੀ ਨੋਚ ਕੇ ਤੜਫਾਉਂਦੇ ਹਨ, ਕਈਆਂ ਦੇ ਕੀੜੇ ਪੈ ਜਾਂਦੇ ਹਨ, ਪਰ ਬਿਮਾਰ, ਜ਼ਖ਼ਮੀ, ਬੁੱਢੇ ਡੰਗਰਾਂ ਦੀ ਹਾਲਤ ਬਹੁਤ ਮਾੜੀ ਹੈ, ਜੋ ਸੜਕਾਂ, ਗਲੀਆਂ ਆਦਿ 'ਚ ਘੁੰਮਦੇ ਰਹਿੰਦੇ ਹਨ, ਜੇ ਕਿਸੇ ਘਰ ਮੂਹਰੇ ਇਹੋ ਜਿਹਾ ਡੰਗਰ ਇੱਕ ਵਾਰੀ ਬੈਠ ਜਾਵੇ ਤਾਂ ਉਸ ਨੂੰ ਉਠਾਉਣਾ ਔਖਾ ਕੰਮ ਹੈ। ਕਈ ਵਾਰੀ ਉਹ ਉਥੇ ਹੀ ਪ੍ਰਾਣ ਤਿਆਗ ਦਿੰਦਾ ਹੈ ਤਾਂ ਉਸ ਨੂੰ ਚੁਕਵਾਉਣ ਲਈ ਪੱਲਿਓਂ ਪੈਸੇ ਦੇਣੇ ਪੈਂਦੇ ਹਨ, ਨਹੀਂ ਤਾਂ ਸੜਿਆਂਦ ਪੈਦਾ ਹੋਣ ਕਾਰਨ ਬਿਮਾਰੀ ਫੈਲਣ ਦਾ ਡਰ ਰਹਿੰਦਾ ਹੈ। ਸਰਕਾਰ ਨੇ ਮਰੇ ਹੋਏ ਡੰਗਰ , ਜਾਨਵਰ ਆਦਿ ਚੁਕਵਾਉਣ ਤੋਂ ਪਾਸਾ ਹੀ ਵੱਟਿਆ ਹੋਇਆ ਹੈ। ਸਬੰਧਤ ਮਹਿਕਮੇ ਕਿਉਂ ਨਹੀਂ ਪ੍ਰਬੰਧ ਕਰਦੇ, ਪਰ ਉਂਝ ਸਰਕਾਰ ਲੋਕਾਂ ਦੀ ਸਿਹਤ ਨੂੰ ਪਹਿਲ ਦੇ ਆਧਾਰ 'ਤੇ ਤਵੱਜੋਂ ਦੇਣ ਦੀ ਗੱਲ ਕਰਦੀ ਹੈ ।

ਗਊਆਂ ਦੀ ਸੇਵਾ-ਸੰਭਾਲ ਲਈ ਵਧੇਰੇ ਫੰਡ ਇਕੱਠਾ ਕਰਨ ਲਈ ਸਥਾਨਕ ਸਰਕਾਰਾਂ ਵੱਲੋਂ ਗਊ ਸੈੱਸ ਲਾ ਰੱਖਿਆ ਹੈ, ਪਰ ਗਊਧਨ ਦੀ ਸੰਭਾਲ ਲਈ ਸਰਕਾਰ ਵੱਲੋਂ ਕੋਈ ਠੋਸ ਨੀਤੀ ਸਾਹਮਣੇ ਨਹੀਂ ਆਈ। ਹਿੰਦੂ ਸੰਗਠਨ ਵੀ ਇਸ ਮਸਲੇ ਪ੍ਰਤੀ ਗੰਭੀਰ ਨਹੀਂ, ਉਨ੍ਹਾਂ ਨੂੰ ਵੀ ਹਰੇਕ ਸ਼ਹਿਰ ਵਿੱਚ ਸਰਕਾਰ ਵਿਰੁੱਧ ਆਵਾਜ਼ ਉਠਾਉਣੀ ਚਾਹੀਦੀ ਹੈ। ਬਾਜ਼ਾਰਾਂ ਵਿੱਚ ਆਮ ਆਵਾਰਾ ਡੰਗਰ ਘੁੰਮ ਰਹੇ ਹਨ, ਜੋ ਲੋਕਾਂ ਦਾ ਜਾਨ ਅਤੇ ਮਾਲ ਦਾ ਨੁਕਸਾਨ ਅਕਸਰ ਕਰਦੇ ਰਹਿੰਦੇ ਹਨ। ਸੋਸ਼ਲ ਮੀਡੀਆ 'ਤੇ ਲੜਦੇ-ਭਿੜਦੇ ਡੰਗਰਾਂ ਨਾਲ ਰਾਹਗੀਰਾਂ ਦੇ ਹੋਏ ਐਕਸੀਡੈਂਟਾਂ ਕਾਰਨ ਹੋਈਆਂ ਮੌਤਾਂ ਦੀਆਂ ਵੀਡੀਉਜ਼ ਅਕਸਰ ਦੇਖਣ ਨੂੰ ਮਿਲਦੀਆਂ ਹਨ। ਇਨ੍ਹਾਂ ਮੌਤਾਂ ਲਈ ਸਰਕਾਰ ਵੱਲੋਂ ਪਰਵਾਰਾਂ ਨੂੰ ਨਾ ਤਾਂ ਦੋ ਸ਼ਬਦ ਹਮਦਰਦੀ ਦੇ ਬੋਲ ਕੇ ਦਿਲਾਸਾ ਅਤੇ ਨਾ ਹੀ ਕੋਈ ਮੁਆਵਜ਼ਾ ਦਿੱਤਾ ਜਾਂਦਾ ਹੈ। ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਦੀ ਮੁਢਲੀ ਜ਼ਿੰਮੇਵਾਰੀ ਹੈ। ਲੋਕਤੰਤਰੀ ਸਰਕਾਰ ਦਾ ਫਰਜ਼ ਹੈ ਕਿ ਉਹ ਲੋਕਾਂ ਦੀਆਂ ਗੰਭੀਰ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰੇ। ਜੇ ਸਰਕਾਰ ਸੁਹਿਰਦਤਾ ਨਾਲ ਲੋਕਾਂ ਦੀ ਆਵਾਜ਼ ਸੁਣੇਗੀ ਤਾਂ ਹੀ ਉਹ ਲੋਕਾਂ 'ਚ ਲੋਕਪ੍ਰਿਆ ਹੋ ਸਕਦੀ ਹੈ। ਸੋ ਇਸ ਤਰ੍ਹਾਂ ਲੋਕ ਹਿੱਤ 'ਚ ਫੈਸਲਾ ਲੈ ਕੇ ਇਨ੍ਹਾਂ ਅਵਾਰਾ ਡੰਗਰਾਂ ਦੁਆਰਾ ਆਮ ਲੋਕਾਂ ਦੇ ਜਾਨੀ-ਮਾਲੀ ਨੁਕਸਾਨ ਅਤੇ ਕਿਸਾਨਾਂ ਦੀਆਂ ਫਸਲਾਂ ਦੇ ਨੁਕਸਾਨ ਨੂੰ ਤੁਰੰਤ ਰੋਕਣ ਲਈ ਉਪਰਾਲਾ ਕਰਨਾ ਚਾਹੀਦਾ ਹੈ ।

**# ਸੰਪਰਕ : 94635-53962**

### ਮਾਮਲਾ ਪੀ.ਸੀ.ਐੱਸ. ਅਧਿਕਾਰੀ ਵਿਰੁੱਧ ਵਿਜੀਲੈਂਸ ਦੀ ਗੈਰ-ਕਾਨੂੰਨੀ ਕਾਰਵਾਈ ਦਾ

# ਡੀ ਸੀ ਦਫ਼ਤਰ ਕਾਮਿਆਂ ਵੱਲੋਂ ਸਮੂਹਕ ਛੁੱਟੀ ਲੈ ਕੇ ਮੁਕੰਮਲ ਹੜਤਾਲ


ਸ੍ਰੀ ਮੁਕਤਸਰ ਸਾਹਿਬ


ਜਗਰਾਉਂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਵਿਜੀਲੈਂਸ ਵਿਭਾਗ ਵੱਲੋਂ ਆਪਣੇ ਅਧਿਕਾਰ ਖੇਤਰ ਤੋਂ ਬਾਹਰ ਜਾ ਕੇ ਆਪਹੁਦਰੇਪਣ ਦੀ ਨੀਤੀ ਅਪਣਾਉਂਦਿਆਂ ਆਈ.ਏ.ਐੱਸ. ਤੇ ਪੀ.ਸੀ.ਐੱਸ. ਅਧਿਕਾਰੀ ਵਿਰੁੱਧ ਕੀਤੀ ਗਈ ਕਾਰਵਾਈ ਦੇ ਵਿਰੋਧ ਵਿੱਚ ਡੀ.ਸੀ. ਦਫ਼ਤਰ ਕਾਮਿਆਂ ਨੇ ਸਮੂਹਕ ਛੁੱਟੀ ਲੈ ਕੇ ਦਫ਼ਤਰ ਦਾ ਕੰਮ-ਕਾਜ ਮੁਕੰਮਲ ਰੂਪ ਵਿੱਚ ਠੱਪ ਕਰ ਦਿੱਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡੀ.ਸੀ. ਦਫ਼ਤਰ ਕਰਮਚਾਰੀ ਯੂਨੀਅਨ ਦੇ ਜਨਰਲ ਸਕੱਤਰ ਪੁਸ਼ਪਿੰਦਰ ਸਿੰਘ ਨੇ ਦੱਸਿਆ ਕਿ ਯੂਨੀਅਨ ਦੀ ਸਟੇਟ ਬਾਡੀ ਵੱਲੋਂ ਲਏ ਗਏ ਫੈਸਲੇ ਅਨੁਸਾਰ ਡੀ.ਸੀ. ਦਫ਼ਤਰ ਦੇ ਸਮੂਹ ਕਾਮੇ ਸਮੂਹਕ ਛੁੱਟੀ 'ਤੇ ਹਨ। ਉਨ੍ਹਾਂ ਦੱਸਿਆ ਕਿ ਵਿਜੀਲੈਂਸ ਵਿਭਾਗ ਵੱਲੋਂ ਨਜਾਇਜ਼ ਤੌਰ 'ਤੇ ਸਰਕਾਰੀ ਅਧਿਕਾਰੀਆਂ/ਕਰਮਚਾਰੀਆਂ 'ਤੇ ਗੈਰ-ਕਾਨੂੰਨੀ ਢੰਗ ਨਾਲ ਪਰਚੇ ਦਰਜ ਕੀਤੇ ਜਾ ਰਹੇ ਹਨ, ਜਿਸ ਦੇ ਚਲਦਿਆਂ ਮੁਲਾਜ਼ਮਾਂ ਵਿੱਚ ਬਹੁਤ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੈਡਮ ਨੀਲਿਮਾ ਆਈ.ਏ.ਐੱਸ. ਤੇ ਸ੍ਰੀ ਨਰਿੰਦਰ ਧਾਲੀਵਾਲ ਪੀ.ਸੀ.ਐੱਸ. ਵਿਰੁੱਧ ਦਰਜ ਪਰਚੇ ਤੇ ਗ੍ਰਿਫ਼ਤਾਰੀ ਵਿੱਚ ਪੂਰੀ ਅਨਿਯਮਤਾ ਤੇ ਧੱਕੇਸ਼ਾਹੀ ਦਿਖਾਈ ਦੇ ਰਹੇ ਹਨ, ਜਿਸ ਕਾਰਨ ਪੀ.ਐੱਸ.ਐੱਸ. ਅਫ਼ਸਰ ਐਸੋਸੀਏਸ਼ਨ ਵੱਲੋਂ 9 ਜਨਵਰੀ ਤੋਂ 13 ਜਨਵਰੀ ਤੱਕ ਸਮੂਹਕ ਛੁੱਟੀ 'ਤੇ ਜਾਣ ਦੇ ਫੈਸਲੇ ਦਾ ਸਮਰਥਨ ਡੀ. ਸੀ. ਦਫ਼ਤਰ ਯੂਨੀਅਨ ਵੱਲੋਂ ਵੀ ਕੀਤਾ ਗਿਆ ਹੈ ਅਤੇ ਡੀ. ਸੀ. ਦਫ਼ਤਰ ਕਰਮਚਾਰੀ ਵੀ ਸਮੂਹਕ ਛੁੱਟੀ 'ਤੇ ਹਨ। ਇਸ ਤੋਂ ਇਲਾਵਾ ਸਰਕਾਰ ਵੱਲੋਂ ਹੋਂਦ ਵਿੱਚ ਆਉਣ ਤੋਂ ਪਹਿਲਾਂ ਚੋਣਾਂ ਸਮੇਂ ਮੁਲਾਜ਼ਮਾਂ ਨਾਲ ਕਈ ਵਾਅਦੇ ਕੀਤੇ ਸਨ ਤੇ ਗਰੰਟੀਆਂ ਦਿੱਤੀਆਂ ਗਈਆਂ ਸਨ, ਪ੍ਰੰਤੂ ਇਨਾਂ ਵਾਅਦਿਆਂ ਨੂੰ ਅੱਜ ਤੱਕ ਪੂਰਾ ਨਹੀਂ ਕੀਤਾ ਗਿਆ, ਜਿਸ ਦੇ ਰੋਸ ਵਜੋਂ 16 ਜਨਵਰੀ ਤੋਂ 20 ਜਨਵਰੀ ਤੱਕ ਲੜੀਵਾਰ ਵੱਖ-ਵੱਖ ਡਵੀਜ਼ਨਲ ਕਮਿਸ਼ਨਰਾਂ ਨੂੰ ਮੰਗ ਪੱਤਰ ਦਿੱਤੇ ਜਾਣਗੇ ਅਤੇ 30 ਤੇ 31 ਜਨਵਰੀ ਨੂੰ ਅੱਧੇ ਦਿਨ ਲਈ ਮੁਕੰਮਲ ਕੰਮ ਠੱਪ ਰੱਖਿਆ ਜਾਵੇਗਾ।

**ਜਗਰਾਉਂ (ਅਮਿਤ ਖੰਨਾ)** : ਵਿਜੀਲੈਂਸ ਵਿਭਾਗ ਵੱਲੋਂ ਆਰ ਟੀ ਏ ਅਧਿਕਾਰੀ ਨਰਿੰਦਰ ਸਿੰਘ ਧਾਲੀਵਾਲ ਖਿਲਾਫ ਕੀਤੀ ਗਈ ਕਾਰਵਾਈ ਖਿਲਾਫ ਪੀ ਸੀ ਐੱਸ ਐਸੋਸੀਏਸ਼ਨ ਵੱਲੋਂ ਐਲਾਨੀ ਛੁੱਟੀ ਦਾ ਅਸਰ ਅੱਜ ਦੂਜੇ ਦਿਨ ਵੀ ਦੇਖਣ ਨੂੰ ਮਿਲਿਆ ਤੇ ਤਹਿਸੀਲ ਕੰਪਲੈਕਸ ਜਗਰਾਉਂ ਵਿੱਚ ਕੰਮਕਾਜ ਮੁਕੰਮਲ ਤੌਰ 'ਤੇ ਠੱਪ ਹੋ ਕੇ ਰਹਿ ਗਿਆ, ਜਿਸ ਕਾਰਨ ਜਿੱਥੇ ਅਧਿਕਾਰੀਆਂ ਦੇ ਦਫਤਰਾਂ ਦੇ ਬਾਹਰ ਤਾਲੇ ਲਟਕਦੇ ਨਜ਼ਰ ਆਏ, ਉੱਥੇ ਹੀ ਕੜਾਕੇ ਦੀ ਸਰਦੀ ਦੇ ਬਾਵਜੂਦ ਤਹਿਸੀਲ ਕੰਪਲੈਕਸ ਵਿੱਚ ਆਪਣੇ ਕੰਮ ਕਰਵਾਉਣ ਲਈ ਪੁੱਜੇ ਲੋਕਾਂ ਨੂੰ ਬਿਨਾਂ ਕੰਮ ਕੀਤੇ ਹੀ ਆਪਣੇ ਘਰਾਂ ਨੂੰ ਪਰਤਣਾ ਪਿਆ। ਇਹੀ ਨਹੀਂ ਤਹਿਸੀਲ ਕੰਪਲੈਕਸ ਸਥਿਤ ਪਟਵਾਰ ਖਾਨੇ 'ਚ ਜਾ ਕੇ ਦੇਖਿਆ ਗਿਆ ਤਾਂ ਉਥੇ ਬੈਠੇ ਪਟਵਾਰੀ ਆਪਣਾ ਕੰਮ ਕਰਦੇ ਨਜ਼ਰ ਆਏ, ਜਦੋਂ ਪਟਵਾਰਖਾਨੇ ਲੋਕਾਂ ਲਈ ਕੰਮ ਕਰ ਰਹੇ ਸੇਵਾਮੁਕਤ ਬਿੱਕਰ ਸਿੰਘ ਤੋਂ ਪੀ.ਸੀ.ਐੱਸ, ਐਸੋਸੀਏਸ਼ਨ ਵੱਲੋਂ ਐਲਾਨੀ ਛੁੱਟੀ ਬਾਰੇ ਪੁੱਛਣ 'ਤੇ ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਵਿਭਾਗ ਪੀ.ਸੀ.ਐੱਸ. ਐਸੋਸੀਏਸ਼ਨ ਵੱਲੋਂ ਐਲਾਨੀ ਛੁੱਟੀ ਦੇ ਘੇਰੇ ਵਿੱਚ ਨਹੀਂ ਆਉਂਦਾ, ਜਿਸ ਕਾਰਨ ਉਹ ਆਪਣੇ ਦਫਤਰ ਵਿੱਚ ਬੈਠ ਕੇ ਲੋਕਾਂ ਦੇ ਕੰਮ ਕਰ ਰਹੇ ਹਨ।

# ਕੁੱਲ ਹਿੰਦ ਕਿਸਾਨ ਸਭਾ ਬਲਾਕ ਪਾਤੜਾਂ ਦਾ ਡੈਲੀਗੇਟ ਅਜਲਾਸ ਸੰਪੰਨ

### ਦਲਜੀਤ ਸਿੰਘ ਫੌਜੀ ਪ੍ਰਧਾਨ ਤੇ ਅਮਰਜੀਤ ਸਿੰਘ ਦੁਗਾਲ ਜਨਰਲ ਸਕੱਤਰ ਬਣੇ


ਸ਼ੁਤਰਾਣਾ ਵਿਖੇ ਹੋਏ ਅਜਲਾਸ ਦੌਰਾਨ ਹਾਜ਼ਰ ਡੈਲੀਗੇਟ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**
ਕੁੱਲ ਹਿੰਦ ਕਿਸਾਨ ਸਭਾ ਪੰਜਾਬ ਬਲਾਕ ਪਾਤੜਾਂ ਦਾ ਜਨਰਲ ਅਜਲਾਸ ਗੁਰਦੁਆਰਾ ਨਾਮ ਜਪੁ ਸਾਹਿਬ ਸੁਤਰਾਣਾ ਵਿਖੇ ਕਿਸਾਨ ਆਗੂ ਲਾਭ ਸਿੰਘ ਦੁਗਾਲ ਤੇ ਜਸਵੰਤ ਸਿੰਘ ਮੌਲਵੀਵਾਲਾ ਦੀ ਪ੍ਰਧਾਨਗੀ ਹੇਠ ਹੋਇਆ, ਜਿਸ ਵਿੱਚ ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਕੁਲਵੰਤ ਸਿੰਘ ਮੌਲਵੀਵਾਲਾ ਤੇ ਭਰਾਤਰੀ ਜਥੇਬੰਦੀਆਂ ਵੱਲੋਂ ਖੇਤ ਮਜ਼ਦੂਰ ਸਭਾ ਦੇ ਆਗੂ ਕਾਮਰੇਡ ਰਾਮ ਚੰਦ ਚੁਨਾਗਰਾ ਨੇ ਸ਼ਿਰਕਤ ਕੀਤੀ। ਅਜਲਾਸ ਦੀ ਸ਼ੁਰੂਆਤ ਪਿਛਲੇ ਸਮੇਂ ਦੌਰਾਨ ਵਿੱਛੜੇ ਕਿਸਾਨ ਆਗੂਆਂ ਨੂੰ ਸ਼ਰਧਾਂਜਲੀ ਭੇਟ ਕਰਨ ਉਪਰੰਤ ਕੀਤੀ ਗਈ। ਇਸ ਦੌਰਾਨ ਹੋਈ ਬਲਾਕ ਕਮੇਟੀ ਦੀ ਚੋਣ ਵਿੱਚ ਪ੍ਰਧਾਨ ਦਲਜੀਤ ਸਿੰਘ ਫੌਜੀ, ਪ੍ਰਧਾਨ ਜਸਵੰਤ ਸਿੰਘ ਮੌਲਵੀਵਾਲਾ, ਜਨਰਲ ਸਕੱਤਰ ਅਮਰਜੀਤ ਸਿੰਘ ਦੁਗਾਲ, ਸਕੱਤਰ ਸਾਹਿਬ ਸਿੰਘ, ਖਜ਼ਾਨਚੀ ਕੁਲਦੀਪ ਸਿੰਘ ਗਲੌਲੀ ਨੂੰ ਚੁਣਿਆ ਗਿਆ।

ਡੈਲੀਗੇਟ ਅਜਲਾਸ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਕੁਲਵੰਤ ਸਿੰਘ ਮੌਲਵੀਵਾਲਾ ਨੇ ਕੁੱਲ ਹਿੰਦ ਕਿਸਾਨ ਸਭਾ ਦੇ ਸ਼ਾਨਾਮੱਤੇ ਇਤਿਹਾਸ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਜਥੇਬੰਦੀ ਦੇਸ਼ ਭਗਤਾਂ ਦੀ ਵਰਸੋਈ ਹੈ ਤੇ ਇਸ ਦੇ ਆਗੂਆਂ ਬਾਬਾ ਸੋਹਣ ਸਿੰਘ ਭਕਨਾ ਅਤੇ ਤੇਜਾ ਸਿੰਘ ਸੁਤੰਤਰ ਦੀ ਅਗਵਾਈ ਵਿੱਚ ਜਥੇਬੰਦੀ ਵੱਡੇ ਕਿਸਾਨ ਘੋਲ ਲੜ ਚੁੱਕੀ ਹੈ, ਜਿਨ੍ਹਾਂ ਵਿੱਚ ਪੈਪਸੂ ਮੁਜ਼ਾਰਾ ਲਹਿਰ ਤੇ ਖੁਸ਼ਹੈਸੀਅਤ ਟੈਕਸ ਮੋਰਚਾ ਮਿਸਾਲੀ ਹਨ, ਇਹ ਦੋਵੇਂ ਮੋਰਚਾ ਕਿਸਾਨੀ ਤੇ ਮਜ਼ਦੂਰ ਵਰਗ ਨਾਲ ਸਿੱਧੇ ਜੁੜੇ ਹੋਏ ਸਨ।

ਪਿਛਲੇ ਸਮੇਂ ਦੌਰਾਨ ਦਿੱਲੀ ਦੇ ਬਾਰਡਰਾਂ 'ਤੇ ਤਿੰਨ ਕਾਲੇ ਕਨੂੰਨ ਵਿਰੁੱਧ ਚੱਲੇ ਕਿਸਾਨ ਅੰਦੋਲਨ ਵਿੱਚ ਵੀ ਜਥੇਬੰਦੀ ਸੰਯੁਕਤ ਕਿਸਾਨ ਮੋਰਚੇ ਦੀਆਂ ਸਹਿਯੋਗੀ ਜਥੇਬੰਦੀਆਂ ਦੇ ਮੋਢੇ ਨਾਲ ਮੋਢਾ ਜੋੜ ਕੇ ਕਿਸਾਨ ਸੰਘਰਸ਼ ਲੜਿਆ ਹੈ। ਉਨ੍ਹਾਂ ਹਾਜ਼ਰ ਡੈਲੀਗੇਟਾਂ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ 26 ਜਨਵਰੀ ਨੂੰ ਜੀਂਦ ਵਿਖੇ ਕੀਤੀ ਜਾ ਰਹੀ ਇਤਿਹਾਸਕ ਕਿਸਾਨ ਰੈਲੀ ਲਈ ਲਾਮਬੰਦੀ ਦੀ ਅਪੀਲ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੰਤ ਸਿੰਘ ਦੁਗਾਲ, ਤਰਸੇਮ ਸਿੰਘ ਭੂੰਡਥੇਹ, ਜਸਵਿੰਦਰ ਸਿੰਘ ਖੇੜੀ, ਜਨਕ ਸਿੰਘ ਦੇਧਨਾਂ, ਦਲਬੀਰ ਸਿੰਘ ਜੋਗੇਵਾਲ, ਸੁਰਜੀਤ ਸਿੰਘ ਸ਼ੁਤਰਾਣਾ, ਨਸੀਬ ਸਿੰਘ ਪੈਂਦ, ਜਸਵਿੰਦਰ ਸਿੰਘ ਨਾਈਵਾਲਾ ਤੇ ਗੁਰਦਿਆਲ ਸਿੰਘ ਗੁਲਾਹੜ ਆਦਿ ਹਾਜ਼ਰ ਸਨ।

## ਕਾਤਰਾਂ

### ਔਰਤ ਨਾਲ ਛੇੜਛਾੜ ਦੇ ਮਾਮਲੇ 'ਚੋਂ ਬਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਦੀ ਅਦਾਲਤ ਵੱਲੋਂ ਔਰਤ ਨਾਲ ਛੇੜਛਾੜ ਕਰਨ ਦੇ ਮਾਮਲੇ ਵਿੱਚ ਗਵਾਹੀਆਂ ਦੀ ਘਾਟ ਕਰਕੇ ਇੱਕ ਵਿਅਕਤੀ ਨੂੰ ਬਰੀ ਕੀਤਾ ਹੈ। ਮਿਲੀ ਜਾਣਕਾਰੀ ਅਨੁਸਾਰ ਥਾਣਾ ਸਦਰ ਫ਼ਿਰੋਜ਼ਪੁਰ ਪੁਲਸ ਵੱਲੋਂ 20 ਜਨਵਰੀ 2017 ਨੂੰ ਦਰਜ ਮਾਮਲੇ ਵਿੱਚ ਪੀੜਤ ਔਰਤ ਨੇ ਦੱਸਿਆ ਸੀ ਕਿ ਉਹ 35 ਵਰ੍ਹਿਆਂ ਦੀ ਹੈ ਤੇ ਥਾਣਾ ਆਰਿਫ਼ ਕੇ ਅਧੀਨ ਉਸ ਦਾ ਪਿੰਡ ਹੈ। ਉਹ ਘਟਨਾ ਵਾਲੇ ਦਿਨ ਗੁਰਦੁਆਰਾ ਸਾਹਿਬ ਤੋਂ ਮੱਥਾ ਟੇਕ ਕੇ ਆਪਣੀ ਜੇਠਾਣੀ ਨਾਲ ਜਾ ਰਹੀ ਸੀ ਕਿ ਰਸਤੇ ਵਿੱਚ 68 ਵਰ੍ਹਿਆਂ ਦਾ ਮੁਲਜ਼ਮ ਬਖ਼ਸ਼ੀਸ਼ ਸਿੰਘ ਪੁੱਤਰ ਸੂਜਾ ਸਿੰਘ ਵਾਸੀ ਪਿੰਡ ਆਰਿਫ਼ ਕੇ ਨੇ ਮਾੜੀ ਹਰਕਤ ਕੀਤੀ, ਜਿਸ ਸੰਬੰਧੀ ਪੁਲਸ ਨੇ ਮਾਮਲਾ ਦਰਜ ਕਰਕੇ ਚਲਾਨ ਅਦਾਲਤ ਵਿੱਚ ਪੇਸ਼ ਕਰ ਦਿੱਤਾ। ਚੱਲੇ ਮਾਮਲੇ ਵਿੱਚ ਪੀੜਤ ਤੇ ਉਸ ਦੇ ਗਵਾਹਾਂ ਵੱਲੋਂ ਮੁਲਜ਼ਮ ਖ਼ਿਲਾਫ਼ ਪੁਖ਼ਤਾ ਗਵਾਹੀ ਨਾ ਦੇਣ 'ਤੇ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਮੈਡਮ ਰਾਜਵਿੰਦਰ ਕੌਰ ਦੀ ਅਦਾਲਤ ਨੇ ਬਜ਼ੁਰਗ ਬਖ਼ਸ਼ੀਸ਼ ਸਿੰਘ ਨੂੰ ਬਰੀ ਕਰ ਦਿੱਤਾ।

### ਗੱਡੀ 'ਚੋਂ ਪੈਸਿਆਂ ਵਾਲਾ ਬੈਗ ਲੈ ਕੇ ਲੁਟੇਰੇ ਫਰਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**–ਜ਼ੀਰਾ ਦੇ ਫਿਰੋਜ਼ਪੁਰ ਰੋਡ ਤੋਂ ਲੁਟੇਰਿਆਂ ਵੱਲੋਂ ਗੱਡੀ ਦਾ ਸ਼ੀਸ਼ਾ ਤੋੜ ਕੇ ਇੱਕ ਲੱਖ ਰੁਪਏ ਲੁੱਟੇ ਜਾਣ ਦਾ ਸਮਾਚਾਰ ਮਿਲਿਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਜ਼ੀਰਾ ਫਿਰੋਜ਼ਪੁਰ ਰੋਡ 'ਤੇ ਮਹਾਰਾਸ਼ਟਰਾ ਤੋਂ ਆਏ ਮੁਸਾਫਰਾਂ ਦੀ ਫਾਰਚੂਨਰ ਗੱਡੀ ਖੜੀ ਸੀ, ਜਿਸ ਦਾ ਸ਼ੀਸ਼ਾ ਤੋੜ ਕੇ ਲੁਟੇਰਿਆਂ ਨੇ ਲੱਖ ਰੁਪਏ ਤੇ ਜ਼ਰੂਰੀ ਕਾਗਜ਼ਾਤ ਚੋਰੀ ਕਰ ਲਏ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੱਡੀ ਦੇ ਮਾਲਕ ਰਿਜਵਾਨ ਆਹਿਮ ਨੇ ਦੱਸਿਆ ਕਿ ਉਹ ਮਹਾਰਾਸ਼ਟਰ ਤੋਂ ਆਏ ਸਨ ਤੇ ਜ਼ੀਰਾ ਫਿਰੋਜ਼ਪੁਰ ਰੋਡ 'ਤੇ ਇੱਕ ਰੈਸਟੋਰੈਂਟ 'ਚ ਕੁਝ ਖਾਣ ਲਈ ਰੁਕੇ, ਜਦੋਂ ਰੈਸਟੋਰੈਂਟ ਤੋਂ ਬਾਹਰ ਆਪਣੀ ਗੱਡੀ ਕੋਲ ਆਏ ਤਾਂ ਉਨ੍ਹਾਂ ਦੀ ਗੱਡੀ ਦਾ ਡਰਾਈਵਰ ਸਾਇਡ ਗੱਡੀ ਦਾ ਸ਼ੀਸ਼ਾ ਪੁੱਟਿਆ ਹੋਇਆ ਸੀ ਤੇ ਗੱਡੀ 'ਚ ਪਏ ਉਨ੍ਹਾਂ ਦੇ ਪੈਸੇ ਤੇ ਜ਼ਰੂਰੀ ਕਾਗਜ਼ਾਤ ਵਾਲਾ ਬੈਗ ਵੀ ਗਾਇਬ ਸੀ।ਪੁਲਸ ਵੱਲੋਂ ਮੌਕੇ 'ਤੇ ਪਹੁੰਚ ਕੇ ਸੀ.ਸੀ.ਟੀ.ਵੀ. ਫੁਟੇਜ ਚੈੱਕ ਕੀਤੇ ਜਾ ਰਹੇ ਹਨ।ਮਾਮਲੇ ਸੰਬੰਧੀ ਜਾਣਕਾਰੀ ਦਿੰਦਿਆਂ ਡੀ. ਐੱਸ. ਪੀ. ਪਲਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

### ਕਲਾਸ ਫੋਰ ਇੰਪਲਾਇਜ਼ ਯੂਨੀਅਨ ਪੰਜਾਬ ਸਟੇਟ ਸਟਾਫ ਕਮੇਟੀ ਵੱਲੋਂ ਕੈਲੰਡਰ ਜਾਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦੀ ਕਲਾਸ ਫੋਰ ਇੰਪਲਾਇਜ਼ ਯੂਨੀਅਨ ਪੰਜਾਬ ਸਟੇਟ ਸਟਾਫ ਕਮੇਟੀ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਰਾਮ ਪ੍ਰਸ਼ਾਦ ਤੇ ਜ਼ਿਲ੍ਹਾ ਜਨਰਲ ਸਕੱਤਰ ਪ੍ਰਵੀਨ ਕੁਮਾਰ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਡੀ ਸੀ ਦਫਤਰ ਵਿਖੇ ਹੋਈ।ਇਸ ਮੀਟਿੰਗ ਵਿੱਚ ਵੱਖ ਵੱਖ ਵਿਭਾਗਾਂ ਦੇ ਦਰਜਾਚਾਰ ਕਰਮਚਾਰੀਆਂ ਨੇ ਹਿੱਸਾ ਲਿਆ।ਇਸ ਮੀਟਿੰਗ ਵਿੱਚ ਸਾਲ 2023 ਦਾ ਕੈਲੰਡਰ ਜਾਰੀ ਕੀਤਾ ਗਿਆ ਤੇ 29 ਜਨਵਰੀ 2023 ਨੂੰ ਸੰਗਰੂਰ ਮਹਾਂਰੈਲੀ ਦੀ ਤਿਆਰੀ 'ਤੇ ਵੀ ਵਿਚਾਰ ਵਿਟਾਂਦਰਾ ਕੀਤਾ ਗਿਆ ਤੇ ਇਸ ਮੀਟਿੰਗ ਵਿੱਚ ਵੱਖ ਵੱਖ ਵਿਭਾਗਾਂ ਦੇ ਅਹੁਦੇਦਾਰ ਸ਼ਾਲ ਹੋਏ।ਇਸ ਮੌਕੇ ਵਿਲਸਨ, ਕੇਵਲ ਕ੍ਰਿਸ਼ਨ ਤੇ ਬੂਟਾ ਸਿੰਘ ਦਫਤਰ ਡਿਪਟੀ ਕਮਿਸ਼ਨਰ ਫਿਰੋਜ਼ਪੁਰ, ਰਾਜ ਕੁਮਾਰ, ਵਾਟਰ ਸਪਲਾਈ ਵਿਭਾਗ, ਬੂਟਾ ਸਿੰਘ ਤੇ ਜਤਿੰਦਰ ਕੁਮਾਰ ਸਹਿਕਾਰਤਾ ਵਿਭਾਗ, ਅਜੀਤ ਗਿੱਲ, ਸਿਵਲ ਹਸਪਤਾਲ ਫਿਰੋਜ਼ਪੁਰ, ਮਨਿੰਦਰ ਸਿੰਘ, ਭੁਪਿੰਦਰ ਸੋਨੀ, ਦਫਤਰ ਸਿਵਲ ਸਰਜਨ, ਫਿਰੋਜ਼ਪੁਰ ਮਹੇਸ਼ ਕੁਮਾਰ ਤੇ ਮੁਨਸ਼ੀ ਰਾਮ ਸਿੰਚਾਈ ਵਿਭਾਗ, ਫਿਰੋਜ਼ਪੁਰ, ਦਲੀਪ ਕੁਮਾਰ ਤੇ ਰਮੇਸ਼ ਹੰਸ ਜ਼ਿਲ੍ਹਾ ਪ੍ਰੀਸ਼ਦ ਫਿਰੋਜ਼ਪੁਰ, ਰਮਨ ਕੁਮਾਰ ਤੇ ਸੁਨੀਲ ਕੁਮਾਰ ਆਬਕਾਰੀ ਵਿਭਾਗ ਫਿਰੋਜ਼ਪੁਰ ਮੌਜੂਦ ਸਨ।

# ਅਖਿਲ ਭਾਰਤੀਯ ਤਰੁਣ ਸੰਗਮ ਕਲੱਬ ਨੇ ਪਰਵਾਰ ਮਿਲਣੀ ਸਮਾਰੋਹ ਕਰਾਇਆ



**ਧੂਰੀ (ਬਿੰਨੀ ਗਰਗ)**
ਅਖਿਲ ਭਾਰਤੀਯ ਤਰੁਣ ਸੰਗਮ ਕਲੱਬ ਨੇ ਹਰ ਸਾਲ ਵਾਂਗ ਇਸ ਵਾਰ ਵੀ ਪਰਵਾਰ ਮਿਲਣੀ ਸਮਾਰੋਹ ਕਲੱਬ ਦੇ ਪ੍ਰਧਾਨ ਮਲਕੀਤ ਸਿੰਘ ਚਾਂਗਲੀ ਦੀ ਅਗਵਾਈ ਵਿੱਚ ਮਲੇਰਕੋਟਲਾ ਰੋਡ 'ਤੇ ਸਥਿਤ ਮੰਗਲਾ ਆਸ਼ਰਮ ਵਿਖੇ ਕਰਾਇਆ ਗਿਆ। ਇਸ ਸਮਾਰੋਹ ਵਿੱਚ ਮੰਚ ਸੰਚਾਲਨ ਦੀ ਭੂਮਿਕਾ ਮਨਜੀਤ ਸਿੰਘ ਬਖ਼ਸ਼ੀ ਨੇ ਬਾਖੂਬੀ ਨਿਭਾਈ।

ਸਮਾਰੋਹ ਵਿੱਚ ਕਲੱਬ ਦੇ ਮੈਂਬਰਾਂ ਦੇ ਬੱਚਿਆਂ ਵੱਲੋਂ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ ਹੈ ਤੇ ਆਏ ਹੋਏ ਕਲੱਬ ਮੈਂਬਰ ਦੇ ਮਨੋਰੰਜਨ ਲਈ ਕਈ ਤਰ੍ਹਾਂ ਦੀਆਂ ਗੇਮਾਂ ਵੀ ਖਿਡਾਈਆਂ ਗਈਆਂ। ਜੇਤੂ ਮੈਂਬਰਾਂ ਨੂੰ ਤੇ ਰੰਗਾਰੰਗ ਪ੍ਰੋਗਰਾਮ ਪੇਸ਼ ਕਰਨ ਵਾਲੇ ਬੱਚਿਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਦਸੰਬਰ-ਜਨਵਰੀ ਵਿੱਚ ਜਨਮ ਦਿਨ ਤੇ ਮੈਰਿਜ ਅਨਵਰਸਰੀ ਵਾਲੇ ਮੈਂਬਰਾਂ ਤੋਂ ਕੇਕ ਵੀ ਕਟਵਾਏ ਗਏ। ਕਲੱਬ ਦੇ ਸੀਨੀਅਰ ਮੈਂਬਰ ਵਿਸ਼ਾਲ ਜੈਨ ਨੇ ਦੱਸਿਆ ਕਿ ਇਹ ਕਲੱਬ ਸਮੇਂ-ਸਮੇਂ ਸਿਰ ਸਮਾਜ ਭਲਾਈ ਦੇ ਕੰਮ ਵੀ ਕਰਦਾ ਹੈ, ਪਰ ਅੱਜ ਦਾ ਇਹ ਸਮਾਰੋਹ ਕਲੱਬ ਮੈਂਬਰਾਂ ਦੇ ਲਈ ਇਸ ਭੱਜ-ਦੌੜ ਦੀ ਜ਼ਿੰਦਗੀ ਵਿੱਚ ਕੁਝ ਸਮਾਂ ਫੁਰਸਤ ਤੇ ਇਕੱਠੇ ਬੈਠ ਕੇ ਮਨੋਰੰਜਨ ਕਰਨ ਦੇ ਨਜ਼ਰੀਏ ਨਾਲ ਕੀਤਾ ਜਾਂਦਾ ਹੈ।

ਇਸ ਮੌਕੇ ਚੇਅਰਮੈਨ ਪਵਨ ਕੁਮਾਰ, ਸਰਪ੍ਰਸਤ ਦਿਨੇਸ਼ ਕੁਮਾਰ, ਦੇਵ ਰਾਜ, ਵਿਵੇਕ ਗੁਪਤਾ, ਵਿਪਨ ਅਰੋੜਾ, ਧੰਨਪਤ ਰਾਏ ਤੇ ਕਲੱਬ ਮੈਂਬਰ ਹਾਜ਼ਰ ਸਨ।

# ਬਠਿੰਡਾ-ਫਾਜ਼ਿਲਕਾ-ਬਠਿੰਡਾ ਵਿਚਕਾਰ ਚੱਲੇਗੀ ਮੇਲਾ ਸਪੈਸ਼ਲ ਟਰੇਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਸ੍ਰੀ ਮੁਕਤਸਰ ਸਾਹਿਬ ਵਿਖੇ ਹੋਣ ਵਾਲੇ ਮਾਘੀ ਮੇਲੇ 'ਤੇ ਰੇਲ ਯਾਤਰੀਆਂ ਦੇ ਸੁਵਿਧਾਜਨਕ ਆਵਾਜਾਈ ਲਈ ਉੱਤਰੀ ਰੇਲਵੇ ਨੇ ਬਠਿੰਡਾ, ਫਾਜ਼ਿਲਕਾ ਬਠਿੰਡਾ ਦੇ ਵਿਚਾਲੇ 14, 15 ਤੇ 16 ਜਨਵਰੀ ਨੂੰ ਸਪੈਸ਼ਲ ਰੇਲ ਗੱਡੀ ਚਲਾਈ ਜਾਵੇਗੀ।

ਬਠਿੰਡਾ-ਫਾਜ਼ਿਲਕਾ ਮੇਲਾ ਸਪੈਸ਼ਲ ਟਰੇਨ 14, 15 ਤੇ 16 ਜਨਵਰੀ ਨੂੰ ਸਵੇਰੇ 8:05 ਵਜੇ ਬਠਿੰਡਾ ਤੋਂ ਰਵਾਨਾ ਹੋਵੇਗੀ ਤੇ ਸਵੇਰੇ 11.50 ਵਜੇ ਫਾਜ਼ਿਲਕਾ ਪਹੁੰਚੇਗੀ।

ਵਾਪਸੀ ਦਿਸ਼ਾ ਵਿੱਚ, ਫਾਜ਼ਿਲਕਾ-ਬਠਿੰਡਾ ਮੇਲਾ ਸਪੈਸ਼ਲ ਟਰੇਨ 14, 15 ਤੇ 16 ਜਨਵਰੀ ਨੂੰ ਸ਼ਾਮ 5 ਵਜੇ ਫਾਜ਼ਿਲਕਾ ਤੋਂ ਰਵਾਨਾ ਹੋਵੇਗੀ ਅਤੇ ਰਾਤ 8.55 ਵਜੇ ਬਠਿੰਡਾ ਪਹੁੰਚੇਗੀ।ਇਹ ਮੇਲਾ ਵਿਸ਼ੇਸ਼ ਰੇਲ ਮਾਰਗ ਗੋਨਿਆਣਾ ਭਾਈ ਜਗਤਾ, ਚੰਦਭਾਨ, ਗੰਗਸਰ ਜੈਤੋ, ਅਜੀਤ ਗਿੱਲ ਮੱਤਾ, ਰੋਮਾਣਾ ਅਲਬੇਲ ਸਿੰਘ, ਕੋਟ ਕਪੂਰਾ, ਵਾਂਦਰ ਜਟਾਣਾ, ਬਰੀਵਾਲਾ, ਝਬੇਲਵਾਲੀ, ਚੱਡੇਵਾਂ, ਮੁਕਤਸਰ, ਬਧਾਈ ਬੱਲਮਗੜ੍ਹ, ਭਾਗਸਰ, ਲੱਖੇਵਾਲੀ, ਰੋਡਾਂ ਵਾਲਾ, ਚੱਕ ਪਾਖੇਵਾਲਾ ਤੇ ਚੱਕ ਬਨਵਾਲਾ ਸਟੇਸ਼ਨਾਂ 'ਤੇ ਦੋਵੇਂ ਦਿਸ਼ਾਵਾਂ 'ਤੇ ਰੁਕਗੀ।

# ਰੋਟਰੀ ਕਲੱਬ ਫਿਰੋਜ਼ਪੁਰ ਦੇ ਪ੍ਰਧਾਨ ਡਾ. ਸੁਰਿੰਦਰ ਸਿੰਘ ਕਪੂਰ ਦੀ ਤਾਜਪੋਸ਼ੀ


ਰੋਟਰੀ ਕਲੱਬ ਫਿਰੋਜ਼ਪੁਰ ਦੇ ਪ੍ਰਧਾਨ ਡਾ. ਸੁਰਿੰਦਰ ਸਿੰਘ ਕਪੂਰ ਦੀ ਤਾਜਪੋਸ਼ੀ ਦਾ ਦ੍ਰਿਸ਼।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਸਮਾਜ ਸੇਵੀ ਕੰਮਾਂ ਵਿਚ ਮੋਢੀ ਰਹੀ ਸੰਸਥਾ ਰੋਟਰੀ ਕਲੱਬ ਫਿਰੋਜ਼ਪੁਰ ਵੱਲੋਂ ਡਾ. ਸੁਰਿੰਦਰ ਸਿੰਘ ਤਾਜਪੋਸ਼ੀ ਦਾ ਸਮਾਰੋਹ ਮਨਾਇਆ ਗਿਆ।ਇਸ ਮੌਕੇ ਰੋਟਰੀ ਡਿਸਟ੍ਰਿਕਟ 3090 ਦੇ ਡਿਸਟ੍ਰਿਕਟ ਗਵਰਨਰ ਗੁਲਬਹਾਰ ਸਿੰਘ ਰਟੋਲ ਨੇ ਪ੍ਰਧਾਨ ਡਾ. ਸੁਰਿੰਦਰ ਸਿੰਘ ਕਪੂਰ ਨੂੰ ਕਾਲਰ ਪਹਿਨਾ ਕੇ ਰੋਟਰੀ ਕਲੱਬ ਫਿਰੋਜ਼ਪੁਰ ਲਈ ਹੋਰ ਵੀ ਤਨਦੇਹੀ ਨਾਲ ਕੰਮ ਕਰਨ ਦੀ ਜ਼ਿੰਮੇਵਾਰੀ ਸੌਂਪੀ।ਉਪਰੰਤ ਸਹੁੰ ਚੁੱਕ ਸਮਾਗਮ ਵਿੱਚ ਪ੍ਰਧਾਨ ਡਾ. ਸੁਰਿੰਦਰ ਸਿੰਘ ਕਪੂਰ ਤੋਂ ਇਲਾਵਾ ਸਕੱਤਰ ਰਕੇਸ਼ ਕੁਮਾਰ ਮਨਚੰਦਾ, ਕੈਸ਼ੀਅਰ ਅਸ਼ੋਕ ਸ਼ਰਮਾ, ਅਜੈ ਬਜਾਜ, ਰਕੇਸ਼ ਚਾਵਲਾ, ਪ੍ਰਦੀਪ ਬਿੰਦਰਾ, ਕ੍ਰਿਪਾਲ ਸਿੰਘ ਮੱਕੜ, ਦਿਨੇਸ਼ ਕਟਾਰੀਆ, ਲਵਕੇਸ਼ ਕੱਕੜ, ਨਰਿੰਦਰ ਕੱਕੜ, ਨਿਰਮਲ ਮੋਂਗਾ, ਭਾਰਤ ਸ਼ਰਮਾ, ਸ਼ਾਮ ਸਿੰਘ ਮੱਕੜ, ਪ੍ਰਿਥਵੀ ਮੋਂਗਾ ਤੇ ਅਗਲੇ ਸਾਲ 2023-24 ਦੇ ਪ੍ਰਧਾਨ ਸੁਰਿੰਦਰ ਨਾਰੰਗ ਅਤੇ ਸਕੱਤਰ ਵਿਜੈ ਧਵਨ ਨੂੰ ਰੋਟਰੀ ਕੱਲਬ ਫਿਰੋਜ਼ਪੁਰ ਬੋਰਡ ਆਫ ਡਾਇਰੈਕਟਰ ਤੇ ਕਲੱਬ ਚੇਅਰ ਦੇ ਮੈਂਬਰਾਂ ਵੱਲੋਂ ਸਹੁੰ ਚੁਕਾਈ ਗਈ ਤਾਂ ਜੋ ਇਹ ਮੈਂਬਰ ਰੋਟਰੀ ਇੰਟਰਨੈਸ਼ਨਲ ਦੇ ਬਾਈ-ਲਾਅਜ ਮੁਤਾਬਕ ਸਮਾਜ ਸੇਵੀ ਕੰਮਾਂ ਪ੍ਰਤੀ ਪ੍ਰਤੀਬੰਦ ਰਹਿਣ।ਪ੍ਰਧਾਨ ਡਾ. ਸੁਰਿੰਦਰ ਸਿੰਘ ਕਪੂਰ ਨੇ ਡਿਸਟ੍ਰਿਕ ਗਵਰਨਰ ਗੁਲਬਹਾਰ ਸਿੰਘ ਰਟੋਲ, ਜਨਰਲ ਸਕੱਤਰ ਵਿਕਾਸ ਕਰਵਾਸਰਾ ਤੇ ਸਮੂਹ ਮੈਂਬਰਾਂ ਦਾ ਇਸ ਸਮਾਰੋਹ ਵਿੱਚ ਪੁੱਜਣ 'ਤੇ ਸਵਾਗਤ ਕਰਨ ਉਪਰੰਤ ਕਲੱਬ ਦੀਆ ਗਤੀਵਿਧੀਆ ਬਾਰੇ ਜਾਣੂ ਕਰਵਾਇਆ।

ਡਿਸਟ੍ਰਿਕ ਗਵਰਨਰ ਗੁਲਬਹਾਰ ਸਿੰਘ ਰਟੋਲ ਨੇ ਆਪਣੇ ਭਾਸ਼ਣ ਵਿੱਚ ਮੈਂਬਰਾਂ ਨੂੰ ਰੋਟਰੀ ਫਾਊਂਡੇਸ਼ਨ ਵਿੱਚ ਦਾਨ ਸੇਵਾ ਕਰਨ ਲਈ ਪ੍ਰੇਰਿਤ ਕੀਤਾ ਤਾਂ ਜੋ ਇਹ ਰਕਮ ਗਲੋਬਲ ਗਰਾਂਟ ਦੇ ਰੂਪ ਵਿੱਚ ਸਮਾਜ ਸੇਵੀ ਕੰਮਾਂ ਵਿੱਚ ਵਰਤੀ ਜਾ ਸਕੇ।ਉਪਰੰਤ ਪ੍ਰਧਾਨ ਡਾ. ਸੁਰਿੰਦਰ ਸਿੰਘ ਕਪੂਰ ਵੱਲੋਂ ਆਈਆਂ ਵਿਸ਼ੇਸ਼ ਸ਼ਖਸੀਅਤਾਂ ਨੂੰ ਸ਼ਾਲ ਦੇ ਕੇ ਸਨਮਾਨਤ ਕੀਤਾ।

ਇਸ ਸਮਾਰੋਹ ਵਿੱਚ ਆਦੇਸ਼ ਸਿੰਘ, ਓ ਪੀ ਚਾਵਲਾ, ਪ੍ਰਮੋਦ ਕਪੂਰ, ਰਕੇਸ਼ ਮੋਂਗਾ, ਸੋਹਣ ਲਾਲ ਖਤਰੀ, ਸੁਸ਼ੀਲ ਕੁਮਾਰ, ਯਸ਼ ਗਾਬਾ ਤੇ ਰੋਟਰੀ ਕਲੱਬ ਫਿਰੋਜ਼ਪੁਰ ਛਾਉਣੀ ਦੇ ਪ੍ਰਧਾਨ ਸੁਖਦੇਵ ਸ਼ਰਮਾ, ਹਰਵਿੰਦਰ ਘਈ, ਸੀਨੀਅਰ ਮੈਂਬਰ ਅਸ਼ੋਕ ਬਹਿਲ, ਕਮਲ ਸ਼ਰਮਾ ਤੇ ਰੋਟਰੀ ਕਲੱਬ ਫਿਰੋਜ਼ਪੁਰ ਡਾਇਮੰਡ ਦੇ ਪ੍ਰਧਾਨ ਬੂਟਾ ਸਿੰਘ ਹਾਜ਼ਰ ਸਨ।ਅੰਤ ਵਿੱਚ ਅਸ਼ੋਕ ਸ਼ਰਮਾ ਵੱਲੋਂ ਆਈਆਂ ਵਿਸ਼ੇਸ਼ ਸ਼ਖਸੀਅਤਾਂ ਤੇ ਸਮੂਹ ਮੈਂਬਰਾਂ ਦੇ ਸਹਿਯੋਗ ਵਜੋਂ ਧੰਨਵਾਦ ਕੀਤਾ ਗਿਆ।

# ਚੰਗੇ ਸਮਾਜ ਦੀ ਸਿਰਜਣਾ ਲਈ ਲੜਕੀਆਂ ਨੂੰ ਦਿੱਤੇ ਜਾਣ ਲੜਕਿਆਂ ਬਰਾਬਰ ਅਧਿਕਾਰ : ਡਾ. ਰੰਜੂ ਸਿੰਗਲਾ

### ਦਫਤਰ ਸਿਵਲ ਸਰਜਨ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਕਰਕੇ ਮਨਾਈ ਧੀਆਂ ਦੀ ਲੋਹੜੀ


ਧੀਆਂ ਦੀ ਲੋਹੜੀ ਮਨਾਉਂਦੇ ਸਿਵਲ ਸਰਜਨ ਤੇ ਹੋਰ ਸਟਾਫ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**
ਸਿਹਤ ਵਿਭਾਗ ਸ੍ਰੀ ਮੁਕਤਸਰ ਸਾਹਿਬ ਵੱਲੋਂ ਡਾ. ਰੰਜੂ ਸਿੰਗਲਾ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਟੀ ਬਚਾਓ ਬੇਟੀ ਪੜ੍ਹਾਓ ਸਬੰਧੀ ਦਫਤਰ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਕੀਤਾ ਗਿਆ ਅਤੇ ਧੀਆਂ ਦੀਆਂ ਲੋਹੜੀ ਮਨਾਈ ਗਈ। ਇਸ ਮੌਕੇ ਡਾ. ਰੰਜੂ ਸਿੰਗਲਾ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਇਸ ਸਮਾਗਮ ਵਿੱਚ ਡਾ. ਬੰਦਨਾ ਬਾਂਸਲ ਡੀ.ਐੱਮ.ਸੀ., ਡਾ. ਦੁਪਿੰਦਰ ਕੁਮਾਰ ਐੱਸ.ਐੱਮ.ਓ. ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ, ਡਾ. ਨਰੇਸ਼ ਪਰੂਥੀ ਐੱਨ.ਜੀ.ਓ., ਪੰਕਜ ਕੁਮਾਰ ਸੀ.ਡੀ.ਪੀ.ਓ., ਸੁਖਮੰਦਰ ਸਿੰਘ, ਗੁਰਚਰਨ ਸਿੰਘ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ, ਦੀਪਕ ਕੁਮਾਰ ਡੀ.ਪੀ.ਐੱਮ., ਭਗਵਾਨ ਦਾਸ, ਲਾਲ ਚੰਦ, ਗਗਨਦੀਪ ਕੌਰ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਡਾ. ਰੰਜੂ ਸਿੰਗਲਾ ਨੇ ਸਾਲ 2022 ਵਿੱਚ ਪੈਦਾ ਹੋਈਆਂ ਬੱਚੀਆਂ ਨੂੰ ਗਿਫ਼ਟ ਦੇ ਕੇ ਸਨਮਾਨਤ ਕੀਤਾ ਤੇ ਬੱਚੀਆਂ ਤੇ ਮਾਪਿਆਂ ਨਾਲ ਲੋਹੜੀ ਮਨਾਈ ਗਈ ਅਤੇ ਮੂੰਗਫਲੀ ਅਤੇ ਰਿਊੜੀਆਂ ਵੰਡੀਆਂ ਗਈਆਂ। ਇਸ ਸਮੇਂ ਉਨ੍ਹਾਂ ਬੱਚੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਤੇ ਬੱਚੀਆਂ ਦੀ ਤੰਦਰੁਸਤੀ ਅਤੇ ਤਰੱਕੀ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਸਮੇਂ ਉਨ੍ਹਾਂ ਕਿਹਾ ਕਿ ਕਿ ਸਾਨੂੰ ਲੜਕੀਆਂ ਤੇ ਲੜਕਿਆਂ ਵਿੱਚ ਕੋਈ ਵੀ ਅੰਤਰ ਨਹੀਂ ਸਮਝਣਾ ਚਾਹੀਦਾ। ਲੜਕੀਆਂ ਦਾ ਪਾਲਣ ਪੋਸ਼ਣ ਤੇ ਵਿੱਦਿਆ ਲੜਕਿਆਂ ਦੇ ਬਰਾਬਰ ਹੀ ਕਰਵਾਉਣੀ ਚਾਹੀਦੀ ਹੈ। ਲੜਕੀਆਂ ਕਿਸੇ ਵੀ ਖੇਤਰ ਵਿੱਚ ਲੜਕਿਆਂ ਤੋਂ ਘੱਟ ਨਹੀਂ ਹਨ, ਬਸ਼ਰਤੇ ਕਿ ਉਨ੍ਹਾਂ ਨੂੰ ਮੌਕਾ ਦਿੱਤਾ ਜਾਵੇ। ਇਸ ਮੌਕੇ 81 ਨਵ-ਜਨਮੀਆਂ ਲੜਕੀਆਂ ਨੂੰ ਗਿਫਟ ਦੇ ਕੇ ਸਨਮਾਨਤ ਕੀਤਾ ਗਿਆ ਤੇ ਉਨ੍ਹਾਂ ਦੀ ਲੋਹੜੀ ਮਨਾਈ ਗਈ। ਇਸ ਸਮੇਂ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਦੀਆਂ ਸਮੂਹ ਏ.ਐੱਨ.ਐੱਮਜ਼ ਤੇ ਆਸ਼ਾ ਵਰਕਰਜ਼ ਹਾਜ਼ਰ ਸਨ।

# ਬਲਾਕ ਦੇ ਕਾਂਗਰਸੀ ਵਰਕਰਾਂ ਦਾ ਕਾਫਲਾ ਖਾਈ ਟੀ ਪੁਆਇੰਟ ਤੋਂ ਚੱਲੇਗਾ : ਗੁਰਬਖਸ਼ ਭਾਵੜਾ

### *ਭਾਰਤ ਜੋੜੋ ਯਾਤਰਾ 'ਚ ਸ਼ਾਮਲ ਹੋਣ ਲਈ ਕਾਂਗਰਸੀ ਵਰਕਰਾਂ 'ਚ ਭਾਰੀ ਜੋਸ਼ : ਨੀਟਾ ਸੋਢੀ*

**ਮਮਦੋਟ (ਹਰਪਾਲ ਸਿੰਘ ਸੋਢੀ)**-ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਪੰਜਾਬ ਵਿੱਚ ਦਾਖਲ ਹੋਣ ਲਈ ਕਾਂਗਰਸੀ ਵਰਕਰਾਂ ਵਿੱਚ ਕਾਫੀ ਉਤਸ਼ਾਹ ਪਾਇਆ ਜਾ ਰਿਹਾ ਹੈ। ਕਾਂਗਰਸ ਪਾਰਟੀ ਦੇ ਪੰਜਾਬ ਪ੍ਰਧਾਨ ਰਾਜਾ ਅਮਰਿੰਦਰ ਸਿੰਘ ਵੜਿੰਗ, ਜ਼ਿਲ੍ਹਾ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ, ਹਲਕਾ ਫਿਰੋਜ਼ਪੁਰ ਦਿਹਾਤੀ ਦੇ ਇੰਚਾਰਜ ਆਸ਼ੂ ਬੰਗੜ ਤੇ ਬੀਬਾ ਬਲਜੀਤ ਕੌਰ ਬੰਗੜ ਜ਼ਿਲ੍ਹਾ ਵਾਈਸ ਪ੍ਰਧਾਨ ਦੇ ਦਿਸ਼ਾ-ਨਿਰਦੇਸ਼ ਹੇਠ ਗੁਰਬਖਸ਼ ਸਿੰਘ ਭਾਵੜਾ ਬਲਾਕ ਪ੍ਰਧਾਨ ਮਮਦੋਟ, ਸੀਨੀਅਰ ਕਾਂਗਰਸੀ ਆਗੂ ਹਰਪਾਲ ਸਿੰਘ ਨੀਟਾ ਸੋਢੀ ਦੀ ਅਗਵਾਈ ਹੇਠ ਭਾਰਤ ਜੋੜੋ ਯਾਤਰਾ ਦੀ ਤਿਆਰੀ ਨੂੰ ਲੈ ਕੇ ਪਿੰਡ-ਪਿੰਡ ਜਾ ਕੇ ਕਾਂਗਰਸੀ ਆਗੂਆਂ ਤੇ ਵਰਕਰਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਮਮਦੋਟ ਬਲਾਕ ਦੇ ਪਿੰਡ ਰਹੀਮੇ ਉਤਾੜ ਵਿਖੇ ਸਰਪੰਚ ਦਵਿੰਦਰ ਸਿੰਘ ਦੇ ਗ੍ਰਹਿ ਵਿਖੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਲਾਕ ਪ੍ਰਧਾਨ ਗੁਰਬਖਸ਼ ਸਿੰਘ ਭਾਵੜਾ ਤੇ ਸੀਨੀਅਰ ਕਾਂਗਰਸੀ ਆਗੂ ਨੀਟਾ ਸੋਢੀ ਨੇ ਦੱਸਿਆ ਕਿ ਭਾਰਤ ਜੋੜੋ ਯਾਤਰਾ ਨੂੰ ਲੈ ਕੇ ਕਾਂਗਰਸੀ ਆਗੂਆਂ ਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਰਿਹਾ ਹੈ। ਉਨ੍ਹਾਂ ਦੱਸਿਆ ਕਿ ਬਲਾਕ ਮਮਦੋਟ ਦੇ ਸਰਹੱਦੀ ਪਿੰਡਾਂ ਤੋਂ ਕਾਂਗਰਸੀ ਵਰਕਰ ਆਪਣੇ ਵਹੀਕਲਾਂ ਰਾਹੀਂ ਖਾਈ ਟੀ ਪੁਆਇੰਟ 'ਤੇ ਇਕੱਠੇ ਹੋ ਕੇ ਕਾਫਲਾ ਬਣਾ ਕੇ ਜ਼ਿਲ੍ਹਾ ਕਾਂਗਰਸ ਦਫਤਰ ਫਿਰੋਜ਼ਪੁਰ ਛਾਉਣੀ ਪਹੁੰਚੇਗਾ, ਜਿੱਥੇ ਪੂਰੇ ਜ਼ਿਲ੍ਹੇ ਦੇ ਕਾਂਗਰਸੀ ਆਗੂ ਤੇ ਵਰਕਰ ਅਗਲੇ ਪੜਾਅ ਲਈ ਰਵਾਨਾ ਹੋਣਗੇ। ਇਸ ਮੌਕੇ ਸੁੱਚਾ ਸਿੰਘ ਟਿੱਬੀ, ਹਰਪਾਲ ਸਿੰਘ ਟਿੱਬੀ, ਸਰਪੰਚ ਦਵਿੰਦਰ ਸਿੰਘ, ਸਰਪੰਚ ਮੁਖਤਿਆਰ ਸਿੰਘ, ਬੋਹੜ ਸਿੰਘ ਮੱਤੜ, ਖੰਡਾ ਸਿੰਘ ਰਾਉਕੇ, ਤਰਸੇਮ ਸਿੰਘ ਬਲਾਕ ਸੰਮਤੀ ਮੈਂਬਰ, ਸਰਪੰਚ ਹੰਸਾ ਸਿੰਘ, ਕੁਲਵੰਤ ਸਿੰਘ ਛਾਂਗਾ ਖੁਰਦ, ਸਰਪੰਚ ਹਰਦੀਪ ਸਿੰਘ, ਸਰਪੰਚ ਚੰਚਲ ਸਿੰਘ ਕਾਕੜ, ਸਰਪੰਚ ਰੂਪ ਸਿੰਘ, ਸਰਪੰਚ ਪਰਮਜੀਤ ਸਿੰਘ, ਸਰਪੰਚ ਰੂਪ ਆਦਿ ਹਾਜ਼ਰ ਸਨ।

# ਪੈਨਸ਼ਨਰ 29 ਦੀ ਸੰਗਰੂਰ ਰੈਲੀ 'ਚ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ : ਮੋਤੀ, ਮੈਲਡੇ



**ਮੁੱਲਾਂਪੁਰ ਦਾਖਾ (ਪੱਤਰ ਪ੍ਰੇਰਕ)**
ਸ਼ਹੀਦ ਕਰਨੈਲ ਈਸੜੂ ਭਵਨ ਲੁਧਿਆਣਾ ਵਿਖੇ ਪੰਜਾਬ ਪੈਨਸ਼ਨਰ ਜ਼ਿਲ੍ਹਾ ਬ੍ਰਾਂਚਾਂ ਲੁਧਿਆਣਾ (ਏਟਕ) ਦੀ ਮਹੀਨਾਵਾਰ ਮੀਟਿੰਗ ਸਾਥੀ ਮਨਜੀਤ ਸਿੰਘ ਮਨਸੂਰਾਂ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਸੂਬਾਈ ਚੇਅਰਮੈਨ ਸਾਥੀ ਗੁਰਦੀਪ ਸਿੰਘ ਮੋਤੀ ਤੇ ਸੂਬਾ ਪ੍ਰਧਾਨ ਗੁਰਮੇਲ ਸਿੰਘ ਮੈਲਡੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਯੂਨੀਅਨ ਦੇ ਜ਼ਿਲ੍ਹਾ ਜਨਰਲ ਸਕੱਤਰ ਹਰਜਿੰਦਰ ਸਿੰਘ ਸੀੜ ਨੇ ਆਪਣੇ ਵਿਚਾਰ ਸਾਂਝੇ ਕੀਤੇ। ਚੇਅਰਮੈਨ ਗੁਰਦੀਪ ਸਿੰਘ ਮੋਤੀ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਸ੍ਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਪੈਨਸ਼ਨਰਾਂ ਨਾਲ ਬੇਇਨਸਾਫੀ ਕਰ ਰਹੀ ਹੈ। ਜਿਵੇਂ ਪੈਨਸ਼ਨ ਸੋਧ ਦਾ ਫਾਮੂਲਾ 2.59 ਲਾਗੂ ਨਾ ਕਰਨਾ, 1 ਜੁਲਾਈ 2015 ਤੋਂ 113% ਤੇ 119% ਦਾ ਵਾਧਾ ਲੈਣ ਲਈ ਕੋਰਟ ਦਾ ਫੈਸਲਾ ਸਮੂਹ ਪੈਨਸ਼ਨਰਾਂ 'ਤੇ ਲਾਗੂ ਕੀਤਾ ਜਾਵੇ। ਮਹਾਂ-ਲੇਖਾਕਾਰ ਪੰਜਾਬ ਚੰਡੀਗੜ੍ਹ ਵਿਖੇ ਪੈਨਸ਼ਨਰਾਂ ਦੇ ਪੈਂਡਿੰਗ ਪਏ ਕੇਸ ਮਨਜ਼ੂਰ ਕਰਕੇ ਵਿਭਾਗਾਂ ਨੂੰ ਭੇਜੇ ਜਾਣ। ਡਾਇਰੈਕਟਰ ਹੈਲਥ ਦੇ ਦਫਤਰ ਵਿੱਚ ਪੈਂਡਿੰਗ ਪਏ ਮੈਡੀਕਲ ਬਿੱਲ ਮਨਜ਼ੂਰ ਕਰਕੇ ਵਿਭਾਗਾਂ ਨੂੰ ਭੇਜੇ ਜਾਣ ਤੇ ਪੈਨਸ਼ਨਰਾਂ ਦੇ ਮੈਡੀਕਲ ਬਿੱਲਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਸਾਥੀ ਗੁਰਮੇਲ ਸਿੰਘ ਮੈਲਡੇ ਤੇ ਗੁਰਦੀਪ ਸਿੰਘ ਮੋਤੀ ਨੇ ਕਿਹਾ ਕਿ ਸ੍ਰੀ ਭਗਵੰਤ ਸਿੰਘ ਮਾਨ ਸਰਕਾਰ ਪੈਨਸ਼ਨਰਾਂ ਨਾਲ ਕੀਤੇ ਵਾਅਦੇ ਭੁੱਲ ਚੁੱਕੀ ਹੈ। ਸਰਕਾਰ ਨੂੰ ਵਾਅਦੇ ਚੇਤੇ ਕਰਵਾਉਣ ਲਈ 29 ਜਨਵਰੀ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਵੱਡੇ ਪੱਧਰ 'ਤੇ ਸ਼ਾਮਲ ਹੋ ਕੇ ਰੋਸ ਪ੍ਰਗਟ ਕਰਾਂਗੇ। ਉਨ੍ਹਾਂ ਅੱਗੇ ਕਿਹਾ ਕਿ 2.59 ਫਾਰਮੂਲੇ ਦੀ ਪ੍ਰਾਪਤੀ ਲਈ ਲਗਾਤਾਰ ਸੰਘਰਸ਼ ਕੀਤਾ ਜਾਵੇਗਾ। ਅੱਜ ਦੀ ਭਰਵੀਂ ਮੀਟਿੰਗ ਵਿੱਚ ਸੱਤਰ ਸਾਲ ਉਮਰ ਪੂਰੀ ਕਰਨ ਵਾਲੇ ਪੈਨਸ਼ਨਰਾਂ ਦਾ ਸਨਮਾਨ ਚਿੰਨ੍ਹ ਤੇ ਲੋਈਆਂ ਦੇ ਕੇ ਸਨਮਾਨ ਕੀਤਾ ਗਿਆ। ਇਸ ਸਮੇਂ ਅਗਲੇ ਸਮੇਂ ਲਈ ਮਨਜੀਤ ਸਿੰਘ ਮਨਸੂਰਾਂ ਪ੍ਰਧਾਨ, ਹਰਜਿੰਦਰ ਸਿੰਘ ਸੀਲੋ ਜਨਰਲ ਸਕੱਤਰ ਤੇ ਦਰਸ਼ਨ ਸਿੰਘ ਥਰੀਕੇ ਮੁੜ ਵਿੱਤ ਸਕੱਤਰ ਚੁਣੇ ਗਏ।

# 'ਕੰਨਿਆ ਬਚਾਓ' ਮੁਹਿੰਮ ਤਹਿਤ ਲੋਹੜੀ ਦਾ ਤਿਉਹਾਰ ਮਨਾਇਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਦਿਵਯ ਜਯੋਤੀ ਜਾਗਰਤੀ ਸੰਸਥਾਨ ਵੱਲੋਂ ਗੋਨਿਆਣਾ, ਸ੍ਰੀ ਮੁਕਤਸਰ ਸਾਹਿਬ ਆਸ਼ਰਮ ਸਥਿਤ 'ਸੰਤੁਲਨ' ਪ੍ਰਕਲਪ ਦੇ ਅੰਤਰਗਤ 'ਕੰਨਿਆ ਬਚਾਓ' ਮੁਹਿੰਮ ਦੇ ਤਹਿਤ ਲੋਹੜੀ ਦਾ ਤਿਉਹਾਰ ਮਨਾਇਆ ਗਿਆ, ਜਿਸ ਵਿੱਚ 'ਸ੍ਰੀ ਆਸ਼ੂਤੋਸ਼ ਮਹਾਰਾਜ ਜੀ' ਦੀ ਸ਼ਿਸ਼ਯਾ ਸਾਧਵੀ ਸੁੱਭਰਾ ਭਾਰਤੀ ਨੇ ਨਾਰੀ ਬਾਰੇ ਦੱਸਦੇ ਹੋਏ ਕਿਹਾ ਕਿ ਭਾਰਤ ਦੇਸ਼ ਵਿੱਚ ਨਾਰੀ ਨੇ ਹਮੇਸ਼ਾ ਹੀ ਪਹਿਲਾ ਸਥਾਨ ਹਾਸਲ ਕੀਤਾ ਹੈ। ਬਲ, ਗਿਆਨ ਤੇ ਜਿੱਤ ਦੇ ਵਿਸ਼ੇ ਵਿੱਚ ਕੇਵਲ ਨਾਰੀ ਨੂੰ ਹੀ ਦੇਵੀ ਵਜੋਂ ਮੰਨਿਆ ਜਾਂਦਾ ਹੈ। ਆਦਿ ਕਾਲ ਤੋਂ ਹੀ ਸਾਡੇ ਦੇਸ਼ ਵਿੱਚ ਨਾਰੀ ਦੀ ਪੂਜਾ ਹੁੰਦੀ ਆ ਰਹੀ ਹੈ। ਨਾਰੀ ਇੱਕ ਮਾਂ ਦੇ ਰੂਪ ਵਿੱਚ ਸਾਨੂੰ ਸੰਸਾਰ ਦਾ ਦਰਸ਼ਨ ਕਰਵਾਉਂਦੀ ਹੈ। ਉਨ੍ਹਾ ਕਿਹਾ ਕਿ ਜਿੱਥੇ ਨਾਰੀ ਦਾ ਸਨਮਾਨ ਹੁੰਦਾ ਹੈ, ਉਥੇ ਦੇਵਤਾ ਵੀ ਵਾਸ ਕਰਦੇ ਹਨ ਤੇ ਜਿੱਥੇ ਨਾਰੀ ਦਾ ਸਨਮਾਨ ਨਹੀਂ ਹੁੰਦਾ, ਉੱਥੇ ਪੁੰਨ ਦੇ ਲਈ ਕੀਤੇ ਗਏ ਯਗ-ਦਾਨ ਆਦਿ ਵਿਅਰਥ ਚੱਲੇ ਜਾਂਦੇ ਹਨ। ਇੱਕ ਆਦਰਸ਼ ਸਦਗੁਣਾਂ ਨਾਲ ਸੰਪੰਨ ਨਾਰੀ ਹੀ ਪਰਿਵਾਰ ਦੀ ਉੱਨਤੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਸਾਧਵੀ ਜੀ ਨੇ ਕਿਹਾ ਕਿ ਨਾਰੀ ਨੂੰ ਸਹੀ ਦਿਸ਼ਾ ਫਿਰ ਹੀ ਮਿਲੇਗੀ ਅਗਰ ਜੀਵਨ ਵਿੱਚ ਸਹੀ ਮਾਰਗ ਦਰਸ਼ਕ ਹੋਵੇ, ਜਿਸ ਪ੍ਰਕਾਰ ਸੰਤ ਮੀਰਾ, ਰਬੀਆ, ਸਹਿਜੋ ਬਾਈ, ਸ਼ਬਰੀ ਤੇ ਗਾਰਗੀ ਦੇ ਗੁਰੂ ਨੇ ਉਨ੍ਹਾਂ ਦਾ ਸਹੀ ਮਾਰਗ ਦਰਸ਼ਨ ਕੀਤਾ। ਜੇਕਰ ਅੱਜ ਨਾਰੀ ਦੇ ਪਾਸ ਸਹੀ ਮਾਰਗ ਦਰਸ਼ਕ ਨਹੀਂ ਹੈ ਤਾਂ ਉਹ ਭਟਕ ਵੀ ਸਕਦੀ ਹੈ। ਜੀਵਨ ਅੰਦਰ ਪੂਰਨ ਗੁਰੂ ਦਾ ਹੋਣਾ ਬਹੁਤ ਹੀ ਜ਼ਰੂਰੀ ਹੈ। ਗੁਰੂ ਹੀ ਸਾਨੂੰ ਬ੍ਰਹਮ-ਗਿਆਨ ਪ੍ਰਦਾਨ ਕਰਕੇ ਸਾਡਾ ਸਹੀ ਮਾਰਗ ਦਰਸ਼ਨ ਕਰਦੇ ਨੇ। ਇਸ ਪ੍ਰੋਗਰਾਮ ਵਿੱਚ ਮੌਜੂਦ ਸੰਗਤ ਨੇ ਕੰਨਿਆ ਦੇ ਨਾਲ ਹੋ ਰਹੇ ਅਨਿਆਂ, ਭੇਦ-ਭਾਵ, ਸਾਮਾਜਿਕ ਬੁਰਾਈਆਂ ਨੂੰ ਕਾਗਜ਼ਾਂ ਉੱਪਰ ਲਿਖ ਕੇ ਇਨ੍ਹਾਂ ਬੁਰਾਈਆਂ ਨੂੰ ਅੰਦਰੋਂ ਜਲਾਉਣ ਦਾ ਸੰਕਲਪ ਲੈ ਕੇ ਅਗਨੀ ਭੇਟ ਕੀਤਾ ਗਿਆ। ਡੌਲ ਮੇਕਿੰਗ ਐਕਟੀਵਿਟੀ, ਨਾਰੀ ਜਾਗਰਤੀ ਦੇ ਨਾਟਕ ਦੁਆਰਾ ਕੰਨਿਆ ਬਚਾਓ ਦੇ ਲਈ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸਾਧਵੀ ਕੁਲਦੇਵੀ ਭਾਰਤੀ ਜੀ, ਸਾਧਵੀ ਬ੍ਰਹਮਪ੍ਰਿਯਤਾ ਭਾਰਤੀ ਜੀ ਤੇ ਸਾਧਵੀ ਦਵਿੰਦਰ ਭਾਰਤੀ ਜੀ ਨੇ ਆਪਣੇ ਪ੍ਰਵਚਨਾਂ ਦੁਆਰਾ ਨਾਰੀ ਸ਼ਸ਼ਕਤੀਕਰਨ ਦੇ ਪ੍ਰਤੀ ਸੰਗਤ ਨੂੰ ਜਾਗਰੂਕ ਕੀਤਾ।

# ਪੰਜਾਬ ਪੈਨਸ਼ਨਰਜ਼ ਯੂਨੀਅਨ (ਏਟਕ) ਬ੍ਰਾਂਚ ਮੋਗਾ ਦੀ ਚੋਣ

### ਬਚਿੱਤਰ ਸਿੰਘ ਧੋਥੜ ਪ੍ਰਧਾਨ ਤੇ ਸਤਪਾਲ ਸਹਿਗਲ ਜਨਰਲ ਸਕੱਤਰ ਬਣੇ


ਸਨਮਾਨਤ ਕੀਤੇ ਗਏ ਪੈਨਸ਼ਨਰ।

**ਮੋਗਾ (ਅਮਰਜੀਤ ਬੱਬਰੀ)**
ਪੰਜਾਬ ਪੈਨਸ਼ਨਰਜ਼ ਯੂਨੀਅਨ (ਏਟਕ) ਬ੍ਰਾਂਚ ਮੋਗਾ ਦੀ ਮਹੀਨਾਵਾਰ ਮੀਟਿੰਗ ਕਾ. ਸਤੀਸ਼ ਲੂੰਬਾ ਹਾਲ ਮੋਗਾ ਵਿੱਚ ਹੋਈ। ਮੀਟਿੰਗ ਵਿੱਚ ਉੱਘੇ ਟਰੇਡ ਯੂਨੀਅਨਿਸਟ ਕਾ. ਜਸਵੰਤ ਸਿੰਘ ਦੀ ਮੌਤ 'ਤੇ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਸੂਬਾਈ ਜਨਰਲ ਸਕੱਤਰ ਅਵਤਾਰ ਸਿੰਘ ਗਗੜਾ ਨੇ ਯੂਨੀਅਨ ਦੀਆਂ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਦੱਸਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਨੂੰ ਤਾਂ 2.59 ਦਾ ਗੁਣਾਂਕ ਦਿੱਤਾ ਹੈ, ਪਰ ਪੈਨਸ਼ਨਰਾਂ ਨੂੰ 15% ਵਾਧੇ ਦੇ ਨਾਂ 'ਤੇ ਸਿਰਫ਼ 2.45 ਦਾ। ਇਸ ਤਰ੍ਹਾਂ ਪੈਨਸ਼ਨਰਾਂ ਨਾਲ ਵੱਡਾ ਧੱਕਾ ਕੀਤਾ ਹੈ। ਹੁਣ ਵੀ ਕੋਰਟ ਵੱਲੋਂ ਰਿਟ ਪਟੀਸ਼ਨਰਾਂ ਨੂੰ 1-7-15 ਤੋਂ 119% ਡੀ.ਏ. ਦੇਣ ਦਾ ਫੈਸਲਾ ਕੀਤਾ ਹੈ। ਗਗੜਾ ਨੇ ਮੰਗ ਕੀਤੀ ਕਿ ਕੋਰਟਾਂ ਦੇ ਫੈਸਲੇ ਜਨਰਲਾਈਜ਼ ਕੀਤੇ ਜਾਣ ਤਾਂ ਜੋ ਪੈਨਸ਼ਨਰਾਂ ਤੇ ਮੁਲਾਜ਼ਮਾਂ ਨੂੰ ਇੱਕੋ ਜਿਹੇ ਕੇਸਾਂ ਵਿੱਚ ਕੋਰਟਾਂ ਦੇ ਧੱਕੇ ਨਾ ਖਾਣੇ ਪੈਣ। ਉਨ੍ਹਾਂ ਕਿਹਾ ਕਿ ਪੈਨਸ਼ਨਰਾਂ ਨੂੰ ਵੀ ਮੁਲਾਜ਼ਮਾਂ ਵਾਂਗ 2.59 ਦਾ ਗੁਣਾਂਕ ਦਿੱਤਾ ਜਾਵੇ।

ਇਸ ਮੌਕੇ ਅਜਮੇਰ ਸਿੰਘ ਕੈਸ਼ੀਅਰ ਵੱਲੋਂ ਪਿਛਲੀ ਵਿੱਤੀ ਰਿਪੋਰਟ ਪੜ੍ਹ ਕੇ ਸੁਣਾਈ ਗਈ, ਜਿਸ ਨੂੰ ਸਦਨ ਨੇ ਸਰਵਸੰਮਤੀ ਨਾਲ ਪਾਸ ਕਰ ਦਿੱਤਾ। ਇਸ ਉਪਰੰਤ ਪ੍ਰਧਾਨ ਚਮਕੌਰ ਸਿੰਘ ਡਗਰੂ ਨੇ ਯੂਨੀਅਨ ਦੇ ਮੈਂਬਰਾਂ ਵੱਲੋਂ ਪਿਛਲੇ ਸਮੇਂ ਦਿੱਤੇ ਸਹਿਯੋਗ ਲਈ ਧੰਨਵਾਦ ਕਰਦੇ ਹੋਏ ਕਿਹਾ ਕਿ ਯੂਨੀਅਨ ਦੇ ਮੈਂਬਰਾਂ ਨੇ ਹਰ ਪ੍ਰੋਗਰਾਮ ਵਿੱਚ ਵਧ ਚੜ੍ਹ ਕੇ ਹਿੱਸਾ ਪਾਇਆ ਹੈ। ਉਨ੍ਹਾਂ ਨੇ ਪਹਿਲਾਂ ਬਣੀ ਕਮੇਟੀ ਨੂੰ ਭੰਗ ਕਰਦੇ ਹੋਏ ਨਵੀਂ ਕਮੇਟੀ ਚੁਣਨ ਦੀ ਆਗਿਆ ਦੇ ਦਿੱਤੀ। ਇਸ ਉਪਰੰਤ ਅਵਤਾਰ ਸਿੰਘ ਗਗੜਾ ਨੇ ਨਵੀਂ ਕਮੇਟੀ ਲਈ ਚਮਕੌਰ ਸਿੰਘ ਡਗਰੂ ਸਰਪ੍ਰਸਤ, ਭੂਪਿੰਦਰ ਸਿੰਘ ਸੇਖੋਂ ਚੇਅਰਮੈਨ, ਬਚਿੱਤਰ ਸਿੰਘ ਧੋਥੜ ਪ੍ਰਧਾਨ, ਅਜਮੇਰ ਸਿੰਘ ਅਖਾੜਾ ਐਕਟਿੰਗ ਪ੍ਰਧਾਨ, ਸਤਪਾਲ ਸਹਿਗਲ ਜਨਰਲ ਸਕੱਤਰ, ਨਿਰੰਜਣ ਸਿੰਘ ਮਾਛੀਕੇ ਸੀਨੀਅਰ ਮੀਤ ਪ੍ਰਧਾਨ, ਚਮਕੌਰ ਸਿੰਘ ਲੰਗੇਆਣਾ ਸੀਨੀ. ਮੀਤ ਪ੍ਰਧਾਨ, ਅਜਮੇਰ ਸਿੰਘ ਦੱਦਾਹੂਰ ਕੈਸ਼ੀਅਰ, ਪੋਹਲਾ ਸਿੰਘ ਬਰਾੜ ਸਹਾਇਕ ਕੈਸ਼ੀਅਰ ਦਾ ਪੈਨਲ ਪੇਸ਼ ਕੀਤਾ, ਜਿਸ ਨੂੰ ਸਰਬਸੰਮਤੀ ਨਾਲ ਪ੍ਰਵਾਨ ਕਰ ਲਿਆ ਗਿਆ। ਨਵੀਂ ਚੁਣੀ ਕਮੇਟੀ ਦਾ ਹਾਰ ਪਾ ਕੇ ਸਨਮਾਨ ਕੀਤਾ ਗਿਆ।

ਨਵੇਂ ਮੈਂਬਰਾਂ ਨੇ ਯੂਨੀਅਨ ਪ੍ਰਤੀ ਪੂਰੀ ਤਨਦੇਹੀ ਨਾਲ ਕੰਮ ਕਰਨ ਤੇ ਪੂਰਾ ਸਮਾਂ ਦੇਣ ਦਾ ਵਾਅਦਾ ਕੀਤਾ। ਇਸ ਉਪਰੰਤ ਸੱਤਰ ਸਾਲ/ਪਝੱਤਰ ਸਾਲ ਦੀ ਉਮਰ ਤੱਕ ਜਥੇਬੰਦੀ ਵਿੱਚ ਸਰਗਰਮ ਰਹਿਣ ਵਾਲੇ ਮੈਂਬਰਾਂ ਨੂੰ ਮੋਮੈਂਟੋ ਤੇ ਲੋਈ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਭੂਪਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਭਾਵੇਂ ਕੁੱਝ ਅਹੁਦੇਦਾਰਾਂ ਦੀ ਚੋਣ ਕਰਕੇ ਉਨ੍ਹਾਂ ਨੂੰ ਵੱਖ ਵੱਖ ਜ਼ਿੰਮੇਵਾਰੀ ਸੌਂਪੀ ਗਈ ਹੈ, ਪਰ ਜਥੇਬੰਦੀ ਦਾ ਮੈਂਬਰ ਬਰਾਬਰ ਦਾ ਜ਼ਿੰਮੇਵਾਰ ਹੈ। ਜਥੇਬੰਦੀ ਸਿਰਫ਼ ਪ੍ਰਧਾਨ, ਸਕੱਤਰ ਤੇ ਹੋਰ ਅਹੁਦੇਦਾਰਾਂ ਦੇ ਆਸਰੇ ਨਹੀਂ ਚੱਲਦੀ। ਜਥੇਬੰਦੀ ਨੂੰ ਉਸ ਦੇ ਮੈਂਬਰ ਹੀ ਚਲਾਉਂਦੇ ਹਨ।

ਇਸ ਮੌਕੇ ਉਂਕਾਰ ਸਿੰਘ ਫਰਵਾਹਾ, ਮੱਘਰ ਸਿੰਘ, ਮਿਹਰ ਸਿੰਘ, ਇੰਦਰਜੀਤ ਭਿੰਡਰ, ਮਾਸਟਰ ਮਹਿੰਦਰ ਸਿੰਘ ਸ਼ਿੰਦੀ, ਗੁਰਜੀਤ ਸਿੰਘ, ਬਲਬੀਰ ਸਿੰਘ ਰਾਮੂੰਵਾਲਾ, ਬੂਟਾ ਸਿੰਘ ਭੱਟੀ, ਪ੍ਰੇਮ ਕੁਮਾਰ ਆਦਿ ਹਾਜ਼ਰ ਸਨ।

# ਚੱਕ ਖੁੰਦਰ ਦੀ ਪੰਚਾਇਤ ਨੇ ਵੀ ਨਸ਼ਿਆਂ ਖਿਲਾਫ ਪਾਇਆ ਮਤਾ

### *ਪਿੰਡ 'ਚ ਨਸ਼ਾ ਵੇਚਣ ਤੇ ਸੇਵਨ ਕਰਨ 'ਤੇ ਪੂਰਨ ਪਾਬੰਦੀ : ਸਰਪੰਚ ਦੀਦਾਰ ਸਿੰਘ*




**ਮਮਦੋਟ (ਹਰਪਾਲ ਸਿੰਘ ਸੋਢੀ)**-ਪੰਜਾਬ ਦੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਲਈ ਗਰੰਟੀ ਕੀਤੀ ਸੀ ਕਿ ਪੰਜਾਬ ਵਿੱਚ ਪਹਿਲੇ ਹੱਲੇ ਨਸ਼ਿਆਂ ਨੂੰ ਖਤਮ ਕੀਤਾ ਜਾਵੇਗਾ। ਪੰਜਾਬ ਸਰਕਾਰ ਦੀ ਇਸ ਮੁਹਿੰਮ ਦਾ ਸਾਥ ਦਿੰਦਿਆਂ ਵਿਧਾਨ ਸਭਾ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਬਲਾਕ ਮਮਦੋਟ ਅਧੀਨ ਪਿੰਡ ਚੱਕ ਖੁੰਦਰ ਦੇ ਸਰਪੰਚ ਦੀਦਾਰ ਸਿੰਘ ਦੀ ਅਗਵਾਈ ਹੇਠ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸਮੂਹ ਪੰਚਾਇਤ ਨੇ ਪਹਿਲ ਕਦਮੀ ਕਰਦਿਆਂ ਪੰਚਾਇਤ ਦਾ ਅਜਲਾਸ ਬੁਲਾ ਕੇ ਸਾਂਝਾ ਮਤਾ ਪਾਇਆ ਗਿਆ ਹੈ ਕਿ ਪਿੰਡ ਵਿੱਚ ਕੋਈ ਵੀ ਵਿਅਕਤੀ ਨਸ਼ਾ ਵੇਚਣ ਦਾ ਕੰਮ ਨਹੀਂ ਕਰੇਗਾ ਤੇ ਨਾ ਹੀ ਕਿਸੇ ਨਸ਼ੇ ਦਾ ਸੇਵਨ ਕਰੇਗਾ। ਪਿੰਡ ਵਿੱਚ ਕੋਈ ਵੀ ਵਿਅਕਤੀ ਸਮੈਕ, ਚਿੱਟਾ, ਤੰਬਾਕੂ, ਪੋਸਤ ਆਦਿ ਪਿੰਡ ਦੀ ਹਦੂਦ ਅੰਦਰ ਕੋਈ ਵੀ ਵਿਅਕਤੀ ਬਾਹਰ ਤੋਂ ਆ ਕੇ ਨਸ਼ਾ ਨਹੀਂ ਵੇਚੇਗਾ। ਸਰਪੰਚ ਦੀਦਾਰ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਪਿੰਡ ਦੀਆਂ ਸਾਂਝੀਆਂ ਥਾਵਾਂ 'ਤੇ ਨੋਟਿਸ ਲਗਾ ਦਿੱਤੇ ਹਨ। ਉਨ੍ਹਾ ਕਿਹਾ ਕਿ ਜੇਕਰ ਫਿਰ ਵੀ ਕੋਈ ਵਿਅਕਤੀ ਨਸ਼ਾ ਵੇਚਦਾ ਹੈ, ਉਸ ਦੀ ਇਤਲਾਹ ਦੇਣ ਵਾਲੇ ਦਾ ਨਾਂ ਗੁਪਤ ਰੱਖਿਆ ਜਾਵੇਗਾ ਤੇ ਅਜਿਹੇ ਅਨਸਰਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਤੁਰੰਤ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਸਮੂਹ ਪੰਚਾਇਤ ਵੱਲੋ ਪ੍ਰਸ਼ਾਸਨ ਨਾਲ ਮਿਲ ਕੇ ਪਿੰਡ ਵਾਸੀਆਂ ਨੂੰ ਹਰ ਤਰ੍ਹਾਂ ਦਾ ਨਸ਼ਾ ਵੇਚਣ ਤੇ ਸੇਵਨ ਕਰਨ ਤੋਂ ਰੋਕਿਆ ਜਾਵੇਗਾ। ਉਨ੍ਹਾ ਦੱਸਿਆ ਕਿ ਇਹ ਮਤਾ ਸਰਬਸੰਮਤੀ ਨਾਲ ਪਾਸ ਕਰਕੇ ਅੱਜ ਤੋਂ ਲਾਗੂ ਮੰਨਿਆ ਜਾਵੇਗਾ। ਇਸ ਮੌਕੇ ਪੰਚਾਇਤ ਸਕੱਤਰ ਹਰਭਜਨ ਸਿੰਘ, ਗ੍ਰਾਮ ਸੇਵਕ ਸੁਮਿਤ ਕੁਮਾਰ, ਪੰਚ ਜਗਤਾਰ ਸਿੰਘ, ਪੰਚ ਸੁੱਚਾ ਸਿੰਘ, ਪੰਚ ਪਰਮਜੀਤ ਕੌਰ, ਪੰਚ ਮਹਿੰਦਰ ਕੌਰ, ਨੰਬਰਦਾਰ ਪਰਮਜੀਤ ਸਿੰਘ ਆਦਿ ਹਾਜ਼ਰ ਸਨ।

11-JAN-PAGE-7.qxd 1/10/2023 10:21 PM Page 1



# ਇਮਾਨਦਾਰੀ ਦਾ ਹੋਕਾ ਦੇਣ ਵਾਲੀ 'ਆਪ' ਸਭ ਤੋਂ ਵੱਧ ਭ੍ਰਿਸ਼ਟਾਚਾਰ ਦਾ ਸ਼ਿਕਾਰ : ਹਰਸਿਮਰਤ ਬਾਦਲ


ਅਹਿਮਦਪੁਰ ਵਿਖੇ ਸੰਬੋਧਨ ਕਰਦੇ ਹੋਏ ਹਰਸਿਮਰਤ ਕੌਰ ਬਾਦਲ।

**ਮਾਨਸਾ (ਰੀਤਵਾਲ)**-ਇਮਾਨਦਾਰੀ ਦਾ ਹੋਕਾ ਦੇਣ ਵਾਲੀ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਨੇ ਪਹਿਲੇ 10 ਮਹੀਨਿਆਂ ਦੇ ਕਾਰਜਕਾਲ ਦੌਰਾਨ ਹੀ ਭ੍ਰਿਸ਼ਟਾਚਾਰ ਦੀਆਂ ਸਾਰੀਆਂ ਹੱਦਾਂ ਹੀ ਪਾਰ ਕਰ ਦਿੱਤੀਆਂ, ਜਿਸ ਤੋਂ ਪੰਜਾਬ ਦੇ ਵਿਕਾਸ, ਤਰੱਕੀ ਤੇ ਖੁਸ਼ਹਾਲੀ ਲਈ ਕੋਈ ਆਸ ਨਹੀਂ ਕੀਤੀ ਜਾ ਸਕਦੀ ਅਤੇ ਲੋਕਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰਦਿਆਂ ਝੂਠੇ ਲਾਰਿਆਂ, ਗਾਰੰਟੀਆਂ ਦੇ ਸਬਜ਼ਬਾਗ ਦਿਖਾ ਕੇ ਸੱਤਾ ਹਾਸਲ ਕਰਕੇ ਪੰਜਾਬ ਦੀ ਜਨਤਾ ਨਾਲ ਧੋਖਾ ਕੀਤਾ ਗਿਆ ਹੈ। ਇਹ ਸ਼ਬਦ ਇੱਥੇ ਹਲਕਾ ਬੁਢਲਾਡਾ ਦੇ ਦੌਰੇ ਦੌਰਾਨ ਸਾਬਕਾ ਕੇਂਦਰੀ ਮੰਤਰੀ ਬੀਬਾ ਹਰਸਿਮਰਤ ਕੌਰ ਬਾਦਲ ਨੇ ਕਹੇ। ਉਨ੍ਹਾ ਕਿਹਾ ਕਿ ਇਸ ਸਰਕਾਰ ਦੇ ਰਾਜ 'ਚ ਭ੍ਰਿਸ਼ਟਾਚਾਰ ਮੰਤਰੀਆਂ, ਸਜ਼ਾ-ਜ਼ਾਫਤਾ ਨੇਤਾ ਪੰਜਾਬ ਦੇ ਲੋਕਾਂ ਨੂੰ ਲੁੱਟਣ ਲਈ ਫੌਜ ਖੜੀ ਕਰ ਰੱਖੀ ਹੈ। ਉਨ੍ਹਾ ਕਿਹਾ ਕਿ ਪਹਿਲਾ ਸਿਹਤ ਮੰਤਰੀ ਡਾ. ਵਿਜੈ ਸਿੰਗਲਾ, ਫਿਰ ਫੌਜਾ ਸਿੰਘ ਸਰਾਰੀ, ਜਿਸ ਦਾ ਆਡੀਓ 3 ਮਹੀਨਿਆਂ ਤੋਂ ਸੋਸ਼ਲ ਮੀਡੀਆ 'ਤੇ ਜੱਗ ਜ਼ਾਹਰ ਹੋ ਚੁੱਕਾ ਹੈ, ਪ੍ਰੰਤੂ ਇਹ ਸਰਕਾਰ 3 ਮਹੀਨਿਆਂ ਤੋਂ ਕੋਈ ਵੀ ਕਾਰਵਾਈ ਕਰਨ ਤੋਂ ਭੱਜ ਰਹੀ ਹੈ। ਉਨ੍ਹਾ ਕਿਹਾ ਕਿ ਮੰਤਰੀਆਂ ਨੂੰ ਕੱਢਣ ਦੇ ਨਾਲ ਕੋਈ ਭ੍ਰਿਸ਼ਟਾਚਾਰ ਦਾ ਹੱਲ ਨਹੀਂ ਹੋਵੇਗਾ, ਉਨ੍ਹਾਂ ਖਿਲਾਫ ਸਖਤ ਕਾਰਵਾਈ ਕਰਕੇ ਲੋਕਾਂ 'ਚ ਮਿਸਾਲ ਲਿਆਂਦੀ ਜਾਵੇ। ਉਨ੍ਹਾ ਪੰਜਾਬ ਦੀ ਮੌਜੂਦਾ ਸਰਕਾਰ 'ਤੇ ਤੰਜ ਕੱਸਦਿਆਂ ਕਿਹਾ ਕਿ ਸਰਕਾਰ ਨੂੰ ਬਣੇ 11 ਮਹੀਨੇ ਹੋ ਚੁੱਕੇ ਹਨ, ਪ੍ਰੰਤੂ ਪੰਜਾਬ ਦੀਆਂ ਬੀਬੀਆਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਵਾਲੀ ਸਰਕਾਰ 11000 ਕਿੱਥੋਂ ਦੇਵੇਗੀ। ਬੀਬਾ ਬਾਦਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਸੁਆਰਨ ਦੀ ਬਜਾਏ ਆਪਣਾ ਵਿਆਹ ਕਰਵਾ ਕੇ ਆਪਣੇ ਸੈਰ-ਸਪਾਟੇ ਨੂੰ ਤਰਜੀਹ ਦੇ ਕੇ ਪੰਜਾਬ ਦੇ ਖਜ਼ਾਨੇ ਨੂੰ ਢਾਅ ਲਾ ਰਿਹਾ ਹੈ। ਇਸ ਮੌਕੇ ਉਨ੍ਹਾ ਪਿੰਡ ਅਹਿਮਦਪੁਰ ਦੀ ਗਊਸ਼ਾਲਾ ਕਮੇਟੀ ਨੂੰ 5 ਲੱਖ ਰੁਪਏ ਦਾ ਚੈੱਕ ਦਿੱਤਾ ਤੇ ਸਾਬਕਾ ਨਗਰ ਕੌਂਸਲ ਪ੍ਰਧਾਨ ਸਵ. ਹਰਵਿੰਦਰ ਸਿੰਘ ਬੰਟੀ ਦੀ ਮਾਤਾ ਜੀ ਦੇ ਸਵਰਗਵਾਸ ਹੋਣ 'ਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਤੋਂ ਇਲਾਵਾ ਪਿੰਡ ਲਖਮੀਰ ਵਾਲਾ, ਦਲੇਲਵਾਲਾ, ਮਾਰਕਪੁਰ ਭੀਮੜਾ, ਬੋਹਾ, ਚੱਕ ਅਲੀਸ਼ੇਰ, ਗੋਰਖਨਾਥ ਆਦਿ ਪਿੰਡਾਂ 'ਚ ਵਰਕਰਾਂ ਨਾਲ ਦੁੱਖ ਸੁੱਖ ਸਾਂਝਾ ਕਰਨ ਲਈ ਪਹੁੰਚੇ। ਇਸ ਮੌਕੇ ਉਨ੍ਹਾ ਨਾਲ ਡਾ. ਨਿਸ਼ਾਨ ਸਿੰਘ, ਦਿਲਬਾਗ ਸਿੰਘ ਅਹਿਮਦਪੁਰ, ਰਮਨਦੀਪ ਸਿੰਘ ਗੁੜੱਦੀ, ਗੁਰਦੀਪ ਸਿੰਘ ਪੰਚ, ਗਊਸ਼ਾਲਾ ਕਮੇਟੀ ਪ੍ਰਧਾਨ ਮਨਜਿੰਦਰ ਸਿੰਘ, ਕਰਮ ਸਿੰਘ, ਪ੍ਰਿਤਪਾਲ ਸਿੰਘ, ਤਾਰਾ ਸਿੰਘ ਵਿਰਦੀ ਆਦਿ ਹਾਜ਼ਰ ਸਨ।

## ਆਂਗਨਵਾੜੀ ਵਰਕਰਾਂ/ਹੈਲਪਰਾਂ ਨੂੰ 7 ਮਹੀਨਿਆਂ ਦਾ ਨਹੀਂ ਮਿਲਿਆ ਮਾਣ-ਭੱਤਾ

**ਮੋਗਾ (ਅਮਰਜੀਤ ਬੱਬਰੀ)**

ਆਲ ਇੰਡੀਆ ਆਂਗਨਵਾੜੀ ਵਰਕਰ/ਹੈਲਪਰ ਯੂਨੀਅਨ ਏਟਕ ਮੋਗਾ ਵੱਲੋਂ ਜ਼ਿਲ੍ਹਾ ਪ੍ਰੋਗਰਾਮ ਅਫਸਰ ਨੂੰ ਪਿਛਲੇ 7 ਮਹੀਨਿਆਂ ਤੋਂ ਮਾਣ-ਭੱਤਾ ਨਾ ਮਿਲਣ ਦੇ ਸਬੰਧ ਵਿਚ ਮੰਗ ਪੱਤਰ ਦਿੱਤਾ ਗਿਆ। ਆਂਗਨਵਾੜੀ ਆਗੂਆਂ ਨੇ ਦੱਸਿਆ ਕਿ ਸੈਂਟਰ ਸਰਕਾਰ ਤੋਂ ਮਿਲਣ ਵਾਲਾ 7 ਮਹੀਨਿਆਂ ਦਾ ਮਾਣ-ਭੱਤਾ ਜੂਨ 2022 ਤੋਂ ਲੈ ਕੇ ਹੁਣ ਤੱਕ ਨਹੀਂ ਦਿੱਤਾ ਗਿਆ ਅਤੇ ਨਾ ਹੀ ਮੋਗਾ ਵਿਚ ਕੋਈ ਸੀ ਡੀ ਪੀ ਓ ਹੈ। ਇਸ ਸਬੰਧੀ ਪਹਿਲਾਂ ਵੀ ਜਥੇਬੰਦੀ ਕਈ ਵਾਰ ਪ੍ਰੋਗਰਾਮ ਅਫਸਰ ਨੂੰ ਮਿਲ ਚੁੱਕੀ ਹੈ, ਪਰ ਮਾਣਭੱਤੇ ਦਾ ਅਜੇ ਤੱਕ ਕੋਈ ਵੀ ਹੱਲ ਨਹੀਂ ਕੀਤਾ ਗਿਆ। ਪੰਜਾਬ ਸਰਕਾਰ ਨੇ ਚੋਣਾਂ ਮੌਕੇ ਵਾਅਦਾ ਕੀਤਾ ਸੀ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦਾ ਮਾਣ-ਭੱਤਾ ਦੁੱਗਣਾ ਕੀਤਾ ਜਾਵੇਗਾ, ਪਰ ਅਫਸੋਸ ਹੈ ਕਿ ਆਂਗਨਵਾੜੀ ਵਰਕਰ/ਹੈਲਪਰ ਪਹਿਲੇ ਮਾਣ-ਭੱਤੇ ਤੋਂ ਵੀ ਵਾਂਝੇ ਹੋ ਗਏ ਹਨ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਬਾਘਾ ਪੁਰਾਣਾ, ਮੋਗਾ ਇੱਕ ਤੇ ਦੋ ਅਤੇ ਧਰਮਕੋਟ ਦੇ ਵਰਕਰਾਂ ਦਾ ਮਾਣ-ਭੱਤਾ ਨਾ ਦਿੱਤਾ ਤਾਂ ਆਂਗਣਵਾੜੀ ਵਰਕਰ/ਹੈਲਪਰ ਅਗਲੇ ਹਫਤੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਦੇ ਦਫਤਰ ਅੱਗੇ ਪੱਕਾ ਧਰਨਾ ਦੇਣਗੇ, ਜਿਸ ਦੀ ਜ਼ਿੰਮੇਵਾਰੀ ਮਹਿਕਮੇ ਦੇ ਸਬੰਧਤ ਅਫਸਰਾਂ ਦੀ ਹੋਵੇਗੀ। ਮੰਗ ਪੱਤਰ ਦੇਣ ਮੌਕੇ ਜ਼ਿਲ੍ਹਾ ਪ੍ਰਧਾਨ ਸ੍. ਛਿੰਦਰ ਕੌਰ ਦੁਨੇਕੇ, ਗੁਰਚਰਨ ਕੌਰ ਮੋਗਾ, ਗੁਰਪ੍ਰੀਤ ਕੌਰ ਟਿਵਾਣਾ ਤੇ ਸੁਰਜੀਤ ਕੌਰ ਆਦਿ ਹਾਜ਼ਰ ਸਨ।

# ਹਲਕੇ ਦੇ ਕੰਮਾਂ ਸੰਬੰਧੀ ਵਿਧਾਇਕਾ ਮਾਣੂੰਕੇ ਵੱਲੋਂ ਮੁੱਖ ਮੰਤਰੀ ਨਾਲ ਮੁਲਾਕਾਤ

**ਹਲਕੇ ਦੀ ਬਿਹਤਰੀ ਲਈ ਮੁੱਖ ਮੰਤਰੀ ਨੇ ਹਾਂ-ਪੱਖੀ ਹੁੰਗਾਰਾ ਭਰਿਆ : ਬੀਬੀ ਮਾਣੂੰਕੇ**



**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**-ਵਿਧਾਨ ਸਭਾ ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਕਾਤ ਕਰਕੇ ਹਲਕੇ ਦੇ ਵਿਕਾਸ ਕਾਰਜਾਂ ਤੇ ਸਮੱਸਿਆਵਾਂ ਸਬੰਧੀ ਵਿਚਾਰ ਚਰਚਾ ਕੀਤੀ। ਇਸ ਸਬੰਧੀ ਵਿਸਥਾਰ ਸਹਿਤ ਜਾਣਕਾਰੀ ਦਿੰਦੇ ਹੋਏ ਵਿਧਾਇਕਾ ਸਰਵਜੀਤ ਕੌਰ ਮਾਣੂੰਕੇ ਨੇ ਦੱਸਿਆ ਕਿ ਮੁੱਖ ਮੰਤਰੀ ਨੇ ਹਲਕੇ ਦੇ ਵਿਕਾਸ ਕਾਰਜਾਂ ਸਬੰਧੀ ਹਾਂ-ਪੱਖੀ ਹੁੰਗਾਰਾ ਭਰਿਆ ਹੈ ਤੇ ਰਹਿੰਦੇ ਪ੍ਰੋਜੈਕਟਾਂ ਨੂੰ ਮੁਕੰਮਲ ਕਰਨ ਲਈ ਅਧਿਕਾਰੀਆਂ ਨੂੰ ਹਦਾਇਤਾਂ ਵੀ ਜਾਰੀ ਕਰ ਦਿੱਤੀਆਂ ਹਨ। ਵਿਧਾਇਕਾ ਮਾਣੂੰਕੇ ਨੇ ਦੱਸਿਆ ਕਿ ਅਖਾੜਾ ਨਹਿਰ ਦੇ ਪੁਲ ਨੂੰ ਲਗਭਗ 40 ਫੁੱਟ ਚੌੜਾ ਨਵਾਂ ਪੁਲ ਬਣਾਉਣ ਲਈ ਪ੍ਰੋਜੈਕਟ ਪਾਸ ਹੋ ਚੁੱਕਾ ਹੈ ਤੇ 7 ਕਰੋੜ 80 ਲੱਖ ਰੁਪਏ ਦੀ ਮੰਨਜ਼ੂਰ ਹੋ ਚੁੱਕੇ ਹਨ, ਰਹਿੰਦੀਆਂ ਕਾਰਵਾਈਆਂ ਮੁਕੰਮਲ ਹੋਣ ਉਪਰੰਤ ਨਿਰਮਾਣ ਕਾਰਜ ਜਲਦੀ ਸ਼ੁਰੂ ਕੀਤਾ ਜਾਵੇਗਾ। ਜਗਰਾਉਂ ਵਿਖੇ ਲਾਲਾ ਲਾਜਪਤ ਰਾਏ ਭਵਨ ਬਣਾਉਣ ਲਈ ਇੱਕ ਕਰੋੜ 58 ਲੱਖ ਰੁਪਏ ਜਾਰੀ ਕਰਵਾਏ ਜਾ ਚੁੱਕੇ ਹਨ, ਸ਼ੁਰੂ ਕਰਨ ਲਈ ਕਾਰਵਾਈ ਚੱਲ ਰਹੀ ਹੈ, ਜਗਰਾਉਂ ਮੰਡੀ ਵਿੱਚ ਇੱਕ ਨਵਾਂ ਸ਼ੈੱਡ ਤੇ ਆੜ੍ਹਤੀ ਭਵਨ ਬਣਾਉਣ ਲਈ ਪ੍ਰਵਾਨਗੀ ਹੋ ਚੁੱਕੀ ਹੈ ਤੇ ਰਹਿੰਦੀਆਂ ਕਾਰਵਾਈਆਂ ਮੁਕੰਮਲ ਹੋਣ ਉਪਰੰਤ ਕੰਮ ਸ਼ੁਰੂ ਕੀਤਾ ਜਾਵੇਗਾ। ਬੀਬੀ ਮਾਣੂੰਕੇ ਨੇ ਹੋਰ ਦੱਸਿਆ ਕਿ ਹਲਕੇ ਦੀ ਬਿਜਲੀ ਸਪਲਾਈ ਬਿਹਤਰ ਕਰਨ ਲਈ ਗਿੱਦੜਵਿੰਡੀ ਵਿਖੇ ਨਵਾਂ 66 ਕੇ ਵੀ ਗਰਿੱਡ ਬਣਾਉਣ ਲਈ ਜਗ੍ਹਾ ਦੀ ਗਿਣਤੀ-ਮਿਣਤੀ ਹੋ ਚੁੱਕੀ ਹੈ ਤੇ ਪ੍ਰੋਜੈਕਟ 'ਤੇ ਕਾਰਵਾਈ ਚੱਲ ਰਹੀ ਹੈ। ਇਸ ਗਰਿੱਡ ਦੇ ਸਥਾਪਤ ਹੋਣ ਉਪਰੰਤ ਹਲਕੇ ਅੰਦਰ 3 ਹੋਰ ਨਵੇਂ ਗਰਿੱਡ ਸਥਾਪਤ ਕਰਵਾਏ ਜਾਣਗੇ। ਉਨ੍ਹਾ ਕਿਹਾ ਕਿ ਹਲਕੇ ਦੀਆਂ ਟੁੱਟ ਚੁੱਕੀਆਂ ਤੇ ਨਵੀਆਂ ਸੜਕਾਂ ਬਣਾਉਣ ਲਈ ਪ੍ਰਪੋਜ਼ਲ ਤਿਆਰ ਕਰਕੇ ਭੇਜੀ ਗਈ ਹੈ ਤੇ ਮੰਨਜ਼ੂਰੀ ਮਿਲਣ ਉਪਰੰਤ ਸੜਕਾਂ ਦਾ ਕੰਮ ਸ਼ੁਰੂ ਹੋ ਜਾਵੇਗਾ, ਜਗਰਾਉਂ ਹਲਕੇ ਦੇ ਮੂੰਗੀ ਬੀਜਣ ਵਾਲੇ ਕਿਸਾਨਾਂ ਦੇ ਖਾਤਿਆਂ 'ਚ ਲਗਭਗ 20 ਕਰੋੜ ਰੁਪਏ ਤੋਂ ਵੀ ਜ਼ਿਆਦਾ ਦੀ ਰਕਮ ਜਾਰੀ ਕਰਵਾਈ ਜਾ ਚੁੱਕੀ ਹੈ ਤੇ ਰਹਿੰਦੇ ਕਾਸ਼ਤਕਾਰ ਕਿਸਾਨਾਂ ਨੂੰ ਪੈਸੇ ਦਿਵਾਉਣ ਲਈ ਯਤਨ ਜਾਰੀ ਹਨ, ਜਗਰਾਉਂ ਸ਼ਹਿਰ ਦੀ ਸੁੰਦਰਤਾ ਵਿੱਚ ਵਾਧਾ ਕਰਨ ਲਈ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਯਾਦ ਵਿੱਚ ਚੌਕ ਬਣਾ ਕੇ ਆਦਮਕੱਦ ਬੁੱਤ ਸਥਾਪਤ ਕਰਨ ਲਈ ਕੰਮ ਚੱਲ ਰਿਹਾ ਹੈ ਤੇ ਬਿਜਲੀ ਦੇ ਖੰਬੇ ਤੇ ਟ੍ਰਾਂਸਫਾਰਮਰ ਚੌਕ ਵਿੱਚੋਂ ਪਾਸੇ ਹੋ ਚੁੱਕੇ ਹਨ ਅਤੇ ਜਲਦੀ ਹੀ ਚੌਕ ਦਾ ਕੰਮ ਮੁਕੰਮਲ ਹੋ ਜਾਵੇਗਾ। ਔਰਤਾਂ ਤੇ ਬੱਚਿਆਂ ਦੇ ਇਲਾਜ ਲਈ ਜਗਰਾਉਂ ਵਿਖੇ ਲਗਭਗ 6 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਜੱਚਾ-ਬੱਚਾ ਹਸਪਤਾਲ ਚਾਲੂ ਵੀ ਕੀਤਾ ਜਾ ਚੁੱਕਾ ਹੈ ਤੇ ਜਲਦੀ ਹੀ ਸਟਾਫ਼ ਦੀਆਂ ਰਹਿੰਦੀਆਂ ਅਸਾਮੀਆਂ ਭਰੀਆਂ ਜਾਣਗੀਆਂ। ਵਿਧਾਇਕਾ ਸਰਵਜੀਤ ਕੌਰ ਮਾਣੂੰਕੇ ਨੇ ਹੋਰ ਦੱਸਿਆ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਨਵੇਂ ਖੇਡ ਗਰਾਊਂਡ ਤੇ ਪਾਰਕਾਂ ਬਣਾਈਆਂ ਜਾਣਗੀਆਂ ਅਤੇ ਆਉਂਦੇ ਸਮੇਂ ਦੌਰਾਨ ਜਗਰਾਉਂ ਹਲਕੇ ਲਈ ਬਹੁਤ ਸਾਰੇ ਨਵੇਂ ਪ੍ਰੋਜੈਕਟ ਪਾਸ ਕਰਵਾਏ ਜਾ ਰਹੇ ਹਨ ਤੇ ਵਿਧਾਨ ਸਭਾ ਹਲਕਾ ਜਗਰਾਉਂ ਨੂੰ ਬਿਹਤਰ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

## ਕਾਤਰਾਂ

### ਅਜੈ ਸਿੰਘ ਲਿਬੜਾ ਜ਼ਿਲ੍ਹਾ ਪਲਾਨਿੰਗ ਬੋਰਡ ਦੇ ਚੇਅਰਮੈਨ ਨਿਯੁਕਤ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਸਰਕਾਰ ਵਲੋਂ ਅਜੈ ਸਿੰਘ ਲਿਬੜਾ ਨੂੰ ਪਲਾਨਿੰਗ ਬੋਰਡ ਦਾ ਚੇਅਰਮੈਨ ਲਾਇਆ ਗਿਆ ਹੈ। ਇਸ ਸਬੰਧੀ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਵਿਧਾਇਕ ਰੁਪਿੰਦਰ ਸਿੰਘ ਹੈਪੀ ਤੇ ਵਿਧਾਇਕ ਗੁਰਵਿੰਦਰ ਸਿੰਘ ਗੈਰੀ ਬੜਿੰਗ ਸਮੇਤ ਪਤਵੰਤਿਆਂ ਵਲੋਂ ਉਨ੍ਹਾਂ ਨੂੰ ਮੁਬਾਰਕ ਦਿੱਤੀ ਗਈ। ਅਜੈ ਸਿੰਘ ਲਿਬੜਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਉਣਗੇ ਤੇ ਜ਼ਿਲ੍ਹੇ ਦੀ ਤਰੱਕੀ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ।

### ਧਰਤੀ ਹੇਠ ਗੰਦਾ ਪਾਣੀ ਪਾਉਣਾ ਬੰਦ ਕਰਨ ਫੈਕਟਰੀਆਂ : ਚੇਅਰਮੈਨ ਘੋਲੀਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)**-ਪੰਜਾਬ ਦਾ ਵਾਤਾਵਰਣ ਤੇ ਧਰਤੀ ਲਗਾਤਾਰ ਦੂਸ਼ਿਤ ਹੁੰਦੀ ਜਾ ਰਹੀ ਹੈ ਤੇ ਲੋਕ ਅਨੇਕਾਂ ਭਿਆਨਕ ਬਿਮਾਰੀਆਂ ਨਾਲ ਜੂਝ ਰਹੇ ਹਨ, ਜਿਸ ਦਾ ਵੱਡਾ ਕਾਰਨ ਫੈਕਟਰੀਆਂ ਵੱਲੋਂ ਗੰਦਾ ਪਾਣੀ ਧਰਤੀ ਹੇਠ ਪਾਇਆ ਜਾ ਰਿਹਾ ਹੈ। ਸਰਕਾਰਾਂ ਮੂਕ ਦਰਸ਼ਕ ਬਣ ਕੇ ਦੇਖ ਰਹੀਆਂ ਹਨ। ਉਕਤ ਸ਼ਬਦਾਂ ਦਾ ਪ੍ਰਗਟਾਵਾ ਏਕਤਾ ਮਨੁੱਖੀ ਅਧਿਕਾਰ ਬਿਊਰੋ ਪੰਜਾਬ ਦੇ ਡਿਪਟੀ ਚੇਅਰਮੈਨ ਬਲਵਿੰਦਰ ਸਿੰਘ ਘੋਲੀਆ ਨੇ ਕੀਤਾ। ਬਲਵਿੰਦਰ ਸਿੰਘ ਘੋਲੀਆ ਨੇ ਕਿਹਾ ਕਿ ਸਰਕਾਰਾਂ ਤੇ ਰਾਜਨੀਤਕ ਧਿਰਾਂ ਪੰਜਾਬ ਦੇ ਲੋਕਾਂ ਦਾ ਧੋਖਾ ਕਰਦੀਆਂ ਆ ਰਹੀਆਂ ਹਨ ਤੇ ਝੂਠੇ ਸਬਜਬਾਗ ਦਿਖਾ ਕੇ ਵੋਟਾਂ ਬਟੋਰ ਜਾਂਦੀਆਂ ਹਨ, ਜਿਨ੍ਹਾਂ ਖਿਲਾਫ ਏਕਤਾ ਮਨੁੱਖੀ ਅਧਿਕਾਰ ਬਿਊਰੋ ਪੰਜਾਬ ਸਖਤ ਨੋਟਿਸ ਲੈ ਕੇ ਸੁਪਰੀਮ ਕੋਰਟ ਵਿੱਚ ਚੁਣੌਤੀ ਦੇਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਸਿਹਤ ਵਿਭਾਗ ਅਤੇ ਪੁਲਸ ਵਿਭਾਗ ਨੂੰ ਚੁਸਤ ਰਹਿਣ ਦੀ ਲੋੜ ਹੈ ਤੇ ਲੋਕਾਂ ਦੀ ਜਾਨ ਮਾਲ ਦੀ ਰਾਖੀ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰ ਬਿਊਰੋ ਪੰਜਾਬ ਵੱਲੋਂ ਲਗਾਤਾਰ ਪੰਜਾਬ ਭਰ ਵਿੱਚ ਲੋਕਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤੇ ਜਥੇਬੰਦੀ ਨੂੰ ਹੋਰ ਮਜਬੂਤ ਕੀਤਾ ਜਾ ਰਿਹਾ ਹੈ ਤਾਂ ਜੁ ਲੋਕਾਂ ਦੀ ਇਸ ਲੜਾਈ ਨੂੰ ਹੋਰ ਤੇਜਜ਼ ਕੀਤਾ ਜਾ ਸਕੇ। ਉਨ੍ਹਾਂ ਲੋਕਾਂ ਨੂੰ ਬਿਊਰੋ ਨਾਲ ਜੁੜਨ ਦੀ ਅਪੀਲ ਕੀਤੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਗਜੀਤ ਸਿੰਘ ਠੁੱਲੀਵਾਲ ਤੇ ਪ੍ਰੈਸ ਸਕੱਤਰ ਜਿੰਦਰ ਸਿੰਘ ਹਾਜ਼ਰ ਸਨ।

### ਧੀਆਂ ਦੀ ਲੋਹੜੀ ਨੂੰ ਸਮਰਪਤ ਸਮਾਗਮ ਅੱਜ

**ਮਾਨਸਾ/ਬੁਢਲਾਡਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਤੇ ਐਂਟੀ-ਕਰੱਪਸ਼ਨ ਐਸੋਸੀਏਸ਼ਨ ਮਾਨਸਾ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੀਆਂ 15 ਹੋਣਹਾਰ ਧੀਆਂ ਨੂੰ 11 ਜਨਵਰੀ ਨੂੰ ਮਾਤਾ ਸੁੰਦਰੀ ਯੂਨੀਵਰਸਿਟੀ ਗਰਲਜ਼ ਕਾਲਜ ਮਾਨਸਾ ਵਿਖੇ ਹੋਣ ਵਾਲੇ ਸਮਾਗਮ ਦੌਰਾਨ ਸਨਮਾਨਤ ਕੀਤਾ ਜਾ ਰਿਹਾ ਹੈ। ਚੇਅਰਮੈਨ ਜੀਤ ਦਹੀਆ ਤੇ ਪ੍ਰਧਾਨ ਰਜਿੰਦਰ ਵਰਮਾ ਨੇ ਕਿਹਾ ਕਿ ਮਾਨਸਾ ਜ਼ਿਲ੍ਹੇ ਦੀਆਂ ਧੀਆਂ ਨੇ ਹਰ ਖੇਤਰ 'ਚ ਨਾਮਣਾ ਖੱਟਿਆ ਹੈ। ਉਨ੍ਹਾਂ ਦੱਸਿਆ ਕਿ ਇਸ ਵਾਰ ਜਿਨ੍ਹਾਂ ਧੀਆਂ ਦਾ ਸਨਮਾਨ ਕੀਤਾ ਜਾ ਰਿਹਾ ਹੈ, ਉਨ੍ਹਾਂ ਨੇ ਪੰਜਾਬ ਪੱਧਰ 'ਤੇ ਆਪਣੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਬਿੱਕਰ ਮਘਾਣੀਆ, ਦਵਿੰਦਰ ਕੋਹਲੀ, ਅਮਨਦੀਪ ਸ਼ਰਮਾ ਤੇ ਹਰਦੀਪ ਸਿੱਧੂ ਨੇ ਕਿਹਾ ਕਿ ਇਹ ਇੱਕ ਬਹੁਤ ਵਧੀਆ ਤੇ ਸ਼ਲਾਘਾਯੋਗ ਕਾਰਜ ਹੈ, ਜਿਸ ਨਾਲ ਵੱਖ-ਵੱਖ ਖੇਤਰਾਂ 'ਚ ਪ੍ਰਾਪਤੀਆਂ ਕਰਨ ਵਾਲੀਆਂ ਬੱਚੀਆਂ ਦੀ ਹੌਸਲਾ ਅਫਜ਼ਾਈ ਹੁੰਦੀ ਹੈ। ਇਸ ਸਮੇਂ ਪ੍ਰਧਾਨ ਮੱਖਣ ਸਿੰਘ ਬੁਢਲਾਡਾ, ਸੋਨੀ ਭੀਖੀ, ਰਜਿੰਦਰ ਕੌਰ, ਪ੍ਰਧਾਨ ਦਰਸ਼ਨ ਸਿੰਘ ਹਾਕਮਵਾਲਾ ਆਦਿ ਹਾਜ਼ਰ ਸਨ।

### ਨੈਸ਼ਨਲ ਤਾਇਕਵਾਂਡੋ ਚੈਂਪੀਅਨਸ਼ਿਪ 'ਚ ਫ਼ਿਰੋਜ਼ਪੁਰ ਦੇ ਖਿਡਾਰੀਆਂ ਜਿੱਤੇ ਤਮਗੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰਿਸ਼ੀਕੇਸ਼ (ਉੱਤਰਾਖੰਡ) ਵਿਖੇ ਹੋਈ 18ਵੀਂ ਨੈਸ਼ਨਲ ਤਾਇਕਵਾਂਡੋ ਚੈਂਪੀਅਨਸ਼ਿਪ ਵਿੱਚ ਫ਼ਿਰੋਜ਼ਪੁਰ ਦੇ ਨੰਨ੍ਹੇ-ਮੁੰਨੇ ਖਿਡਾਰੀਆਂ ਨੇ ਵੱਡੀਆਂ ਮੱਲ੍ਹਾਂ ਮਾਰਦਿਆਂ ਇੱਕ ਸੋਨੇ ਤੇ ਇੱਕ ਚਾਂਦੀ ਦੇ ਤਮਗੇ ਪ੍ਰਾਪਤ ਕਰਕੇ ਸਰਹੱਦੀ ਜ਼ਿਲ੍ਹੇ ਦੇ ਨਾਮ ਰੌਸ਼ਨ ਕੀਤਾ ਹੈ। ਖਿਡਾਰੀਆਂ ਦੇ ਕੋਚ ਬਰੂਨੋ ਨੇ ਦੱਸਿਆ ਕਿ 26 ਤੋਂ 28 ਦਸੰਬਰ ਤੱਕ ਹੋਈ ਇਸ ਨੈਸ਼ਨਲ ਚੈਂਪੀਅਨਸ਼ਿਪ ਵਿੱਚ ਤਾਇਕਵਾਂਡੋਂ ਐਸੋਸੀਏਸ਼ਨ ਆਫ਼ ਪੰਜਾਬ ਦੀ ਪ੍ਰਤੀਨਿਧਤਾ ਕਰਦਿਆਂ ਸੈਂਟ ਜੋਸਫ ਹਾਈ ਸਕੂਲ ਫ਼ਿਰੋਜ਼ਪੁਰ ਛਾਉਣੀ ਦੀ ਸ਼ਿਫ਼ਾ ਨੇ 5 ਤੋਂ 8 ਸਾਲ ਉਮਰ ਵਰਗ ਦੇ 01 ਐੱਨ ਐੱਫ ਵਿਅਕਤੀਗਤ ਸਪਰਿੰਗ ਫੀਮੇਲ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਦਿਆਂ ਸੋਨ ਤਮਗਾ, ਜਦਕਿ ਡੀ.ਏ.ਵੀ. ਸੀਨੀਅਰ ਸੈਕੰਡਰੀ ਸਕੂਲ ਫ਼ਿਰੋਜ਼ਪੁਰ ਛਾਉਣੀ ਦੇ ਲਵਿਸ਼ ਨੇ ਚਾਂਦੀ ਦਾ ਤਮਗਾ ਹਾਸਲ ਕੀਤਾ ਹੈ। ਇਸ ਚੈਂਪੀਅਨਸ਼ਿਪ ਵਿੱਚ ਡੀ.ਏ.ਵੀ. ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੀ ਵਿਦਿਆਰਥਣ ਕਸ਼ਿਸ਼ ਨੇ ਪੰਜਾਬ ਦੀ ਪ੍ਰਤੀਨਿਧਤਾ ਕਰਦਿਆਂ ਆਪਣਾ ਯੋਗਦਾਨ ਪਾਇਆ। ਖਿਡਾਰੀਆਂ ਦੀ ਇਸ ਜਿੱਤ 'ਤੇ ਤਾਇਕਵਾਂਡੋ ਐਸੋਸੀਏਸ਼ਨ ਦੇ ਅਹੁਦੇਦਾਰਾਂ ਤੇ ਸੀਨੀਅਰ ਖਿਡਾਰੀਆਂ ਨੇ ਵਧਾਈ ਦਿੰਦਿਆਂ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ ਹੈ।

### ਮਹਿੰਗਾਈ 'ਚ ਅਥਾਹ ਵਾਧੇ ਨਾਲ ਲੋਕਾਂ ਦਾ ਜਿਊਣਾ ਦੁੱਭਰ ਹੋਇਆ : ਪ੍ਰੋ. ਜੈਪਾਲ ਸਿੰਘ

**ਮਹਿਲ ਕਲਾਂ (ਗੁਰਪ੍ਰੀਤ ਅਣਖੀ, ਬਲਵਿੰਦਰ ਵਜੀਦਕੇ)**-ਪਿੰਡ ਵਜੀਦਕੇ ਕਲਾਂ ਵਿਖੇ ਇਨਕਲਾਬੀ ਮਾਰਕਸਵਾਦੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਆਗੂਆਂ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੁੱਕੂ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਪਾਰਟੀ ਦੇ ਸੂਬਾਈ ਆਗੂ ਪ੍ਰੋਫੈਸਰ ਜੈਪਾਲ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਦਿਆਂ ਕਿਹਾ ਕਿ ਕੇਂਦਰ ਤੇ ਰਾਜ ਸਰਕਾਰਾਂ ਆਪਣੇ ਚੋਣ ਮੈਨੀਫੈਸਟੋ ਦੌਰਾਨ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਤੋਂ ਭੱਜ ਚੁੱਕੀਆਂ ਹਨ। ਕਿਸਾਨ, ਮਜ਼ਦੂਰ, ਮੁਲਾਜ਼ਮ ਮਾਰੂ ਫੈਸਲੇ ਲੈ ਕੇ ਹਰ ਵਰਗ ਨੂੰ ਆਰਥਿਕ ਪੱਖੋਂ ਕਮਜ਼ੋਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਤੇ ਰਾਜ ਸਰਕਾਰਾਂ ਦੇ ਲੋਕ ਮਾਰੂ ਫੈਸਲਿਆਂ ਖ਼ਿਲਾਫ਼ ਇਕਜੁਟ ਹੋ ਕੇ ਤਿੱਖਾ ਸੰਘਰਸ਼ ਵਿੱਢਣਾ ਸਮੇਂ ਦੀ ਮੁੱਖ ਲੋੜ ਹੈ, ਕਿਉਂਕਿ ਸੰਘਰਸ਼ ਤੋਂ ਬਿਨਾਂ ਕਦੇ ਵੀ ਹੱਕ ਪ੍ਰਾਪਤ ਨਹੀਂ ਕੀਤੇ ਜਾ ਸਕਦੇ। ਇਸ ਮੌਕੇ ਭੋਲਾ ਸਿੰਘ ਕਲਾਲ ਮਾਜਰਾ, ਮਲਕੀਤ ਸਿੰਘ ਵਜੀਦਕੇ, ਸੁਰਜੀਤ ਸਿੰਘ ਦਿਹੜ, ਗੁਰਦੇਵ ਸਿੰਘ ਮਹਿਲ ਖੁਰਦ ਤੇ ਬਲਦੇਵ ਸਿੰਘ ਔਜਲਾ ਆਦਿ ਹਾਜ਼ਰ ਸਨ।

# ਖਬਰ ਦਾ ਅਸਰ : ਨਗਰ ਕੌਂਸਲ ਆਈ ਹਰਕਤ 'ਚ!



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੀ ਖਬਰ ਦਾ ਅਸਰ। ਨਗਰ ਕੌਂਸਲ ਰਾਮਪੁਰਾ ਆਈ ਹਰਕਤ ਵਿੱਚ। ਇੱਥੋਂ ਦੀ ਬੱਸ ਸਟੈਂਡ ਰੋਡ, ਭਗਵਾਨ ਵਾਲਮੀਕ ਚੌਕ ਨੇੜੇ ਸਥਿਤ ਇੱਕ ਧਾਕੜ ਦੁਕਾਨਦਾਰ ਦੀ ਹੈਂਕੜੀ ਉਦੋਂ ਲਹਿ ਗਈ, ਜਦੋਂ ਨਗਰ ਕੌਂਸਲ ਰਾਮਪੁਰਾ ਫੂਲ ਦੇ ਕਰਮਚਾਰੀਆਂ ਨੇ ਗੈਰ-ਕਨੂਨੀ ਢੰਗ ਨਾਲ ਰਾਤੋ ਰਾਤ ਲੱਕੜ ਦੇ ਪੱਲਿਆਂ ਦਾ ਬਣਾਇਆ ਵਾਸ਼ਰੂਮ ਪੁੱਟ ਸੁੱਟਿਆ ਅਤੇ ਇਸ ਦੇ ਪੱਲਿਆਂ ਨੂੰ ਵੀ ਚੁੱਕ ਨਗਰ ਕੌਂਸਲ ਵਾਲੇ ਨਾਲ ਲੈ ਗਏ। ਇਸ ਗੱਲ ਨੂੰ ਲੈ ਕੇ ਵੀ ਆਸੇ-ਪਾਸੇ ਦੁਕਾਨਦਾਰਾਂ ਨੇ ਇਸ ਧਾੜਕ ਦੁਕਾਨਦਾਰ ਨੂੰ ਸਮਝਾਇਆ ਸੀ ਕਿ ਇੱਥੇ ਸਰਕਰੀ ਫੁੱਟਪਾਥ 'ਤੇ ਵਾਸ਼ਰੂਮ ਬਣਾਉਣਾ ਚੰਗਾ ਨਹੀਂ ਹੈ। ਇਥੇ ਆਸੇ-ਪਾਸੇ ਮੁਸ਼ਕ ਆਵੇਗਾ, ਅੱਗੋਂ ਧਾਕੜ ਦੁਕਾਨਦਾਰ ਕਹਿੰਦਾ, 'ਮੇਰੀ ਉੱਪਰ ਤੱਕ ਪਹੁੰਚ ਹੈ, ਮੈਨੂੰ ਕੋਈ ਨਹੀਂ ਰੋਕ ਸਕਦਾ।' ਹੁਣ ਇਸ ਗੱਲ ਨੂੰ ਲੈ ਕੇ ਆਸੇ-ਪਾਸੇ ਦੇ ਦੁਕਾਨਦਾਰ ਖੁਸ਼ ਦਿਖਾਈ ਦੇ ਰਹੇ ਹਨ, ਪਰ ਇਸ ਦੁਕਾਨਦਾਰ ਵੱਲੋਂ ਕੀਤੇ ਗਏ ਦੂਸਰੇ ਕਬਜ਼ੇ ਹਾਲੇ ਵੀ ਬਰਕਰਾਰ ਹਨ, ਜਿਸ ਕਰਕੇ ਨਗਰ ਕੌਂਸਲ 'ਤੇ ਮਿਲੀਭੁਗਤ ਦੇ ਦੋਸ਼ ਲੱਗ ਰਿਹੇ ਹਨ। ਸਮਾਜ ਸੇਵੀ ਜਸਵਿੰਦਰ ਸਿੰਘ ਤੇ ਸਮਾਜ ਸੇਵੀ ਧਰਮਪਾਲ ਵੱਲੋਂ ਪਹਿਲਾਂ ਹੀ ਇਸ ਦੁਕਾਨਦਾਰ ਖਿਲਾਫ ਭੇਜੀਆਂ ਦਰਖਾਸਤਾਂ ਰਾਹੀਂ ਮੁੱਖ ਮੰਤਰੀ ਪੰਜਾਬ ਤੋਂ ਮੰਗ ਕੀਤੀ ਗਈ ਹੈ ਕਿ ਇਸ ਧਾਕੜ ਦੁਕਾਨਦਾਰ ਵੱਲੋਂ ਨਕਸ਼ੇ ਤੋਂ ਬਾਹਰ ਉਸਾਰੀ ਦੁਕਾਨ, ਬਿਲਡਿੰਗ, ਫੁੱਟਪਾਥ ਤੇ ਸੜਕ ਤੋਂ ਨਜਾਇਜ਼ ਕਬਜ਼ੇ ਤੁਰੰਤ ਹਟਾਏ ਜਾਣ।

# ਸੁਖਬੀਰ ਬਾਦਲ ਨੇ 14 ਦੀ ਕਾਨਫਰੰਸ ਦਾ ਜਾਇਜ਼ਾ ਲਿਆ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਸੁਖਬੀਰ ਸਿੰਘ ਬਾਦਲ ਨੇ ਮਾਘੀ ਮੇਲਾ ਸ੍ਰੀ ਮੁਕਤਸਰ ਸਾਹਿਬ ਵਿਖੇ 14 ਜਨਵਰੀ ਨੂੰ ਹੋਣ ਵਾਲੀ ਅਕਾਲੀ ਦਲ ਦੀ ਕਾਨਫਰੰਸ ਦਾ ਜਾਇਜ਼ਾ ਲਿਆ। ਇਸ ਮੌਕੇ ਸਾਬਕਾ ਵਿਧਾਇਕ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਤੋਂ ਇਲਾਵਾ ਸਮੁੱਚੀ ਅਕਾਲੀ ਦਲ ਲੀਡਰਸ਼ਿਪ ਪਹੁੰਚੀ। ਇਸ ਮੌਕੇ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਅੱਜ ਮੇਲਾ ਮਾਘੀ ਕਾਨਫਰੰਸ ਦਾ ਜਾਇਜ਼ਾ ਲੈਣ ਪਹੁੰਚੇ ਹਾਂ। ਉਨ੍ਹਾਂ ਸਾਰਿਆਂ ਨੂੰ ਅਪੀਲ ਕਰਦੇ ਕਾਨਫਰੰਸ 'ਚ ਪਹੁੰਚਣ ਲਈ ਕਿਹਾ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਇੱਕ ਡਰਾਮਾ ਹੈ। ਗਾਂਧੀ ਪਰਿਵਾਰ ਭਾਰਤ ਨੂੰ ਜੋੜ ਨਹੀਂ ਤੋੜ ਰਿਹਾ। ਬੀਬੀ ਜੰਗੀਰ ਕੌਰ ਦੇ ਕਿਸੇ ਹੋਰ ਪਾਰਟੀ 'ਚ ਜਾਣ ਦੇ ਚਰਚਿਆਂ ਬਾਰੇ ਕਿਹਾ ਕਿ ਮੈਂ ਉਨ੍ਹਾ ਨੂੰ ਵਧਾਈ ਦਿੰਦਾ ਹਾਂ ਤੇ ਆਮ ਆਦਮੀ ਪਾਰਟੀ 'ਤੇ ਸ਼ਬਦੀ ਹਮਲੇ ਕਰਦੇ ਹੋਏ ਬੋਲੇ ਕਿ ਇਹ ਤਾਂ ਨਿਕੰਮੀ ਸਰਕਾਰ ਹੈ। ਇਸ ਮੌਕੇ ਡਿੰਪੀ ਢਿੱਲੋਂ, ਹਨੀ ਫੱਤਣਵਾਲਾ, ਨਵਤੇਜ ਕਾਉਣੀ, ਗੁਰਦੀਪ ਸਿੰਘ ਮੜਮੱਲੂ, ਬਿੰਦਰ ਗੋਨਿਆਣਾ, ਸੰਜੀਵ ਧੂੜੀਆ, ਜਗਤਾਰ ਪੱਪੀ, ਗੋਗੀ ਅਕਾਲਗੜ੍ਹ, ਵਰਿੰਦਰ ਜਵਾਹਰੇਵਾਲਾ, ਰੂਪ ਹਰਾਜ, ਪੀ ਟੀ ਝਬੇਲਵਾਲੀ, ਗੁਰਮੇਲ ਕਾਨਿਆਂਵਾਲੀ, ਭੁਪਿੰਦਰ ਚੜੇਵਾਨ, ਮੇਹਰਬਾਨ ਬਰਾੜ ਆਦਿ ਮੌਜੂਦ ਸਨ।



# ਗੁਰਮੇਲ ਸਿੰਘ ਘਰਾਚੋਂ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਨਿਯੁਕਤ

**ਆਪ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰ ਰਹੀ ਹੈ : ਓਂਕਾਰ ਸਿੱਧੂ**



**ਧੂਰੀ (ਰਾਜੇਸ਼ਵਰ ਪਿੰਟੂ/ਬਿੰਨੀ ਗਰਗ)**-ਪੰਜਾਬ ਸਰਕਾਰ ਵੱਲੋਂ ਆਮ ਆਦਮੀ ਪਾਰਟੀ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਗੁਰਮੇਲ ਸਿੰਘ ਘਰਾਚੋਂ ਨੂੰ ਜ਼ਿਲ੍ਹਾ ਪਲਾਨਿੰਗ ਬੋਰਡ ਸੰਗਰੂਰ ਦਾ ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ ਐੱਸ ਡੀ ਓਂਕਾਰ ਸਿੰਘ ਸਿੱਧੂ, ਆਮ ਆਦਮੀ ਪਾਰਟੀ ਦੇ ਘੱਟ ਗਿਣਤੀ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਡਾ: ਅਨਵਰ ਭਸੌੜ, ਟਰੇਡ ਵਿੰਗ ਦੇ ਸੂਬਾ ਸੰਯੁਕਤ ਸਕੱਤਰ ਸਤਿੰਦਰ ਸਿੰਘ ਚੱਠਾ, ਸੁਰਜੀਤ ਸਿੰਘ ਰਾਜੋਮਾਜਰਾ, ਹਰਪ੍ਰੀਤ ਗਿੱਲ ਆਦਿ ਨੇ ਮੁੱਖ ਮੰਤਰੀ ਭਗਵੰਤ ਮਾਨ ਸਮੇਤ ਪਾਰਟੀ ਹਾਈਕਮਾਨ ਦਾ ਧੰਨਵਾਦ ਕਰਦਿਆਂ ਗੁਰਮੇਲ ਸਿੰਘ ਘਰਾਚੋਂ ਨੂੰ ਮੁਬਾਰਕਬਾਦ ਦਿੱਤੀ। ਉਪਰੋਕਤ ਆਗੂਆਂ ਨੇ ਸ: ਘਰਾਚੋਂ ਦਾ ਮੂੰਹ ਮਿੱਠਾ ਕਰਵਾਉਂਦਿਆਂ ਕਿਹਾ ਕਿ ਜਿੱਥੇ ਪਾਰਟੀ ਵੱਲੋਂ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕੀਤਾ ਜਾ ਰਿਹਾ ਹੈ, ਉਥੇ ਪਾਰਟੀ ਲਈ ਨਿਸ਼ਕਾਮ ਭਾਵਨਾ ਨਾਲ ਕੰਮ ਕਰਨ ਵਾਲੇ ਵਰਕਰਾਂ ਨੂੰ ਬਿਨਾਂ ਕਿਸੇ ਭੇਦ ਭਾਵ ਨਾਲ ਬਣਦਾ ਸਨਮਾਨ ਦਿੱਤਾ ਜਾ ਰਿਹਾ ਹੈ।

# ਵੋਟਰ ਸੂਚੀਆਂ ਨੂੰ ਅਧਾਰ ਕਾਰਡ ਨਾਲ ਲਿੰਕ ਕਰਨ ਲਈ ਪੋਲਿੰਗ ਬੂਥਾਂ 'ਤੇ ਲਗਾਏ ਕੈਂਪ



**ਬਰਨਾਲਾ (ਰਜਿੰਦਰ ਸਿੰਘ, ਗੁਰਪ੍ਰੀਤ ਸਿੰਘ)**-ਭਾਰਤੀ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੇ ਡੇਟਾ ਨੂੰ ਅਧਾਰ ਕਾਰਡ ਨਾਲ ਲਿੰਕ ਕਰਨ ਲਈ ਜ਼ਿਲ੍ਹਾ ਬਰਨਾਲਾ 'ਚ ਜ਼ਿਲ੍ਹਾ ਚੋਣ ਅਫਸਰ ਪੂਨਮਦੀਪ ਕੌਰ ਦੀ ਅਗਵਾਈ 'ਚ 8 ਜਨਵਰੀ ਨੂੰ ਬੂਥ ਲੈਵਲ 'ਤੇ ਵਿਸ਼ੇਸ਼ ਕੈਂਪ 8 ਲਾਏ ਗਏ। ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਸਮੂਹ ਵਿਧਾਨ ਸਭਾ ਹਲਕਿਆਂ ਦੇ ਬੀ. ਐੱਲ. ਓਜ਼ ਵੱਲੋਂ 5 ਫਰਵਰੀ ਤੇ 5 ਮਾਰਚ ਨੂੰ ਵੀ ਹਰ ਬੂਥ 'ਤੇ ਵਿਸ਼ੇਸ਼ ਕੈਂਪ ਲਾਏ ਜਾਣਗੇ। ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਦੱਸਿਆ ਕਿ ਜਿਹੜੇ ਵੋਟਰਾਂ ਦਾ ਵੋਟਰ ਕਾਰਡ 'ਤੇ ਅਧਾਰ ਕਾਰਡ ਦਾ ਡਾਟਾ ਲਿੰਕ ਨਹੀਂ ਹੋਇਆ, ਉਸ ਡਾਟੇ ਨੂੰ ਲਿੰਕ ਕਰਨ ਲਈ ਆਉਂਦੇ ਸਮੇਂ ਕੈਂਪਾਂ ਦਾ ਲਾਹਾ ਲੈਣ। ਇਸ ਦੌਰਾਨ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਬਰਨਾਲਾ ਤੇ ਭਦੌੜ ਗੋਪਾਲ ਸਿੰਘ ਵੱਲੋਂ ਐਤਵਾਰ ਨੂੰ ਕੈਂਪਾਂ ਦੌਰਾਨ ਬੂਥਾਂ ਦਾ ਦੌਰਾ ਕੀਤਾ ਅਤੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਅਧਾਰ ਕਾਰਡ ਲਿੰਕ ਕਰਵਾਉਣ ਵਿੱਚ ਬੀ. ਐੱਲ. ਓਜ਼ ਨੂੰ ਸਹਿਯੋਗ ਕਰਨ।

# ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਨਵੇਂ ਦਫਤਰ ਦਾ ਉਦਘਾਟਨ

**ਸਰਕਾਰ ਇਲਾਕੇ ਦੇ ਲੋਕਾਂ ਨੂੰ ਪੀਣ ਦੇ ਸਾਫ ਪਾਣੀ ਦੀਆਂ ਜ਼ਰੂਰਤਾਂ ਨੂੰ ਕਰੇਗੀ ਪੂਰਾ : ਗੋਲਡੀ ਮੁਸਾਫਿਰ**

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਜਲ ਸਪਲਾਈ ਤੇ ਸੈਨੀਟੇਸ਼ਨ ਮੰਡਲ ਅਬੋਹਰ ਦੇ ਨਵੇਂ ਦਫਤਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਦੇ ਭੋਗ ਉਪਰੰਤ ਇਸ ਦਫਤਰ ਦਾ ਉਦਘਾਟਨ ਕੀਤਾ ਗਿਆ। ਉਦਘਾਟਨ ਦੀ ਰਸਮ ਬੱਲੂਆਣਾ ਦੇ ਵਿਧਾਇਕ ਸ੍ਰੀ ਅਮਨਦੀਪ ਸਿੰਘ ਗੋਲਡੀ ਮੁਸਾਫਿਰ ਨੇ ਨਿਭਾਈ। ਇਸ ਮੌਕੇ ਭਾਈ ਨਿਰਪਾਲ ਸਿੰਘ ਖਾਲਸਾ ਨੇ ਗੁਰਬਾਣੀ ਦਾ ਕੀਰਤਨ ਕੀਤਾ ਤੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਗਈ, ਉਪਰੰਤ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ। ਇਸ ਮੌਕੇ ਬੱਲੂਆਣਾ ਦੇ ਵਿਧਾਇਕ ਸ੍ਰੀ ਅਮਨਦੀਪ ਸਿੰਘ ਗੋਲਡੀ ਮੁਸਾਫਿਰ ਨੇ ਕਿਹਾ ਕਿ ਵਾਹਿਗੁਰੂ ਦੇ ਓਟ ਆਸਰੇ ਨਾਲ ਇਹ ਦਫਤਰ ਲੋਕਾਂ ਨੂੰ ਸਮਰਪਤ ਕਰਨ ਦਾ ਅੱਜ ਮੌਕਾ ਮਿਲਿਆ ਹੈ। ਉਨ੍ਹਾ ਦੱਸਿਆ ਕਿ ਇਸ ਦਫਤਰ ਦੇ ਨਿਰਮਾਣ 'ਤੇ 82 ਲੱਖ ਰੁਪਏ ਦਾ ਖਰਚ ਆਇਆ ਹੈ ਤੇ ਇਸ ਤਰ੍ਹਾਂ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਡਲ ਨੂੰ ਨਵਾਂ ਦਫਤਰ ਮਿਲਿਆ ਹੈ, ਜਿਸ ਦੀ ਆਰੰਭਤਾ ਹਨੂੰਮਾਨਗੜ੍ਹ ਰੋਡ 'ਤੇ ਸਥਿਤ ਵਾਟਰ ਵਰਕਸ ਕੈਂਪ ਦੇ ਅੰਦਰ ਕੀਤੀ ਗਈ ਹੈ। ਵਿਧਾਇਕ ਗੋਲਡੀ ਮੁਸਾਫਿਰ ਨੇ ਕਿਹਾ ਕਿ ਪੰਜਾਬ ਸਰਕਾਰ ਸਮਝਦੀ ਹੈ ਕਿ ਪੀਣ ਦਾ ਸਾਫ ਪਾਣੀ ਲੋਕਾਂ ਦੀ ਅਹਿਮ ਜ਼ਰੂਰਤ ਹੈ, ਇਸ ਲਈ ਪਿੰਡ ਪੱਤਰੇਵਾਲਾ ਵਿੱਚ ਨਹਿਰੀ ਪਾਣੀ ਤੇ ਅਧਾਰਤ ਮੈਗਾ ਵਾਟਰ ਵਰਕਸ ਉਸਾਰਿਆ ਜਾ ਰਿਹਾ ਹੈ, ਜੋ ਕਿ 2 ਸਾਲ ਵਿੱਚ ਬਣ ਕੇ ਤਿਆਰ ਹੋ ਜਾਵੇਗਾ, ਜਿੱਥੋਂ ਸਾਫ ਪਾਣੀ ਇਲਾਕੇ ਦੇ ਸਾਰੇ ਪਿੰਡਾਂ ਵਿੱਚ ਪਹੁੰਚਾਇਆ ਜਾਵੇਗਾ। ਇਸ ਮੌਕੇ ਕਾਰਜਕਾਰੀ ਇੰਜਨੀਅਰ ਸ੍ਰੀ ਅੰਮ੍ਰਿਤਦੀਪ ਸਿੰਘ ਭੱਠਲ ਨੇ ਸਮੂਹ ਹਾਜ਼ਰੀਨ ਦਾ ਇੱਥੇ ਪੌਜਣ 'ਤੇ ਧੰਨਵਾਦ ਕੀਤਾ ਅਤੇ ਕਿਹਾ ਕਿ ਵਿਭਾਗ ਜਨ ਸੇਵਾ ਨੂੰ ਸਮਰਪਤ ਹੋ ਕੇ ਕੰਮ ਕਰਨਾ ਜਾਰੀ ਰੱਖੇਗਾ। ਇਸ ਮੌਕੇ ਵਿਧਾਇਕ ਅਮਨਦੀਪ ਸਿੰਘ ਮੁਸਾਫਰ ਤੇ ਹੋਰ ਸ਼ਖਸੀਅਤਾਂ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਕਾਰਜਕਾਰੀ ਇੰਜਨੀਅਰ ਸ਼ਮਿੰਦਰ ਸਿੰਘ, ਧਰਮਵੀਰ ਗੋਦਾਰਾ, ਉਪਕਾਰ ਸਿੰਘ ਜਾਖੜ, ਜਗਮਨਦੀਪ ਸਿੰਘ ਮਿੱਕੂ ਕੁੰਡਲ, ਰਤਨਜੋਤ ਸਿੰਘ ਢਿੱਲੋਂ ਐੱਸ ਡੀ ਓ, ਮਨੀਸ਼ ਕੁਮਾਰ ਐੱਸ ਡੀ ਓ, ਅਜੈ ਕੁਮਾਰ ਬੀਪੀਈਓ, ਸ਼ਾਮ ਸੁੰਦਰ ਸੋਲੰਕੀ, ਸੁਰਿੰਦਰ ਪਾਲ ਸਿੰਘ ਆਦਿ ਹਾਜ਼ਰ ਸਨ।

## ਜਲ ਸਪਲਾਈ ਤੇ ਮਸਟਰੋਲ ਯੂਨੀਅਨ ਵੱਲੋਂ ਕੈਲੰਡਰ ਜਾਰੀ



**ਮਮਦੋਟ (ਹਰਪਾਲ ਸਿੰਘ ਸੋਢੀ)**-ਜਲ ਸਪਲਾਈ ਤੇ ਮਾਸਟਰੋਲ ਯੂਨੀਅਨ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਬੂੰਗੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਾਲ 2023 ਦਾ ਕੈਲੰਡਰ ਜਾਰੀ ਕੀਤਾ ਗਿਆ। ਮੀਟਿੰਗ ਦੌਰਾਨ ਬਰਾਂਚ ਪ੍ਰਧਾਨ ਬਲੀ ਸਿੰਘ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਮੇਲ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਪ੍ਰਧਾਨ ਰਾਜ ਕੁਮਾਰ ਬੂੰਗੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਦਰਜਾ ਚਾਰ ਮੁਲਾਜ਼ਮਾਂ ਨੂੰ ਵਰਦੀਆਂ ਜਾਰੀ ਦਿੱਤੀਆਂ ਜਾਣ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਕਰਮਚਾਰੀਆਂ ਦੀ ਡੀ ਏ ਦੀ ਕਿਸ਼ਤ ਵੀ ਜਲਦ ਤੋਂ ਜਲਦ ਜਾਰੀ ਕੀਤੀ ਜਾਵੇ ਅਤੇ ਫੀਲਡ ਵਿੱਚ ਕੰਮ ਕਰਦੇ ਕਰਮਚਾਰੀਆਂ ਦੇ ਕੁਆਟਰਾ ਦੀ ਰਿਪੇਅਰ ਵੀ ਕਰਵਾਈ ਜਾਵੇ। ਇਸ ਮੌਕੇ ਸੇਵਕ ਸਿੰਘ, ਦਰਸ਼ਨ ਸਿੰਘ, ਬੇਅੰਤ ਸਿੰਘ ਚੇਅਰਮੈਨ, ਬਲਬੀਰ ਸਿੰਘ ਕਰੀਆ ਹਾਜ਼ਰ ਸਨ।

# ਕੁਲਰੀਆਂ ਵੱਲੋਂ ਅਨੁਵਾਦਿਤ ਨਾਵਲ 'ਸਿਧਾਰਥ' ਲੋਕ ਅਰਪਣ

**ਬਰੇਟਾ (ਰੀਤਵਾਲ)**-ਸਾਹਿਤਕਾਰ ਤੇ ਅਨੁਵਾਦਕ ਜਗਦੀਸ਼ ਰਾਏ ਕੁਲਰੀਆਂ ਵੱਲੋਂ ਵਿਸ਼ਵ ਪ੍ਰਸਿੱਧ ਜਰਮਨ ਲੇਖਕ ਹਰਮਨ ਹੈੱਸ ਦਾ ਨਾਵਲ 'ਸਿਧਾਰਥ' ਪੰਜਾਬੀ ਭਾਸ਼ਾ ਵਿੱਚ ਅਨੁਵਾਦ ਕੀਤਾ ਗਿਆ ਹੈ, ਜਿਸ ਨੂੰ ਰਿਲੀਜ਼ ਕਰਨ ਦੀ ਰਸਮ ਸ਼ਬਦ ਤ੍ਰਿੰਝਣ ਦੇ ਸੰਪਾਦਕ ਮੰਗਤ ਕੁਲਜਿੰਦ, ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਦੇ ਜਨਰਲ ਸਕੱਤਰ ਸੁਖਦਰਸ਼ਨ ਗਰਗ, ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਦੇ ਐਡਵੋਕੇਟ ਗੁਰਸੇਵਕ ਰੋੜਕੀ, ਸੰਗਮ ਪਬਲੀਕੇਸ਼ਨਜ਼ ਦੇ ਮੋਹਨ ਲਾਲ, ਬਾਲ ਲੇਖਕ ਬੂਟਾ ਖਾਨ ਸੁੱਖੀ, ਸਾਹਿਤਕਾਰ ਮਹਿੰਦਰਪਾਲ ਬਰੇਟਾ ਤੇ ਅਨੁਵਾਦਕ ਕੁਲਰੀਆਂ ਵੱਲੋਂ ਅਦਾ ਕੀਤੀ ਗਈ। ਇਸ ਮੌਕੇ ਮੰਗਤ ਕੁਲਜਿੰਦ ਨੇ ਕਿਹਾ ਕਿ ਹੈੱਸ ਦਾ ਜਗਤ ਪ੍ਰਸਿਧ ਨਾਵਲ 'ਸਿਧਾਰਥ' ਗੌਤਮ ਬੁੱਧ ਦੇ ਜੀਵਨ ਤੋਂ ਪ੍ਰੇਰਿਤ ਹੈ ਅਤੇ ਇਹ ਇਕ ਸ਼ਾਹਕਾਰ ਨਾਵਲ ਹੈ। ਉਨ੍ਹਾਂ ਇਸ ਦੇ ਅਨੁਵਾਦ ਲਈ ਸ੍ਰੀ ਕੁਲਰੀਆਂ ਨੂੰ ਵਧਾਈ ਦਿੱਤੀ। ਜ਼ਿਕਰਯੋਗ ਹੈ ਕਿ ਹੁਣ ਤੱਕ ਕੁਲਰੀਆਂ ਵੱਲੋਂ ਤਿੰਨ ਨਾਵਲ, ਇੱਕ ਕਹਾਣੀ ਸੰਗ੍ਰਹਿ, ਪੰਜ ਮਿੰਨੀ ਕਹਾਣੀ ਸੰਗ੍ਰਹਿ ਤੇ ਇਕ ਲੇਖ ਸੰਗ੍ਰਹਿ ਦਾ ਹਿੰਦੀ ਤੋਂ ਪੰਜਾਬੀ ਵਿੱਚ ਅਨੁਵਾਦ ਕੀਤਾ ਜਾ ਚੁੱਕਿਆ ਹੈ।



# ਡਾ. ਸੀਮਾਂਤ ਗਰਗ ਨੂੰ ਡਾਕਟਰਾਂ ਤੇ ਸਮਾਜ ਸੇਵੀਆਂ ਨੇ ਕੀਤਾ ਸਨਮਾਨਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਭਾਜਪਾ ਦੇ ਡਾ. ਸੀਮਾਂਤ ਗਰਗ ਨੂੰ ਜ਼ਿਲ੍ਹੇ ਦਾ ਪ੍ਰਧਾਨ ਬਣਨ 'ਤੇ ਡਾਕਟਰਾਂ ਅਤੇ ਸਮਾਜ ਸੇਵੀ ਆਗੂਆਂ ਵੱਲੋਂ ਡਾ. ਸੀਮਾਂਤ ਗਰਗ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਰਿਚੀ ਗਰਗ ਨੇ ਸੰਬੋਧਨ ਕਰਦਿਆਂ ਕਿਹਾ ਕਿ ਡਾ. ਸੀਮਾਂਤ ਗਰਗ ਬਹੁਤ ਹੀ ਵਧੀਆ ਇਨਸਾਨ ਪੜ੍ਹੇ-ਲਿਖੇ ਸੂਝਵਾਨ ਤਜਰਬੇਕਾਰ ਹਨ। ਡਾ. ਸੀਮਾਂਤ ਗਰਗ ਉਹ ਹਨ, ਜਿਨ੍ਹਾਂ ਨੇ 2 ਸਾਲ ਮੇਰੀ ਮਾਂ ਦਾ ਇਲਾਜ ਕੀਤਾ ਅਤੇ ਕਦੇ ਵੀ ਇਨ੍ਹਾਂ ਨੇ ਮੈਨੂੰ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ, ਸਗੋਂ ਮੈਨੂੰ ਹੌਸਲਾ ਦਿੰਦੇ ਸੀ ਕਿ ਮਾਂ ਬਹੁਤ ਜਲਦੀ ਠੀਕ ਹੋ ਜਾਵੇਗੀ, ਪਰ ਮੈਂ ਡਾ. ਸੀਮਾਂਤ ਗਰਗ ਦੇ ਦਿੱਤੇ ਹੌਸਲੇ ਨੂੰ ਕਦੇ ਵੀ ਭੁੱਲ ਨਹੀਂ ਸਕਦਾ। ਡਾ. ਸੀਮਾਤ ਗਰਗ ਨੇ ਕਿਹਾ ਕਿ ਨਗਰ ਕੌਂਸਲ ਦੀਆਂ ਚੋਣਾਂ ਵਿੱਚ ਬੀ.ਜੇ.ਪੀ ਪੂਰੀ ਤਰ੍ਹਾਂ ਚੋਣਾ ਲੜੇਗੀ ਅਤੇ ਜਿੱਤ ਪ੍ਰਾਪਤ ਕਰੇਗੀ, ਜਿਸ ਨਾਲ ਸ਼ਹਿਰ ਦਾ ਸੁਧਾਰ ਹੋਵੇਗਾ। ਬੀ.ਜੇ.ਪੀ ਦੁਨੀਆ ਦੀ ਸਭ ਤੋਂ ਵੱਡੀ ਪਾਰਟੀ ਬਣ ਚੁੱਕੀ ਹੈ। ਬੀ.ਜੇ.ਪੀ ਇਕ ਅਜਿਹੀ ਪਾਰਟੀ ਹੈ, ਜੋ ਦੇਸ਼ ਨੂੰ ਚਲਾ ਸਕਦੀ ਹੈ। ਇਸ ਮੌਕੇ ਸਟੇਜ ਦੀ ਭੂਮਿਕਾ ਵਰਿੰਦਰ ਕਟਾਰੀਆਂ ਕੋਟਕਪੂਰਾ ਵਾਲਿਆਂ ਨੇ ਬਹੁਤ ਹੀ ਵਧੀਆਂ ਤਰੀਕੇ ਨਾਲ ਨਿਭਾਈ, ਜਿਸ ਵਿੱਚ ਸਟਾਰ ਕ੍ਰਿਕਟ ਕਲੱਬ ਦੇ ਪ੍ਰਧਾਨ ਰਾਹੁਲ ਗਰਗ, ਗੁਰਵਿੰਦਰ ਬਬਲੂ, ਵਿਜੇ ਸ਼ਰਮਾ, ਡਾ. ਅਮਿਤ ਗਰਗ ਗਰਗ ਹਸਪਤਾਲ, ਡਾ. ਰੋਹਿਤ, ਡਾ. ਰਾਹੁਲ, ਡਾ. ਮਦਨ ਲਾਲ ਸੇਤੀਆ, ਐਡਵੋਕੇਟ ਜਸਵਿੰਦਰ ਸਿੰਘ, ਪ੍ਰਦੀਪ ਤਲਵਾੜ, ਬਲਵਿੰਦਰ ਸਿੰਘ ਗਰੀਨ ਵਾਲੇ, ਕੁਲਵੰਤ ਰਾਏ ਅਰੋੜਾ, ਲੱਕੀ ਗਰਗ, ਰੋਕੀ ਗਰਗ, ਪੰਕਜ ਬਾਂਸਲ ਇੰਗਲਿਸ਼ ਸਟੂਡੀਓ, ਪ੍ਰੇਮ ਪਾਲ ਗਰਗ, ਰਾਮ ਤੀਰਥ ਗੁੰਬਰ ਤੇ ਹੋਰ ਸ਼ਾਮਲ ਸਨ।

# ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਨੇ ਲੋਹੜੀ ਦਾ ਤਿਉਹਾਰ ਮਨਾਇਆ



**ਕੋਟਕਪੂਰਾ (ਰਛਪਾਲ ਭੁੱਲਰ)**-ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਵੱਲੋਂ ਲੋਹੜੀ ਦਾ ਪ੍ਰੰਪਰਿਕ ਤਿਓਹਾਰ ਸਾਗਰ ਹੋਟਲ ਮੋਗਾ ਰੋਡ ਕੋਟਕਪੂਰਾ ਵਿਖੇ 7 ਜਨਵਰੀ ਨੂੰ ਪਰਿਵਾਰਾਂ ਨਾਲ ਬਹੁਤ ਹੀ ਵਧੀਆ ਢੰਗ ਨਾਲ ਮਨਾਇਆ ਗਿਆ। ਲੋਹੜੀ ਨਾਲ ਸਬੰਧਤ ਲਾਇਨਜ਼ ਪਰਿਵਾਰ ਵਿੱਚ ਆਈਆਂ ਖੁਸ਼ੀਆਂ ਬਾਰੇ ਐੱਮ ਜੇ ਐੱਫ ਲਾਇਨ ਗੁਰਦੀਪ ਸਿੰਘ ਜ਼ੋਨ ਚੇਅਰਮੈਨ ਨੇ ਸਾਰਿਆਂ ਨੂੰ ਵਧਾਈ ਦਿੱਤੀ। ਕੈਬਨਿਟ ਮੈਂਬਰ ਲਾਇਨ ਰਜਿੰਦਰ ਸਿੰਘ ਸਰਾਂ ਨੇ ਸਾਰਿਆਂ ਦਾ ਧੰਨਵਾਦ ਕੀਤਾ ਤੇ ਜੀ ਆਇਆਂ ਨੂੰ ਆਖਿਆ। ਇਸ ਸ਼ੁੱਭ ਦਿਹਾੜੇ 'ਤੇ ਡਾ. ਮਨਜੀਤ ਸਿੰਘ ਢਿੱਲੋਂ ਤੇ ਸਾਗਰ ਹੋਟਲ ਦੇ ਮਾਲਕ ਸ਼ਸ਼ੀ ਚੋਪੜਾ ਨੂੰ ਕਲੱਬ ਵਿੱਚ ਸ਼ਾਮਲ ਹੋਣ 'ਤੇ ਪਿੰਨ ਲਾ ਕੇ ਸਨਮਾਨਤ ਕੀਤਾ ਗਿਆ ਅਤੇ ਸਾਰਿਆਂ ਨੇ ਜੀ ਆਇਆਂ ਨੂੰ ਕਿਹਾ ਤੇ ਵਧਾਈਆਂ ਦਿੱਤੀਆਂ। ਭਰਪੂਰ ਮੈਂਬਰਾਂ ਦੀ ਹਾਜ਼ਰੀ ਵਿੱਚ ਲੋਹੜੀ ਬਾਲ ਕੇ ਸ਼ਗਨ ਮਨਾਏ ਗਏ। ਗੀਤ ਸੰਗੀਤ, ਨਾਚ ਤੇ ਤੰਬੋਲਾ ਨਾਲ ਸਾਰਿਆਂ ਨੇ ਭਰਪੂਰ ਮਨੋਰੰਜਨ ਕੀਤਾ। ਲਾਇਨ ਨਰਜਿੰਦਰ ਸਿੰਘ ਤੇ ਲਾਇਨ ਰਛਪਾਲ ਭੁੱਲਰ ਨੇ ਆਸਟਰੇਲੀਆ 'ਚੋਂ ਫੋਨ 'ਤੇ ਕਲੱਬ ਮੈਂਬਰਾਂ ਨਾਲ ਖੁਸ਼ੀ ਸਾਂਝੀ ਕੀਤੀ।

# ਭਾਜਪਾ ਸੂਬੇ ਅੰਦਰ ਇਕੱਲਿਆਂ ਲੜੇਗੀ ਚੋਣਾਂ : ਅਸ਼ਵਨੀ ਸ਼ਰਮਾ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਤੋਂ ਭਾਰਤੀ ਜਨਤਾ ਪਾਰਟੀ ਦੇ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ ਨੂੰ ਪਿਛਲੇ ਦਿਨੀਂ ਪਾਰਟੀ ਵੱਲੋਂ ਜ਼ਿਲ੍ਹਾ ਬਠਿੰਡਾ ਦਾ ਦਿਹਾਤੀ ਪ੍ਰਧਾਨ ਲਗਾਇਆ ਗਿਆ, ਜਿਸ ਦੀ ਤਾਜਪੋਸ਼ੀ ਲਈ ਅੱਜ ਆਰ ਸੀ ਰਿਜ਼ੋਰਟ ਵਿਖੇ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਭਾਜਪਾ ਪੰਜਾਬ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਆਪਣੀ ਟੀਮ ਸਮੇਤ ਸ਼ਿਰਕਤ ਕੀਤੀ। ਤਲਵੰਡੀ ਸਾਬੋ ਪਹੁੰਚਦਿਆਂ ਹੀ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਮੱਥਾ ਟੇਕਣ ਉਪਰੰਤ ਸਮਾਗਮ ਵਿੱਚ ਸ਼ਿਰਕਤ ਕੀਤੀ, ਜਿੱਥੇ ਭਾਜਪਾ ਵਰਕਰਾਂ ਦੇ ਇਕੱਠ ਵੱਲੋਂ ਉਨ੍ਹਾਂ ਦਾ ਸੁਆਗਤ ਕੀਤਾ ਗਿਆ। ਰਵੀਪ੍ਰੀਤ ਸਿੰਘ ਸਿੱਧੂ ਦੀ ਤਾਜਪੋਸ਼ੀ ਉਪਰੰਤ ਆਪਣੇ ਸੰਬੋਧਨੀ ਭਾਸ਼ਣ ਦੌਰਾਨ ਪੰਜਾਬ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਪਾਰਟੀ ਦੀਆਂ ਨੀਤੀਆਂ ਬਾਰੇ ਜਾਣੂ ਕਰਵਾਇਆ। ਉਨ੍ਹਾ ਕਿਹਾ ਕਿ ਇਸ ਤੋਂ ਪਹਿਲਾਂ ਪੰਜਾਬ 'ਚ ਸਾਡਾ ਸ਼੍ਰੋਮਣੀ ਅਕਾਲੀ ਦਲ ਪਾਰਟੀ ਨਾਲ ਗੱਠਜੋੜ ਹੋਣ ਕਰਕੇ ਅਸੀਂ ਸਿਰਫ 23 ਸੀਟਾਂ 'ਤੇ ਚੋਣਾ ਲੜਦੇ ਰਹੇ ਤੇ ਹੁਣ ਸਾਡਾ ਗੱਠਜੋੜ ਟੁੱਟਣ ਕਰਕੇ ਅਸੀਂ ਪੂਰੇ ਪੰਜਾਬ ਵਿੱਚ ਚੋਣਾਂ ਲੜਾਂਗੇ। ਇਸ ਲਈ ਅਸੀਂ ਪੰਜਾਬ ਵਿੱਚ ਪੂਰੇ ਜ਼ੋਰ ਨਾਲ ਕੰਮ ਕਰਨ ਲੱਗੇ ਹੋਏ ਹਾਂ। ਉਨ੍ਹਾ ਕਿਹਾ ਕਿ ਪਾਰਟੀ ਵੱਲੋਂ ਹਰੇਕ ਪਿੰਡ ਵਿੱਚ ਜਾ ਕੇ ਪਾਰਟੀ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਆਮ ਆਦਮੀ ਪਾਰਟੀ ਬਾਰੇ ਬੋਲਦਿਆਂ ਉਨ੍ਹਾ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਝੂਠ ਬੋਲ ਕੇ ਸਤਾ ਵਿੱਚ ਆਈ ਆਮ ਆਦਮੀ ਦੀ ਸਰਕਾਰ ਨੇ ਨੌਂ ਮਹੀਨਿਆਂ 'ਚ ਪੰਜਾਬ ਦੇ ਲੋਕਾਂ ਲਈ ਕੋਈ ਵੀ ਕੰਮ ਨਹੀਂ ਕੀਤਾ ਹੈ। ਇਸ ਸਰਕਾਰ ਵਿੱਚ ਗੁੰਡਾਗਰਦੀ ਤੇ ਲੁੱਟ ਖਸੁੱਟ ਵਧੀ ਹੈ, ਜਿਸ ਨਾਲ ਪੰਜਾਬ ਦੀ ਜਨਤਾ ਪ੍ਰੇਸ਼ਾਨ ਹੋ ਰਹੀ ਹੈ। ਇਸ ਤੋਂ ਪਹਿਲਾਂ ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਪ੍ਰਧਾਨ ਜ਼ਿਲ੍ਹਾ ਦਿਹਾਤੀ ਨੇ ਪੰਜਾਬ ਪ੍ਰਧਾਨ ਅਸ਼ਵਨੀ ਸ਼ਰਮਾ ਸਮੇਤ ਪਹੁੰਚੇ ਆਗੂਆਂ ਨੂੰ ਜੀ ਆਇਆਂ ਕਿਹਾ ਤੇ ਸਮੂਹ ਲੀਡਰਸ਼ਿਪ ਦਾ ਧੰਨਵਾਦ ਕੀਤਾ। ਇਸ ਮੌਕੇ ਮੀਤ ਪ੍ਰਧਾਨ ਅਰਵਿੰਦ ਖੰਨਾ, ਦਿਆਲ ਦਾਸ ਸੋਢੀ, ਬਲਕੌਰ ਸਿੰਘ ਵਿਧਾਇਕ ਕਾਲਾਂਵਾਲੀ, ਗੁਰਪ੍ਰੀਤ ਸਿੰਘ ਕਾਂਗੜ, ਦਿਆਲ ਵਰਮਾ, ਬੂਟਾ ਸਿੰਘ ਸੀਂਗੋ ਸਮਾਜ ਸੇਵੀ, ਕੁਲਵਿੰਦਰ ਕੌਰ ਸੀਂਗੋ, ਰਜਨੀ ਕੌਰ ਤਲਵੰਡੀ ਸਾਬੋ, ਗਿਸ਼ੂ ਗਰਗ ਜ਼ਿਲ੍ਹਾ ਦਿਹਾਤੀ ਪ੍ਰਧਾਨ ਯੁਵਾ ਮੋਰਚਾ, ਗੁਰਪ੍ਰੀਤ ਸਿੰਘ ਗੋਰਾ ਓਬੀਸੀ ਮੋਰਚਾ ਪੰਜਾਬ, ਕ੍ਰਿਸ਼ਨ ਸਿੰਘ ਸਿੱਸੋਦੀਆ ਜ਼ਿਲ੍ਹਾ ਦਿਹਾਤੀ ਪ੍ਰਧਾਨ ਓ.ਬੀ.ਸੀ. ਸੰਘ ਆਦਿ ਮੌਜੂਦ ਸਨ।

# ਨਰਿੰਦਰ ਉੱਪਲ ਦਾ ਸੇਵਾ ਮੁਕਤੀ 'ਤੇ ਵੱਖ-ਵੱਖ ਸੰਸਥਾਵਾਂ ਵੱਲੋਂ ਸਨਮਾਨ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਮੂਨ ਲਾਈਟ ਹੋਟਲ ਧੂਰੀ ਰੋਡ ਵਿਖੇ ਉੱਘੇ ਸਮਾਜ ਸੇਵੀ ਸ੍ਰ. ਅਮਰਜੀਤ ਸਿੰਘ ਟੀਟੂ ਪ੍ਰਧਾਨ ਵਪਾਰ ਮੰਡਲ ਸੰਗਰੂਰ ਦੇ ਧਰਮਪਤਨੀ ਸ੍ਰੀਮਤੀ ਨਰਿੰਦਰ ਉੱਪਲ, ਜੋ ਕਿ ਪੋਲੀਟੀਕਲ ਸਾਇੰਸ ਦੇ ਬਤੌਰ ਲੈਕਚਰਾਰ ਸਥਾਨਕ ਗੌਰਮਿੰਟ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਵਿਖੇ 28 ਸਾਲਾਂ ਦੀ ਸ਼ਾਨਦਾਰ ਸੇਵਾਵਾਂ ਕਰਕੇ ਸੇਵਾਮੁਕਤ ਹੋਣ 'ਤੇ ਉਨ੍ਹਾਂ ਨੂੰ ਵੱਖ-ਵੱਖ ਸਿੱਖਿਆ, ਸਮਾਜਿਕ, ਧਾਰਮਿਕ, ਰਾਜਨੀਤਕ ਤੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਸ਼ੁੱਭ-ਕਾਮਨਾਵਾਂ ਦਿੰਦੇ ਹੋਏ ਮੁਬਾਰਕਬਾਦ ਦਿੱਤੀ ਗਈ। ਦੱਸਣਯੋਗ ਹੈ ਕਿ ਸ੍ਰੀਮਤੀ ਨਰਿੰਦਰ ਉੱਪਲ ਨੇ ਆਪਣੀ ਸਰਕਾਰੀ ਨੌਕਰੀ ਪੂਰੀ ਨੇਕ, ਇਮਾਨਦਾਰੀ ਤੇ ਮਿਹਨਤ ਨਾਲ ਕੀਤੀ ਤੇ ਸਿੱਖਿਆ ਵਿਭਾਗ ਵਿੱਚ ਉਨ੍ਹਾ ਦਾ ਨਾਂ ਉਨ੍ਹਾਂ ਵੱਲੋਂ ਦਿੱਤੀਆਂ ਗਈਆਂ ਯੋਗ ਸੇਵਾਵਾਂ ਤੇ ਵਿਦਿਆਰਥੀਆਂ ਨੂੰ ਦਿੱਤੀ ਗਈ ਸਿੱਖਿਆ ਅਤੇ ਸਹੀ ਸੇਧ ਲਈ ਪੂਰੇ ਸਨਮਾਨ ਜਨਕ ਨਾਲ ਲਿਆ ਜਾਂਦਾ ਹੈ। ਇਸ ਮੌਕੇ ਉੱਘੇ ਸਿੱਖਿਆ ਸ਼ਾਸਤਰੀ ਡਾ. ਚਰਨਜੀਤ ਸਿੰਘ ਉਡਾਰੀ ਵੱਲੋਂ ਕੀਤੇ ਗਏ ਮੰਚ ਸੰਚਾਲਨ ਦੌਰਾਨ ਬੀ.ਜੇ.ਪੀ. ਦੇ ਸੂਬਾਈ ਮੀਤ ਪ੍ਰਧਾਨ ਅਰਵਿੰਦ ਖੰਨਾ, ਸੀਨੀਅਰ ਕਾਂਗਰਸੀ ਆਗੂ ਸੁਭਾਸ਼ ਗਰੋਵਰ, ਸੀਨੀਅਰ ਅਕਾਲੀ ਆਗੂ ਗੁਰਪ੍ਰੀਤ ਸਿੰਘ ਲਖਮੀਰਵਾਲਾ, ਤੇਜਿੰਦਰ ਸਿੰਘ ਸੰਘਰੇੜੀ, ਅਧਿਆਪਕ ਦਲ ਪੰਜਾਬ ਦਾ ਸੂਬਾ ਪ੍ਰਧਾਨ ਗੁਰਜੰਟ ਸਿੰਘ ਵਾਲੀਆ, ਖੱਤਰੀ ਸਭਾ ਦੇ ਸੂਬਾ ਪ੍ਰਧਾਨ ਦਲਜੀਤ ਸਿੰਘ ਜ਼ਖ਼ਮੀ, ਇੰਡਸਟਰੀ ਚੈਂਬਰ ਦੇ ਸ੍ਰੀ ਵਿਜੈ ਗੁਪਤਾ, ਸਟੇਟ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਤੇ ਸੂਬਾਈ ਪੈਨਸ਼ਨਰ ਆਗੂ ਸ੍ਰੀ ਰਾਜ ਕੁਮਾਰ ਅਰੋੜਾ, ਸਹਾਰਾ ਫਾਊਂਡੇਸ਼ਨ ਤੋਂ ਸ੍ਰੀ ਸਰਬਜੀਤ ਸਿੰਘ ਰੇਖੀ, ਸੁਤੰਤਰਤਾ ਸੰਗਰਾਮੀਆਂ ਵੱਲੋਂ ਪਰਮਜੀਤ ਟਿਵਾਣਾ, ਉੱਘੇ ਅਧਿਆਪਕ ਆਗੂ ਵਰਿੰਦਰਜੀਤ ਸਿੰਘ ਬਜਾਜ, ਬਿਰਧ ਆਸ਼ਰਮ ਵੱਲੋਂ ਏ.ਪੀ. ਸਿੰਘ ਬਾਬਾ, ਐੱਮ.ਡੀ. ਕੋ-ਆਪ੍ਰੇਟਿਵ ਬੈਂਕ ਹਰਮਿੰਦਰ ਸਿੰਘ ਢਿੱਲੋਂ, ਆੜ੍ਹਤੀਆਂ ਐਸੋਸੀਏਸ਼ਨ ਦੇ ਪ੍ਰਧਾਨ ਪਵਨ ਕੁਮਾਰ ਗਰਗ, ਜ਼ਿਲ੍ਹਾ ਫਰੂਟ ਐਸੋਸੀਏਸ਼ਨ ਦੇ ਪ੍ਰਧਾਨ ਮੋਹਨ ਲਾਲ, ਸਬਜ਼ੀ ਮੰਡੀ ਦੇ ਪ੍ਰਧਾਨ ਮੋਨੂੰ ਸ਼ਰਮਾ, ਅਗਰਵਾਲ ਸਭਾ ਵੱਲੋਂ ਬਦਰੀ ਜਿੰਦਲ, ਸੁਮਿਤ ਸਿੰਗਲਾ, ਇੰਮਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਸ੍ਰੀ ਨਰੇਸ਼ ਗਾਬਾ, ਰਮਿਤ ਸਿੰਗਲਾ ਡੀ.ਐਮ. ਕੋਪਰੇਟਿਵ ਬੈਂਕ, ਗੌਰਮਿੰਟ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਇੰਦੂ ਸਿਮਕ ਤੇ ਸਮੂਹ ਸਟਾਫ਼, ਸਮਾਜ ਸੇਵੀ ਮਹਿੰਦਰਪਾਲ ਭੋਲਾ, ਗੁਰਮੀਤ ਨੱਪਾ, ਕਰਮਜੀਤ ਸਿੰਘ ਜਲੂਰ, ਯਾਦਵਿੰਦਰ ਸਿੰਘ ਦੀਵਾਨਾ, ਸਤਗੁਰ ਸਿੰਘ, ਜਗਦੇਵ ਸਿੰਘ ਜੋਗਾ, ਅਵਤਾਰ ਸਿੰਘ ਤਾਰੀ, ਸੁਖਪਾਲ ਸਿੰਘ ਸਮਰ (ਸਾਰੇ ਡਾਇਰੈਕਟਰ ਕੋ-ਆਪ੍ਰੇਟਿਵ ਬੈਂਕ), ਆੜ੍ਹਤੀਆ ਐਸੋਸੀਏਸ਼ਨ ਵੱਲੋਂ ਰਾਮ ਪ੍ਰਕਾਸ਼ ਬਾਗੜੀ, ਵਪਾਰ ਮੰਡਲ ਵੱਲੋਂ ਤਜਿੰਦਰਪਾਲ ਸਿੰਘ ਪੀ.ਟੀ., ਪ੍ਰਦੀਪ ਸਿੰਗਲਾ, ਪ੍ਰਿੰਸੀਪਲ ਪ੍ਰਵੀਨ ਮੰਨਚੰਦਾ, ਬਿਕਰਮਜੀਤ ਸਿੰਘ, ਪ੍ਰਿੰਸੀਪਲ ਭੁਪਿੰਦਰ ਕੌਰ, ਪ੍ਰਿੰਸੀਪਲ ਵਿਪਨ ਚਾਵਲਾ ਆਦਿ ਤੋਂ ਇਲਾਵਾ ਇਲਾਕੇ ਦੀਆਂ ਬਹੁਤ ਹੀ ਅਹਿਮ ਸ਼ਖ਼ਸੀਅਤਾਂ ਮੌਜੂਦ ਸਨ, ਜਿਨ੍ਹਾਂ ਨੇ ਸ੍ਰੀਮਤੀ ਨਰਿੰਦਰ ਉੱਪਲ ਤੇ ਅਮਰਜੀਤ ਸਿੰਘ ਟੀਟੂ ਦੀ ਚੰਗੀ ਸਿਹਤ ਤੇ ਲੰਮੀ ਉਮਰ ਦੀ ਕਾਮਨਾ ਕਰਦੇ ਹੋਏ ਸ਼ਾਨਦਾਰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ।

11-JAN-PAGE- 8.qxd 1/10/2023 10:24 PM Page 1



# 26 ਤੱਕ ਹੋਰ ਚਾਰ ਪਿੰਡਾਂ 'ਚ ਮੁਹੱਲਾ ਕਲੀਨਿਕ ਹੋਵੇਗੀ ਚਾਲੂ : ਰਾਜਾ



**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਉਂਕਾਰ ਸਿੰਘ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਦੀ ਜਨਤਾ ਨਾਲ ਕੀਤੇ ਵਾਅਦਿਆਂ ਅਨੁਸਾਰ ਪਿੰਡਾਂ ਦੇ ਵਿਕਾਸ ਕਾਰਜਾਂ ਅਤੇ ਲੋਕਾਂ ਨੂੰ ਹਰ ਮੁਹੱਲੇ ਵਿੱਚ ਸਿਹਤ ਸਹੂਲਤਾਂ ਮੁਹਈਆ ਕਰਵਾਉਣ ਲਈ ਚਲਾਈ ਗਈ ਮੁਹਿੰਮ ਵਿਚ ਹੋਰ ਤੇਜੀ ਲਿਆਉਣ ਲਈ 26 ਜਨਵਰੀ ਤਕ ਹਲਕਾ ਟਾਂਡਾ ਵਿਖੇ 4 ਨਵੇਂ ਮੁਹੱਲਾ ਕਲੀਨਿਕ ਖੋਲੇ ਜਾ ਰਹੇ ਹਨ ਤਾਂ ਜੋ ਇਨ੍ਹਾਂ ਪਿੰਡਾਂ ਦੇ ਆਸ-ਪਾਸ ਰਹਿੰਦੇ ਲੋਕਾਂ ਨੂੰ ਸਿਹਤ ਸਹੂਲਤਾਂ ਲਈ ਦੂਰ-ਦਰਾਜ ਨਾ ਜਾਣਾ ਪਵੇ।

ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਪ੍ਰੈਸ ਮੀਟਿੰਗ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਹਲਕਾ ਟਾਂਡਾ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਚੋਣਾਂ ਦੌਰਾਨ ਇਲਾਕੇ ਦੇ ਲੋਕਾਂ ਨਾਲ ਜੋ ਵਾਅਦੇ ਕੀਤੇ ਗਏ ਸਨ ਪਾਰਟੀ ਹਾਈਕਮਾਨ ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਮੈਂ ਉਨ੍ਹਾਂ ਵਾਅਦਿਆਂ ਨੂੰ ਪੂਰਾ ਕਰਨ ਲਈ ਦਿਨ-ਰਾਤ ਮਿਹਨਤ ਕਰ ਰਿਹਾ ਹਾਂ।

ਉਨ੍ਹਾਂ ਕਿਹਾ ਕਿ ਹਲਕਾ ਟਾਂਡਾ ਚ ਪੈਂਦੇ ਹਰ ਪਿੰਡ ਵਿੱਚ ਮੁਹੱਲਾ ਕਲੀਨਿਕ ਖੋਲ੍ਹੇ ਜਾ ਰਹੇ ਹਨ ਅਤੇ ਇਸੇ ਮੁਹਿੰਮ ਤਹਿਤ 26 ਜਨਵਰੀ ਤੱਕ ਪਿੰਡ ਮਿਆਣੀ, ਕੰਧਾਲਾ ਸੇਖਾਂ, ਗੜ੍ਹਦੀਵਾਲ ਅਤੇ ਪਿੰਡ ਖੁਣ-ਖੁਣ ਕਲਾਂ ਵਿਖੇ ਮੁਹੱਲਾ ਕਲੀਨਿਕ ਚਾਲੂ ਕਰ ਦਿੱਤੇ ਜਾਣਗੇ, ਜਿਸ ਵਿਚ ਬੀਮਾਰੀਆਂ ਦੇ ਮਾਹਿਰ ਡਾਕਟਰ ਆਪਣੀ ਟੀਮ ਸਮੇਤ ਲੋਕਾਂ ਦਾ ਮੁਫਤ ਇਲਾਜ ਕਰਨ ਅਤੇ ਇਸ ਤੋਂ ਇਲਾਵਾ ਲੈਬ ਟੈਕਨੀਸ਼ਨ ਜਰੂਰਤ ਅਨੁਸਾਰ ਮਰੀਜਾਂ ਦੇ ਟੈਸਟ ਵੀ ਕਰਨਗੇ ਤਾਂ ਜੋ ਮਰੀਜਾਂ ਨੂੰ ਆਪਣੇ ਇਲਾਜ ਲਈ ਦੂਰ ਦਰਾਜ ਨਾ ਜਾਣਾ ਪਵੇ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਆਪਣੇ ਕੰਮ ਕਾਰਜ ਕਰਵਾਉਣ ਲਈ ਵੱਖ-ਵੱਖ ਵਿਭਾਗਾਂ ਦੇ ਦਫਤਰਾਂ 'ਤੇ ਜਾਣਾ ਪੈਂਦਾ ਸੀ, ਪਰ ਹੁਣ ਆਪ ਸਰਕਾਰ ਦੀ ਨੀਤੀ ਅਨੁਸਾਰ ਪਿੰਡਾਂ ਵਿਚ ਖੁੱਲ੍ਹੇ ਦਰਬਾਰ ਲਗਾਏ ਜਾ ਰਹੇ ਹਨ ਤਾਂ ਜੋ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਕੇ ਉਹਨਾਂ ਦੇ ਮੌਕੇ 'ਤੇ ਹੀ ਕੰਮ ਕਰ ਦਿੱਤੇ ਜਾਣ।

ਉਨ੍ਹਾਂ ਕਿਹਾ ਕਿ ਹਰ ਸਰਕਾਰੀ ਵਿਭਾਗ ਦੇ ਅਧਿਕਾਰੀਆਂ ਨੂੰ ਇਹ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ ਕਿ ਕਿਸੇ ਵੀ ਵਿਅਕਤੀ ਨੂੰ ਉਸਦੇ ਕੰਮ ਲਈ ਦਫਤਰਾਂ ਵਿਚ ਲੰਬਾ ਇੰਤਜਾਰ ਨਾ ਕਰਵਾਇਆ ਜਾਵੇ ਅਤੇ ਸੀਨੀਅਰ ਸਿਟੀਜਨ ਨੂੰ ਦਫਤਰਾਂ ਵਿਚ ਪੂਰਾ ਮਾਣ-ਸਤਿਕਾਰ ਦਿੰਦੇ ਹੋਏ ਉਨ੍ਹਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਕੀਤੇ ਜਾਣ।

ਉਨ੍ਹਾਂ ਕਿਹਾ ਕਿ ਜਿਸ ਵੀ ਕਿਸੇ ਵਿਅਕਤੀ ਨੂੰ ਆਪਣੇ ਕੰਮ ਕਰਵਾਉਣ ਲਈ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਪੇਸ਼ ਆ ਰਹੀ ਹੋਵੇ ਉਹ ਮੇਰੇ ਦਫਤਰ ਆ ਕੇ ਮੈਨੂੰ ਮਿਲ ਸਕਦਾ ਹੈ, ਉਸਨੂੰ ਪੂਰਾ-ਪੂਰਾ ਇਨਸਾਫ ਮਿਲੇਗਾ। ਇਸ ਮੌਕੇ 'ਤੇ ਆਪ ਸ਼ਹਿਰੀ ਪ੍ਰਧਾਨ ਜਗਜੀਵਨ ਜੰਗੀ, ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ, ਬੇਟ ਏਰੀਆ ਇੰਚਾਰਜ ਚੇਅਰਮੈਨ ਰਾਜਿੰਦਰ ਸਿੰਘ ਮਾਰਸ਼ਲ, ਆਪ ਆਗੂ ਚੇਅਰਮੈਨ ਸੁਖਵਿੰਦਰ ਸਿੰਘ ਅਰੋੜਾ, ਪੀ.ਏ ਅਤਵਾਰ ਸਿੰਘ ਪਲਾਚੱਕ, ਸਰੂਪ ਸਿੰਘ ਨੱਥੂਪੁਰ, ਸਤਪਾਲ ਅਤੇ ਹੋਰ ਹਾਜਰ ਸਨ।

# ਭਾਰਤ ਜੋੜੋ ਯਾਤਰਾ ਦੇ ਸਵਾਗਤ ਦੀ ਤਿਆਰੀ ਸੰਬੰਧੀ ਹੋਈ ਮੀਟਿੰਗ



**ਫਗਵਾੜਾ ( ਡਾ. ਰਮਨ )** ਕਾਂਗਰਸ ਪਾਰਟੀ ਦੇ ਸੂਬਾ ਡੈਲੀਗੇਟ ਮੈਂਬਰ ਅਤੇ ਵਿਧਾਨ ਸਭਾ ਹਲਕਾ ਫਿਲੌਰ ਲਈ ਯਾਤਰਾ ਸਵਾਗਤ ਕਮੇਟੀ ਦੇ ਕੋਆਰਡੀਨੇਟਰ ਗੁਰਜੀਤ ਪਾਲ ਵਾਲੀਆ ਨੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਪੰਜਾਬ ਇੰਚਾਰਜ ਹਰੀਸ਼ ਚੌਧਰੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਗੁਰਾਇਆ ਵਿਖੇ ਪਾਰਟੀ ਵਰਕਰਾਂ ਨਾਲ ਮੀਟਿੰਗ ਕੀਤੀ। ਬਲਾਕ ਗੁਰਾਇਆ ਕਾਂਗਰਸ ਕਮੇਟੀ ਦੇ ਮੀਤ ਪ੍ਰਧਾਨ ਸੰਜੇ ਅਟਵਾਲ ਦੇ ਦਫਤਰ ਵਿਖੇ ਆਯੋਜਿਤ ਉਕਤ ਮੀਟਿੰਗ ਦੌਰਾਨ ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਦਾ ਜੀ ਟੀ ਰੋਡ ਗੁਰਾਇਆ ਵਿਖੇ ਭਰਵਾਂ ਸਵਾਗਤ ਕਰਨ ਸਬੰਧੀ ਵਿਚਾਰਾਂ ਕੀਤੀਆਂ ਗਈਆਂ ਮੀਟਿੰਗ ਉਪਰੰਤ ਗੁਰਜੀਤ ਪਾਲ ਵਾਲੀਆ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਭਾਰਤ ਜੋੜੋ ਯਾਤਰਾ 14 ਜਨਵਰੀ ਨੂੰ ਸਵੇਰੇ ਗੁਰਾਇਆ ਪਹੁੰਚ ਰਹੀ ਹੈ। ਯਾਤਰਾ ਦਾ ਗੁਰਾਇਆ ਪੁੱਜਣ 'ਤੇ ਸਮੂਹ ਕਾਂਗਰਸੀ ਵਰਕਰਾਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਜਾਵੇਗਾ। ਯਾਤਰਾ ਦੇ ਸਵਾਗਤ ਦੀਆਂ ਤਿਆਰੀਆਂ ਨੂੰ ਲੈ ਕੇ ਮੀਟਿੰਗ ਵਿਚ ਵਿਚਾਰ ਵਟਾਂਦਰਾ ਕੀਤਾ ਗਿਆ ਹੈ। ਵਾਲੀਆ ਨੇ ਦੱਸਿਆ ਕਿ ਸਵਾਗਤ ਸਮੇਂ ਮੈਂਬਰ ਪਾਰਲੀਮੈਂਟ ਚੌਧਰੀ ਸੰਤੋਖ ਸਿੰਘ, ਹਲਕਾ ਫਿਲੌਰ ਦੇ ਵਿਧਾਇਕ ਬਿਕਰਮਜੀਤ ਚੌਧਰੀ ਤੋਂ ਇਲਾਵਾ ਫਿਲੌਰ ਅਤੇ ਗੁਰਾਇਆ ਦੇ ਸਮੂਹ ਪਾਰਟੀ ਅਹੁਦੇਦਾਰ, ਵਰਕਰ ਤੇ ਸਮਰਥਕ ਮੌਜੂਦ ਰਹਿਣਗੇ। ਇਸ ਮੌਕੇ ਰਾਮ ਲੁਭਾਇਆ ਪੁੰਜ ਸਕੱਤਰ ਪੀ.ਪੀ.ਸੀ.ਸੀ., ਨਵੀਨ ਸ਼ਰਮਾ ਪ੍ਰਧਾਨ ਯੂਥ ਕਾਂਗਰਸ ਗੁਰਾਇਆ, ਪਰਮਜੀਤ ਪੰਮੀ, ਗੁਲਜਾਰ ਮਸੀਹ, ਮਨੋਜ ਗੋਗਨਾ, ਮੈਥਿਯੂ ਮਸੀਹ, ਬਿੱਟੂ ਪਾਹਵਾ ਤੋਂ ਇਲਾਵਾ ਹੋਰ ਪਾਰਟੀ ਵਰਕਰ ਹਾਜਰ ਸਨ।

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਉਤਸ਼ਾਹ ਪੂਰਵਕ ਮਨਾਇਆ



**ਐੱਸ.ਏ.ਐੱਸ. ਨਗਰ : (ਗੁਰਜੀਤ ਬਿੱਲਾ)**— ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿੱਚ ਦਸਮ ਪਿਤਾ ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ । ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਧਾਰਮਿਕ ਸਮਾਗਮ ਵਿੱਚ ਭਾਈ ਅਮਰੀਕ ਸਿੰਘ ਜੀ ਪੰਜੋਖਰਾ ਸਾਹਿਬ ਵਾਲਿਆਂ ਦੇ ਇੰਟਰਨੈਸ਼ਨਲ ਪੰਥਕ ਢਾਡੀ ਜੱਥੇ ਨੇ ਦਸਮ ਪਿਤਾ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਜੀਵਨ ਬ੍ਰਿਤਾਂਤ ਢਾਡੀ ਵਾਰਾਂ ਵਿੱਚ ਸੰਗਤਾਂ ਨੂੰ ਵਿਸਥਾਰ ਵਿੱਚ ਸੁਣਾਇਆ । ਸ਼੍ਰੋਮਣੀ ਪ੍ਰਚਾਰਕ ਭਾਈ ਜਰਨੈਲ ਸਿੰਘ ਲੁਧਿਆਣੇ ਵਾਲਿਆਂ ਨੇ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦੁਆਰਾ ਦੇਸ਼ ਅਤੇ ਕੌਮ ਦੀ ਖਾਤਰ ਪਹਿਲਾਂ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਜੀ, ਪੁੱਤਰਾਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਅਤੇ ਸਿੱਖ ਧਰਮ ਦੀ ਸਥਾਪਨਾ ਬਾਰੇ ਸੰਖੇਪ ਵਿੱਚ ਸੰਗਤਾਂ ਨੂੰ ਜਾਣੂੰ ਕਰਵਾਇਆ। ਭਾਈ ਅਜ਼ਮੇਰ ਸਿੰਘ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ । ਇਸ ਤੋਂ ਇਲਾਵਾ ਭਾਈ ਕੁਲਦੀਪ ਸਿੰਘ ਅੰਮ੍ਰਿਤਸਰ ਵਾਲੇ, ਭਾਈ ਮਨਜਿੰਦਰ ਸਿੰਘ ਰਬਾਬੀ, ਭਾਈ ਧਰਮਜੀਤ ਸਿੰਘ, ਭਾਈ ਸੁਖਦੇਵ ਸਿੰਘ, ਭਾਈ ਗੁਰਦੀਪ ਸਿੰਘ, ਭਾਈ ਸੁਖਵਿੰਦਰ ਸਿੰਘ, ਮੀਰੀ ਪੀਰੀ ਕੀਰਤਨੀ ਜੱਥਾ ਅਤੇ ਭਾਈ ਜਤਿੰਦਰ ਸਿੰਘ ਜੀ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਰਾਗੀ ਜੱਥੇ ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ, ਅਤੇ ਭਾਈ ਹਰਬਖਸ਼ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਨਿਹਾਲ ਕੀਤਾ। ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਦਰਬਾਰ ਸਾਹਿਬ ਦੀ ਅੰਦਰੋਂ ਫੁੱਲਾਂ ਨਾਲ ਵਿਸ਼ੇਸ਼ ਸਜਾਵਟ ਕੀਤੀ ਗਈ ਸੀ । ਪੂਰੇ ਦਰਬਾਰ ਸਾਹਿਬ ਨੂੰ ਬਾਹਰੋਂ ਅਤੇ ਗੇਟ ਤੱਕ ਦੇ ਰਸਤੇ ਨੂੰ ਰੰਗ ਬਿਰੰਗੀਆਂ ਲਾਈਟਾਂ ਨਾਲ ਸਜਾਇਆ ਗਿਆ ਸੀ । ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ । ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ। ਗੁਰੂ ਕਾ ਲੰਗਰ ਇਸ ਮੌਕੇ ਅਤੁੱਟ ਵਰਤਾਇਆ ਗਿਆ।

# ਐੱਲ ਪੀ ਯੂ ਦੀ ਸਟੂਡੈਂਟ ਪੈਰਿਸ ਓਲੰਪਿਕ ਖੇਡਾਂ 'ਚ ਰੈਫਰੀ ਬਣੇਗੀ



**ਜਲੰਧਰ (ਸ਼ੈਲੀ ਐਲਬਰਟ)**: —ਵਿਸ਼ਵ ਤਾਈਕਵਾਂਡੋ (ਡਬਲਯੂ.ਟੀ.) ਨੇ ਪੈਰਿਸ 2024 ਓਲੰਪਿਕ ਖੇਡਾਂ ਦੇ ਇੰਟਰਨੈਸ਼ਨਲ ਰੈਫਰੀ ਚੋਣ ਅਤੇ ਸਿਖਲਾਈ ਕੈਂਪ ਲਈ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸਕੂਲ ਆਫ ਫਿਜੀਕਲ ਐਜੂਕੇਸ਼ਨ ਦੀ ਪੀ ਐਚ ਡੀ ਦੀ ਵਿਦਿਆਰਥਣ ਦੀਪ ਸ਼ਿਖਾ ਬਰੂਆ ਨੂੰ ਚੁਣਿਆ ਹੈ। ਤਾਈਕਵਾਂਡੋ ਰੈਂਕਿੰਗ ਵਿੱਚ, ਬਰੂਆ ਕਈ ਸਾਲਾਂ ਦੀ ਖੇਡ ਪ੍ਰਤੀ ਸਮਰਪਣ ਤੋਂ ਬਾਅਦ 'ਬਲੈਕ ਬੈਲਟ ਤੀਸਰਾ ਡੈਨ' ਹੈ, ਅਤੇ ਮੌਜੂਦਾ ਸਮੇਂ ਵਿੱਚ ਇੱਕ ਅੰਤਰਰਾਸ਼ਟਰੀ ਰੈਫਰੀ ਵਜੋਂ ਖੇਡਾਂ ਦਾ ਨਿਰਣਾ ਕਰੇਗੀ। ਦੀਪ ਸ਼ਿਖਾ 12-14 ਫਰਵਰੀ, 2023 ਤੱਕ ਤਾਸ਼ਕੰਦ (ਉਜਬੇਕਿਸਤਾਨ) ਵਿੱਚ ਆਯੋਜਿਤ ਹੋਣ ਵਾਲੇ ਏਸ਼ੀਆ ਅਤੇ ਓਸ਼ੀਆਨੀਆ ਲਈ 'ਕੈਂਪ ਵਨ' ਵਿੱਚ ਤਿੰਨ ਦਿਨਾਂ ਦੀ ਸਿਖਲਾਈ ਪ੍ਰਾਪਤ ਕਰੇਗੀ। ਪੈਨ ਐਮ, ਅਤੇ ਯੂਰਪ ਅਤੇ ਅਫਰੀਕਾ ਲਈ ਦੂਜੇ ਦੋ ਕੈਂਪ ਕ੍ਰਮਵਾਰ ਮੈਕਸੀਕੋ ਅਤੇ ਬੈਲਜੀਅਮ ਵਿੱਚ ਆਯੋਜਿਤ ਕੀਤੇ ਜਾਣਗੇ। ਉਜਬੇਕਿਸਤਾਨ ਕੈਂਪ ਲਈ ਸਿਰਫ 100 ਰੈਫਰੀ ਸਿਖਿਆਰਥੀਆਂ ਨੂੰ ਸੱਦਿਆ ਗਿਆ ਹੈ। ਐਲਪੀਯੂ ਵਿੱਚ ਸਰੀਰਕ ਸਿੱਖਿਆ ਦੀ ਇੱਕ ਖੋਜ ਵਿਦਵਾਨ, ਦੀਪਸਖਿਾ ਨੇ ਵੱਖ-ਵੱਖ ਚੈਂਪੀਅਨਸਪਿਾਂ ਵਿੱਚ 9 ਸੋਨ ਮੈਡਲ ਜਿੱਤੇ ਹਨ ਅਤੇ ਵਰਤਮਾਨ ਵਿੱਚ 'ਵਰਲਡ ਤਾਈਕਵਾਂਡੋ' ਦੁਆਰਾ ਪ੍ਰਮਾਣਿਤ 'ਲੈਵਲ 2 ਇੰਟਰਨੈਸ਼ਨਲ ਕੋਚ ਆਫ ਤਾਈਕਵਾਂਡੋ' ਹੈ। ਡਬਲਯੂ.ਟੀ ਨੇ ਉਸ ਨੂੰ ਕਈ ਵਾਰ ਅੰਤਰਰਾਸ਼ਟਰੀ ਰੈਫਰੀ ਵਜੋਂ ਨਿਯੁਕਤ ਕੀਤਾ ਹੈ। ਉਹ ਭਾਰਤ ਵਿੱਚ ਆਪਣੇ ਜੱਦੀ ਸਥਾਨ ਅਸਾਮ ਤੋਂ ਤਾਈਕਵਾਂਡੋ ਦੀ ਅੰਤਰਰਾਸਟਰੀ ਰੈਫਰੀ ਬਣਨ ਵਾਲੀ ਪਹਿਲੀ ਮਹਿਲਾ ਵੀ ਹੈ। ਉਹ ਯੋਗਾ ਮਾਹਿਰ ਅਤੇ ਇੱਕ ਫ੍ਰੀਲਾਂਸ ਮਾਡਲ ਵੀ ਹੈ।

ਪੈਰਿਸ 2024 ਓਲੰਪਿਕ ਅਤੇ ਪੈਰਾਲੰਪਿਕ ਖੇਡਾਂ ਫਰਾਂਸ ਵਿੱਚ ਹੁਣ ਤੱਕ ਦਾ ਸਭ ਤੋਂ ਵੱਡਾ ਆਯੋਜਨ ਹੋਵੇਗਾ। ਓਲੰਪਿਕ ਖੇਡਾਂ 26 ਜੁਲਾਈ ਤੋਂ 11 ਅਗਸਤ 2024 ਤੱਕ ਹੋਣਗੀਆਂ। ਇਹ ਆਯੋਜਨ ਅਮੀਰ-ਇਤਿਹਾਸ ਵਿੱਚ ਜਾਵੇਗਾ, ਅਤੇ ਇਸੇ ਤਰ੍ਹਾਂ ਆਪਣੀ ਹੁਨਰ ਨਾਲ ਭਰਪੂਰ ਖੋਜ ਵਿਦਵਾਨ ਦੀਪ ਸ਼ਿਖਾ ਬਰੂਆ ਦੁਆਰਾ ਐਲ ਪੀ ਯੂ ਦਾ ਨਾਂਅ ਰੌਸ਼ਨ ਕਰੇਗੀ

# ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਏ



**_ਮੇਹਟੀਅਣਾ (ਜਗਤਾਰ ਸਿੰਘ ਭੁੰਗਰਨੀ )** ਪਿੰਡ ਲੰਗੇਰੀ ਵਿਖੇ ਤਪ ਅਸਥਾਨ ਬਾਬਾ ਧਿਆਨ ਦਾਸ ਛਾਉਣੀ ਨਿਹੰਗ ਸਿੰਘਾਂ ਲੰਗੇਰੀ ਮਾਹਿਲਪੁਰ, ਸਮੂਹ ਨਗਰ ਨਿਵਾਸੀਆਂ, ਪਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਹੇਮਕੁੰਟ ਵਾਸੀ, ਅੰਮ੍ਰਿਤ ਦੇ ਦਾਤੇ, ਸਰਬੰਸ ਦਾਨੀ, ਕਲਗੀਧਰ ਦਸਮੇਸ਼ ਪਿਤਾ ਦੇ 356ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਏ ਗਏ। ਇਸ ਮੌਕੇ ਜਥੇਬੰਦੀ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਛਾਉਣੀ ਨਿਹੰਗ ਸਿੰਘਾਂ ਤਰਨਾਂ ਦਲ ਹੈਡਕੁਆਰਟਰ ਬਜਵਾੜਾ ਕਲਾਂ ਨੇ ਦੱਸਿਆ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸਾਲ ਨਗਰ ਕੀਰਤਨ ਸਜਾਏ ਗਏ। ਉਨ੍ਹਾਂ ਦੱਸਿਆ ਕਿ ਵਿਸਾਲ ਨਗਰ ਦੌਰਾਨ ਪੰਜ ਪਿਆਰੇ, ਪੰਜ ਨਿਸ਼ਾਨਚੀ, ਫੌਜੀ ਬੈਂਡ, ਗੱਤਕਾ ਪਾਰਟੀਆਂ, ਸਬਦੀ ਜਥੇ ਪਾਲਕੀ ਸਾਹਿਬ ਜੀ ਨਾਲ ਨਾਲ ਚੱਲ ਰਹੇ ਸਨ। ਵਿਸਾਲ ਨਗਰ ਕੀਰਤਨ ਵੱਖ ਵੱਖ ਪੜਾਵਾਂ ਤੇ ਸਵਾਗਤੀ ਗੇਟ ਲਗਾਕੇ ਸੰਗਤਾਂ ਦਾ ਸਾਨਦਾਰ ਸਵਾਗਤ ਕੀਤਾ ਅਤੇ ਲੰਗਰ ਲਗਾਏ ਗਏ। ਇਸ ਮੌਕੇ ਵਿਸਾਲ ਨਗਰ ਕੀਰਤਨ ਦੌਰਾਨ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ, ਭਾਈ ਸਿਮਰਨਜੀਤ ਸਿੰਘ ਬਜਵਾੜਾ ਕਲਾ, ਭਾਈ ਜਸਵਿੰਦਰ ਸਿੰਘ ਹੈਡ ਗ੍ਰੰਥੀ ਬਜਵਾੜਾ ਕਲਾਂ, ਪ੍ਰਭਾਤ ਫੇਰੀ ਜਥੇ ਨੇ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ ਨੇ ਸਹਿਯੋਗੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਹ ਵਿਸ਼ਾਲ ਨਗਰ ਕੀਰਤਨ ਤਪ ਅਸਥਾਨ ਬਾਬਾ ਧਿਆਨ ਦਾਸ ਛਾਉਣੀ ਨਿਹੰਗ ਸਿੰਘਾਂ ਤਰਨਾਂ ਦਲ ਤੋਂ ਆਰੰਭ ਹੋ ਕੇ ਸਾਮ ਨੂੰ ਸਮਾਪਤੀ ਹੋਈ। ਇਸ ਮੌਕੇ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ ਨੇ ਸਮੂਹ ਨਗਰ ਨਿਵਾਸੀ ਸੰਗਤਾਂ ਦਾ ਵਿਸਾਲ ਨਗਰ ਕੀਰਤਨ ਵਿਚ ਸਹਿਯੋਗ ਦੇਣ ਤੇ ਧੰਨਵਾਦ ਕੀਤਾ। ਇਸ ਮੌਕੇ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ, ਮਨਜਿੰਦਰ ਸਿੰਘ ਲੰਗੇਰੀ, ਤਲਵਿੰਦਰ ਸਿੰਘ ਬਾੜੀਆਂ, ਗੁਰਪਾਲ ਸਿੰਘ ਬਜਵਾੜਾ ਕਲਾਂ ਮਨਜੀਤ ਸਿੰਘ ਜਲੰਧਰ, ਸਿਮਰਨਜੀਤ ਸਿੰਘ, ਜਸਪ੍ਰੀਤ ਸਿੰਘ, ਜੱਸਾ ਸਿੰਘ ਬਜਵਾੜਾ ਕਲਾਂ, ਪਰਮਜੀਤ ਸਿੰਘ, ਗੁਰਪ੍ਰੀਤ ਸਿੰਘ, ਅਕਾਸਦੀਪ ਸਿੰਘ ਦਮਦਮੀ ਟਕਸਾਲ, ਰੇਸਮ ਸਿੰਘ, ਧਰਮ ਸਿੰਘ ਹਰਮੋਇਆ, ਸੁਖਵਿੰਦਰ ਸਿੰਘ, ਸਤਨਾਮ ਸਿੰਘ ਖੇੜਾ, ਜੋਧ ਸਿੰਘ, ਅਜੀਤ ਸਿੰਘ ਸੁਭਾਨਪੁਰ, ਬਲਰਾਜ ਸਿੰਘ ਜਲੰਧਰ, ਫਹਤਿ ਸਿੰਘ ਜਲੰਧਰ, ਸਰਬਜੀਤ ਸਿੰਘ ਜਲੰਧਰ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਪੁਰਾਣੀਆਂ ਗੱਡੀਆਂ ਨੂੰ ਬੰਦ ਕਰਨ ਦਾ ਫੈਸਲਾ ਵਾਪਸ ਲਵੇ : ਗੁਰਦੇਵ ਮਾਲੜੀ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਡੈਮੋਕ੍ਰੇਟਿਕ ਭਾਰਤੀਯ ਲੋਕ ਦਲ ਦੇ ਰਾਸ਼ਟਰੀ ਸਕੱਤਰ ਗੁਰਦੇਵ ਸਿੰਘ ਮਾਲੜੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਇੱਕ ਬਹੁਤ ਹੀ ਨਿੰਦਣਯੋਗ ਫੈਸਲਾ ਸਣਾਉਂਦੇ ਹੋਏ ਕਿਹਾ ਕਿ ਪੰਜਾਬ ਵਿੱਚੋਂ ਪੁਰਾਣੀਆਂ ਗੱਡੀਆਂ ਤੁਰੰਤ ਬੰਦ ਕੀਤੀਆਂ ਜਾਣਗੀਆਂ। ਗੁਰਦੇਵ ਸਿੰਘ ਮਾਲੜੀ ਨੇ ਪੰਜਾਬ ਸਰਕਾਰ ਦੇ ਇਸ ਫੈਸਲੇ 'ਤੇ ਪਲਟਵਾਰ ਕਰਦੇ ਹੋਏ ਕਿਹਾ ਕਿ ਪੰਜਾਬ ਦੇ 70 % ਲੋਕ ਪੁਰਾਣੀਆਂ ਗੱਡੀਆਂ ਰੱਖ ਕੇ ਆਪਣਾ ਕੰਮ ਚਲਾਉਂਦੇ ਹਨ। ਪੰਜਾਬ ਵਿੱਚ ਬਹੁਤ ਸਾਰੇ ਗਰੀਬ ਲੋਕਾਂ ਨੇ ਪੁਰਾਣੀਆਂ ਗੱਡੀਆਂ 'ਤੇ ਆਪਣਾ ਰੋਜ਼ਗਾਰ ਚਲਾਇਆ ਹੈ। ਜਿਵੇਂ ਕੋਈ ਵਿਅਕਤੀ ਫਾਸਟ ਫੂਡ ਦਾ ਕੰਮ ਕਰ ਰਿਹਾ, ਕੋਈ ਮਨਿਆਰੀ, ਕੋਈ ਕੱਪੜਾ ਵਗੈਰਾ ਸੇਲ ਕਰਕੇ ਆਪਣੇ ਪਰਵਾਰ ਦਾ ਪਾਲਣ ਪੋਸਣ ਕਰ ਰਿਹਾ ਹੈ। ਜਦੋਂ ਗਰੀਬ ਲੋਕਾਂ ਨੇ ਪੰਜਾਬ ਸਰਕਾਰ ਦਾ ਇਹ ਫੈਸਲਾ ਸੁਣਿਆ ਹੈ ਤਾਂ ਗਰੀਬ ਪਰਵਾਰਾਂ ਵਿੱਚ ਹੱਲਚੱਲ ਮੱਚ ਗਈ ਹੈ। ਗੁਰਦੇਵ ਸਿੰਘ ਮਾਲੜੀ ਨੇ ਕਿਹਾ ਕਿ ਜਦੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਪੰਜਾਬ ਦੀ ਸੱਤਾ ਸੰਭਾਲੀ ਸੀ ਤਾਂ ਉਨ੍ਹਾਂ ਨੇ ਕਿਹਾ ਸੀ ਕਿ ਅੱਜ ਤੋਂ ਬਾਅਦ ਪੰਜਾਬ ਵਿੱਚ ਕਦੀ ਵੀ ਗਰੀਬ ਲੋਕਾਂ ਦੇ ਚੁੱਲ੍ਹਿਆਂ ਵਿੱਚੋਂ ਕਦੇ ਅੱਗ ਨਹੀਂ ਬੁਝਣ ਦਿਆਂਗੇ। ਹੁਣ ਪੰਜਾਬ ਸਰਕਾਰ ਇਹੋ ਜਿਹੇ ਫੈਸਲੇ ਸੁਣਾ ਰਹੀ ਹੈ ਕਿ ਜਿਸ ਨਾਲ ਇਹ ਗਰੀਬ ਲੋਕਾਂ ਦੇ ਬਲ ਰਹੇ ਚੁੱਲ੍ਹਿਆਂ ਵਿੱਚ ਪਾਣੀ ਪਾਉਣ ਦਾ ਕੰਮ ਕਰ ਰਹੇ ਹਨ। ਗੁਰਦੇਵ ਸਿੰਘ ਮਾਲੜੀ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਇਹ ਮੰਦਭਾਗਾ ਫੈਸਲਾ ਤੁਰੰਤ ਵਾਪਸ ਲੈਣਾ ਚਾਹੀਦਾ ਹੈ। ਨਹੀਂ ਤਾਂ ਗਰੀਬ ਲੋਕ ਪੰਜਾਬ ਸਰਕਾਰ ਦੇ ਖਿਲਾਫ ਸੜਕਾਂ 'ਤੇ ਉਤਰ ਆਉਣਗੇ। ਇਸ ਸਮੇਂ ਉਨ੍ਹਾਂ ਦੇ ਨਾਲ ਰਾਸ਼ਟਰੀ ਜਨਰਲ ਸਕੱਤਰ ਰੂੜਾ ਰਾਮ ਗਿੱਲ,ਮੰਗਤ ਰਾਮ ਕਲਿਆਣ ਅਤੇ ਜੁਗਿੰਦਰ ਸਿੰਘ ਹੇਅਰ ਮੌਜੂਦ ਸਨ।

# ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਸਰਬੰਸ ਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਪਿੰਡ ਲੱਖਪੁਰ ਦੇ ਗੁਰਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਲੋਕਲ ਕਮੇਟੀ ਵਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਏ ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਹੈੱਡ ਗ੍ਰੰਥੀ ਭਾਈ ਅੰਮ੍ਰਿਤਪਾਲ ਸਿੰਘ ਲੱਖਪੁਰ ਨੇ ਸਰਬੱਤ ਦੇ ਭਲੇ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਇਸ ਨਗਰ ਕੀਰਤਨ ਦਾ ਸਮੂਹ ਸੰਗਤਾਂ ਵਲੋਂ ਫੁੱਲਾਂ ਦੀ ਵਰਖਾ ਨਾਲ ਥਾਂ-ਥਾਂ 'ਤੇ ਭਰਵਾਂ ਸਵਾਗਤ ਕੀਤਾ ਗਿਆ। ਸੰਗਤਾਂ ਨੇ ਗੁਰੂ ਗ੍ਰੰਥ ਸਾਹਿਬ ਜੀ ਦੀ ਸੁੰਦਰ ਪਾਲਕੀ ਅੱਗੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਵੱਖ ਵੱਖ ਧਾਰਮਿਕ ਅਸਥਾਨਾਂ ਦੀਆਂ ਪ੍ਰਬੰਧਕ ਕਮੇਟੀਆਂ ਵਲੋਂ ਜਿੱਥੇ ਸੁੰਦਰ ਪਾਲਕੀ ਵਿਚ ਸੁਸ਼ੋਭਿਤ ਗੁਰੂ ਗ੍ਰੰਥ ਸਾਹਿਬ ਨੂੰ ਰੁਮਾਲੇ ਭੇਂਟ ਕੀਤੇ ਗਏ ਉੱਥੇ ਹੀ ਪੰਜ ਪਿਆਰਿਆਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਭੇਂਟ ਕੀਤੇ ਗਏ। ਇਸ ਦੌਰਾਨ ਜੱਥੇਦਾਰ ਰਣਜੀਤ ਸਿੰਘ ਧੁੱਗਾ ਕਲਾਂ ਵਾਲਿਆਂ ਦੇ ਪੰਥਕ ਢਾਡੀ ਜੱਥੇ ਨੇ ਵੱਖ ਵੱਖ ਪੜਾਵਾਂ ਉੱਪਰ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਨਗਰ ਕੀਰਤਨ ਵਿਚ ਸ਼ਾਮਲ ਸੰਗਤਾਂ ਦੀ ਸੇਵਾ ਵਿਚ ਫਲ ਫਰੂਟ, ਚਾਹ ਪਕੌੜੇ ਅਤੇ ਜਲ ਦੀ ਸੇਵਾ ਅਤੁੱਟ ਵਰਤਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿਚ ਇਲਾਕੇ ਭਰ ਦੀਆਂ ਸੰਗਤਾਂ ਵੀ ਹਾਜ਼ਰ ਸਨ।

# ਭਾਸ਼ਣ ਮੁਕਾਬਲੇ 'ਚ ਮਹਿਕ ਨੇ ਜਿਲ੍ਹੇ ਭਰ 'ਚੋਂ ਪਹਿਲਾ ਸਥਾਨ ਕੀਤਾ ਹਾਸਲ



**ਕਪੂਰਥਲਾ (ਰਵਿੰਦਰ ਸਿੰਘ)** - ਨਹਿਰੂ ਯੂਵਾ ਕੇਂਦਰ ਕਪੂਰਥਲਾ ਵੱਲੋਂ ਸੰਸਦ ਸਮਾਗਮ ਲਈ ਸਪੀਕਰਾਂ ਦੀ ਚੋਣ ਸੰਬੰਧੀ ਕਰਵਾਏ ਗਏ ਭਾਸ਼ਣ ਮੁਕਾਬਲੇ 'ਚ ਮਹਿਕ ਦੁੱਗਲ ਵਲੋਂ ਜਿਲ੍ਹੇ ਵਿਚੋਂ ਪਹਿਲਾ ਅਤੇ ਸੂਬੇ ਵਿਚੋਂ ਦੂਜਾ ਸਥਾਨ ਹਾਸਲ ਕੀਤਾ। ਜਿਲ੍ਹਾ ਯੁਵਾ ਅਫਸਰ ਗਗਨਦੀਪ ਕੌਰ ਨੇ ਦੱਸਿਆ ਕਿ ਮਹਿਕ ਦੁੱਗਲ ਨੇ ਰਾਜ ਪੱਧਰੀ ਮੁਕਾਬਲੇ ਵਿੱਚ ਦੂਜਾ ਸਥਾਨ ਹਾਸਲ ਕਰਕੇ ਜਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਹਰੇਕ ਰਾਜ ਪੱਧਰ ਤੇ ਰਾਜ ਵਿੱਚੋਂ ਚੁਣੇ ਗਏ ਬੁਲਾਰਿਆਂ ਨੂੰ ਸੈਂਟਰਲ ਹਾਲ ਵਿੱਚ ਬੋਲਣ ਦਾ ਮੌਕਾ ਮਿਲੇਗਾ ਅਤੇ ਪ੍ਰਧਾਨ ਮੰਤਰੀ ਨਾਲ ਗੱਲਬਾਤ ਕਰਨ ਦਾ ਮੌਕਾ ਮਿਲੇਗਾ।

# ਕੰਧਾਲਾ ਜੱਟਾਂ 'ਚ ਗਿਲਜੀਆਂ ਨੇ ਵਰਕਰਾਂ ਨੂੰ ਕੀਤਾ ਭਾਰਤ ਜੋੜੋ ਯਾਤਰਾ ਲਈ ਲਾਮਬੰਦ



**ਅੱਡਾ ਸਰਾਂ , (ਕਾਜਲ )** : ਪਿੰਡ ਕੰਧਾਲਾ ਜੱਟਾਂ 'ਚ ਹੋਈ ਮੀਟਿੰਗ ਦੌਰਾਨ ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ ਨੇ ਕਾਂਗਰਸ ਵਰਕਰਾਂ ਨੂੰ ਭਾਰਤ ਜੋੜੋ ਯਾਤਰਾ ਲਈ ਲਾਮਬੰਦ ਕੀਤਾ । ਇਸ ਮੌਕੇ ਇਲਾਕੇ ਦੇ ਵੱਖ ਵੱਖ ਪਿੰਡਾਂ ਤੋਂ ਆਏ ਕਾਂਗਰਸ ਵਰਕਰ, ਪੰਚ ਸਰਪੰਚ ਮੌਜੂਦ ਸਨ।

ਇਸ ਮੌਕੇ ਸਾਬਕਾ ਮੰਤਰੀ ਗਿਲਜੀਆਂ ਨੇ ਆਖਿਆ ਕਿ 16 ਜਨਵਰੀ ਨੂੰ ਚੌਲਾਂਗ ਰਾਹੀਂ ਟਾਂਡਾ ਉੜਮੁੜ ਹਲਕੇ 'ਚ ਦਾਖਲ ਹੋਣ ਵਾਲੀ ਕੌਮੀ ਲੀਡਰ ਰਾਹੁਲ ਗਾਂਧੀ ਦੀ ਅਗਵਾਈ ਵਾਲੀ ਭਾਰਤ ਜੋੜੋ ਯਾਤਰਾ ਦਾ ਕਾਂਗਰਸੀ ਵਰਕਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਜਾਵੇਗਾ । ਇਸ ਮੌਕੇ ਉਨ੍ਹਾ ਆਖਿਆ ਕਿ ਦੇਸ਼ 'ਚ ਭਾਜਪਾ ਸਰਕਾਰ ਦੀ ਧਰਮਾਂ ਦੇ ਨਾਂਅ 'ਤੇ ਵੰਡ ਦੀ ਰਾਜਨੀਤੀ ਨੂੰ ਨਕਾਰਦੇ ਹੋਏ ਦੇਸ਼ ਵਿਚ ਆਪਸੀ ਭਾਈਚਾਰੇ ਅਤੇ ਪਿਆਰ ਦਾ ਸੰਦੇਸ਼ ਦੇਣ ਨਿਕਲੇ ਰਾਹੁਲ ਗਾਂਧੀ ਨੇ ਇਸ ਯਾਤਰਾ ਦੌਰਾਨ ਜਿਸ ਤਰ੍ਹ ਲੋਕਾਂ ਨਾਲ ਜੁੜੇ ਮੁੱਦਿਆਂ ਅਤੇ ਸਮੱਸਿਆਵਾਂ ਦੇ ਹੱਲ ਦੀ ਗੱਲ ਕੀਤੀ ਹੈ, ਉਸ ਨਾਲ ਅੱਜ ਹਰੇਕ ਵਰਗ ਦਾ ਸਾਥ ਮਿਲ ਰਿਹਾ ਹੈ । ਉਨ੍ਹਾਂ ਆਖਿਆ ਕਿ ਟਾਂਡਾ ਹਲਕੇ ਦੇ ਲੋਕਾਂ 'ਚ ਭਾਰੀ ਉਤਸ਼ਾਹ ਹੈ । ਇਸ ਮੌਕੇ ਸੰਮਤੀ ਮੈਂਬਰ ਰਾਜ ਕੁਮਾਰੀ, ਸਰਪੰਚ ਸੇਵਾ ਸਿੰਘ ਸੀਕਰੀ, ਸੂਬੇਦਾਰ ਗੁਰਮੇਲ ਸਿੰਘ, ਜੋਗਿੰਦਰ ਸਿੰਘ ਹੀਰ , ਕੈਪਟਨ ਗੁਰਮੇਲ ਸਿੰਘ, ਸੁੱਚਾ ਸਿੰਘ,ਹਰਪ੍ਰੀਤ ਹੈਪੀ,ਦਲਜੀਤ ਸਿੰਘ ਸੀਕਰੀ, ਗੁਰਦੀਪ ਸਿੰਘ ਸੀਕਰੀ, ਸੰਸਾਰ ਸਿੰਘ,ਡਾ.ਮਹਿੰਦਰ ਗਿੱਲ, ਦਲਜੀਤ ਸਿੰਘ, ਸਰਪੰਚ ਮਨਜੀਤ ਕੌਰ ਹੇਜਮਾ, ਸੰਤੋਸ਼ ਕੁਮਾਰੀ, ਸ਼ੀਤਲ ਸਿੰਘ ਨੈਨੋਵਾਲ ਵੈਦ, ਬਲਬੀਰ ਸਿੰਘ, ਸਰਪੰਚ ਹਰਪ੍ਰੀਤ ਕੌਰ ਹੰਬੜਾਂ, ਤਰਸੇਮ ਸਿੰਘ, ਹਰਜੀਤ ਸਿੰਘ, ਹਰਭਜਨ ਸਿੰਘ, ਦੇਸ ਰਾਜ, ਪ੍ਰਧਾਨ ਗੁਰਮੇਲ ਸਿੰਘ, ਜਸਵੀਰ ਸਿੰਘ ਸ਼ੀਰਾ ਅਤੇ ਅਨਿਲ ਪਿੰਕਾ ਆਦਿ ਮੌਜੂਦ ਸਨ । ਫੋਟੋ ਫਾਈਲ : ਕੈਪਸ਼ਨ : ਪਿੰਡ ਕੰਧਾਲਾ ਜੱਟਾਂ ਵਿੱਚ ਹੋਈ ਮੀਟਿੰਗ ਦੌਰਾਨ ਵਰਕਰਾਂ ਨੂੰ ਲਾਮਬੰਦ ਕਰਦੇ ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ ।

# ਸੋਸ਼ਲਿਸਟ ਪਾਰਟੀ ਇੰਡੀਆ ਵੱਲੋਂ ਭਾਰਤ ਜੋੜੋ ਯਾਤਰਾ 'ਚ ਸ਼ਾਮਲ ਹੋਣ ਦਾ ਫੈਸਲਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** : ਸੋਸ਼ਲਿਸਟ ਪਾਰਟੀ ਇੰਡੀਆ ਵੱਲੋਂ ਭਾਰਤ ਜੋੜੋ ਯਾਤਰਾ 'ਚ ਸ਼ਾਮਿਲ ਹੋਣ ਦਾ ਫੈਸਲਾ ਕੀਤਾ ਗਿਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੋਸ਼ਲਿਸ਼ਟ ਪਾਰਟੀ ਇੰਡੀਆ ਦੇ ਕੌਮੀ ਸਕੱਤਰ ਬਲਵੰਤ ਸਿੰਘ ਖੇੜਾ, ਸੂਬਾ ਪ੍ਰਧਾਨ ਓਮ ਸਿੰਘ ਸਟਿਆਣਾ ਅਤੇ ਜ਼ਿਲ੍ਹਾ ਪ੍ਰਧਾਨ ਹੁਸ਼ਿਆਰਪੁਰ ਸਤਪਾਲ ਸਿੰਘ ਡਡਿਆਣਾ ਨੇ ਦੱਸਿਆ ਕਿ ਪਾਰਟੀ ਦੀ ਕੌਮੀ ਕਾਰਜਕਾਰਨੀ ਦੀ ਚੰਡੀਗੜ੍ਹ 'ਚ ਹੋਈ ਮੀਟਿੰਗ ਦੌਰਾਨ ਕੌਮੀ ਪ੍ਰਧਾਨ ਥਾਮਸ ਟਾਮਸ ਸਾਬਕਾ ਮੀਤ ਪ੍ਰਧਾਨ ਤੇ ਬਜ਼ੁਰਗ ਆਗੂ ਬਲਵੰਤ ਸਿੰਘ ਖੇੜਾ ਕੌਮੀ ਸਕੱਤਰ ਅਨੁਸਾਰ ਪਾਰਟੀ ਵੱਲੋਂ ਲਏ ਫੈਸਲੇ ਮੁਤਾਬਕ ਪਾਰਟੀ ਵਲੋਂ ਕੇਰਲ, ਕਰਨਾਟਕ, ਤੇਲੰਗਾਨਾ, ਮਹਾਰਾਸ਼ਟਰਾ, ਮੱਧ ਪ੍ਰਦੇਸ਼, ਉੱਤਰ ਪ੍ਰਦੇਸ਼ ਤੇ ਦਿੱਲੀ 'ਚ ਵੱਡੇ ਪੱਧਰ 'ਤੇ ਇਸ ਭਾਰਤ ਜੋੜੋ ਯਾਤਰਾ 'ਚ ਸ਼ਮੂਲੀਅਤ ਕੀਤੀ ਗਈ ਹੈ। ਹੁਣ ਇਸ ਯਾਤਰਾ ਦੀ ਪੰਜਾਬ ਵਿੱਚ ਆਮਦ ਮੌਕੇ 14 ਜਨਵਰੀ ਦਿਨ ਸ਼ਨੀਵਾਰ ਨੂੰ ਕੌਮੀ ਸਕੱਤਰ ਬਲਵੰਤ ਸਿੰਘ ਖੇੜਾ ਦੀ ਅਗਵਾਈ ਹੇਠ ਲਵਲੀ ਯੂਨੀਵਰਸਿਟੀ ਫਗਵਾੜਾ ਨਜ਼ਦੀਕ ਪਾਰਟੀ ਦੇ 200 ਦੇ ਕਰੀਬ ਸਰਗਰਮ ਵਰਕਰਾਂ ਵੱਲੋਂ 'ਫਿਰਕਾਪ੍ਰਸਤ ਪਾਰਟੀਆਂ 'ਤੇ ਪਾਬੰਦੀ ਲਗਾਓ' ਦੇ ਬੈਨਰ ਲੈ ਕੇ ਪਾਰਟੀ ਦੇ ਝੰਡੇ ਹੇਠ ਇਸ ਭਾਰਤ ਜੋੜੋ ਯਾਤਰਾ ਦਾ ਸਵਾਗਤ ਕੀਤਾ ਜਾਵੇਗਾ।

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ



**ਲੋਹੀਆਂ ਖਾਸ (ਰੀਨਾ ਸ਼ਰਮਾ, ਯੋਗੇਸ਼ਵਰ)** : ਗੁਰਦੁਆਰਾ ਗਿਆਨ ਸਾਗਰ ਸਾਹਿਬ, ਲੋਹੀਆਂ ਖਾਸ ਵਿਖੇ ਸੰਗਤਾਂ ਵੱਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਗੁਰਪੁਰਬ ਪੂਰੀ ਸ਼ਰਧਾ ਭਾਵਨਾ ਤੇ ਧੂਮਧਾਮ ਨਾਲ ਮਨਾਇਆ ਗਿਆ ਅਤੇ ਬੱਚਿਆਂ ਦੇ ਗੁਰਮਤਿ ਨਾਲ ਸੰਬੰਧਤ ਵੱਖੋ-ਵੱਖ ਮੁਕਾਬਲੇ ਵੀ ਕਰਵਾਏ ਗਏ। ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਆਰੰਭ ਕੀਤੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਅਤੇ ਕੀਰਤਨੀ ਜਥੇ ਅਤੇ ਬੱਚਿਆਂ ਦੇ ਕੀਰਤਨੀ ਜਥੇ ਵੱਲੋਂ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਕੀਰਤਨ ਕਰਨ ਵਾਲੇ ਬੱਚਿਆਂ ਵਿੱਚ ਹਰਲੀਨ ਕੌਰ, ਗੁਰਲੀਨ ਕੌਰ, ਨਵਰਤਨ ਕੌਰ, ਮਨਿੰਦਰਜੀਤ ਕੌਰ, ਸਹਿਜਨੂਰ ਕੌਰ,ਹਰਸਿਮਰਤ ਕੌਰ ਕੰਗ, ਕਮਲਪ੍ਰੀਤ ਕੌਰ, ਮਨਦੀਪ ਕੌਰ, ਲਕਸ਼ਮੀ ਕਾਂਤਾ, ਤਬਲੇ 'ਤੇ ਸਾਥ ਦੇਣ ਵਾਲੇ ਬੱਚੇ ਤਜਿੰਦਰ ਸਿੰਘ, ਮਨਜਿੰਦਰ ਸਿੰਘ, ਅਰਸ਼ਦੀਪ ਸਿੰਘ, ਤਰੁਣਪਰੀਤ ਸਿੰਘ, ਇਸੇ ਤਰਾਂ ਭਾਸ਼ਣ ਵਿੱਚੋਂ ਪਹਿਲਾ ਸਥਾਨ ਨਵਰਤਨ ਕੌਰ ਅਤੇ ਗੁਰਬਾਣੀ ਕੰਠ ਵਿੱਚੋਂ ਪਹਿਲਾ ਇਨਾਮ ਹਰਸੀਰਤ ਕੌਰ ਨੇ ਹਾਸਲ ਕੀਤਾ। ਇਸੇ ਤਰਾਂ ਗੁਰਬਾਣੀ ਵਿੱਚੋਂ ਵੱਧ ਬਾਣੀਆਂ ਯਾਦ ਕਰਕੇ ਤਰੁਣਪ੍ਰੀਤ ਸਿੰਘ ਪਹਿਲੇ, ਗੁਰਨੂਰ ਸਿੰਘ ਦੂਸਰੇ ਤੇ ਜੈਸਮੀਨ ਕੌਰ ਤੀਸਰੇ ਸਥਾਨ 'ਤੇ ਰਹੇ।

# ਬੀਬੀ ਹਰਿੰਦਰ ਕੌਰ ਜੰਜੂਆ ਦੀ ਯਾਦ 'ਚ ਸ਼ਮਸ਼ਾਨਘਾਟ 'ਚ ਸੋਲਰ ਲਾਈਟ ਲਗਵਾਈ



**ਮੇਹਟੀਅਣਾ (ਜਗਤਾਰ ਸਿੰਘ ਭੁੰਗਰਨੀ )** ਪਿੰਡ ਦਿਹਾਣਾ ਦੇ ਊਘੇ ਸਮਾਜ ਹੌਲਦਾਰ ਗੁਰਮੁੱਖ ਸਿੰਘ ਜੰਜੂਆ ਨੇ ਆਪਣੀ ਸਵਰਗਵਾਸੀ ਪਤਨੀ ਸ੍ਰੀਮਤੀ ਹਰਿੰਦਰ ਕੌਰ ਜੰਜੂਆ ਦੀ ਯਾਦ ਵਿੱਚ ਪਿੰਡ ਦਿਹਾਣਾ ਦੇ ਸਮਸ਼ਾਨਘਾਟ ਵਿਚ ਸੋਲਰ ਲਾਈਟ ਲਗਵਾਈ ਗਈ। ਇਸ ਮੌਕੇ ਜਸਵਿੰਦਰ ਸਿੰਘ ਜੱਸਾ ਨੇ ਊਘੇ ਸਮਾਜ ਸੇਵਕ ਹੋਲਦਾਰ ਗੁਰਮੁੱਖ ਸਿੰਘ ਜੰਜੂਆ ਦਾ ਸਹਿਯੋਗ ਦੇਣ ਤੇ ਧੰਨਵਾਦ ਕੀਤਾ। ਇਸ ਮੌਕੇ ਪ੍ਰਧਾਨ ਜਸਵਿੰਦਰ ਸਿੰਘ ਜੱਸਾ, ਜਗਦੀਸ ਸਿੰਘ ਸੋਨਾ, ਜੋਗਰਾਜ ਸਿੰਘ, ਗੁਰਪ੍ਰੀਤ ਸਿੰਘ, ਜਸਵੀਰ ਸਿੰਘ ਸ਼ਿਦਾ ਆਦਿ ਹਾਜ਼ਰ ਸਨ।

11 Jan-Page-9.qxd 1/10/2023 10:25 PM Page 1



# ਪੇਂਡੂ ਮਜ਼ਦੂਰ ਯੂਨੀਅਨ ਜ਼ਮੀਨ, ਕਰਜ਼ਾ, ਦਿਹਾੜੀ ਵਰਗੇ ਮੁੱਦਿਆਂ ਨੂੰ ਲੈ ਕੇ ਚਲਾਏਗੀ ਘੋਲ

**ਜਲੰਧਰ (ਰਾਜੇਸ਼ ਥਾਪਾ, ਕੇਸਰ)** ਸਾਂਝੇ ਮੋਰਚੇ ਦੇ ਸੱਦੇ ਤਹਿਤ ਪੇਂਡੂ ਮਜਦੂਰ ਯੂਨੀਅਨ ਪੰਜਾਬ ਭਰ ਵਿੱਚ 300 ਤੋਂ ਵੱਧ ਪਿੰਡਾਂ ਵਿੱਚ ਰੈਲੀਆਂ ਕਰਕੇ ਪਿੰਡ ਪੱਧਰ ਉੱਤੇ ਘੋਲ ਲਾਮਬੰਦ ਕਰੇਗੀ। ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਦੀ ਪ੍ਰਧਾਨਗੀ ਹੇਠ ਸੂਬਾ ਕਮੇਟੀ ਵਲੋਂ ਮੀਟਿੰਗ ਕਰਕੇ ਜਮੀਨ, ਕਰਜਾ,ਦਿਹਾੜੀ, ਪਲਾਟ,ਲਾਲ ਲਕੀਰ ਦੀ ਮਾਲਕੀ ਅਤੇ ਸਮਾਜਿਕ ਜਬਰ ਵਰਗੇ ਮੁੱਦਿਆਂ ਨੂੰ ਲੈ ਕੇ ਪਿੰਡ ਪੱਧਰ ਉੱਤੇ ਘੋਲ ਮਘਾਇਆ ਜਾਵੇਗਾ। ਇਸ ਸੰਬੰਧੀ ਘੋਲ ਚਲਾਉਣ ਲਈ ਰੂਪ ਰੇਖਾ ਉਲੀਕੀ ਗਈ। ਯੂਨੀਅਨ ਦੇ ਸੂਬਾ ਜਨਰਲ ਸਕੱਤਰ ਅਵਤਾਰ ਸਿੰਘ ਰਸੂਲਪੁਰ ਅਤੇ ਸੂਬਾ ਪ੍ਰੈੱਸ ਸਕੱਤਰ ਕਸਮੀਰ ਸਿੰਘ ਘੁੱਗਸ਼ੋਰ ਨੇ ਇਹ ਜਾਣਕਾਰੀ ਦਿੰਦਿਆਂ ਕਿਹਾ ਕਿ ਲੈਂਡ ਸੀਲਿੰਗ ਤੋਂ ਵਾਧੂ ਜਮੀਨਾਂ ਬੇਜਮੀਨੇ ਮਜਦੂਰਾਂ ਤੇ ਕਿਸਾਨਾਂ ਵਿੱਚ ਵੰਡਣ,ਨਜੂਲ ਲੈਂਡ ਜਮੀਨ ਦਲਿਤਾਂ ਨੂੰ ਹੱਕ ਦੇਣ, ਜਗਲਾਤ ਦੀ ਜਮੀਨ ਦੇ ਹੱਕ ਦੇਣ, ਪੰਚਾਇਤੀ ਜਮੀਨਾਂ 'ਚੋਂ ਦਲਿਤਾਂ ਨੂੰ ਤੀਜੇ ਹਿੱਸੇ ਦਾ ਹੱਕ ਦੇਣ, ਸਰਕਾਰੀ, ਸਹਿਕਾਰੀ ਅਤੇ ਗੈਰ ਸਰਕਾਰੀ ਕਰਜੇ ਮੁਆਫ ਕਰਨ, ਮਜਦੂਰਾਂ ਨੂੰ ਖੁਸੀ ਗਮੀ ਵੇਲੇ ਬਿਨਾਂ ਵਿਆਜ ਕਰਜੇ ਦੇਣ ਦਾ ਪ੍ਰਬੰਧ ਕਰਨ, ਸਹਿਕਾਰੀ ਸਭਾਵਾਂ ਵਿੱਚ ਦਲਿਤ ਮਜਦੂਰਾਂ ਨੂੰ ਮੈਂਬਰਸ਼ਿਪ ਦੇ ਕੇ ਬਣਦੀਆਂ ਸਹੂਲਤਾਂ ਦੇਣ ਅਤੇ ਪਰਵਾਰ ਦੇ ਸਾਰੇ ਬਾਲਗ ਮੈਂਬਰਾਂ ਨੂੰ ਲਗਾਤਾਰ ਰੁਜਗਾਰ ਦੇਣ,ਮਗਨਰੇਗਾ ਸਮੇਤ ਪੇਂਡੂ ਤੇ ਖੇਤ ਮਜਦੂਰਾਂ ਨੂੰ ਦਿਹਾੜੀ 'ਚ ਵਾਧਾ ਕਰਕੇ 700 ਰੁਪੇ ਕਰਨ ਅਤੇ ਲੋੜਵੰਦਾਂ ਨੂੰ ਰਿਹਾਇਸੀ ਪਲਾਟ ਦੇਣ ਤੇ ਲਾਲ ਲਕੀਰ ਦੇ ਮਾਲਕੀ ਹੱਕ ਦੇਣ ਅਤੇ ਜਾਤਪਾਤੀ ਸਮਾਜਿਕ ਜਬਰ ਬੰਦ ਕੀਤਾ ਜਾਵੇ ਵਰਗੇ ਮੁੱਦਿਆਂ ਨੂੰ ਲੈ ਕੇ ਅੱਜ ਤੋਂ ਹੀ ਪੰਜਾਬ ਭਰ ਵਿੱਚ 30 ਜਨਵਰੀ ਤੱਕ ਪਿੰਡਾਂ ਵਿੱਚ ਭਰਵੀਆਂ ਰੈਲੀਆਂ ਕਰਕੇ ਘੋਲ ਚਲਾਇਆ ਜਾਵੇਗਾ ਅਤੇ 20 ਫਰਵਰੀ ਨੂੰ ਜਮੀਨ ਪ੍ਰਾਪਤੀ ਸੰਘਰਸ ਕਮੇਟੀ ਨਾਲ ਮਿਲਕੇ ਸਬ ਡਵੀਜਨ/ ਤਹਿਸੀਲ ਕੇਂਦਰਾਂ ਉੱਪਰ ਵੱਡੇ ਪ੍ਰਦਰਸ਼ਨ ਕੀਤੇ ਜਾਣਗੇ ਅਤੇ ਮਾਰਚ ਮਹੀਨੇ ਵਿੱਚ ਸੂਬਾ ਪੱਧਰੀ ਸਾਂਝਾ ਸਖਤ ਪ੍ਰਦਰਸ਼ਨ ਕੀਤਾ ਜਾਵੇਗਾ।

ਇਸ ਮੌਕੇ ਯੂਨੀਅਨ ਨੇ ਫਰੀਦਕੋਟ ਜ਼ਿਲ੍ਹੇ ਦੇ ਪਿੰਡ ਰਣ ਸਿੰਘ ਵਾਲਾ ਵਿਖੇ ਦਲਿਤ ਔਰਤਾਂ ਨਾਲ ਵਧੀਕੀ ਕਰਨ ਵਾਲਿਆਂ ਖਿਲਾਫ ਐੱਸ ਸੀ,ਐੱਸ ਟੀ ਐਕਟ ਤਹਿਤ ਮਾਮਲਾ ਦਰਜ ਕਰਕੇ ਕਾਰਵਾਈ ਕੀਤੀ ਜਾਵੇ ਦੀ ਮੰਗ ਵੀ ਕੀਤੀ ਅਤੇ ਮੰਗ ਨਾ ਮੰਨੀ ਗਈ ਇਸਦੇ ਖਿਲਾਫ ਵੀ ਸੰਘਰਸ ਕਰਨ ਦਾ ਐਲਾਨ ਕੀਤਾ ਹੈ। ਯੂਨੀਅਨ ਵਲੋਂ ਮੀਟਿੰਗ ਵਿੱਚ 16 ਜਨਵਰੀ ਨੂੰ ਲਤੀਫਪੁਰਾ ਮੁੜ ਵਸੇਬਾ ਸਾਂਝਾ ਮੋਰਚਾ ਦੀ ਅਗਵਾਈ ਹੇਠ ਜਲੰਧਰ ਸਥਿਤ ਧੰਨੋ ਵਾਲੀ ਨੇੜੇ ਕੀਤੇ ਜਾ ਰਹੇ ਹਾਈਵੇ ਤੇ ਰੇਲਵੇ ਜਾਮ ਵਿੱਚ ਸਮੂਲੀਅਤ ਕਰਨ ਅਤੇ ਜਿਹਨਾਂ ਚਿਰ ਲਤੀਫ ਪੁਰਾ ਦੇ ਲੋਕਾਂ ਨੂੰ ਮੁੜ ਉਸ ਜਗ੍ਹਾ ਨਹੀਂ ਵਸਾਇਆ ਜਾਂਦਾ, ਪੀੜਤ ਲੋਕਾਂ ਦੇ ਕੀਤੇ ਗਏ ਨੁਕਸਾਨ ਦਾ ਮੁਆਵਜਾ ਦੇਣ ਅਤੇ ਗਾਲੀ ਗਲੋਚ ਕਰਨ ਵਾਲੇ ਡੀ ਸੀ ਪੀ ਤੇਜਾ ਖਿਲਾਫ ਕਾਰਵਾਈ ਨਹੀਂ ਕੀਤੀ ਜਾਂਦੀ, ਉਹਨਾਂ ਚਿਰ ਸਾਂਝਾ ਸੰਘਰਸ ਜਾਰੀ ਰੱਖਣ ਦਾ ਫੈਸਲਾ ਵੀ ਕੀਤਾ ਗਿਆ।

ਪੇਂਡੂ ਮਜਦੂਰ ਆਗੂਆਂ ਨੇ ਕਿਹਾ ਕਿ ਬਦਲਾਅ ਵਾਲੀ ਭਗਵੰਤ ਸਿੰਘ ਮਾਨ ਦੀ ਸਰਕਾਰ ਵੀ ਪਹਿਲੀਆਂ ਸਰਕਾਰਾਂ ਤੋਂ ਘੱਟ ਨਹੀਂ, ਵਾਅਦਾ ਬਦਲਾਅ ਦਾ ਤੇ ਕੰਮ ਉਜਾੜੇ ਦਾ ਚਾਹੇ ਉਹ ਜਲੰਧਰ ਦਾ ਲਤੀਫਪੁਰਾ ਹੋਵੇ ਜਾਂ ਫਿਰ ਸਰਾਬ ਫੈਕਟਰੀ ਜੀਰਾ। ਉਨ੍ਹਾਂ ਕਿਹਾ ਕਿ ਮਾਸਟਰ ਦਾ ਮੁੰਡਾ ਤੇ ਸਧਾਰਨ ਘਰ ਤੋਂ ਕਹੇ ਜਾਣ ਵਾਲੇ ਭਗਵੰਤ ਸਿੰਘ ਮਾਨ ਮੋਦੀ ਅਤੇ ਅਮਰਿੰਦਰ ਸਿੰਘ ਵਾਂਗ ਰਾਜੇ ਮਹਾਰਾਜੇ ਵਾਲੀਆਂ ਫੀਲਿੰਗਾਂ ਲੈ ਰਹੇ ਹਨ। ਪੰਜਾਬ ਵਾਸੀਆਂ ਅਤੇ ਪੰਜਾਬ ਦੇ ਹਰ ਮਸਲੇ ਉੱਪਰ ਮੁੱਖ ਮੰਤਰੀ ਦੀ ਵੱਟੀ ਚੁੱਪੀ ਇਹੀ ਇਸਾਰਾ ਕਰ ਰਹੀ ਹੈ। ਅਜਿਹੀ ਸਥਿਤੀ ਵਿੱਚ ਲੋਕਾਂ ਪਾਸ ਸੰਘਰਸ ਕਰਨ ਤੋਂ ਬਿਨ੍ਹਾਂ ਕੋਈ ਚਾਰਾ ਨਹੀਂ। ਇਸ ਮੌਕੇ ਉਨ੍ਹਾਂ ਜਥੇਬੰਦੀ ਦੀਆਂ ਸਮੂਹ ਸਫਾ ਨੂੰ 20 ਜਨਵਰੀ ਤੱਕ ਵਿਸਥਾਰੀ ਮੀਟਿੰਗਾਂ ਕਰਦੇ ਹੋਏ ਉਪਰੋਕਤ ਐਕਸ਼ਨਾਂ ਨੂੰ ਲਾਗੂ ਕਰਨ ਲਈ ਹੁਣ ਤੋਂ ਹੀ ਕਮਰ ਕੱਸੇ ਕੱਸ ਲੈਣ ਦਾ ਹੋਕਾ ਵੀ ਦਿੱਤਾ।

ਇਸ ਮੌਕੇ ਮੀਟਿੰਗ ਵਿੱਚ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਸੂਬਾ ਜਨਰਲ ਸਕੱਤਰ ਅਵਤਾਰ ਸਿੰਘ ਰਸੂਲਪੁਰ, ਸੂਬਾ ਪ੍ਰੈੱਸ ਸਕੱਤਰ ਕਸਮੀਰ ਸਿੰਘ ਘੁੱਗਸੋਰ, ਸੂਬਾ ਆਗੂ ਕਵਲਜੀਤ ਸਨਾਵਾ,ਹੰਸ ਰਾਜ ਪੱਬਵਾਂ, ਮੰਗਾ ਸਿੰਘ ਵੈਰੋਕੇ ਅਤੇ ਹਰੀ ਰਾਮ ਰਸੂਲਪੁਰੀ ਆਦਿ ਸ਼ਾਮਲ ਹੋਏ।

# ਭਾਕਿਯੂ ਡਕੌਂਦਾ ਕਪੂਰਥਲਾ ਦੀ ਅਗਵਾਈ 'ਚ ਕਿਸਾਨਾਂ ਨੇ ਦਿੱਤਾ ਮੰਗ ਪੱਤਰ



**ਜਲੰਧਰ (ਸ਼ੈਲੀ ਐਲਬਰਟ)**— ਪਿਛਲੇ ਲੰਬੇ ਸਮੇਂ ਤੋਂ ਕਪੂਰਥਲਾ ਖੇਤੀ ਖੇਤਰ ਵਿੱਚ ਬਿਜਲੀ ਸਪਲਾਈ ਦੇ ਹਾਲਾਤ ਬਹੁਤ ਮਾੜੇ ਚੱਲ ਰਹੇ ਹਨ। ਸਬਜੀ ਏਰੀਏ ਵਿੱਚ ਪੀ ਸੀ ਕੱਟਾਂ ਕਰਕੇ ਸਬਜੀ ਦੀ ਫਸਲ ਦਾ ਨੁਕਸਾਨ ਹੋ ਰਿਹਾ ਹੈ। ਕਿਸਾਨ ਜੋ ਪਹਿਲਾਂ ਹੀ ਆਰਥਿਕ ਮੰਦੀ 'ਚੋਂ ਗੁਜਰ ਰਿਹਾ ਹੈ ਲੇਬਰ ਦੀਆਂ ਦਿਹਾੜੀਆਂ ਜੋ ਫਾਲਟ ਅਤੇ ਬਿਜਲੀ ਕੱਟਾਂ ਕਰਕੇ ਬਿਨਾਂ ਕੰਮ ਤੋਂ ਝੱਲਣੀਆਂ ਪੈਂਦੀਆਂ ਹਨ ਤੋਂ ਪ੍ਰੇਸ਼ਾਨ ਹਨ ਨੇ ਅਫਸਰਾਂ ਨੂੰ ਸਪਲਾਈ ਨਿਰਵਿਘਣ ਚਲਾਉਣ ਦੀ ਮੰਗ ਦੇ ਨਾਲ ਨਾਲ ਸਵੇਰੇ ਪੰਜ ਵਜੇ ਦੀ ਥਾਂ ਸਵੇਰੇ 10 ਕਰਨ ਦੀ ਮੰਗ ਰੱਖੀ ਹੈ ਅਤੇ ਜੇਕਰ ਇਹ ਸੁਧਾਰ ਨਾ ਹੋਇਆ ਤਾਂ ਮਜਬੂਰਨ ਸੜਕਾਂ ਤੇ ਆਉਣ ਦੀ ਚਿਤਾਵਨੀ ਵੀ ਦਿੱਤੀ ਹੈ ਅਤੇ ਕਿਸਾਨਾਂ ਨੇ ਚਿੰਤਾ ਜਾਹਰ ਕੀਤੀ ਕਿ ਇਸ ਮੌਸਮ ਵਿੱਚ ਸਪਲਾਈ ਦਾ ਏਨਾ ਮਾੜਾ ਹਾਲ ਹੈ ਤਾਂ ਗਰਮੀਂ ਦੇ ਸੀਜਨ ਵਿੱਚ ਕੀ ਬਣੇਗਾ। ਰਾਣਾ ਸੈਦੋਵਾਲ ਨੇ ਦੱਸਿਆ ਕਿ ਮੌਕੇ ਦੇ ਅਫਸਰਾਂ ਇੰਜ ਰਮੇਸ਼ ਲਾਲ ਸਾਰੰਗ ਚੀਫ ਇੰਜੀਨੀਅਰ ਨੌਰਥ ਜੋਨ ਪਾਵਰਕਾਮ ਜਲੰਧਰ ਅਤੇ ਇੰਜ ਦੇਸ ਰਾਜ ਬਾਂਗਰ ਉਪ ਚੀਫ ਇੰਜੀਨੀਅਰ ਕਪੂਰਥਲਾ ਨੇ ਵਧੀਆ ਤਰੀਕੇ ਨਾਲ ਕਿਸਾਨਾਂ ਦੀ ਗੱਲ ਸੁਣੀ ਅਤੇ ਭਰੋਸਾ ਦਿਵਾਇਆ ਕਿ ਅੱਗੇ ਤੋਂ ਕਿਸਾਨਾਂ ਨੂੰ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਸਮੇਂ ਧਰਮਿੰਦਰ ਸਿੰਘ ਜਿਲ੍ਹਾ ਪ੍ਰਧਾਨ ਡਕੌਂਦਾ, ਰਾਣਾ ਸੈਦੋਵਾਲ ਬਲਾਕ ਪ੍ਰਧਾਨ, ਹਰਭਜਨ ਸਿੰਘ ਮਨਸੂਰਵਾਲ, ਅਵਤਾਰ ਸਿੰਘ ਸੈਦੋਵਾਲ, ਬਿੰਦੂ ਸੁੰਨੜ, ਸਰਵਣ ਸਿੰਘ ਕਾਲਾ ਸੰਘਿਆਂ, ਪਰਮਵੀਰ ਸਿੰਘ ਸਰਪੰਚ ਸੁੰਨੜ, ਰਣਜੀਤ ਸਿੰਘ ਸਰਪੰਚ ਸੈਦੋਵਾਲ, ਹਰਕਮਲ ਸਿੰਘ, ਕੁਲਦੀਪ ਸਿੰਘ, ਗੁਰਜੀਤ ਸਿੰਘ, ਮਨਜਿੰਦਰ ਸਿੰਘ, ਸੰਦੀਪ ਸਿੰਘ, ਬਲਜੀਤ ਸਿੰਘ ਸੁਖਦੀਪ ਸਿੰਘ, ਅਮਨਪ੍ਰੀਤ ਸਿੰਘ, ਬਲਵੀਰ ਸਿੰਘ, ਅਮਰੀਕ ਸਿੰਘ, ਮੰਗਲ ਸਿੰਘ ਵਾਸੀ ਕੋਹਾਲਾ ਸਮੇਂਤ ਪੰਦਰਾਂ ਪਿੰਡਾਂ ਦੇ ਕਿਸਾਨ ਹਾਜ਼ਰ ਸਨ।

# ਖੇਡਾਂ ਨਾਲ ਜੁੜ ਕੇ ਨੌਜਵਾਨ ਹਲਕੇ ਦਾ ਨਾਂਅ ਕਰ ਰਹੇ ਹਨ ਰੌਸ਼ਨ : ਡਾ. ਰਾਜ



**ਹੁਸ਼ਿਆਰਪੁਰ (ਓ ਪੀ ਰਾਣਾ )** ਪਿੰਡ ਭਾਮ ਵਿਖੇ ਨੌਜਵਾਨ ਸਪੋਰਟਸ ਕਲੱਬ ਵੱਲੋਂ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ। ਇਸ ਮੌਕੇ ਵਿਧਾਨਸਭਾ ਵਿੱਚ ਉਪਨੇਤਾ ਵਿਪਕਸ਼ ਅਤੇ ਹਲਕਾ ਵਿਧਾਇਕ ਡਾ. ਰਾਜ ਕੁਮਾਰ ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ। ਇਸ ਮੌਕੇ ਡਾ. ਰਾਜ ਕੁਮਾਰ ਨੇ ਖਿਡਾਰੀਆਂ ਨਾਲ ਮੁਲਾਕਾਤ ਕੀਤੀ ਅਤੇ ਨੌਜਵਾਨ ਸਭਾ ਵੱਲੋਂ ਕੀਤੇ ਉਪਰਾਲੇ ਦੀ ਸ਼ਲਾਘਾ ਕੀਤੀ। ਡਾ. ਰਾਜ ਕੁਮਾਰ ਨੇ ਕਿਹਾ ਕਿ ਨੌਜਵਾਨ ਸਭਾ ਵੱਲੋਂ ਨੌਜਵਾਨਾਂ ਨੂੰ ਖੇਡਾਂ ਦੇ ਪ੍ਰਤੀ ਪ੍ਰੇਰਿਤ ਕਰਨ ਲਈ ਜੋ ਕਦਮ ਚੁੱਕੇ ਗਏ ਹਨ ਅਤੇ ਭੱਵਿਖ ਵਿੱਚ ਚੁੱਕੇ ਜਾਣਗੇ ਉਹਨਾਂ ਨਾਲ ਬੱਚਿਆਂ ਨੂੰ ਅੱਗੇ ਵੱਧਣ ਦੇ ਮੌਕੇ ਮਿਲਣਗੇ। ਉਹਨਾਂ ਨੇ ਕਿਹਾ ਕਿ ਜਿਹੜੇ ਨੌਜਵਾਨ ਪੜਾਈ ਅਤੇ ਖੇਲਾਂ ਦੇ ਨਾਲ ਜੁੜਦੇ ਹਨ ਉਹ ਹੀ ਸਮਾਜ ਨੂੰ ਨਵੀਂ ਸੇਧ ਵੱਲ ਵਦਾਉਂਦੇ ਹਨ। ਉਹਨਾਂ ਨੇ ਕਿਹਾ ਕਿ ਹਲਕੇ ਦੇ ਨੌਜਵਾਨ ਖੇਡਾਂ ਵਿੱਚ ਹਲਕੇ ਦਾ ਨਾਮ ਦੇਸ਼ ਵਿਦੇਸ਼ ਵਿੱਚ ਰੌਸ਼ਨ ਕਰ ਰਹੇ ਹਨ।

ਇਸ ਦੌਰਾਨ ਜੇਤੂ ਅਤੇ ਉਪਜੇਤੂ ਟੀਮ ਨੂੰ ਸਨਮਾਨਤ ਕਰਦੇ ਹੋਏ ਡਾ. ਰਾਜ ਨੇ ਕਿਹਾ ਕਿ ਉਹ ਸਦਾ ਹੀ ਨੌਜਵਾਨਾਂ ਨਾਲ ਹਨ ਅਤੇ ਇਸ ਤਰ੍ਹਾਂ ਦੇ ਯਤਨ ਕਰਨ ਵਾਲੇ ਕੱਲਬਾਂ ਨੂੰ ਸਹਿਯੋਗ ਦੇਣ ਲਈ ਸਦਾ ਹੀ ਨਾਲ ਰਹੇ ਹਨ ਅਤੇ ਰਹਿਣਗੇ। ਇਸ ਮੌਕੇ ਤੇ ਸਰਪੰਚ ਪਰਵਿੰਦਰ ਸਿੰਘ, ਹਰੀ ਸਿੰਘ ਜਸਵਾਲ, ਪ੍ਰਧਾਨ ਗੁਰਦੀਪ ਥਾਪਾ, ਸੁਨੀਲ ਕੁਮਾਰ, ਜਸਵਿੰਦਰ ਸਿੰਘ, ਦਲਬੀਰ ਸਿੰਘ, ਸਤਨਾਮ ਸਿੰਘ ਸੱਤੀ, ਡਾਇਰੈਕਟਰ ਸ਼ੂਗਰ ਮਿਲ ਸਤਪਾਲ ਸਿੰਘ, ਦਲਜੀਤ ਸਿੰਘ, ਰਣਜੀਤ ਸਿੰਘ ਰੋਪਾਲੀਆਂ, ਪ੍ਰਿੰਸਿਪਲ ਸੁਖਿੰਦਰਜੀਤ ਸਿੰਘ, ਸਰਵਣ ਸਿੰਘ, ਰਾਜਿੰਦਰ ਸਿੰਘ, ਰਸ਼ਪਾਲ ਸਿੰਘ ਚੱਡਾ ਆਦਿ ਪੱਤਵੰਤੇ ਸੱਜਣ ਮੌਜੂਦ ਸਨ।

# ਮਿੱਕੀ ਪੰਡਤ ਤੇ ਮਹਾਜਨ ਦੀ ਅਗਵਾਈ 'ਚ ਟਾਂਡਾ ਤੋਂ ਚੰਡੀਗੜ੍ਹ ਲਈ ਜਥਾ ਰਵਾਨਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-: ਪੰਜਾਬ ਵਿੱਚ ਹਿੰਦੂਆਂ ਨਾਲ ਹੋ ਰਹੇ ਵਿਤਕਰੇ ਅਤੇ ਪੰਜਾਬ ਦੀ ਵਿਗੜ ਰਹੀ ਕਾਨੂੰਨ ਵਿਵਸਥਾ ਵਿੱਚ ਸੁਧਾਰ ਕਰਨ ਲਈ ਸਰਕਾਰ ਵੱਲੋਂ ਠੋਸ ਉਪਰਾਲੇ ਨਾ ਹੋਣ ਕਾਰਨ ਸ਼ਿਵ ਸੈਨਾ ਪੰਜਾਬ ਦੇ ਰਾਸ਼ਟਰੀ ਪ੍ਰਧਾਨ ਸੰਜੀਵ ਘਨੌਲੀ ਦੀ ਅਗਵਾਈ ਵਿਚ 10 ਜਨਵਰੀ ਨੂੰ ਚੰਡੀਗੜ੍ਹ ਵਿਖੇ ਰਾਜਪਾਲ ਨੂੰ ਇਕ ਮੰਗ ਪੱਤਰ ਦੇਣ ਲਈ ਟਾਂਡਾ ਤੋ ਸ਼ਿਵ ਸੈਨਾ ਪੰਜਾਬ ਦੇ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ ਅਤੇ ਪਠਾਨਕੋਟ ਤੋਂ ਸ਼ਿਵ ਸੈਨਾ ਪੰਜਾਬ ਦੇ ਉਤਰ ਭਾਰਤ ਚੇਅਰਮੈਨ ਸਤੀਸ਼ ਮਹਾਜਨ ਦੀ ਅਗਵਾਈ ਵਿੱਚ ਸੈਂਕੜੇ ਵਰਕਰਾਂ ਦਾ ਜਥਾ ਚੰਡੀਗੜ੍ਹ ਲਈ ਰਵਾਨਾ ਹੋਇਆ। ਇਸ ਮੌਕੇ ਉਨ੍ਹਾਂ ਨਾਲ ਦੋਆਬਾ ਪ੍ਰਧਾਨ ਰਾਹੁਲ ਖੰਨਾ, ਜ਼ਿਲ੍ਹਾ ਪ੍ਰਧਾਨ ਸ਼ਿਵਮ ਵੈਦ, ਜ਼ਿਲ੍ਹਾ ਚੇਅਰਮੈਨ ਵਿਕਾਸ ਜਸਰਾ, ਟਾਂਡਾ ਵਪਾਰ ਸੈੱਲ ਪ੍ਰਧਾਨ ਹਰਜੀਤ ਕੁਮਾਰ ਕਾਲਾ, ਵਿਵੇਕ ਵਿਜਨ, ਟੋਨੀ ਗਿੱਲ ਰੜਾ ਹਾਜਰ ਸਨ।



ਇਸ ਮੌਕੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਮਿੱਕੀ ਪੰਡਿਤ ਅਤੇ ਸਤੀਸ਼ ਮਹਾਜਨ ਨੇ ਕਿਹਾ ਕਿ ਬੀਤੇ ਕਈ ਸਮੇਂ ਤੋਂ ਪੰਜਾਬ ਦੇ ਹਿੰਦੂਆਂ ਨਾਲ ਵਿਤਕਰਾ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਦੇ ਬਣਦੇ ਹੱਕ ਤੋਂ ਉਨ੍ਹਾਂ ਨੂੰ ਵੰਚਿਤ ਕੀਤਾ ਜਾ ਰਿਹਾ ਹੈ ਜਿਸਦੇ ਲਈ ਸ਼ਿਵ ਸੈਨਾ ਵੱਲੋਂ ਪੰਜਾਬ ਸਰਕਾਰ ਨੂੰ ਕਈ ਵਾਰ ਅਪੀਲਾਂ ਕੀਤੀਆਂ ਜਾ ਚੁੱਕੀਆਂ ਹਨ ਪਰ ਸਰਕਾਰ ਦੇ ਕੰਨ ਤੇ ਜੂੰ ਨਹੀਂ ਸਰਕ ਰਹੀ।

ਉਨ੍ਹਾਂ ਕਿਹਾ ਕਿ ਪਾਕਿਸਤਾਨ ਦੀ ਸਹਿ 'ਤੇ ਵਿਦੇਸ਼ਾਂ ਵਿੱਚ ਬੈਠੇ ਸ਼ਰਾਰਤੀ ਅਨਸਰ ਪੰਜਾਬ ਦਾ ਸ਼ਾਂਤਮਈ ਮਾਹੌਲ ਖਰਾਬ ਕਰਨ ਲਈ ਆਏ ਦਿਨ ਮੰਦਿਰਾਂ ਦੀ ਭੰਨ-ਤੋੜ, ਹਿੰਦੂ ਨੇਤਾਵਾਂ ਤੇ ਜਾਨਲੇਵਾ ਹਮਲਾ ਰਹੇ ਹਨ ਜਿਸਨੂੰ ਰੋਕਣ ਵਿੱਚ ਸਰਕਾਰ ਹਰ ਪਖੋਂ ਅਸਫਲ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਅੱਤਵਾਦ ਦੌਰਾਨ ਜਿਹੜੇ ਪੁਲਸ ਮੁਲਾਜਮਾਂ ਨੇ ਆਪਣੀਆਂ ਜਾਨਾਂ ਦੀ ਪਰਵਾਹ ਨਾ ਕਰਦੇ ਹੋਏ ਪੰਜਾਬ ਦਾ ਮਾਹੌਲ ਠੀਕ ਕਰਨ ਲਈ ਸਰਾਰਤੀ ਅਨਸਰਾਂ ਨੂੰ ਮੁਕਾਬਲੇ ਦੌਰਾਨ ਮਾਰ ਦਿੱਤਾ ਸੀ ਉਨ੍ਹਾਂ ਅਫਸਰਾਂ ਨੂੰ ਸਿਆਸੀ ਦਬਾਅ ਹੇਠ ਆ ਕੇ ਜੇਲ੍ਹ ਭੇਜ ਦਿੱਤਾ ਗਿਆ ਸੀ ਅਸਲ ਵਿਚ ਬੰਦੀ ਸਿੰਘ ਉਹ ਪੁਲਿਸ ਮੁਲਾਜਮ ਹਨ, ਪਰ ਸਰਕਾਰ ਨੇ ਉਨ੍ਹਾਂ ਦੀ ਹੌਂਸਲਾ ਅਫਜਾਈ ਕਰਨ ਦੀ ਬਜਾਏ ਉਨ੍ਹਾਂ ਨੂੰ ਜੇਲ ਭੇਜ ਦਿੱਤਾ ਜਿਸ ਕਾਰਨ ਪੰਜਾਬ ਪੁਲਸ ਦੇ ਦਿਲਾਂ ਵਿਚ ਅੱਤਵਾਦ ਨੂੰ ਖਤਮ ਕਰਨ ਲਈ ਹੁਣ ਉਹ ਮਨਸੂਬੇ ਨਹੀਂ ਰਹੇ। ਉਨ੍ਹਾਂ ਕਿਹਾ ਕਿ ਸਾਡੇ ਮੰਗ-ਪੱਤਰ ਵਿਚ ਹਿੰਦੂਆਂ ਦੀ ਸੁਰੱਖਿਆ ਤੋਂ ਇਲਾਵਾ ਪੁਲਸ ਬੰਦੀ ਸਿੰਘਾਂ ਨੂੰ ਰਿਹਾ ਕਰਵਾਉਣਾ ਹੈ।

# ਦਰਬਾਰ ਨੂਰ-ਏ-ਖੁਦਾ ਬਾਬਾ ਵਿਖੇ ਸਾਲਾਨਾ ਗਿਆਰਵੀਂ ਉਰਸ 30 ਤੇ 31 ਨੂੰ

**ਫਗਵਾੜਾ (ਡਾ. ਰਮਨ)** ਧੰਨ ਧੰਨ ਨੂਰ-ਏ-ਖੁਦਾ ਦਰਬਾਰ ਬਾਬਾ ਮੰਗੂ ਸ਼ਾਹ ਪਿੰਡ ਸਾਹਨੀ ਵਿਖੇ ਹਰ ਸਾਲ ਦੀ ਤਰ੍ਹਾਂ ਸਾਲਾਨਾ ਗਿਆਰਵੀਂ ਉਰਸ 30 ਅਤੇ 31 ਜਨਵਰੀ ਨੂੰ ਗੱਦੀ ਨਸ਼ੀਨ ਸਾਂਈ ਕਰਨੈਲ ਸ਼ਾਹ ਦੀ ਅਗਵਾਈ ਹੇਠ ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ।



ਸਾਂਈ ਕਰਨੈਲ ਸ਼ਾਹ ਨੇ ਪਿੰਡ ਦੇ ਪਤਵੰਤਿਆਂ ਨਾਲ ਮੀਟਿੰਗ ਕਰਨ ਉਪਰੰਤ ਦੱਸਿਆ ਕਿ ਸਲਾਨਾ ਉਰਸ ਦੀਆਂ ਤਿਆਰੀਆਂ ਜੰਗੀ ਪੱਧਰ ਤੇ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਸਲਾਨਾ ਉਰਸ ਨੂੰ ਲੈ ਕੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਿਚ ਭਾਰੀ ਉਤਸ਼ਾਹ ਹੈ। ਉਹਨਾਂ ਦੱਸਿਆ ਕਿ ਪਹਿਲੇ ਦਿਨ 30 ਜਨਵਰੀ ਨੂੰ ਸ਼ਾਮ ਸਮੇ ਚਰਾਗ਼ ਅਤੇ ਰਾਤ ਨੂੰ ਮਹਿੰਦੀ ਦੀ ਰਸਮ ਅਦਾ ਕੀਤੀ ਜਾਵੇਗੀ। ਦੂਸਰੇ ਦਿਨ ਮੰਗਲਵਾਰ 31 ਜਨਵਰੀ ਨੂੰ ਸਵੇਰੇ 10 ਵਜੇ ਨਿਸ਼ਾਨ ਸਾਹਿਬ ਅਤੇ ਚਾਦਰ ਦੀ ਰਸਮ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਹੋਵੇਗੀ ਅਤੇ ਦੁਪਿਹਰ 1 ਵਜੇ ਸੰਗਤਾਂ 'ਚ ਕੜੀ ਦਾ ਪ੍ਰਸਾਦ ਵੰਡਿਆ ਜਾਵੇਗਾ। ਰਾਤ ਨੂੰ ਮਹਿਫਿਲ-ਏ-ਕੱਵਾਲ ਸਜਾਈ ਜਾਵੇਗੀ ਜਿਸ ਵਿੱਚ ਨਾਮਵਰ ਕੱਵਾਲ ਸੂਫੀਆਨਾ ਕਲਾਮ ਪੇਸ਼ ਕਰਨਗੇ। ਇਸ ਮੌਕੇ ਸਰਪੰਚ ਰਾਮਪਾਲ ਸਾਹਨੀ, ਮੈਂਬਰ ਪੰਚਾਇਤ ਹਰਨੇਕ ਸਿੰਘ, ਚੂੰਨੀ ਰਾਮ ਨਿੱਕਾ ਪੰਚ, ਜਰਨੈਲ ਸਿੰਘ, ਮੇਜਰ ਸਿੰਘ, ਊਸ਼ਾ ਰਾਣੀ, ਪਰਮਜੀਤ ਕੌਰ ਤੋਂ ਇਲਾਵਾ ਅਮਰੀਕ ਸਿੰਘ ਮੀਕਾ, ਲਸ਼ਕਰੀ ਰਾਮ, ਪ੍ਰੇਮਨਾਥ, ਨਿਰਮਲ ਸਿੰਘ ਚੱਕ ਹਕੀਮ, ਜੋਵਨਜੀਤ, ਅਵੀ, ਬਾਬਾ ਧੰਨਾ ਜੀ, ਤੀਰਥ ਸਿੰਘ, ਬੱਬੂ ਲੱਖਪੁਰ, ਸੇਵਾ ਰਾਮ, ਅਰਸ਼ਿਤ, ਅਮਿਤ, ਸੰਜੀਵ ਕੁਮਾਰ, ਅਰਵਿੰਦ ਪਾਠਕ, ਕੁਲਵੀਰ ਸਿੰਘ, ਇੰਦਰਜੀਤ, ਹਨੀ ਕੋਸ਼ਲ, ਲਛਮਣ ਸਾਹਨੀ, ਸੁਰਿੰਦਰ ਸਿੰਘ, ਡੋਰੀ ਲਾਲ, ਦੀਪ ਸਿੰਘ, ਕਮਲਜੀਤ ਪ੍ਰੇਮਪੁਰ, ਰਾਜੂ ਢੋਲੀ, ਗੁਰਪ੍ਰੀਤ ਗੋਪੀ, ਸੂਬਾ ਸਾਹਨੀ, ਪਰਵੀਨ ਸਾਹਨੀ, ਰਾਜਾ ਸਾਹਨੀ, ਪਰਮਿੰਦਰ ਸਿੰਘ, ਸੁਖਦੇਵ ਸਿੰਘ, ਦੇਵੀ ਪ੍ਰਕਾਸ਼ ਨੰਬਰਦਾਰ, ਓਮ ਪ੍ਰਕਾਸ਼, ਰਣਜੀਤ ਸਿੰਘ ਕਾਹਲੋਂ ਆਦਿ ਵੀ ਹਾਜ਼ਰ ਸਨ।

# ਮੇਟ ਦੀ ਬਹਾਲੀ ਤੇ ਮਨਰੇਗਾ ਕੰਮਾਂ 'ਚ ਫੈਲੇ ਭ੍ਰਿਸ਼ਟਾਚਾਰ ਨੂੰ ਲੈ ਕੇ ਮੁਜ਼ਾਹਰਾ ਤੇ ਕੈਬਨਿਟ ਮੰਤਰੀ ਨੂੰ ਮੰਗ ਪੱਤਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** : ਮਗਨਰੇਗਾ ਮੇਟ ਦੀ ਬਹਾਲੀ ਅਤੇ ਜ਼ਿਲ੍ਹੇ 'ਚ ਮਨਰੇਗਾ ਦੇ ਕੰਮਾਂ 'ਚ ਫੈਲੇ ਭ੍ਰਿਸ਼ਟਾਚਾਰ ਅਤੇ ਲਿਖਤੀ ਰੂਪ 'ਚ ਸਾਰਾ ਮਾਮਲਾ ਪੰਜਾਬ ਸਰਕਾਰ ਦੇ ਧਿਆਨ ਹੇਠ ਲਿਆਉਣ ਦੇ ਬਾਵਜੂਦ ਭ੍ਰਿਸ਼ਟਾਚਾਰੀਆਂ ਵਿਰੁੱਧ ਕੋਈ ਕਾਰਵਾਈ ਨਾ ਕਰਨ, ਮੇਟਾਂ ਦੀ ਬਹਾਲੀ ਨੂੰ ਬਿਨਾਂ ਕਿਸੇ ਦੋਸ਼ਾਂ ਤੋਂ ਲਟਕਾਈ ਰੱਖਣਾ ਅਤੇ ਮੂਲ ਸੰਵਿਧਾਨਕ ਅਧਿਕਾਰਾਂ ਦੀਆਂ ਧੱਜੀਆਂ ਉਡਾਉਣ ਅਤੇ ਵਾਰ ਵਾਰ ਇਕੋ ਮੰਗ ਲਈ ਦਿਤੇ ਜਾਂਦੇ ਮੰਗ ਪੱਤਰਾਂ 'ਤੇ ਕੋਈ ਵੀ ਕਾਰਵਾਈ ਨਾ ਕਰਨ ਅਤੇ ਨਾ ਹੀ ਉਨ੍ਹਾਂ ਦਾ ਲਿਖਤੀ ਜਵਾਬ ਦੇਣ ਆਦਿ ਮੁੱਦਿਆਂ ਨੂੰ ਲੈ ਕੇ ਮਨਰੇਗਾ ਲੇਬਰ ਮੂਮੈਂਟ ਪੰਜਾਬ ਦੇ ਪ੍ਰਧਾਨ ਜੈ ਗੋਪਾਲ ਧੀਮਾਨ, ਜ਼ਿਲ੍ਹਾ ਪ੍ਰਧਾਨ ਇੰਦਰਜੀਤ ਕੌਰ, ਜਨਰਲ ਸਕੱਤਰ ਸੋਨੂ ਮਹਿਤਪੁਰ ਦੀ ਅਗਵਾਈ 'ਚ ਮਿੰਨੀ ਸੈਕਟ੍ਰੀਏਟ ਦੇ ਬਾਹਰ ਪੰਜਾਬ ਸਰਕਾਰ ਦੀਆਂ ਗੱਪਮਾਰ ਤੇ ਝੂਠ ਦੇ ਪ੍ਰਸਾਰ ਵਾਲੀ ਸਰਕਾਰ ਵਿਰੁੱਧ ਮੁਜ਼ਾਹਰਾ ਕੀਤਾ ਤੇ ਬਾਅਦ ਵਿਚ ਕੈਬਨਿਟ ਮੰਤਰੀ ਬ੍ਰਹਮਸ਼ੰਕਰ ਜਿੰਪਾ ਨੂੰ ਮਿਲ ਕੇ ਤਹਿਸੀਲ ਕੰਪਲੈਕਸ 'ਚ ਮੁਸ਼ਕਲਾਂ ਦੱਸੀਆਂ ਤੇ ਮੰਗ ਪੱਤਰ ਸੌਂਪਿਆ। ਧੀਮਾਨ ਨੇ ਮੌਕੇ 'ਤੇ ਦੱਸਿਆ ਕਿ ਜੁਆਇੰਟ ਵਿਕਾਸ ਕਮਿਸ਼ਨਰ ਮਗਨਰੇਗਾ ਪੰਜਾਬ ਦੇ ਹੁਕਮਾਂ ਨੂੰ ਜਾਣਬੁੱਝ ਕੇ ਲਾਗੂ ਕਰਵਾਉਣ ਲਈ ਕੋਈ ਵੀ ਕਾਰਵਾਈ ਨਹੀਂ ਕੀਤੀ ਜਾ ਰਹੀ ਤੇ ਸੰਬੰਧਤ ਅਧਿਕਾਰੀਆਂ ਵੱਲੋਂ ਪਿਛਲੇ 8 ਮਹੀਨਿਆਂ ਤੋਂ ਹਮੇਸ਼ਾ ਟਾਲਮਟੋਲ ਕੀਤਾ ਜਾ ਰਿਹਾ ਹੈ ਤੇ ਦਿੱਤੇ ਗਏ ਮੰਗ ਪੱਤਰਾਂ ਉੱਤੇ ਕੋਈ ਕਾਰਵਾਈ ਨਾ ਕਰਨਾ ਮੂਲ ਸੰਵਿਧਾਨਕ ਅਧਿਕਾਰਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ। ਧੀਮਾਨ ਨੇ ਦੱਸਿਆ ਕਿ ਨਾ ਤਾਂ ਸਮੇਂ ਸਿਰ ਸੂਚਨਾਵਾਂ ਦਾ ਜਵਾਬ ਦਿੱਤਾ ਜਾ ਰਿਹਾ ਹੈ ਤੇ ਨਾ ਹੀ ਭ੍ਰਿਸ਼ਟਾਚਾਰੀਆਂ 'ਤੇ ਕੋਈ ਕਾਰਵਾਈ ਕੀਤੀ ਜਾ ਰਹੀ ਹੈ। ਧੀਮਾਨ ਨੇ ਦੱਸਿਆ ਕਿ ਜ਼ਿਲ੍ਹਾ ਪ੍ਰੀਸ਼ਦ ਕੰਪਲੈਕਸ ਵਿਚ ਪਿੰਡ ਡਾਡਾ ਕੇ ਮਨਰੇਗਾ ਵਰਕਰਾਂ ਤੋਂ ਸ਼ਰੇਆਮ ਮਨਰੇਗਾ ਐਕਟ 2005 ਦੀ ਘੋਰ ਉਲੰਘਣਾ ਕਰਕੇ ਸਫਾਈ ਦਾ ਕੰਮ ਕਰਵਾਇਆ ਗਿਆ ਪਰ ਉਸ ਦੇ ਸੰਬੰਧ ਵਿੱਚ ਜਾਣਬੁੱਝ ਕੇ ਕੋਈ ਕਾਰਵਾਈ ਨਾ ਕਰਨਾ ਭ੍ਰਿਸ਼ਟਾਚਾਰ ਨੂੰ ਉਤਸ਼ਾਹਤ ਕੀਤਾ ਜਾ ਰਿਹਾ ਹੈ। ਜਦੋਂ ਕਿ ਇਹ ਸਭ ਕੁਝ ਸਹਾਇਕ ਪ੍ਰੋਜੈਕਟਰ ਅਫਸਰ ਦੀ ਮਿਲੀਭੁਗਤ ਨਾਲ ਕੀਤਾ ਗਿਆ। ਇਸੇ ਤਰ੍ਹਾਂ ਬਲਾਕ ਦੇ ਪਿੰਡ ਲੁਹਾਰ ਕੰਗਣਾ ਵਿੱਚ ਅੰਮ੍ਰਿਤ ਸਰੋਵਰ ਵਿੱਚ ਮੇਟ, ਗ੍ਰਾਮ ਰੁਜ਼ਗਾਰ ਸੇਵਕ ਅਤੇ ਬਲਾਕ 1 ਦੇ ਮਜੂਦਾ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਘਪਲਾ ਕੀਤਾ ਜਾ ਰਿਹਾ ਹੈ। ਜਿਸ ਦੀ ਲਿਖਤੀ ਰੂਪ ਵਿਚ ਕੈਬਨਿਟ ਮੰਤਰੀ ਜਿੰਪਾ ਨੂੰ ਵੀ ਦੱਸਿਆ ਗਿਆ। ਪਰ ਇਸ ਘਪਲੇ ਵਾਰੇ ਹਲਕਾ ਸ਼ਾਮਚੁਰਾਸੀ ਦੇ ਵਿਧਾਇਕ ਡਾਕਟਰ ਰਵਜੋਤ ਵੀ ਚੰਗੀ ਤਰਾਂ ਜਾਣੂ ਹਨ। ਸਭ ਤੋਂ ਮਾੜੀ ਗੱਲ ਇਹ ਹੈ ਕਿ ਇਨ੍ਹਾਂ ਪਿੰਡਾਂ 'ਚ ਆਡਟ ਵੀ ਹੋ ਚੁੱਕੇ ਹਨ ਪਰ ਘਪਲੇ ਫਿਰ ਉਡਾਰੀਆਂ ਮਾਰ ਰਹੇ ਹਨ। ਧੀਮਾਨ ਨੇ ਕਿਹਾ ਕਿ ਉਹ ਮਨਰੇਗਾ 'ਚ ਫੈਲੇ ਭ੍ਰਿਸ਼ਟਾਚਾਰ ਨੂੰ ਲੈ ਕੇ ਜੁਆਇੰਟ ਵਿਕਾਸ ਕਮਿਸ਼ਨਰ ਪੰਜਾਬ ਅਤੇ ਪੰਚਾਇਤੀ ਰਾਜ ਮੰਤਰੀ ਅਤੇ ਡਾਇਰੈਕਟਰ ਪੰਚਾਇਤ ਨੂੰ ਫਿਰ ਮਿਲਣਗੇ ਤੇ ਸਾਰੇ ਭ੍ਰਿਸ਼ਟਾਚਾਰ ਨੂੰ ਹੋਰ ਨੰਗਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਪੰਚਾਇਤੀ ਰਾਜ ਵਿਚ ਫੈਲਿਆ ਭ੍ਰਿਸ਼ਟਾਚਾਰ ਪਿੰਡਾਂ 'ਚ ਲੋਕਾਂ ਦੇ ਮੂਲ ਅਧਿਕਾਰਾਂ ਨੂੰ ਪ੍ਰਭਾਵਿਤ ਕਰ ਰਿਹਾ ਹੈ ਤੇ ਮੁੱਠੀ ਭਰ ਜੁੰਮੇਵਾਰ ਅਧਿਕਾਰੀ ਮੌਜਾਂ ਕਰ ਰਹੇ ਹਨ। ਇਸ ਮੌਕੇ ਸੁਰਜੀਤ ਕੌਰ, ਰਣਜੀਤ ਕੌਰ, ਸਤਨਾਮ ਕੌਰ ਧਾਮੀਆਂ, ਬਲਰਾਜ ਕੁਮਾਰ, ਅਨੀਤਾ ਰਾਣੀ, ਕਮਲਜੀਤ ਕੌਰ, ਰਾਕੇਸ਼ ਬਾਲਾ, ਬਲਵਿੰਦਰ ਕੌਰ,ਸੁਰਿੰਦਰ ਕੌਰ, ਸਰੋਜ ਕੁਮਾਰੀ ਅਤੇ ਕਮਲਜੀਤ ਆਦਿ ਹਾਜ਼ਰ ਸਨ।




# ਭਾਰਤ ਜੋੜੋ ਯਾਤਰਾ 'ਚ ਜੁੜਿਆ ਹੈ ਦੇਸ਼ ਦਾ ਹਰੇਕ ਵਰਗ : ਗਿਲਜੀਆਂ



**ਅੱਡਾ ਸਰਾਂ , (ਕਾਜਲ)**– 16 ਜਨਵਰੀ ਟਾਂਡਾ ਵਿਧਾਨ ਸਭਾ ਵਿਚ ਆ ਰਹੀ ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਦੇ ਸਵਾਗਤ ਲਈ ਵਰਕਰਾਂ ਦੀ ਲਾਮਬੰਦੀ ਲਈ ਸ਼ੁਰੂ ਕੀਤੇ ਮੀਟਿੰਗਾਂ ਕਰਨ ਮੁਹਿੰਮ ਤਹਿਤ ਸਾਬਕਾ ਮੰਤਰੀ ਗਿਲਜੀਆਂ ਨੇ ਪਿੰਡ ਬਸੀ ਜਲਾਲ ਵਿਖੇ ਮੀਟਿੰਗ ਕੀਤੀ। ਇਸ ਮੀਟਿੰਗ ਵਿਚ ਬਸੀ ਜਲਾਲ ਦੇ ਨਾਲ ਨਾਲ ਪਿੰਡ ਦੇਹਰੀਵਾਲ, ਬੈਂਚਾਂ ਅਤੇ ਢਡਿਆਲਾ ਪਿੰਡਾਂ ਦੇ ਵਰਕਰਾਂ ਨੇ ਭਾਗ ਲਿਆ। ਇਸ ਮੌਕੇ ਸਾਬਕਾ ਮੰਤਰੀ ਗਿਲਜੀਆਂ ਨੇ ਆਖਿਆ ਰਾਹੁਲ ਗਾਂਧੀ ਦੀ ਅਗਵਾਈ 'ਚ ਸ਼ੁਰੂ ਕੀਤੀ ਗਈ 'ਭਾਰਤ ਜੋੜੋ ਯਾਤਰਾ' ਨੂੰ ਦੇਸ਼ ਭਰ 'ਚ ਹਰ ਜਗ੍ਹਾ ਲੋਕਾਂ ਦਾ ਜਬਰਦਸਤ ਹੁੰਗਾਰਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਯਾਤਰਾ ਸਮਾਜ ਵਿਚ ਫੈਲਾਏ ਜਾ ਰਹੇ ਡਰ ਅਤੇ ਨਫਰਤ ਦੇ ਖਿਲਾਫ ਹੈ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਇਹ ਯਾਤਰਾ ਬੇਰੁਜਗਾਰੀ ਅਤੇ ਮਹਿੰਗਾਈ ਦੇ ਖਿਲਾਫ ਵੀ ਹੈ। ਉਨ੍ਹਾਂ ਆਖਿਆ ਕਿ ਯਾਤਰਾ ਦਾ ਇਕ ਉਦੇਸ਼ ਲੋਕ ਦੇਸ ਦੀ ਅਸਲੀ ਆਵਾਜ਼ ਸੁਣਨ। ਉਨ੍ਹਾਂ ਆਖਿਆ ਕਿ ਯਾਤਰਾ ਨੇ ਨਵਾਂ ਇਤਿਹਾਸ ਸਿਰਜਿਆ ਹੈ ਅਤੇ ਇਸ ਨਾਲ ਦੇਸ਼ ਦਾ ਹਰੇਕ ਵਰਗ ਜੁੜਿਆ ਹੈ।

ਲੋਕਾਂ ਨੇ ਭਾਜਪਾ ਦੀ ਧਰਮ ਦੇ ਨਾਂਅ 'ਤੇ ਕੀਤੀ ਜਾ ਰਹੀ ਵੰਡ ਦੀ ਰਾਜਨੀਤੀ ਨੂੰ ਬੁਰੀ ਤਰ੍ਹਾਂ ਨਕਾਰ ਦਿੱਤਾ ਹੈ। ਇਸ ਮੌਕੇ ਸਰਪੰਚ ਵਿਜੇ ਪਾਲ, ਸਰਪੰਚ ਕੂੜਾ ਰਾਮ, ਸਰਪੰਚ ਲਖਵੀਰ ਸਿੰਘ ਕਾਲ਼ਾ, ਹਰਮੇਸ਼ ਬਸੀ ਜਲਾਲ, ਡਾ.ਭੀਮਾ ਦੇਹਰੀਵਾਲ, ਹਰਜਾਪ ਸਿੰਘ ਦੇਹਰੀਵਾਲ, ਸੁਖਦਿਆਲ ਸਿੰਘ,ਵੱਸਣ ਦੇਹਰੀਵਾਲ, ਸਿਮਰਨ ਸਿੰਘ, ਰਾਜ ਕੁਮਾਰ ਸਭਰਵਾਲ, ਸਿਮਰਨ, ਨੰਬਰਦਾਰ ਪਰਮਜੀਤ ਸਿੰਘ, ਨੰਬਰਦਾਰ ਮਨਜੀਤ ਸਿੰਘ, ਸੁਰਜੀਤ ਸਿੰਘ, ਪ੍ਰਦੀਪ ਸਿੰਘ, ਕਾਕਾ ਬਸੀ ਜਲਾਲ, ਪ੍ਰੀਤਮ ਸਿੰਘ, ਸੂਬੇਦਾਰ ਪ੍ਰਦੀਪ ਸਿੰਘ, ਅਨਿਲ ਪਿੰਕਾ ਆਦਿ ਮੌਜੂਦ ਸਨ।

# ਪੁਲਸ ਮੁਲਾਜ਼ਮ ਦੇ ਕਤਲ ਕਾਰਨ ਪੰਜਾਬ 'ਚ ਡਰ ਦਾ ਮਾਹੌਲ : ਤੀਕਸ਼ਣ ਸੂਦ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** : ਦਿਨੋ-ਦਿਨ ਵਧ ਰਹੇ ਅਪਰਾਧਾਂ ਕਾਰਨ ਪੰਜਾਬ 'ਚ ਅਮਨ-ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਨਾਲ ਸਰਕਾਰ ਦੇ ਹੱਥੋਂ ਨਿਕਲ ਗਈ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਪੁਲਸ ਦੀਆਂ ਇਮਾਰਤਾਂ 'ਤੇ ਦੋ ਵਾਰ ਆਰ ਪੀ ਜੀਜ਼ ਨਾਲ ਹਮਲੇ ਹੋ ਚੁੱਕੇ ਹਨ ਅਤੇ ਅੰਤਰਰਾਸ਼ਟਰੀ ਕਲਾਕਾਰ ਸਿੱਧੂ ਮੂਸੇਵਾਲਾ ਸਮੇਤ ਕਈ ਅਹਿਮ ਅਤੇ ਸੀਨੀਅਰ ਵਿਅਕਤੀਆਂ ਦਾ ਗੈਂਗਸਟਰਾਂ ਵੱਲੋਂ ਕਤਲ ਕੀਤਾ ਜਾ ਚੁੱਕਾ ਹੈ।



ਹਾਲਾਤ ਸੁਧਾਰਨ ਵੱਲ ਧਿਆਨ ਦੇਣ ਦੀ ਬਜਾਏ ਭਗਵੰਤ ਮਾਨ ਅਤੇ ਉਨ੍ਹਾ ਦੇ ਮੰਤਰੀ ਬੇਬੁਨਿਆਦ ਅੰਕੜੇ ਦੇ ਕੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ। ਸਰਕਾਰ ਦਾ ਧਿਆਨ ਅਮਨ-ਕਾਨੂੰਨ ਦੀ ਸਥਿਤੀ ਨੂੰ ਸੁਧਾਰਨ ਦੀ ਥਾਂ ਹੋਰ ਫਜ਼ੂਲ ਕੰਮਾਂ ਵੱਲ ਹੈ, ਜਦੋਂਕਿ ਪਹਿਲ ਪੰਜਾਬ 'ਚ ਅਮਨ-ਸ਼ਾਂਤੀ ਦਾ ਮਾਹੌਲ ਬਣਾਉਣਾ ਹੋਣੀ ਚਾਹੀਦੀ ਹੈ। ਦਿੱਲੀ ਤੋਂ ਚਲਾਈ ਜਾ ਰਹੀ ਸਰਕਾਰ ਕਾਰਨ ਮੁਸ਼ਕਲਾਂ ਦਿਨੋ-ਦਿਨ ਵਧਦੀਆਂ ਜਾ ਰਹੀਆਂ ਹਨ। ਸਾਬਕਾ ਕੈਬਨਿਟ ਮੰਤਰੀ ਅਤੇ ਭਾਜਪਾ ਦੇ ਸੀਨੀਅਰ ਆਗੂ ਤੀਕਸ਼ਣ ਸੂਦ ਦੇ ਦਫ਼ਤਰ ਵੱਲੋਂ ਜਾਰੀ ਪ੍ਰੈਸ ਨੋਟ ਵਿੱਚ ਕਿਹਾ ਗਿਆ ਹੈ ਕਿ ਬੀਤੀ ਰਾਤ ਲੁਟੇਰਿਆਂ ਵੱਲੋਂ ਪਿੱਛਾ ਕਰ ਰਹੀ ਪੁਲਸ ਪਾਰਟੀ 'ਤੇ ਗੋਲੀ ਚੱਲਣ ਕਾਰਨ ਇੱਕ ਪੁਲਸ ਕਾਂਸਟੇਬਲ ਦੀ ਮੌਤ ਹੋ ਜਾਣ ਦੀ ਘਟਨਾ ਨੇ ਪੰਜਾਬ ਵਿੱਚ ਸੋਗ ਦੀ ਲਹਿਰ ਦੌੜਾ ਦਿੱਤੀ ਹੈ। ਪੰਜਾਬ 'ਚ ਡਰ ਦਾ ਮਾਹੌਲ ਡੂੰਘਾ ਹੋ ਗਿਆ ਹੈ। ਭਗਵੰਤ ਮਾਨ ਜਾਂ ਤਾਂ ਸਥਿਤੀ ਨੂੰ ਤੁਰੰਤ ਕਾਬੂ ਕਰਨ ਜਾਂ ਅਸਤੀਫਾ ਦੇ ਦੇਣ।

# ਸੰਘੇ ਖਾਲਸਾ ਵਿਖੇ ਸਾਲਾਨਾ ਖੇਡ ਮੇਲਾ ਭਲਕ ਤੋਂ

**ਨੂਰਮਹਿਲ, ( ਬਾਲ ਕ੍ਰਿਸ਼ਨ ਬਾਲੀ)** ਇਥੋਂ ਨਜਦੀਕੀ ਪਿੰਡ ਸੰਘੇ ਖਾਲਸਾ ਵਿਖੇ ਸੰਘੇ ਖਾਲਸਾ ਇੰਟਰਨੈਸ਼ਨਲ ਬਾਬੇ ਸ਼ਹੀਦਾਂ ਸੁਸਾਇਟੀ ਸਰੀ ਬੀ ਸੀ ਕੈਨੇਡਾ, ਸੰਘੇ ਖਾਲਸਾ ਓਵਰਸੀਜ਼ ਵੈਲਫੇਅਰ ਕਮੇਟੀ ਸੰਘੇ ਖਾਲਸਾ ਵਲੋਂ ਸਾਲਾਨਾ ਖੇਡ ਮੇਲਾ, ਨਾਟਕ, ਸੰਗੀਤ ਮੇਲਾ ਅਤੇ ਸਨਮਾਨ ਸਮਾਰੋਹ 12, 13 ਅਤੇ 14 ਜਨਵਰੀ ਨੂੰ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਸਤਨਾਮ ਸਿੰਘ ਰੰਧਾਵਾ, ਦੇਸ਼ ਰਾਜ ਲਸ਼ਕਾਣੀ ਅਤੇ ਨਿਰਮਲ ਸਿੰਘ ਸੰਘਾ ਨੇ ਦੱਸਿਆ ਕਿ ਇਸ ਮੇਲੇ ਦਾ ਉਦਘਾਟਨ ਬੀਬੀ ਇੰਦਰਜੀਤ ਕੌਰ ਮਾਨ ਵਿਧਾਇਕ ਹਲਕਾ ਨਕੋਦਰ ਕਰਨਗੇ। ਉਪਰੰਤ ਕਰਾਸ ਕੰਟਰੀ ਮੁਕਾਬਲੇ, ਲੜਕੇ 8 ਕਿਲੋਮੀਟਰ ਅਤੇ ਲੜਕੀਆਂ 6 ਕਿਲੋਮੀਟਰ ਉਮਰ 20 ਸਾਲ, ਲੜਕੇ 3 ਕਿਲੋਮੀਟਰ ਅਤੇ ਲੜਕੀਆਂ 3 ਕਿਲੋਮੀਟਰ ਉਮਰ 16 ਸਾਲ, ਵਾਲੀਬਾਲ ਲੜਕੀਆਂ ਪੁਰਸ਼ 08 ਟੀਮਾਂ ਉਮਰ 17 ਸਾਲ, 13 ਜਨਵਰੀ ਵਾਲੀਬਾਲ 4 ਟੀਮਾਂ ਪੁਰਸ਼ ਦੇ ਫਾਈਨਲ ਮੁਕਾਬਲੇ ਹੋਣਗੇ। ਇਨਾਮਾਂ ਦੀ ਵੰਡ ਸੁੱਚਾ ਸਿੰਘ ਏਸ਼ੀਅਨ ਮੇਡਲਿਸਟ ਕਰਨਗੇ। 14 ਜਨਵਰੀ ਨੂੰ ਨਾਟਕ, ਸੰਗੀਤ ਅਤੇ ਸਨਮਾਨ ਸਮਰੋਹ ਹੋਵੇਗਾ। ਜਿਸ ਦੀ ਪ੍ਰਧਾਨਗੀ ਜਤਿੰਦਰ ਪੰਨੂ, ਪ੍ਰਿੰਸੀਪਲ ਸੁਖਵਿੰਦਰ ਕੌਰ ਸਰਾਏ, ਵਿਸ਼ੇਸ਼ ਮਹਿਮਾਨ ਇੰਜਨੀਅਰ ਸ਼ੀਤਲ ਸਿੰਘ ਸੰਘਾ, ਪ੍ਰਿੰਸੀਪਲ ਸੁਖਵਿੰਦਰ ਕੌਰ ਸੰਘਾ ਹੋਣਗੇ, 13 ਜਨਵਰੀ ਨੂੰ ਸਾਹਿਤਕ ਕੁਵਿੱਜ ਮੁਕਾਬਲੇ, 14 ਨੂੰ ਇਨਾਮ ਵੰਡੇ ਜਾਣਗੇ। ਮਾਨਵਤਾ ਕਲਾ ਮੰਚ ਨਗਰ ਦੀ ਟੀਮ ਵਲੋਂ 'ਚਿੜੀਆਂ ਦਾ ਚੰਬਾ' ਨਾਟਕ ਖੇਡੇ ਜਾਣਗੇ। ਕਿਸਾਨ ਮੋਰਚੇ ਤੋਂ ਆਈ ਅਵਤਾਰ ਸਿੰਘ ਦੀ ਟੀਮ ਭੰਡ ਕਲਾ ਦਾ ਪ੍ਰਦਰਸ਼ਨ ਕਰੇਗੀ।



# ਵਿਦਿਆਰਥਣ ਦੀ ਠੰਢ ਨਾਲ ਹੋਈ ਮੌਤ 'ਤੇ ਗੌਰਮਿੰਟ ਟੀਚਰਜ਼ ਯੂਨੀਅਨ ਵੱਲੋਂ ਦੁੱਖ ਦਾ ਪ੍ਰਗਟਾਵਾ



**ਫਿਲੌਰ: (ਨਿਰਮਲ)** ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਸਕੱਤਰ ਕੁਲਦੀਪ ਸਿੰਘ ਦੌੜਕਾ, ਵਿੱਤ ਸਕੱਤਰ ਅਮਨਦੀਪ ਸ਼ਰਮਾਂ, ਪ੍ਰੈਸ ਸਕੱਤਰ ਸੁਰਜੀਤ ਮੁਹਾਲੀ ਜਿਲਾ ਜਲੰਧਰ ਦੇ ਜ਼ਿਲ੍ਹਾ ਪ੍ਰਧਾਨ ਕਰਨੈਲ ਫਿਲੌਰ , ਜਨਰਲ ਸਕੱਤਰ ਗਣੇਸ਼ ਭਗਤ, ਐਕਟਿੰਗ ਸਕੱਤਰ ਸੁਖਵਿੰਦਰ ਸਿੰਘ ਮੱਕੜ, ਜੁਆਇੰਟ ਸਕੱਤਰ ਕੁਲਦੀਪ ਵਾਲੀਆ, ਵਿੱਤ ਸਕੱਤਰ ਹਰਮਨਜੋਤ ਸਿੰਘ ਆਹਲੂਵਾਲੀਆ, ਜੁਆਇੰਟ ਵਿੱਚ ਸਕੱਤਰ ਨਿਰਮੋਲਕ ਸਿੰਘ ਹੀਰਾ, ਪ੍ਰੈਸ ਸਕੱਤਰ ਰਗਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ ਆਦਿ ਆਗੂਆਂ ਨੇ ਸੀਨੀਅਰ ਸੈਕੰਡਰੀ ਸਕੂਲ ਗਰਲਜ ਸਮਾਣਾ ਦੀ ਵਿਦਿਆਰਥਣ ਦੀ ਠੰਡ ਨਾਲ ਹੋਈ ਮੌਤ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ਤੇ ਪਰਿਵਾਰ ਲਈ ਯੋਗ ਮੁਆਵਜੇ ਦੀ ਮੰਗ ਕੀਤੀ ਹੈ। ਇਸ ਸਮੇਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਨੇ ਕਿਹਾ ਹੈ ਕਿ ਹੈਰਾਨੀ ਦੀ ਦੇ ਦੁੱਖ ਦੀ ਗੱਲ ਹੈ ਅਜਾਦੀ ਦੇ 75 ਸਾਲ ਬੀਤ ਜਾਣ ਦੇ ਬਾਵਜੂਦ ਵੀ ਸਾਡੇ ਦੇਸ ਤੇ ਪੰਜਾਬ ਦੇ ਬੱਚੇ ਸਕੂਲਾਂ ਵਿੱਚ ਬਿਹਤਰ ਸਹੂਲਤਾਂ ਨੂੰ ਤਰਸ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਕੂਲਾਂ ਨੂੰ ਸਮੇ ਦੇ ਹਾਣ ਦਾ ਬਣਾਉਣ ਲਈ ਯੋਗ ਪ੍ਰਬੰਧ ਕਰੇ।

ਇਸ ਸਮੇਂ ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਦੇ ਸਾਬਕਾ ਪ੍ਰਧਾਨ ਕਰਨੈਲ ਸਿੰਘ ਸੰਧੂ, ਜਿਲਾ ਜਲੰਧਰ ਦੇ ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ, ਤੀਰਥ ਸਿੰਘ ਬਾਸੀ, ਗੁਰਿੰਦਰ ਸਿੰਘ ਆਦਮਪੁਰ, ਬਲਵੀਰ ਭਗਤ,ਰਾਜੀਵ ਭਗਤ, ਕੁਲਵੰਤ ਰਾਮ ਰੁੜਕਾ, ਅਮਰਜੀਤ ਭਗਤ, ਮੁਲਖ ਰਾਜ, ਸੰਦੀਪ ਰਾਜੋਵਾਲ, ਗੁਰਿੰਦਰ ਸਿੰਘ, ਅਨਿਲ ਕੁਮਾਰ ਭਗਤ, ਰਣਜੀਤ ਠਾਕੁਰ, ਪਿਆਰਾ ਸਿੰਘ ਨਕੋਦਰ, ਕਮਲਦੇਵ, ਜਤਿੰਦਰ ਸਿੰਘ, ਸ਼ਿਵ ਰਾਜ ਕੁਮਾਰ, ਰਾਜਿੰਦਰ ਸਿੰਘ ਭੋਗਪੁਰ, ਸੁਰਤੀ ਲਾਲ, ਵਿਨੋਦ ਭੱਟੀ, ਪਰਨਾਮ ਸਿੰਘ ਸੈਣੀ,ਪਰੇਮ ਖਲਵਾੜਾ, ਰਾਜਿੰਦਰ ਸਿੰਘ ਸਾਹਕੋਟ ਆਦਿ ਅਧਿਆਪਕ ਆਗੂ ਹਜ਼ਰ ਸਨ।

# ਨਾਕਾਬੰਦੀ ਕਰਕੇ ਕੀਤੀ ਵਾਹਨਾਂ ਦੀ ਵਿਸ਼ੇਸ਼ ਚੈਕਿੰਗ



**ਫਗਵਾੜਾ(ਡਾ. ਰਮਨ) ਬੀਤੀ** ਰਾਤ ਫਗਵਾੜਾ ਇਲਾਕੇ 'ਚ ਲੁਟੇਰਾ ਗਿਰੋਹ ਵਲੋਂ ਇਕ ਕਾਰ ਦੀ ਹੋਈ ਲੁੱਟ ਖੋਹ ਅਤੇ ਲੁਟੇਰਿਆਂ ਦਾ ਪਿੱਛਾ ਕਰਨ ਸਮੇਂ ਗੋਲੀ ਲੱਗਣ ਨਾਲ ਥਾਣਾ ਸਿਟੀ ਫਗਵਾੜਾ 'ਚ ਤਾਇਨਾਤ ਪੁਲਸ ਮੁਲਾਜਮ ਦੀ ਹੋਈ ਮੌਤ ਤੋਂ ਬਾਅਦ ਹਰਕਤ ਵਿਚ ਆਈ ਥਾਣਾ ਰਾਵਲਪਿੰਡੀ ਪੁਲਸ ਵਲੋਂ ਐਸ ਐਸ ਪੀ ਕਪੂਰਥਲਾ ਨਵਨੀਤ ਸਿੰਘ ਬੈਂਸ (ਆਈ ਪੀ ਐਸ) ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਮਾਜ ਵਿਰੋਧੀ ਅਨਸਰਾਂ ਖਿਲਾਫ ਵਿੱਢੀ ਮੁਹਿਮ ਤਹਿਤ ਥਾਣਾ ਮੁਖੀ ਕਾਂਤੀ ਰਾਣੀ ਦੀ ਅਗਵਾਈ ਹੇਠ ਹੁਸ਼ਿਆਰਪੁਰ ਰੋਡ ਵਿਖੇ ਨਾਕਾਬੰਦੀ ਕਰਕੇ ਵਾਹਨਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ। ਇਸ ਦੌਰਾਨ ਸਬ-ਇੰਸਪੈਕਟਰ ਕਾਂਤੀ ਰਾਣੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਸਮਾਜ ਵਿਰੋਧੀ ਅਨਸਰਾਂ ਨੂੰ ਕਿਸੇ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਉਹਨਾਂ ਪੂਰੇ ਵਿਸ਼ਵਾਸ ਨਾਲ ਕਿਹਾ ਕਿ ਥਾਣਾ ਰਾਵਲਪਿੰਡੀ ਖੇਤਰ 'ਚ ਲਾਅ ਐਂਡ ਆਰਡਰ ਨਾਲ ਖਿਲਵਾੜ ਦੀ ਬਿਲਕੁਲ ਇਜਾਜਤ ਨਹੀਂ ਦਿੱਤੀ ਜਾਵੇਗੀ। ਇਸ ਦੌਰਾਨ ਉਹਨਾਂ ਡਰੱਗ ਮਾਫੀਆ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਤਾੜਨਾ ਕੀਤੀ ਕਿ ਇਲਾਕੇ 'ਚ ਆਪਣੀਆਂ ਗਤੀਵਿਧੀਆਂ ਨੂੰ ਬੰਦ ਕਰ ਦੇਣ ਨਹੀਂ ਤਾਂ ਕਾਨੂੰਨ ਸਖਤੀ ਨਾਲ ਆਪਣਾ ਕੰਮ ਕਰੇਗਾ।

# ਗੜ੍ਹਸ਼ੰਕਰ-ਨੰਗਲ ਸੜਕ ਦਾ ਪਹਿਲ ਦੇ ਅਧਾਰ 'ਤੇ ਹੋਵੇ ਨਵੀਨੀਕਰਨ : ਮੱਟੂ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** -ਕੰਢੀ ਸੰਘਰਸ਼ ਕਮੇਟੀ ਪੰਜਾਬ ਵੱਲੋਂ ਗੜ੍ਹਸ਼ੰਕਰ-ਨੰਗਲ ਰੋਡ ਨੂੰ ਜਲਦ ਬਣਾਉਣ, ਕੰਢੀ ਨਹਿਰ ਨੂੰ ਪੂਰਾ ਕਰਕੇ ਨਹਿਰ ਵਿਚ ਪਾਣੀ ਛੱਡਣ, ਝੂਠੇ ਕੇਸ ਵਾਪਸ ਲੈਣ ਅਤੇ ਕੰਢੀ ਖੇਤਰ ਦੀਆਂ ਹੋਰ ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ ਗੜ੍ਹਸ਼ੰਕਰ ਵਿਖੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੂੰ ਦਰਸ਼ਨ ਸਿੰਘ ਮੱਟੂ ਸੂਬਾਈ ਕਨਵੀਨਰ ਦੀ ਅਗਵਾਈ ਵਿੱਚ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਦਰਸ਼ਨ ਸਿੰਘ ਮੱਟੂ ਨੇ ਦੱਸਿਆ ਕਿ ਪਿਛਲੇ ਕਾਫੀ ਸਮੇਂ ਤੋਂ ਗੜ੍ਹਸ਼ੰਕਰ-ਨੰਗਲ ਰੋਡ ਦੀ ਖਸਤਾ ਹਾਲ ਹੋਣ ਦੇ ਕਾਰਨ ਲੋਕਾਂ ਨੂੰ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਇਸ ਦੇ ਨਾਲ ਹੀ ਕੰਢੀ ਨਹਿਰ ਦੀ ਖਸਤਾ ਹਾਲਤ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਕੰਢੀ ਖੇਤਰ ਦੀਆਂ ਬਾਕੀ ਸਮੱਸਿਆਵਾਂ ਨੂੰ ਵੀ ਜਲਦ ਹੱਲ ਕੀਤਾ ਜਾਵੇ ਤਾਂਕਿ ਲੋਕਾਂ ਨੂੰ ਰਾਹਤ ਮਿਲ ਸਕੇ। ਇਸ ਮੌਕੇ ਡਿਪਟੀ ਸਪੀਕਰ ਪੰਜਾਬ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਵਫਦ ਨੂੰ ਭਰੋਸਾ ਦਿੱਤਾ ਕਿ ਇਲਾਕੇ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਜਲਦ ਹੱਲ ਕੀਤਾ ਜਾਵੇਗਾ। ਇਸ ਮੌਕੇ ਸ਼ੇਰ ਜੰਗ ਬਹਾਦਰ ਸਿੰਘ, ਜੋਗਿੰਦਰ ਸਿੰਘ ਥਾਂਦੀ, ਗੋਪਾਲ ਸਿੰਘ ਥਾਂਦੀ, ਜੁਝਾਰ ਸਿੰਘ ਮੱਟੂ ਸਰਪੰਚ, ਜਰਨੈਲ ਸਿੰਘ, ਸਰਬਜੀਤ ਸਿੰਘ ਸ਼ਾਹਪੁਰ, ਪਰਮਜੀਤ ਕੌਰ, ਮੋਹਨ ਸਿੰਘ, ਨਿਰਮਲ ਸਿੰਘ, ਅਮਰਜੀਤ ਸਿੰਘ, ਗੁਰਚਰਨ ਸਿੰਘ, ਕੁਲਦੀਪ ਸਿੰਘ, ਅਵਤਾਰ ਸਿੰਘ, ਤਰਸੇਮ ਸਿੰਘ, ਹੁਸ਼ਿਆਰ ਸਿੰਘ ਗੋਲਡੀ, ਗੁਰਮੀਤ ਸਿੰਘ, ਤਰਸੇਮ ਲਾਲ, ਬਲਵਿੰਦਰ ਸਿੰਘ, ਚਰਨਜੀਤ ਸਿੰਘ, ਜਗਦੀਸ਼ ਚੰਦ ਆਦਿ ਹਾਜ਼ਰ ਸਨ।



# ਸਰਕਾਰਾਂ ਦਾ ਕੰਮ ਰੁਜ਼ਗਾਰ ਦੇਣਾ ਹੁੰਦਾ ਹੈ, ਖੋਹਣਾ ਨਹੀਂ : ਸਪੀਕਰ ਸੰਧਵਾਂ

## ‘ਜੈ ਮਿਲਾਪ’ ਦੀ ਜ਼ਿਲ੍ਹਾ ਪੱਧਰੀ ਕਾਨਫ਼ਰੰਸ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਸਥਾਨਕ ਤਾਜ ਪੈਲੇਸ ਵਿਖੇ ਜੈ ਮਿਲਾਪ (ਪ੍ਰਾਈਵੇਟ ਮੈਡੀਕਲ ਲੈਬਾਰਟਰੀ ਐਸੋਸੀਏਸ਼ਨ) ਜ਼ਿਲ੍ਹਾ ਫ਼ਰੀਦਕੋਟ ਦੇ ਪ੍ਰਧਾਨ ਡਾ. ਸੋਹਨ ਲਾਲ ਨਿਗਾਹ ਦੀ ਅਗਵਾਈ ਹੇਠ ਜ਼ਿਲ੍ਹਾ ਪੱਧਰੀ ਕਾਨਫ਼ਰੰਸ ਕਰਵਾਈ ਗਈ, ਜਿਸ ਵਿੱਚ ਬਤੌਰ ਮੁੱਖ ਮਹਿਮਾਨ ਪੁੱਜੇ ਕੁਲਤਾਰ ਸਿੰਘ ਸੰਧਵਾਂ ਸਪੀਕਰ ਵਿਧਾਨ ਸਭਾ ਪੰਜਾਬ ਨੇ ਸ਼ਮ੍ਹਾਂ ਰੋਸ਼ਨ ਕਰਕੇ ਕਾਨਫ਼ਰੰਸ ਦਾ ਆਗਾਜ਼ ਕੀਤਾ। ਆਪਣੇ ਸੰਬੋਧਨ 'ਚ ਸਪੀਕਰ ਸੰਧਵਾਂ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਤੋਂ ਲੈ ਕੇ ਹੁਣ ਤੱਕ ਪ੍ਰਾਈਵੇਟ ਮੈਡੀਕਲ ਲੈਬਾਰਟਰੀਜ਼ ਮਰੀਜ਼ਾਂ ਦੀ ਸੇਵਾ ਕਰਦੀਆਂ ਆ ਰਹੀਆਂ ਹਨ। ਉਨ੍ਹਾ ਕਿਹਾ ਕਿ ਰੋਜ਼ਗਾਰ ਦੇ ਮੌਕੇ ਪਹਿਲਾਂ ਹੀ ਸੀਮਤ ਹੋ ਰਹੇ ਹਨ ਤੇ ਸਰਕਾਰਾਂ ਦਾ ਕੰਮ ਲੋਕਾਂ ਨੂੰ ਰੁਜ਼ਗਾਰ ਦੇਣਾ ਹੁੰਦਾ ਹੈ, ਰੁਜ਼ਗਾਰ ਖੋਹਣਾ ਨਹੀਂ। ਉਨ੍ਹਾ ਜ਼ੋਰ ਦੇ ਕੇ ਆਖਿਆ ਕਿ ਸਿਹਤ ਸੂਬੇ ਦਾ ਵਿਸ਼ਾ ਹੈ ਤੇ ਕੇਂਦਰ ਸਰਕਾਰ ਉਸ 'ਚ ਦਖ਼ਲ ਨਹੀਂ ਦੇ ਸਕਦਾ। ਉਨ੍ਹਾ ਕਿਹਾ ਕਿ ਜੋ ਸਰਕਾਰਾਂ ਲੋਕਾਂ ਦੇ ਰੁਜ਼ਗਾਰ 'ਚ ਦਖ਼ਲ ਦੇਣ, ਉਹ ਸਰਕਾਰਾਂ ਜ਼ਿਆਦਾ ਦੇਰ ਤੱਕ ਨਹੀਂ ਚੱਲ ਸਕਦੀਆਂ। ਉਨ੍ਹਾ ਕਿਹਾ ਕਿ ਐਸੋਸੀਏਸ਼ਨ ਦੇ ਪ੍ਰਤੀਨਿਧੀਆਂ ਦੀ ਮੀਟਿੰਗ ਬਹੁਤ ਜਲਦੀ ਸਿਹਤ ਮੰਤਰੀ ਨਾਲ ਕਰਵਾਈ ਜਾਵੇਗੀ ਤੇ ਐਸੋਸੀਏਸ਼ਨ ਦੀ ਮੰਗ ਨੂੰ ਮੁੱਖ ਮੰਤਰੀ ਦੇ ਧਿਆਨ 'ਚ ਵੀ ਲਿਆਂਦਾ ਜਾਵੇਗਾ। ਉਨ੍ਹਾ ਕਿਹਾ ਕਿ ਪ੍ਰਾਈਵੇਟ ਮੈਡੀਕਲ ਲੈਬਾਰਟਰੀਜ਼ ਨਾਲ ਸਬੰਧਤ ਕੇਂਦਰ ਸਰਕਾਰ ਵੱਲੋਂ ਪ੍ਰਸਤਾਵਿਤ ਬਿੱਲ ਨੂੰ ਪੰਜਾਬ 'ਚ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ। ਇਸ ਮੌਕੇ ਜੈ ਮਿਲਾਪ ਪੰਜਾਬ ਦੇ ਸੂਬਾਈ ਪ੍ਰਧਾਨ ਜਗਦੀਪ ਸਿੰਘ ਭਾਰਦਵਾਜ ਤੇ ਸਕੱਤਰ ਰਾਜਨ ਬੈਕਟਰ ਨੇ ਕਿਹਾ ਕਿ ਕੇਂਦਰ ਸਰਕਾਰ ਵੱਡੇ ਘਰਾਣਿਆਂ ਨੂੰ ਲਾਭ ਪਹੁੰਚਾਉਣ ਲਈ ਇਹ ਕਾਨੂੰਨ ਲੈ ਕੇ ਆ ਰਹੀ ਹੈ ਤੇ ਜੇਕਰ ਇਹ ਬਿੱਲ ਪਾਸ ਹੋ ਜਾਂਦਾ ਹੈ ਤਾਂ ਪੰਜਾਬ 'ਚ ਕੰਮ ਕਰਦੇ 10 ਹਜ਼ਾਰ ਪ੍ਰਾਈਵੇਟ ਲੈਬਾਰਟਰੀਆਂ ਦੇ ਪਰਿਵਾਰਾਂ ਤੋਂ ਇਲਾਵਾ ਉੱਥੇ ਕੰਮ ਕਰਦੇ ਲਗਭਗ 50 ਹਜ਼ਾਰ ਮੁਲਾਜ਼ਮਾਂ ਦਾ ਭਵਿੱਖ ਵੀ ਬਰਬਾਦ ਹੋ ਜਾਵੇਗਾ।

ਇਸ ਕਾਨਫ਼ਰੰਸ ਨੂੰ ਉਪਰੋਕਤ ਤੋਂ ਇਲਾਵਾ ਕਸ਼ਮੀਰ ਸਿੰਘ ਵਾਈਸ ਚੇਅਰਮੈਨ ਪੰਜਾਬ, ਬਰਜਿੰਦਰ ਸਿੰਘ ਖਾਲਸਾ ਪ੍ਰਧਾਨ ਜ਼ਿਲ੍ਹਾ ਫ਼ਿਰੋਜ਼ਪੁਰ, ਸੁਨੀਲ ਛਾਬੜਾ ਬਲਾਕ ਪ੍ਰਧਾਨ ਕੋਟਕਪੂਰਾ, ਜਗਰੂਪ ਸਿੰਘ ਪ੍ਰਧਾਨ ਫ਼ਰੀਦਕੋਟ ਤੇ ਜਸਵੀਰ ਸਿੰਘ ਸਾਬਕਾ ਪ੍ਰਧਾਨ ਜੈਤੋ ਨੇ ਵੀ ਸੰਬੋਧਨ ਕੀਤਾ।

ਇਸ ਉਪਰੰਤ ਐਸੋਸੀਏਸ਼ਨ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਸਪੀਕਰ ਸੰਧਵਾਂ ਨੇ ਸਰਟੀਫ਼ਿਕੇਟ ਤਕਸੀਮ ਕੀਤੇ। ਇਸ ਮੌਕੇ ਸੁਰਜੀਤ ਸਿੰਘ ਚੰਦੀ ਕੈਸ਼ੀਅਰ ਪੰਜਾਬ, ਚਰਨਜੀਤ ਸਿੰਘ ਜ਼ਿਲ੍ਹਾ ਕੈਸ਼ੀਅਰ, ਹਨੀ ਬਰਾੜ ਜ਼ਿਲ੍ਹਾ ਜਨਰਲ ਸਕੱਤਰ, ਅੰਕਿਤ ਯਾਦਵ ਮੈਂਬਰ ਪੰਜਾਬ, ਲਖਵਿੰਦਰ ਸਿੰਘ ਜਨਰਲ ਸਕੱਤਰ ਫ਼ਰੀਦਕੋਟ ਤੋਂ ਇਲਾਵਾ ‘ਜੈ ਮਿਲਾਪ’ ਦੇ ਸਮੂਹ ਮੈਂਬਰ ਹਾਜ਼ਰ ਸਨ।

# ਨਾਬਾਲਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਲੈ ਗਿਆ ਨੌਜਵਾਨ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਪੁਲਸ ਥਾਣਾ ਵਿਖੇ ਇੱਕ ਅਜਿਹਾ ਮਾਮਲਾ ਆਇਆ, ਜਿੱਥੇ 14 ਸਾਲ ਦੀ ਨਾਬਾਲਗ ਲੜਕੀ ਨੂੰ ਨੌਜਵਾਨ ਵਿਆਹ ਦਾ ਝਾਂਸਾ ਦੇ ਕੇ ਵਰਗਲਾ ਕੇ ਲੈ ਗਿਆ, ਜਿਸ ਦੇ ਮਾਪੇ ਉਸ ਨੂੰ ਨਾਬਾਲਗ ਦੱਸ ਰਹੇ ਹਨ। ਪ੍ਰਾਪਤ ਜਾਣਕਾਰੀ ਅਨੁਸਾਰ ਇੱਕ ਵਿਅਕਤੀ ਨੇ ਮਾਛੀਵਾੜਾ ਪੁਲਸ ਨੂੰ ਬਿਆਨ ਦਰਜ ਕਰਵਾਏ ਕਿ ਉਸ ਦੀ ਲੜਕੀ ਸੀਮਾ (ਕਾਲਪਨਿਕ ਨਾਂ) 14 ਸਾਲਾਂ ਦੀ ਹੈ ਅਤੇ ਨੌਵੀਂ ਜਮਾਤ ਦੀ ਵਿਦਿਆਰਥਣ ਹੈ। ਰਾਤ ਨੂੰ ਉਹ ਸਾਰੇ ਰੋਟੀ ਖਾਣ ਤੋਂ ਬਾਅਦ ਪਰਿਵਾਰ ਸਮੇਤ ਘਰ ਵਿੱਚ ਸੌਂ ਗਏ ਤੇ ਜਦੋਂ ਸਵੇਰੇ ਉੱਠ ਕੇ ਦੇਖਿਆ ਤਾਂ ਉਸ ਦੀ ਲੜਕੀ ਸੀਮਾ ਘਰ ਵਿੱਚ ਨਹੀਂ ਸੀ। ਸ਼ਿਕਾਇਤਕਰਤਾ ਅਨੁਸਾਰ ਉਸ ਦੀ ਲੜਕੀ ਨੂੰ ਇੱਥੋਂ ਦਾ ਹੀ ਇੱਕ ਨੌਜਵਾਨ ਵਿਆਹ ਕਰਵਾਉਣ ਦਾ ਝਾਂਸਾ ਦੇ ਵਰਗਲਾ ਕੇ ਭਜਾ ਲੈ ਗਿਆ।

ਇਸ ਮਾਮਲੇ ਦੀ ਜਾਂਚ ਕਰ ਰਹੇ ਸਬ-ਇੰਸਪੈਕਟਰ ਜਰਨੈਲ ਸਿੰਘ ਨੇ ਦੱਸਿਆ ਕਿ ਵਿਅਕਤੀ ਵੱਲੋਂ ਦਿੱਤੀ ਗਈ ਸ਼ਿਕਾਇਤ ਦੇ ਅਧਾਰ 'ਤੇ ਉਸ ਦੀ ਨਾਬਾਲਗ ਲੜਕੀ ਨੂੰ ਵਰਗਲਾ ਕੇ ਲਿਜਾਣ ਦੇ ਦੋਸ਼ ਹੇਠ ਮਾਮਲਾ ਦਰਜ ਕਰ ਲਿਆ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਛਾਪੇਮਾਰੀ ਵੀ ਕੀਤੀ ਗਈ ਤੇ ਲੜਕੇ ਦੇ ਮਾਪਿਆਂ ਤੋਂ ਵੀ ਪੁੱਛਗਿੱਛ ਕੀਤੀ ਗਈ, ਪਰ ਅਜੇ ਤੱਕ ਦੋਵਾਂ ਦਾ ਕੋਈ ਸੁਰਾਗ ਨਾ ਲੱਗਾ। ਪੁਲਸ ਅਨੁਸਾਰ ਲੜਕੇ ਦੇ ਮਾਪਿਆਂ ਨੇ ਦੱਸਿਆ ਕਿ ਉਨ੍ਹਾਂ ਦੇ ਪੁੱਤਰ ਦੀ ਉਮਰ ਵੀ 18 ਸਾਲ ਤੋਂ ਘੱਟ ਹੈ, ਪਰ ਇਸ ਸਬੰਧੀ ਉਹ ਕੋਈ ਦਸਤਾਵੇਜ਼ ਪੇਸ਼ ਨਾ ਕਰ ਸਕੇ। ਫਿਲਹਾਲ ਪੁਲਸ ਵੱਲੋਂ ਮਾਮਲਾ ਦਰਜ ਕਰਨ ਤੋਂ ਬਾਅਦ ਲੜਕਾ-ਲੜਕੀ ਦੀ ਤਲਾਸ਼ ਕੀਤੀ ਜਾ ਰਹੀ ਹੈ।

# ਰਾਹੁਲ ਗਾਂਧੀ ਦੀ ‘ਭਾਰਤ ਜੋੜੋ ਯਾਤਰਾ’ ਸੰਬੰਧੀ ਵਰਕਰਾਂ 'ਚ ਭਾਰੀ ਉਤਸ਼ਾਹ : ਹਿੱਸੋਵਾਲ/ ਗਰੇਵਾਲ



**ਜਗਰਾਉਂ (ਸੰਜੀਵ ਅਰੋੜ, ਅਮਿਤ ਖੰਨਾ)**-ਸਾਬਕਾ ਵਿਧਾਇਕ ਜਗਤਾਰ ਸਿੰਘ ਜੱਗਾ ਹਿੱਸੋਵਾਲ ਤੇ ਬਲਾਕ ਕਾਂਗਰਸ ਜਗਰਾਉਂ ਦਿਹਾਤੀ ਦੇ ਪ੍ਰਧਾਨ ਨਵਦੀਪ ਸਿੰਘ ਗਰੇਵਾਲ ਨੇ ਰਾਹੁਲ ਗਾਂਧੀ ਦੀ ‘ਭਾਰਤ ਜੋੜੋ ਯਾਤਰਾ’ ਵਿੱਚ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਕਰਨ ਲਈ ਪਿੰਡ ਮੰਡ ਤਿਹਾੜਾ, ਬਹਾਦਰ ਕੇ, ਬਾਘੀਆਂ, ਕੰਨੀਆਂ ਹੁਸੈਨੀ, ਸ਼ੇਰੇਵਾਲ, ਪਰਜੀਆਂ ਵਿਖੇ ਮੀਟਿੰਗਾਂ ਕਰਕੇ ਲੋਕਾਂ ਨੂੰ ਯਾਤਰਾ ਦਾ ਹਿੱਸਾ ਬਣਨ ਦੀ ਅਪੀਲ ਕੀਤੀ। ਇਸ ਸਮੇਂ ਜੱਗਾ ਹਿੱਸੋਵਾਲ ਕਿਹਾ ਕਿ ਆਲ ਇੰਡੀਆ ਕਾਂਗਰਸ ਵੱਲੋਂ ਰਾਹੁਲ ਗਾਂਧੀ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ ‘ਭਾਰਤ ਜੋੜੋ ਯਾਤਰਾ’ ਲਈ ਪੰਜਾਬ ਦੇ ਲੋਕਾਂ ਅੰਦਰ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਦੀ ‘ਭਾਰਤ ਜੋੜੋ ਯਾਤਰਾ’ ਤਹਿਤ ਦੇਸ਼ ਅੰਦਰ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਮਜ਼ਬੂਤ ਹੋ ਕੇ ਅੱਗੇ ਵਧ ਰਹੀ ਹੈ। ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ 14 ਜਨਵਰੀ ਨੂੰ ਵਿਧਾਨ ਸਭਾ ਹਲਕਾ ਜਗਰਾਉਂ ਵੱਲੋਂ ਗੁਰਾਇਆਂ ਨੇੜੇ ਇਸ ਯਾਤਰਾ ਦੇ ਕੀਤੇ ਜਾ ਰਹੇ ਭਰਵੇਂ ਸਵਾਗਤ ਲਈ ਕਾਫਲਿਆਂ ਦੇ ਰੂਪ ਵਿੱਚ ਸ਼ਾਮਲ ਹੋਇਆ ਜਾਵੇ। ਇਸ ਸਮੇਂ ਬਲਾਕ ਕਾਂਗਰਸ ਦੇ ਪ੍ਰਧਾਨ ਨਵਦੀਪ ਸਿੰਘ ਗਰੇਵਾਲ ਨੇ ਦੱਸਿਆ ਕਿ ਸੂਬਾ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ‘ਭਾਰਤ ਜੋੜੋ ਯਾਤਰਾ’ ਨਾਲ ਸੂਬੇ ਦੇ ਹਰ ਵਰਗ ਨੂੰ ਜੋੜਨ ਲਈ ਦਿਨ-ਰਾਤ ਮੀਟਿੰਗਾਂ ਦਾ ਸਿਲਸਿਲਾ ਅਰੰਭਿਆ ਹੋਇਆ ਹੈ ਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਕਰਨਜੀਤ ਸਿੰਘ ਸੋਨੀ ਗਾਲਿਬ ਤੇ ਹਲਕਾ ਇੰਚਾਰਜ ਜੱਗਾ ਹਿੱਸੋਵਾਲ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਜਗਰਾਉਂ ਹਲਕੇ ਦੇ ਲੋਕ ‘ਭਾਰਤ ਜੋੜੋ ਯਾਤਰਾ’ 'ਚ ਸ਼ਮੂਲੀਅਤ ਕਰਨਗੇ। ਇਸ ਸਮੇਂ ਸਰਪੰਚ ਬਲਵਿੰਦਰ ਸਿੰਘ ਮੰਡ ਤਿਹਾੜਾ, ਜੀਵਨ ਸਿੰਘ ਬਾਘੀਆਂ ਮੈਂਬਰ ਬਲਾਕ ਸੰਮਤੀ, ਸਰਪੰਚ ਨਾਹਰ ਸਿੰਘ ਕੰਨੀਆਂ ਹੁਸੈਨੀ, ਸਰਪੰਚ ਪ੍ਰੀਤਮ ਸਿੰਘ, ਸਰਪੰਚ ਮੰਗਲ ਸਿੰਘ ਸ਼ੇਰੇਵਾਲ, ਸਰਪੰਚ ਜਸਵੀਰ ਸਿੰਘ ਪਰਜੀਆਂ ਆਦਿ ਹਾਜ਼ਰ ਸਨ।

## ਕਾਤਰਾਂ

### ਵਿਦਿਆਰਥਣ ਹਰਸਿਮਰਨ ਨੂੰ ਸਕੂਲ ਸਟਾਫ ਵੱਲੋਂ ਸ਼ਰਧਾਂਜਲੀ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪ੍ਰਿੰਸੀਪਲ ਮਨਜਿੰਦਰ ਕੌਰ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸਮਾਣਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰਸਿਮਰਨ ਬਾਰਵੀਂ ਜਮਾਤ ਕਾਮਰਸ ਦੀ ਵਿਦਿਆਰਥਣ ਸੀ। ਇਹ ਪੜ੍ਹਨ ਵਿੱਚ ਬਹੁਤ ਹੁਸ਼ਿਆਰ ਸੀ। ਉਨ੍ਹਾ ਦੱਸਿਆ ਕਿ ਇਸ ਵਿਦਿਆਰਥਣ ਦੇ ਅਕਾਲ ਚਲਾਣਾ ਦੀ ਖਬਰ ਮਿਲੀ ਕਿ ਵਿਦਿਆਰਥਣ 7 ਜਨਵਰੀ 2023 ਨੂੰ ਇਸ ਸੰਸਾਰ ਤੋਂ ਚਲੀ ਗਈ। ਅੱਜ ਸਰਕਾਰ ਦੁਆਰਾ ਸਰਦੀਆਂ ਦੀਆਂ ਐਲਾਨੀਆਂ ਛੁੱਟੀਆਂ ਤੋਂ ਬਾਅਦ ਸਕੂਲ ਖੁੱਲ੍ਹੇ ਹਨ। ਅੱਜ ਲੜਕੀ ਦੇ ਫੁੱਲ ਚੁਗਣ ਕਾਰਨ ਸਕੂਲ ਦੇ ਸਮੂਹ ਸਟਾਫ ਵੱਲੋਂ ਇਸ ਹੁਸ਼ਿਆਰ ਵਿਦਿਆਰਥਣ ਦੀ ਆਤਮਾ ਦੀ ਸ਼ਾਂਤੀ ਲਈ ਸਵੇਰ ਦੀ ਸਭਾ ਵਿੱਚ ਮੋਨ ਧਾਰਨ ਕਰਕੇ ਸ਼ਰਧਾਂਜਲੀ ਦਿੱਤੀ ਗਈ। ਡਾ. ਰਵਿੰਦਰਪਾਲ ਸ਼ਰਮਾ ਉਪ-ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਪਟਿਆਲਾ ਵੱਲੋਂ ਸਕੂਲ ਪ੍ਰਿੰਸੀਪਲ ਨਾਲ ਇਸ ਘਟਨਾ ਸੰਬੰਧੀ ਰਾਬਤਾ ਕਰਕੇ ਇਸ ਹੋਣਹਾਰ ਵਿਦਿਆਰਥਣ ਲਈ ਅਫਸੋਸ ਪ੍ਰਗਟ ਕੀਤਾ ਗਿਆ।

### ਪਲੇਸਮੈਂਟ ਕੈਂਪ ਅੱਜ

**ਬਰਨਾਲਾ (ਰਜਿੰਦਰ ਬਰਾੜ, ਰਾਕੇਸ਼ ਨੀਟਾ)**-ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਬਰਨਾਲਾ ਵੱਲੋਂ ਪੁਖਰਾਜ ਹੈਲਥਕੇਅਰ ਕੰਪਨੀ ਨਾਲ ਤਾਲਮੇਲ ਕਰਕੇ 11 ਜਨਵਰੀ ਨੂੰ ਸਵੇਰੇ 11 ਵਜੇ ਵੈੱਲਨੈੱਸ ਐਡਵਾਇਜ਼ਰ, ਵੈੱਲਨੈੱਸ ਐਡਵਾਇਜ਼ਰ (ਗਰੇਡ-1) ਤੇ ਵੈੱਲਨੈੱਸ ਐਡਵਾਇਜ਼ਰ (ਗਰੇਡ-2) (ਮੇਲ ਫੀਮੇਲ ਦੋਵਾਂ) ਲਈ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਦੂਸਰੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਬਰਨਾਲਾ ਵਿਖੇ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਗੁਰਤੇਜ ਸਿੰਘ, ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਤੇ ਸਿਖਲਾਈ ਅਫਸਰ ਬਰਨਾਲਾ ਨੇ ਦੱਸਿਆ ਕਿ ਉਕਤ ਅਸਾਮੀਆਂ ਲਈ ਯੋਗਤਾ ਘੱਟੋ-ਘੱਟ 10ਵੀਂ ਤੋਂ ਬੀ ਏ ਪਾਸ, ਉਮਰ ਘੱਟੋ-ਘੱਟ 18 ਤੋਂ 23 ਸਾਲ ਹੋਣੀ ਚਾਹੀਦੀ ਹੈ। ਇੰਟਰਵਿਊ ਦੌਰਾਨ ਪ੍ਰਾਰਥੀ ਕੋਲ ਰਿਜ਼ੂਅਮ ਅਤੇ ਇੰਟਰਵਿਊ ਦੌਰਾਨ ਫਾਰਮਲ ਡਰੈੱਸ ਵਿੱਚ ਹੋਣਾ ਲਾਜ਼ਮੀ ਹੈ।

### ਸਿਹਤ ਵਿਭਾਗ ਵੱਲੋਂ ਗਰਭਵਤੀ ਔਰਤਾਂ ਦੀ ਜਾਂਚ ਲਈ ਕੈਂਪ

**ਮਾਨਸਾ (ਰੀਤਵਾਲ)**-ਸਿਵਲ ਸਰਜਨ ਡਾ. ਅਸ਼ਵਨੀ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਹਰਦੀਪ ਸ਼ਰਮਾ ਦੀ ਅਗਵਾਈ ਵਿੱਚ ਸਮੁਦਾਇਕ ਸਿਹਤ ਕੇਂਦਰ ਖਿਆਲਾ ਕਲਾਂ ਵੱਲੋਂ ਅਧੀਨ ਸਿਹਤ ਸੰਸਥਾਵਾਂ ਵਿੱਚ ਪ੍ਰਧਾਨ ਮੰਤਰੀ ਮਾਤ੍ਰਿਤਵ ਸੁਰੱਖਿਆ ਅਭਿਆਨ ਤਹਿਤ ਗਰਭਵਤੀ ਔਰਤਾਂ ਦੀ ਜਾਂਚ ਲਈ ਕੈਂਪ ਲਗਾਏ ਗਏ। ਬਲਾਕ ਐਜੂਕੇਟਰ ਕੇਵਲ ਸਿੰਘ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਮਾਤ੍ਰਿਤਵ ਸੁਰੱਖਿਆ ਅਭਿਆਨ ਤਹਿਤ ਹਰ ਮਹੀਨੇ ਦੀ 9 ਤਾਰੀਖ ਨੂੰ ਗਰਭਵਤੀ ਔਰਤਾਂ ਦੀ ਜਾਂਚ, ਜ਼ਰੂਰੀ ਟੈਸਟ, ਖ਼ੂਨ ਦੀ ਜਾਂਚ ਤੇ ਸ਼ੂਗਰ ਟੈਸਟ ਆਦਿ ਮੁਫ਼ਤ ਕੀਤੇ ਜਾਂਦੇ ਹਨ। ਸਿਹਤ ਸੰਸਥਾਵਾਂ ਵਿੱਚ ਮੈਡੀਕਲ ਅਫ਼ਸਰ ਵੱਲੋਂ ਹਰ ਮਹੀਨੇ ਇਨ੍ਹਾਂ ਸਪੈਸ਼ਲ ਕੈਂਪਾਂ ਦੌਰਾਨ ਖਤਰੇ ਵਾਲੀਆਂ ਗਰਭਵਤੀ ਔਰਤਾਂ ਦੀ ਪਹਿਚਾਣ ਕਰਕੇ ਉਚੇਰੀ ਸਿਹਤ ਸੰਸਥਾਵਾਂ ਵਿੱਚ ਭੇਜਿਆ ਜਾਂਦਾ ਹੈ। ਗਰਭਵਤੀ ਔਰਤਾਂ ਦੇ ਤਿੰਨ ਜ਼ਰੂਰੀ ਚੈੱਕਅੱਪ ਕਰਵਾਉਣ ਨਾਲ ਜਣੇਪੇ ਦੌਰਾਨ ਹੋਣ ਵਾਲੀਆਂ ਮੁਸ਼ਕਲਾਂ ਦੀ ਪਹਿਚਾਣ ਹੋ ਜਾਂਦੀ ਹੈ। ਔਰਤਾਂ ਦੇ ਨੌਵੇਂ ਮਹੀਨੇ ਦੇ ਚੈੱਕਅਪ ਕਰਵਾਉਣ ਸਮੇਂ ਖ਼ੂਨ ਦੀ ਕਮੀ ਨੂੰ ਦੂਰ ਕਰਨ ਲਈ ਮੁਫਤ ਆਇਰਨ ਸਕਰੋਜ ਦੀਆਂ ਖੁਰਾਕਾਂ ਲਗਾਈਆਂ ਜਾਂਦੀਆਂ ਹਨ। ਡਲਿਵਰੀ ਲਈ ਹਸਪਤਾਲ ਤੱਕ ਆਵਾਜਾਈ ਦੇ ਸਾਧਨ ਵਜੋਂ 108 ਐਂਬੂਲੈਂਸ ਮੁਫ਼ਤ ਸੇਵਾ ਦਾ ਪ੍ਰਬੰਧ ਹੈ। ਇਨ੍ਹਾਂ ਕੈਂਪਾਂ ਵਿੱਚ ਪ੍ਰਵਾਸੀ ਮਜ਼ਦੂਰਾਂ ਦੇ ਪਰਿਵਾਰਾਂ ਦੀਆਂ ਗਰਭਵਤੀ ਔਰਤਾਂ ਨੂੰ ਸਿਹਤ ਸੰਸਥਾਵਾਂ ਵਿੱਚ ਚੈੱਕਅੱਪ ਲਈ ਲੈ ਕੇ ਆਉਣ ਲਈ ਆਸ਼ਾ ਵਰਕਰਾਂ ਦੀ ਡਿਊਟੀ ਲਗਾਈ ਗਈ ਹੈ। ਕੈਂਪ ਵਿੱਚ ਚੈੱਕਅੱਪ ਲਈ ਆਈਆਂ ਯੋਗ ਗਰਭਵਤੀ ਔਰਤਾਂ ਨੂੰ ਹੀਮੋਗਲੋਬਿਨ ਦੀ ਮਾਤਰਾ ਪੂਰੀ ਰੱਖਣ ਲਈ ਹਰੀਆਂ ਪੱਤੇਦਾਰ ਸਬਜ਼ੀਆਂ ਤੇ ਆਇਰਨ ਦੀਆਂ ਗੋਲੀਆਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਔਰਤਾਂ ਦੇ ਮਾਹਿਰ ਡਾਕਟਰ ਆਸ਼ਾ ਕਿਰਨ, ਡਾ. ਬਲਜਿੰਦਰ ਕੌਰ, ਮੈਡੀਕਲ ਅਫ਼ਸਰ ਡਾ. ਨੇਹਾ ਵੱਲੋਂ ਔਰਤਾਂ ਦੀ ਜਾਂਚ ਕੀਤੀ ਗਈ।

### 14 ਦੀ ਕਾਨਫਰੰਸ ਸਬੰਧੀ ਮੀਟਿੰਗ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਯੂਥ ਅਕਾਲੀ ਦਲ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਨੌਜਵਾਨਾਂ ਨਾਲ 14 ਜਨਵਰੀ 2023 ਨੂੰ ਹੋਣ ਵਾਲੀ ਅਕਾਲੀ ਕਾਨਫਰੰਸ ਦੇ ਸਬੰਧ ਵਿੱਚ ਮੀਟਿੰਗ ਕੀਤੀ। ਇਸ ਮੌਕੇ ਸਾਬਕਾ ਵਿਧਾਇਕ ਮੁਕਤਸਰ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਵਿਸ਼ੇਸ਼ ਤੌਰ 'ਤੇ ਮੀਟਿੰਗ ਵਿੱਚ ਸ਼ਾਮਲ ਹੋਏ ਤੇ ਉਨ੍ਹਾਂ ਸੰਬੋਧਨ ਕਰਦਿਆਂ ਵੱਡੀ ਗਿਣਤੀ ਵਿੱਚ ਵਰਕਰਾਂ ਨੂੰ ਪਹੁੰਚਣ ਦੀ ਅਪੀਲ ਕੀਤੀ। ਉਨ੍ਹਾਂ ਨਾਲ ਇਸ ਮੌਕੇ ਵੱਡੀ ਗਿਣਤੀ 'ਚ ਅਕਾਲੀ ਆਗੂ ਤੇ ਵਰਕਰ ਮੌਜੂਦ ਸਨ।

# ਠੇਕਾ ਪਟਵਾਰੀਆਂ ਦੀ ਤਨਖ਼ਾਹ ਰਿਲੀਜ਼ ਕਰਨ ਦੀ ਮੰਗ

## ਐਸੋਸੀਏਸ਼ਨ ਵੱਲੋਂ ਨਵੇਂ ਸਾਲ ਦਾ ਕੈਲੰਡਰ ਜਾਰੀ



**ਮੋਗਾ (ਅਮਰਜੀਤ ਬੱਬਰੀ)**-ਦੀ ਰਿਟਾਇਰਡ ਰੈਵੀਨਿਊ ਕਾਨੂੰਨਗੋ ਪਟਵਾਰੀ ਵੈੱਲਫੇਅਰ ਐਸੋਸੀਏਸ਼ਨ ਰਜਿਸਟਰਡ ਮੋਗਾ ਦੀ ਮਹੀਨਾਵਾਰ ਮੀਟਿੰਗ ਗੁਰਦੁਆਰਾ ਸਾਹਿਬ ਬੀਬੀ ਕਾਹਨ ਕੌਰ ਜੀ ਵਿਖੇ ਦਰਸ਼ਨ ਸਿੰਘ ਗਿੱਲ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਐਸੋਸੀਏਸ਼ਨ ਮੈਂਬਰ ਤੋਂ ਇਲਾਵਾ ਜ਼ਿਲ੍ਹਾ ਬਰਨਾਲਾ ਦੇ ਰਾਜਿੰਦਰ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ, ਸਤਪਾਲ ਜਨਰਲ ਸਕੱਤਰ, ਦਰਸ਼ਨ ਸਿੰਘ ਰਾਏਸਰ ਖਜ਼ਾਨਚੀ, ਰਾਜ ਕੁਮਾਰ ਨੁਮਾਇੰਦਾ ਪੰਜਾਬ ਤੇ ਤੇਜਪਾਲ ਸਿੰਘ ਪਟਵਾਰੀ ਸ਼ਾਮਲ ਹੋਏ। ਮੀਟਿੰਗ ਦੌਰਾਨ ਰਿਟਾਇਰਡ ਸਾਥੀਆਂ ਦੇ ਮਸਲਿਆਂ 'ਤੇ ਚਰਚਾ ਕੀਤੀ ਗਈ, ਜਿਸ 'ਚ ਠੇਕੇ 'ਤੇ ਭਰਤੀ ਹੋਏ ਪਟਵਾਰੀਆਂ ਨੂੰ ਛੇ ਮਹੀਨੇ ਬੀਤਣ ਦੇ ਬਾਵਜੂਦ ਤਨਖ਼ਾਹ ਰਿਲੀਜ਼ ਨਹੀਂ ਕੀਤੀ ਗਈ। ਠੇਕੇ 'ਤੇ ਭਰਤੀ ਪਟਵਾਰੀਆਂ ਵੱਲੋਂ ਸਰਕਾਰ ਤੋਂ ਮੰਗ ਕੀਤੀ ਗਈ ਕਿ ਉਨ੍ਹਾਂ ਦੀ ਤਨਖ਼ਾਹ ਤੁਰੰਤ ਰਿਲੀਜ਼ ਕੀਤੀ ਜਾਵੇ ਤਾਂ ਜੋ ਉਹ ਆਪਣੇ ਖਰਚੇ ਚਲਾਉਣ ਲਈ ਰਿਸ਼ਵਤ ਵੱਲ ਝਾਕ ਰੱਖਣ ਤੋਂ ਗੁਰੇਜ਼ ਕਰ ਸਕਣ। ਰਿਟਾਇਰਡ ਸਾਥੀਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਜੁਲਾਈ 2015 ਤੋਂ ਬਣਦਾ 6% ਡੀ ਏ ਰਹਿੰਦੇ ਮੁਲਾਜ਼ਮਾਂ ਨੂੰ ਤੁਰੰਤ ਰਿਲੀਜ਼ ਕੀਤਾ ਜਾਵੇ। ਜਨਵਰੀ 2016 ਤੋਂ ਪਹਿਲਾਂ ਰਿਟਾਇਰਡ ਸਾਥੀਆਂ ਨੂੰ 2.59 ਨਾਲ ਸਕੇਲ ਸੋਧ ਕੇ ਪੈਨਸ਼ਨ ਦਿੱਤੀ ਜਾਵੇ। ਜੋ ਰਵੀਜ਼ਨ ਪੈਨਸ਼ਨ ਕੇਸ ਸਾਥੀਆਂ ਦੇ ਅਜੇ ਪਾਸ ਨਹੀਂ ਹੋਏ, ਉਹ ਏ ਜੀ ਪੰਜਾਬ ਵੱਲੋਂ ਤੁਰੰਤ ਪਾਸ ਕੀਤੇ ਜਾਣੇ ਚਾਹੀਦੇ ਹਨ। ਐਸੋਸੀਏਸ਼ਨ ਵੱਲੋਂ ਨਵੇਂ ਸਾਲ ਦਾ ਆਪਣਾ ਕੈਲੰਡਰ ਤਿਆਰ ਕਰਵਾ ਕੇ ਸ੍ਰ. ਗੁਰਦੇਵ ਸਿੰਘ ਸੀਨੀਅਰ ਰਿਟਾਇਰਡ ਕਾਨੂੰਨਗੋ ਤੋਂ ਰਿਲੀਜ਼ ਕਰਵਾਇਆ ਗਿਆ। ਐਸੋਸੀਏਸ਼ਨ ਵੱਲੋਂ ਫੈਸਲਾ ਕੀਤਾ ਗਿਆ ਕਿ ਫਰਵਰੀ ਦੀ ਮੀਟਿੰਗ ਵਿੱਚ ਗੁਰਦੇਵ ਸਿੰਘ ਰਿਟਾਇਰਡ ਕਾਨੂੰਨਗੋ ਨੂੰ ਸਨਮਾਨਤ ਕੀਤਾ ਜਾਵੇਗਾ, ਕਿਉਂਕਿ ਉਹ ਵੱਡੀ ਉਮਰ ਦੌਰਾਨ ਵੀ ਐਸੋਸੀਏਸ਼ਨ ਦੀ ਹਰ ਮੀਟਿੰਗ ਵਿੱਚ ਸ਼ਾਮਲ ਹੁੰਦੇ ਹਨ। ਮੀਟਿੰਗ ਵਿੱਚ ਗੁਰਮੇਲ ਸਿੰਘ ਗੋਂਦਾਰਾ ਜਨਰਲ ਸਕੱਤਰ, ਬਲਵਿੰਦਰ ਸਿੰਘ ਪੁਰਬਾ ਸੀਨੀਅਰ ਮੀਤ ਪ੍ਰਧਾਨ, ਦਰਸ਼ਨ ਸਿੰਘ ਬਰਾੜ ਮੀਤ ਪ੍ਰਧਾਨ, ਹਰੀਕ੍ਰਿਸ਼ਨ ਸਿੰਘ ਮੀਤ ਪ੍ਰਧਾਨ, ਮੋਹਣ ਸਿੰਘ ਮੀਤ ਪ੍ਰਧਾਨ, ਮੱਖਣ ਜੀਤ ਮੀਤ ਪ੍ਰਧਾਨ, ਗੁਰਚਰਨ ਸਿੰਘ ਛਾਬੜਾ ਆਡੀਟਰ, ਗੁਰਦੌਰ ਸਿੰਘ ਦਫਤਰ ਸਕੱਤਰ, ਜਗਰਾਜ ਸਿੰਘ ਪ੍ਰਚਾਰ ਸਕੱਤਰ, ਸੁਖਦੇਵ ਸਿੰਘ ਖੋਸਾ, ਨਾਇਬ ਸਿੰਘ ਦੌਲਤਪੁਰਾ, ਬਲਦੇਵ ਸਿੰਘ ਸੰਧੂ, ਚਮਕੌਰ ਸਿੰਘ ਘੋਲੀਆ, ਪ੍ਰੀਤਮ ਸਿੰਘ ਘੋਲੀਆ, ਜਸਵੰਤ ਸਿੰਘ ਭਾਊ, ਮੰਗਲ ਪ੍ਰਕਾਸ਼, ਬਲਵਿੰਦਰ ਸਿੰਘ ਖੋਸਾ, ਠਾਣਾ ਸਿੰਘ ਵੱਡਾਘਰ, ਬਲਦੇਵ ਕੁਮਾਰ ਸੇਖਾ, ਸੁਰਜੀਤ ਸਿੰਘ ਢਿਪਾਲੀ, ਸੁਖਦੇਵ ਸਿੰਘ ਸਮਾਲਸਰ, ਗੁਰਚਰਨ ਸਿੰਘ ਢਿਪਾਲੀ, ਗੁਰਮੇਲ ਸਿੰਘ ਰਖਾਲਾ, ਗੁਰਮੀਤ ਸਿੰਘ ਸੰਘਾ, ਨਾਇਬ ਸਿੰਘ ਮੱਲੀ, ਬਲਦੇਵ ਸਿੰਘ ਸਮਾਲਸਰ, ਸਾਰੇ ਪਟਵਾਰੀ, ਗੁਰਦੇਵ ਸਿੰਘ ਕਾਨੂੰਨਗੋ, ਸੁਖਵਿੰਦਰ ਸਿੰਘ ਕਾਨੂੰਨਗੋ, ਗੁਰਮੇਲ ਸਿੰਘ ਬੁੱਘੀਪੁਰਾ, ਗੁਰਨਾਮ ਸਿੰਘ, ਗੁਰਮੀਤ ਸਿੰਘ ਘੋਲੀਆ, ਹਰਿੰਦਰਪਾਲ ਸਿੰਘ ਸਾਰੇ ਕਾਨੂੰਨਗੋ ਸ਼ਾਮਲ ਹੋਏ।

# ਨੈਸ਼ਨਲ ਗੱਤਕਾ ਐਸੋਸੀਏਸ਼ਨ ਵੱਲੋਂ ਉੱਤਰੀ ਖੇਤਰ ਦਾ ਸੈਮੀਨਾਰ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਗੱਤਕੇਬਾਜ਼ ਲੜਕੀਆਂ ਨੂੰ ਸਸ਼ਕਤ ਬਣਾਉਣ, ਉਨ੍ਹਾਂ ਦੀ ਸਮਰੱਥਾ ਉਸਾਰੀ ਵਿੱਚ ਵਾਧਾ ਕਰਨ ਤੇ ਗੱਤਕਾ ਗਰਾਊਂਡ ਵਿੱਚ ਤਕਨੀਕੀ ਆਫੀਸ਼ੀਅਲ ਵਜੋਂ ਜ਼ਿੰਮੇਵਾਰੀ ਲਈ ਬਰਾਬਰੀ ਦੇ ਮੌਕੇ ਮੁਹੱਈਆ ਕਰਨ ਵਾਸਤੇ ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ ਵੱਲੋਂ ਤਲਵੰਡੀ ਸਾਬੋ (ਬਠਿੰਡਾ) ਵਿਖੇ ਲਗਾਇਆ ਉੱਤਰੀ ਖੇਤਰ ਦਾ ਦੋ ਰੋਜ਼ਾ ਗੱਤਕਾ ਸੈਮੀਨਾਰ-ਕਮ-ਰੈਫਰੀ ਕੈਂਪ ਸੋਮਵਾਰ ਇੱਥੇ ਸਮਾਪਤ ਹੋ ਗਿਆ। ਗੱਤਕਾ ਐਸੋਸੀਏਸ਼ਨ ਆਫ ਪੰਜਾਬ ਤੇ ਇੰਟਰਨੈਸ਼ਨਲ ਸਿੱਖ ਮਾਰਸ਼ਲ ਆਰਟ ਕੌਂਸਲ ਦੇ ਸਹਿਯੋਗ ਨਾਲ ਲਗਾਏ ਇਸ ਕੈਂਪ ਦੀ ਸਮਾਪਤੀ ਮੌਕੇ ਮਾਤਾ ਸਾਹਿਬ ਕੌਰ ਕਾਲਜ (ਲੜਕੀਆਂ) ਤਲਵੰਡੀ ਸਾਬੋ ਦੀ ਪ੍ਰਿੰਸੀਪਲ ਕਮਲਜੀਤ ਕੌਰ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਉੱਪ-ਦਫਤਰ ਦੇ ਇੰਚਾਰਜ ਭੋਲਾ ਸਿੰਘ ਬਤੌਰ ਮੁੱਖ ਮਹਿਮਾਨ ਹਾਜ਼ਰ ਹੋਏ। ਉਨ੍ਹਾਂ ਇਸ ਮੌਕੇ ਸੰਬੋਧਨ ਕਰਦਿਆਂ ਨੈਸ਼ਨਲ ਗੱਤਕਾ ਐਸੋਸੀਏਸ਼ਨ ਵੱਲੋਂ ਲੜਕੀਆਂ ਨੂੰ ਰੈਫਰੀ ਵਜੋਂ ਬਰਾਬਰ ਦੇ ਮੌਕੇ ਪ੍ਰਦਾਨ ਕਰਨ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਇਸ ਨਾਲ ਹੋਰ ਲੜਕੀਆਂ ਵੀ ਗੱਤਕਾ ਖੇਡਣ ਪ੍ਰਤੀ ਅਕਰਸ਼ਿਤ ਹੋਣਗੀਆਂ। ਉਨ੍ਹਾਂ ਕਿਹਾ ਕਿ ਗੱਤਕਾ ਤੇ ਸ਼ਸਤਰ ਵਿੱਦਿਆ ਸਿੱਖ ਵਿਰਾਸਤ ਦੀ ਪੁਰਾਤਨ ਕਲਾ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਭਰੋਸਾ ਦਿਵਾਇਆ ਕਿ ਤਲਵੰਡੀ ਸਾਬੋ ਵਿਖੇ 20 ਤੇ 21 ਜਨਵਰੀ ਨੂੰ ਹੋ ਰਹੀ ਲੜਕੀਆਂ ਦੀ ਨੈਸ਼ਨਲ ਗੱਤਕਾ ਚੈਂਪੀਅਨਸ਼ਿਪ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਪੂਰਨ ਸਹਿਯੋਗ ਦਿੱਤਾ ਜਾਵੇਗਾ। ਨੈਸ਼ਨਲ ਗੱਤਕਾ ਐਸੋਸੀਏਸ਼ਨ ਦੇ ਕੋਆਰਡੀਨੇਟਰ ਸਿਮਰਨਜੀਤ ਸਿੰਘ ਤੇ ਗੱਤਕਾ ਐਸੋਸੀਏਸ਼ਨ ਆਫ ਪੰਜਾਬ ਦੇ ਜਨਰਲ ਸਕੱਤਰ ਤਲਵਿੰਦਰ ਸਿੰਘ ਨੇ ਕਿਹਾ ਕਿ ਨੈਸ਼ਨਲ ਗੱਤਕਾ ਐਸੋਸੀਏਸ਼ਨ ਦੇ ਕੌਮੀ ਪ੍ਰਧਾਨ ਸ. ਹਰਜੀਤ ਸਿੰਘ ਗਰੇਵਾਲ ਦੀ ਅਗਵਾਈ ਹੇਠ ਗੱਤਕਾ ਖੇਡ ਨੂੰ ਕੌਮੀ ਪੱਧਰ 'ਤੇ ਪ੍ਰਫੁਲਤ ਕੀਤਾ ਜਾ ਰਿਹਾ ਹੈ ਤੇ ਇਨ੍ਹਾਂ ਯਤਨਾਂ ਵਜੋਂ ਹੀ ਲੜਕੀਆਂ ਨੂੰ ਗੱਤਕੇ ਪ੍ਰਤੀ ਆਕਰਸ਼ਿਤ ਕਰਨ ਲਈ ਉਨ੍ਹਾਂ ਨੂੰ ਗੱਤਕਾ ਗਰਾਊਂਡ ਵਿੱਚ ਤਕਨੀਕੀ ਆਫੀਸ਼ੀਅਲ ਵਜੋਂ ਬਰਾਬਰੀ ਦੇ ਮੌਕੇ ਮੁਹੱਈਆ ਕਰਵਾਉਣ ਵਾਸਤੇ ਇਹ ਕੈਂਪ ਲਾਇਆ ਗਿਆ ਹੈ ਤਾਂ ਜੋ ਭਵਿੱਖ 'ਚ ਹੋਣ ਵਾਲੇ ਸਾਰੇ ਟੂਰਨਾਮੈਂਟਾਂ ਵਿੱਚ ਲੜਕੀਆਂ ਵੀ ਰੈਫਰੀ ਦੀ ਭੂਮਿਕਾ ਨਿਭਾਅ ਸਕਣ। ਇਸ ਕੈਂਪ 'ਚ ਭਾਗ ਲੈਣ ਵਾਲੀਆਂ ਲੜਕੀਆਂ ਨੂੰ ਨੈਸ਼ਨਲ ਗੱਤਕਾ ਐਸੋਸੀਏਸ਼ਨ ਵੱਲੋਂ ਟੀ-ਸ਼ਰਟਾਂ ਤੇ ਸਰਟੀਫਿਕੇਟ ਵੀ ਦਿੱਤੇ ਗਏ।

# ਕਲੇਰ ਵੱਲੋਂ ਹਾਂਗਕਾਂਗ ਹਾਦਸੇ 'ਚ ਵਿੱਛੜੀ ਬੱਚੀ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ

**ਜਗਰਾਉਂ (ਨਛੱਤਰ ਸੰਧੂ)**-ਰੋਜ਼ੀ ਰੋਟੀ ਦੀ ਭਾਲ 'ਚ ਹਾਂਗਕਾਂਗ ਗਈ ਪਿੰਡ ਭੰਮੀਪੁਰਾ ਦੇ ਕਿਰਤੀ ਪਰਿਵਾਰ ਦੀ ਕਿਰਨਜੋਤ ਕੌਰ ਦੇ ਦੇਹਾਂਤ 'ਤੇ ਸਾਬਕਾ ਵਿਧਾਇਕ ਐੱਸ ਆਰ ਕਲੇਰ ਉਚੇਚੇ ਤੌਰ 'ਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਪੁੱਜੇ। ਇਸ ਮੌਕੇ ਸ੍ਰੀ ਕਲੇਰ ਨੇ ਮ੍ਰਿਤਕ ਕਿਰਨਜੋਤ ਕੌਰ ਦੇ ਪਿਤਾ ਜਸਵੰਤ ਸਿੰਘ ਤੇ ਮਾਤਾ ਜਸਵੀਰ ਕੌਰ ਨਾਲ ਦੁੱਖ ਸਾਂਝਾ ਕਰਦਿਆਂ ਆਖਿਆ ਕਿ ਬੇਟੀ ਕਿਰਨਜੋਤ ਕੌਰ ਪਰਿਵਾਰ ਦਾ ਵੱਡਾ ਸਹਾਰਾ ਸੀ, ਜਿਸ ਦੇ ਤੁਰ ਜਾਣ ਨਾਲ ਪਰਿਵਾਰ ਨੂੰ ਵੱਡਾ ਘਾਟਾ ਪਿਆ ਹੈ। ਇਸ ਮੌਕੇ ਮ੍ਰਿਤਕ ਦੇ ਬਾਪ ਜਸਵੰਤ ਸਿੰਘ ਤੇ ਮਾਤਾ ਜਸਵੀਰ ਕੌਰ ਨੇ ਭਰੇ ਮਨ ਦੱਸਿਆ ਕਿ ਉਨ੍ਹਾਂ ਬੇਹੱਦ ਚਾਵਾਂ ਨਾਲ ਆਪਣੀ ਧੀ ਨੂੰ ਇਸ ਕਰਕੇ ਤੋਰਿਆ ਸੀ ਕਿ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਹੁਲਾਰਾ ਮਿਲੇਗਾ, ਪ੍ਰੰਤੂ ਇਸ ਅਣਹੋਣੀ ਨੇ ਉਨ੍ਹਾਂ ਨੂੰ ਧੁਰ ਅੰਦਰ ਤੱਕ ਤੋੜ ਕੇ ਰੱਖ ਦਿੱਤਾ ਹੈ। ਇਸ ਮੌਕੇ ਉਨ੍ਹਾਂ ਨਾਲ ਸਰਕਲ ਪ੍ਰਧਾਨ ਪ੍ਰਮਿੰਦਰ ਸਿੰਘ ਚੀਮਾ, ਪ੍ਰਧਾਨ ਬੂਟਾ ਸਿੰਘ, ਅਵਤਾਰ ਸਿੰਘ, ਜਗਦੀਸ਼ ਸਿੰਘ ਤੇ ਹੋਰ ਹਾਜ਼ਰ ਸਨ।

# ਲੋਕ ਸੇਵਾ ਸੁਸਾਇਟੀ ਦੇ ਹਾਊਸ ਮੈਂਬਰਾਂ ਦੀ ਮੀਟਿੰਗ



**ਜਗਰਾਉਂ (ਅਮਿਤ ਖੰਨਾ)**-ਜਗਰਾਉਂ ਦੀ ਲੋਕ ਸੇਵਾ ਸੁਸਾਇਟੀ ਦੀ ਨਵੀਂ ਟੀਮ ਨੇ ਹਾਊਸ ਮੈਂਬਰਾਂ ਦੀ ਪਲੇਠੀ ਮੀਟਿੰਗ ਕਰਦਿਆਂ ਇਸ ਸਾਲ ਵਿੱਚ ਕੀਤੇ ਜਾਣ ਵਾਲੇ ਸਮਾਜ ਸੇਵੀ ਕੰਮਾਂ ਦੀ ਰੂਪ ਰੇਖਾ ਉਲੀਕੀ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ ਤੇ ਪ੍ਰਧਾਨ ਕੰਵਲ ਕੱਕੜ ਦੀ ਪ੍ਰਧਾਨਗੀ ਹੇਠ ਅਰੋੜਾ ਪ੍ਰਾਪਰਟੀ ਐਡਵਾਈਜ਼ਰ ਲਿੰਕ ਰੋਡ ਜਗਰਾਉਂ ਵਿਖੇ ਸੁਸਾਇਟੀ ਦੇ ਜਨਰਲ ਹਾਊਸ ਮੈਂਬਰਾਂ ਦੀ ਮੌਜੂਦਗੀ ਵਿੱਚ ਜਿੱਥੇ ਸਾਲ 2022 ਦੇ ਕੈਸ਼ੀਅਰ ਮਨੋਹਰ ਸਿੰਘ ਟੱਕਰ ਤੇ ਪ੍ਰਾਜੈਕਟ ਕੈਸ਼ੀਅਰ ਰਾਜੀਵ ਗੁਪਤਾ ਵੱਲੋਂ ਪਿਛਲੇ ਸਾਲ ਦਾ ਸਾਰਾ ਹਿਸਾਬ-ਕਿਤਾਬ ਦੱਸਿਆ ਗਿਆ, ਉੱਥੇ ਸਮੂਹ ਮੈਂਬਰਾਂ ਨੇ ਸਹਿਮਤੀ ਨਾਲ ਅਕਾਊਂਟ ਨੂੰ ਪਾਸ ਕੀਤਾ। ਇਸ ਮੌਕੇ ਸੁਸਾਇਟੀ ਚੇਅਰਮੈਨ ਗੁਲਸ਼ਨ ਅਰੋੜਾ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਇਸ ਸਾਲ ਪਹਿਲਾਂ ਨਾਲੋਂ ਜ਼ਿਆਦਾ ਸਮਾਜ ਸੇਵਾ ਦੇ ਕੰਮਾਂ ਨੂੰ ਤਰਜੀਹ ਦਿੱਤੀ ਜਾਵੇਗੀ। ਇਸ ਮੌਕੇ ਮੈਂਬਰਾਂ ਤੋਂ ਸੁਝਾਅ ਵੀ ਮੰਗ ਗਏ ਤਾਂ ਕਿ ਸਮਾਜ ਸੇਵੀ ਕੰਮਾਂ ਵਿੱਚ ਹੋਰ ਵਾਧਾ ਹੋ ਸਕੇ। ਇਸ ਮੌਕੇ ਸੁਸਾਇਟੀ ਦੇ ਵਾਈਸ ਚੇਅਰਮੈਨ ਸੁਖਜਿੰਦਰ ਸਿੰਘ ਢਿੱਲੋਂ, ਸੀਨੀਅਰ ਮੀਤ ਪ੍ਰਧਾਨ ਮਨੋਹਰ ਸਿੰਘ ਟੱਕਰ, ਪ੍ਰਾਜੈਕਟ ਕੈਸ਼ੀਅਰ ਰਾਜੀਵ ਗੁਪਤਾ, ਪੀ ਆਰ ਓ ਸੁਖਦੇਵ ਗਰਗ ਤੇ ਨੀਰਜ ਮਿੱਤਲ, ਰਾਜਿੰਦਰ ਜੈਨ ਕਾਕਾ, ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ, ਮੁਕੇਸ਼ ਗੁਪਤਾ, ਸੰਜੀਵ ਚੋਪੜਾ, ਵਿਕਾਸ ਕਪੂਰ, ਆਰ ਕੇ ਗੋਇਲ, ਡਾ: ਭਾਰਤ ਭੂਸ਼ਨ ਬਾਂਸਲ, ਮੁਕੇਸ਼ ਗੁਪਤਾ, ਪ੍ਰਸ਼ੋਤਮ ਅਗਰਵਾਲ, ਰਾਜਨ ਸਿੰਗਲਾ, ਪ੍ਰਮੋਦ ਸਿੰਗਲਾ, ਪ੍ਰਵੀਨ ਮਿੱਤਲ, ਸੰਜੂ ਬਾਂਸਲ, ਪ੍ਰਵੀਨ ਜੈਨ, ਪ੍ਰੇਮ ਬਾਂਸਲ, ਰਵਿੰਦਰ ਜੈਨ, ਅਨਿਲ ਮਲਹੋਤਰਾ, ਡਾ: ਗੁਰਦਰਸ਼ਨ ਮਿੱਤਲ ਆਦਿ ਹਾਜ਼ਰ ਸਨ।

# ਜਾਇਦਾਦ ਟੈਕਸ ਨਾ ਭਰਨ ਵਾਲਿਆਂ ਖਿਲਾਫ਼ ਹੋਵੇਗੀ ਸਖ਼ਤ ਕਾਰਵਾਈ : ਕਾਰਜਸਾਧਕ ਅਫ਼ਸਰ

**ਮਾਨਸਾ/ਭੀਖੀ (ਆਤਮਾ ਸਿੰਘ ਪਮਾਰ)**

ਸਥਾਨਕ ਨਗਰ ਪੰਚਾਇਤ ਦੇ ਅਮਲੇ ਵੱਲੋਂ ਪੁਲਸ ਫੋਰਸ ਦੀ ਮਦਦ ਨਾਲ ਪਿਛਲੇ ਸਮੇਂ ਤੋਂ ਜਾਇਦਾਦ ਟੈਕਸ ਅਦਾ ਨਾ ਕਰਨ ਵਾਲਿਆਂ ਖਿਲਾਫ਼ ਵਿੱਢੀ ਮੁਹਿੰਮ ਤਹਿਤ ਕਸਬੇ ਵਿਚਲੀਆਂ ਵੱਖ-ਵੱਖ ਬਿਲਡਿੰਗਾਂ ਦੀ ਤਾਲਾਬੰਦੀ ਕਰਨੀ ਆਰੰਭ ਕੀਤੀ ਗਈ ਹੈ। ਇਸ ਦਰਮਿਆਨ ਸਾਰੀਆਂ ਹੀ ਜਾਇਦਾਦਾਂ ਕਰ ਨਾ ਅਦਾ ਕਰਨ ਵਾਲੀਆਂ ਪਾਰਟੀਆਂ ਨੇ ਨਗਰ ਪੰਚਾਇਤ ਦਫ਼ਤਰ ਨਾਲ ਆਪਸੀ ਤਾਲਮੇਲ ਨਾਲ ਜਾਇਦਾਦ ਕਰ ਦੇਣਾ ਮੰਨ ਲਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਾਰਜ ਸਾਧਕ ਅਫ਼ਸਰ ਅਸ਼ੀਸ਼ ਕੁਮਾਰ ਨੇ ਦੱਸਿਆ ਕਿ ਨਗਰ ਪੰਚਾਇਤ ਦਫ਼ਤਰ ਦਾ ਜਾਇਦਾਦ ਕਰ ਦਾ ਸਾਲਾਨਾ ਟੀਚਾ 27 ਲੱਖ ਰੁਪਏ ਦਾ ਹੈ, ਜਿਸ ਵਿੱਚੋਂ ਕਰੀਬ 13 ਲੱਖ 50 ਹਜ਼ਾਰ ਰੁਪਏ ਪਹਿਲਾਂ ਹੀ ਵਸੂਲੇ ਜਾ ਚੁੱਕੇ ਹਨ ਅਤੇ ਕਰ ਨਾ ਦੇਣ ਵਾਲਿਆਂ ਖਿਲਾਫ਼ ਕਾਰਵਾਈ ਆਰੰਭੀ ਗਈ ਹੈ। ਸਰਕਾਰ ਦੇ ਆਦੇਸ਼ਾਂ ਮੁਤਾਬਕ ਜੋ ਯੋਗ ਕਰ ਅਦਾ ਨਹੀਂ ਕਰੇਗਾ, ਉਸ ਖਿਲਾਫ਼ ਕਾਰਵਾਈ ਕਰਦੇ ਹੋਏ ਇਮਾਰਤ ਦੀ ਤਾਲਾਬੰਦੀ ਵੀ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾ ਦੱਸਿਆ ਕਿ ਪ੍ਰਸ਼ਾਸਨ ਨੇ ਕਾਰਵਾਈ ਨੂੰ ਅਮਲ ਵਿੱਚ ਲਿਆਉਂਦਿਆਂ ਅੱਜ ਕਈ ਇਮਾਰਤਾਂ ਦੀ ਤਾਲਾਬੰਦੀ ਕੀਤੀ ਗਈ, ਪਰ ਸਬੰਧਤ ਪਾਰਟੀਆਂ ਨੇ ਮੌਕੇ 'ਤੇ ਹੀ ਜਾਇਦਾਦ ਕਰ ਅਦਾ ਕਰ ਦਿੱਤਾ। ਇਸ ਕਾਰਵਾਈ ਸਮੇਂ ਪੁਲਸ ਪ੍ਰਸ਼ਾਸਨ ਤੋਂ ਲੇਖਾਕਾਰ ਕੁਲਦੀਪ ਰਿਸ਼ੀ, ਸ਼ਾਖਾ ਕਲਰਕ ਕੁਲਵੰਤ ਸਿੰਘ, ਸੈਨੇਟਰੀ ਇੰਸਪੈਕਟਰ ਰੁਸਤਮ ਸ਼ੇਰ ਸੋਢੀ, ਰਾਮ ਸਿੰਘ ਅਕਲੀਆਂ ਸਮੇਤ ਸਮੂਹ ਸਟਾਫ਼ ਹਾਜ਼ਰ ਸੀ।

# ਨਜਾਇਜ਼ ਮਾਈਨਿੰਗ ਤੇ ਚਾਈਨਾ ਡੋਰ ਦੀ ਪਾਬੰਦੀ ਸਖ਼ਤੀ ਨਾਲ ਲਾਗੂ ਕੀਤੀ ਜਾਵੇਗੀ : ਥਾਣਾ ਮੁਖੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਥਾਣਾ ਕੂੰਮਕਲਾਂ ਦੇ ਮੁਖੀ ਸਬ-ਇੰਸਪੈਕਟਰ ਕੁਲਬੀਰ ਸਿੰਘ ਨੇ ਕਿਹਾ ਕਿ ਉਨ੍ਹਾ ਅਧੀਨ ਆਉਂਦੇ ਖੇਤਰ ਵਿੱਚ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਨਜਾਇਜ਼ ਮਾਈਨਿੰਗ ਤੇ ਚਾਈਨਾ ਡੋਰ ਦੀ ਵਿਕਰੀ 'ਤੇ ਪਾਬੰਦੀ ਸਖ਼ਤੀ ਨਾਲ ਲਾਗੂ ਕੀਤੀ ਜਾਵੇਗੀ ਅਤੇ ਜੇਕਰ ਕੋਈ ਵੀ ਨਿਯਮਾਂ ਦੀ ਉਲੰਘਣਾ ਕਰਦਾ ਨਜ਼ਰ ਆਇਆ ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਥਾਣਾ ਮੁਖੀ ਨੇ ਕਿਹਾ ਕਿ ਪੁਲਸ ਵੱਲੋਂ ਸਤਲੁਜ ਦਰਿਆ ਕਿਨਾਰੇ ਪਿੰਡਾਂ ਤੇ ਧੁੱਸੀ ਬੰਨ੍ਹ 'ਤੇ ਰਾਤ ਨੂੰ ਗਸ਼ਤ ਵਧਾ ਦਿੱਤੀ ਗਈ ਹੈ ਤਾਂ ਜੋ ਨਜਾਇਜ਼ ਮਾਈਨਿੰਗ ਕਰਨ ਵਾਲਿਆਂ 'ਤੇ ਨਜ਼ਰ ਰੱਖੀ ਜਾ ਸਕੇ। ਉਨ੍ਹਾਂ ਕਿਹਾ ਕਿ ਪਿੰਡਾਂ ਤੇ ਕਸਬਿਆਂ ਵਿੱਚ ਜੋ ਦੁਕਾਨਦਾਰ ਪਤੰਗ ਤੇ ਡੋਰ ਵੇਚਦੇ ਹਨ, ਉਨ੍ਹਾਂ ਦੀ ਵੀ ਚੈਕਿੰਗ ਕੀਤੀ ਜਾ ਰਹੀ ਹੈ ਅਤੇ ਕਿਸੇ ਤੋਂ ਪਾਬੰਦੀਸ਼ੁਦਾ ਚਾਈਨਾ ਡੋਰ ਮਿਲੀ ਤਾਂ ਮਾਮਲਾ ਦਰਜ ਕੀਤਾ ਜਾਵੇਗਾ। ਨਸ਼ਿਆਂ ਦੀ ਤਸਕਰੀ ਦੇ ਮਾਮਲੇ ਵਿੱਚ ਉਨ੍ਹਾ ਕਿਹਾ ਕਿ ਜ਼ਿਲ੍ਹਾ ਪੁਲਸ ਕਮਿਸ਼ਨਰ ਦੀਆਂ ਹਦਾਇਤਾਂ 'ਤੇ ਪ੍ਰਮੁੱਖ ਸੜਕਾਂ ਦੀ ਨਾਕਾਬੰਦੀ ਕਰ ਸਮਾਜ ਵਿਰੋਧੀ ਅਨਸਰਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਥਾਣਾ ਮੁਖੀ ਕੁਲਬੀਰ ਸਿੰਘ ਨੇ ਕਿਹਾ ਕਿ ਇਹ ਵਿਸ਼ੇਸ਼ ਨਾਕਾਬੰਦੀ ਆਉਣ ਵਾਲੇ ਗਣਤੰਤਰਤਾ ਦਿਵਸ 26 ਜਨਵਰੀ ਤੱਕ ਜਾਰੀ ਰਹੇਗੀ ਤੇ ਪੁਲਸ ਦੀਆਂ ਟੀਮਾਂ ਵੱਲੋਂ ਗਸ਼ਤ ਵੀ ਵਧਾ ਦਿੱਤੀ ਗਈ ਹੈ।



# ਗਰਭਵਤੀ ਮਾਂਵਾਂ ਲਈ ਚੈੱਕਅਪ ਤੇ ਟੀਕਾਕਰਨ ਅਤਿ ਜ਼ਰੂਰੀ : ਡਾ. ਅਸ਼ਵਨੀ ਕੁਮਾਰ



**ਮਾਨਸਾ (ਆਤਮਾ ਸਿੰਘ ਪਮਾਰ)**

ਪੰਜਾਬ ਸਰਕਾਰ ਤੇ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਵਧੀਆ ਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਾਉਣ ਦੇ ਮਕਸਦ ਨਾਲ ਸਿਹਤ ਮੰਤਰੀ ਡਾ. ਬਲਵੀਰ ਸਿੰਘ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਡਾ ਅਸ਼ਵਨੀ ਕੁਮਾਰ ਸਿਵਲ ਸਰਜਨ ਮਾਨਸਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰਾਂ ਦੀ ਅਗਵਾਈ ਹੇਠ ਬਲਾਕਾਂ ਦੇ ਵੱਖ-ਵੱਖ ਸਿਹਤ ਕੇਂਦਰਾਂ ਵਿਖੇ ਮਮਤਾ ਦਿਵਸ ਦੌਰਾਨ ਗਰਭਵਤੀ ਔਰਤਾਂ ਦਾ ਜਾਂਚ ਕੈਂਪ, ਟੀਕਾਕਰਨ ਕੈਂਪ ਤੇ ਜਾਗਰੂਕਤਾ ਕੈਂਪ ਲਾਏ ਗਏ।

ਇਸ ਮੌਕੇ ਡਾ ਨਵਰੂਪ ਕੌਰ ਜ਼ਿਲ੍ਹਾ ਟੀਕਾਕਰਨ ਅਫਸਰ ਨੇ ਦੱਸਿਆ ਕਿ ਗਰਭ ਅਵਸਥਾ ਦੌਰਾਨ ਵੱਖ-ਵੱਖ ਕਾਰਨਾਂ ਕਰਕੇ ਗਰਭਵਤੀ ਔਰਤਾਂ ਦੀ ਸਿਹਤ ਨੂੰ ਖਤਰਾ ਹੋ ਸਕਦਾ ਹੈ। ਜੇਕਰ ਗਰਭਵਤੀ ਔਰਤ ਸਮੇਂ ਸਿਰ ਆਪਣੀ ਜਾਂਚ ਨਹੀਂ ਕਰਾਉਂਦੀਆਂ ਤਾਂ ਇਸ ਦੇ ਗੰਭੀਰ ਸਿੱਟੇ ਨਿਕਲ ਸਕਦੇ ਹਨ, ਕਈ ਵਾਰ ਗਰਭਵਤੀ ਔਰਤ ਦੀ ਜਾਨ ਵੀ ਜਾ ਸਕਦੀ ਹੈ। ਇਸ ਲਈ ਹਰ ਇੱਕ ਗਰਭਵਤੀ ਮਹਿਲਾ ਨੂੰ ਸਮੇਂ ਸਿਰ ਆਪਣੀ ਸਿਹਤ ਜਾਂਚ ਕਰਾਉਂਦੇ ਰਹਿਣਾ ਚਾਹੀਦਾ ਹੈ। ਕਿਸੇ ਵੀ ਤਰ੍ਹਾਂ ਦੀ ਸਿਹਤ ਸਮੱਸਿਆ ਆਉਣ ਤੇ ਬਿਨਾਂ ਕਿਸੇ ਲਾਪ੍ਰਵਾਹੀ ਦੇ ਨਜ਼ਦੀਕੀ ਸਿਹਤ ਸੰਸਥਾ ਵਿੱਚ ਜਾ ਕੇ ਆਪਣਾ ਇਲਾਜ ਕਰਾਉਣਾ ਚਾਹੀਦਾ ਹੈ।

ਉਨ੍ਹਾਂ ਦੱਸਿਆ ਕਿ ਬਲਾਕ ਦੀਆਂ ਵੱਖ-ਵੱਖ ਸਿਹਤ ਸੰਸਥਾਵਾਂ ਵਿੱਚ ਗਰਭਵਤੀ ਔਰਤਾਂ ਲਈ ਮੁਫ਼ਤ ਸਿਹਤ ਜਾਂਚ ਕੈਂਪ ਤੇ ਟੀਕਾਕਰਨ ਕੈਂਪ ਹਰ ਬੁੱਧਵਾਰ ਨੂੰ ਮਮਤਾ ਦਿਵਸ ਤੇ ਹਰ ਮਹੀਨੇ ਦੀ 9 ਤਰੀਕ ਨੂੰ ਪ੍ਰਧਾਨ ਮੰਤਰੀ ਸੁਰੱਖਿਅਤ ਮਾਤਰੀਤਵ ਦਿਵਸ ਦੇ ਤੌਰ 'ਤੇ ਮਨਾਇਆ ਜਾਂਦਾ ਹੈ। ਇਸ ਦਿਨ ਔਰਤ ਰੋਗਾਂ ਦੇ ਮਾਹਿਰ ਡਾਕਟਰਾਂ ਵੱਲੋਂ ਜਾਂਚ ਦੇ ਨਾਲ-ਨਾਲ ਟੈਸਟ ਤੇ ਦਵਾਈਆਂ ਵੀ ਦਿੱਤੀਆਂ ਜਾਂਦੀਆਂ ਹਨ। ਉਨ੍ਹਾਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜੇ.ਐਸ.ਵਾਈ. ਸਕੀਮ ਦੇ ਤਹਿਤ ਹਸਪਤਾਲ ਵਿੱਚ ਡਲਿਵਰੀ ਕਰਾਉਣ ਵਾਲੀ ਗਰਭਵਤੀ ਮਾਂ ਨੂੰ ਸਿਹਤ ਵਿਭਾਗ ਵੱਲੋਂ 700 ਰੁਪਏ ਦੀ ਸਹਾਇਤਾ ਦਿੱਤੀ ਜਾਂਦੀ ਹੈ। ਗਰਭਵਤੀ ਔਰਤਾਂ ਦੀ ਸਿਹਤ ਸੰਭਾਲ ਅਤੇ ਸੁਰੱਖਿਅਤ ਜਣੇਪੇ ਨੂੰ ਮੁੱਖ ਰੱਖਦੇ ਹੋਏ ਗਰਭਵਤੀ ਔਰਤਾਂ ਦਾ ਟੀਕਾਕਰਨ ਤੇ ਸਾਰੀ ਟੈੱਸਟ ਬਿਲਕੁਲ ਮੁਫ਼ਤ ਕੀਤੇ ਜਾਂਦੇ ਹਨ। ਸਿਹਤ ਕ੍ਰਮਚਾਰੀਆਂ ਤੇ ਆਸ਼ਾ ਵਰਕਰਾਂ ਵੱਲੋਂ ਸਮੇਂ-ਸਮੇਂ ਦੀ ਗਰਭਵਤੀ ਔਰਤਾਂ ਦੀ ਕੌਂਸਲਿੰਗ ਵੀ ਕੀਤੀ ਜਾਂਦੀ ਹੈ ਤਾਂ ਜੁ ਆਪਣਾ ਅਤੇ ਆਪਣੇ ਗਰਭ ਵਿੱਚ ਪਲ ਰਹੇ ਬੱਚੇ ਦਾ ਧਿਆਨ ਰੱਖ ਸਕਨ।

# ਹਰਮਨਜੀਤ ਸਿੰਘ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਬਣੇ



ਜ਼ਿਲ੍ਹਾ ਯੋਜਨਾ ਬੋਰਡ ਮੋਗਾ ਦੇ ਚੇਅਰਮੈਨ ਨਿਯੁਕਤ ਹੋਣ ਤੋਂ ਬਾਅਦ ਆਪਣੇ ਸਮਰਥਕਾਂ ਨਾਲ।

**ਮੋਗਾ (ਅਮਰਜੀਤ ਬੱਬਰੀ)**-ਆਮ ਆਦਮੀ ਪਾਰਟੀ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਹਰਮਨਜੀਤ ਸਿੰਘ ਦਿਦਾਰੇਵਾਲਾ ਨੂੰ ਆਮ ਆਦਮੀ ਪਾਰਟੀ ਨੇ ਮੋਗਾ ਪਲੈਨਿੰਗ ਬੋਰਡ ਦਾ ਚੇਅਰਮੈਨ ਨਿਯੁਕਤ ਕੀਤਾ। ਜ਼ਿਕਰਯੋਗ ਹੈ ਕਿ ਸਮੇਂ ਸਮੇਂ 'ਤੇ ਪਾਰਟੀ ਆਪਣੇ ਮਿਹਨਤੀ ਵਲੰਟੀਅਰਾਂ ਨੂੰ ਸਨਮਾਨ ਦੇ ਕੇ ਨਿਵਾਜਦੀ ਰਹੀ ਹੈ, ਉਸੇ ਕੜੀ ਦੇ ਤਹਿਤ ਜ਼ਿਲ੍ਹਾ ਪ੍ਰਧਾਨ ਮੋਗਾ ਨੂੰ ਮਾਨ ਸਰਕਾਰ ਨੇ ਪਲੈਨਿੰਗ ਬੋਰਡ ਦਾ ਚੇਅਰਮੈਨ ਨਿਯੁਕਤ ਕੀਤਾ ਹੈ। ਹਰਮਨਜੀਤ ਸਿੰਘ ਬਰਾੜ ਦੀ ਮਿਹਨਤ ਤੋਂ ਕੋਈ ਵੀ ਅਣਜਾਣ ਨਹੀਂ ਹੈ। ਜ਼ਿਲ੍ਹਾ ਮੋਗਾ ਦੀ ਟੀਮ ਦੀ ਰੀੜ੍ਹ ਹੱਡੀ ਬਣ ਕੇ ਪਾਰਟੀ ਨੂੰ ਮਜ਼ਬੂਤ ਸਥਿਤੀ ਵਿੱਚ ਲਿਆ ਕੇ ਮੋਗਾ ਜ਼ਿਲ੍ਹਾ ਦੇ ਚਾਰੇ ਐੱਮ. ਐੱਲ. ਏ. ਨੂੰ ਵੱਡੀ ਲੀਡ ਨਾਲ ਜਿਤਾਉਣ 'ਚ ਅਹਿਮ ਰੋਲ ਅਦਾ ਕੀਤਾ।

# ਲੇਖਕ ਮੰਚ ਦੀ ਨਵੇਂ ਸਾਲ ਦੀ ਪਲੇਠੀ ਮੀਟਿੰਗ



**ਸਮਰਾਲਾ (ਸੁਰਜੀਤ ਸਿੰਘ)**

ਲੇਖਕ ਮੰਚ (ਰਜਿ.) ਦੀ ਸਾਲ 2023 ਦੀ ਪਲੇਠੀ ਮਾਸਕ ਮੀਟਿੰਗ ਮਾ. ਤਰਲੋਚਨ ਸਿੰਘ ਦੀ ਪ੍ਰਧਾਨਗੀ ਹੇਠ ਸਥਾਨਕ ਸੀਨੀ: ਸੈਕੰ: ਸਕੂਲ ਵਿਖੇ ਹੋਈ, ਜਿਸ ਵਿੱਚ ਸਾਹਿਤਕ ਦੋਸਤਾਂ ਨੇ ਲੇਖਕ ਮੰਚ ਦੇ ਬਾਨੀ ਵਿੱਤ ਸਕੱਤਰ ਸਵ. ਮਹਿਮਾ ਸਿੰਘ ਕੰਗ ਦੀ ਜੀਵਨ ਸਾਥਣ ਤੇ ਚਰਚਿਤ ਕਾਲਮਨਵੀਸ ਲੇਖਕ ਇੰਦਰਜੀਤ ਸਿੰਘ ਕੰਗ ਦੇ ਮਾਤਾ ਜਰਨੈਲ ਕੌਰ ਦੀ ਮੌਤ, ਪ੍ਰਸਿੱਧ ਗੀਤਕਾਰ ਸਵਰਨ ਸਿਵੀਆ ਦੀ ਦਿਲ ਦੇ ਦੌਰੇ ਨਾਲ ਦੁਖਦਾਈ ਮੌਤ, ਪ੍ਰਸਿੱਧ ਵਾਤਾਵਰਨ ਪ੍ਰੇਮੀ ਡਾ. ਚਰਨਜੀਤ ਸਿੰਘ ਨਾਭਾ ਦੀ ਬੇਵਕਤੀ ਮੌਤ ਤੇ ਸਾਹਿਤਕਾਰ ਹਰਨੇਕ ਸਿੰਘ ਰਾਮਪੁਰੀ ਦੀ ਮੌਤ ਤੇ ਸਾਰੇ ਸਾਹਿਤਕਾਰਾਂ ਨੇ ਆਪਣੀ ਸੰਵੇਦਨਾ ਸਾਂਝੀ ਕਰਦਿਆਂ ਸਬੰਧਤ ਪਰਵਾਰਾਂ ਦੇ ਦੁੱਖ ਵਿੱਚ ਆਪਣੀ ਸ਼ਮੂਲੀਅਤ ਦਾ ਇਜ਼ਹਾਰ ਕੀਤਾ। ਸਾਹਿਤਕਾਰਾਂ ਨੇ ਆਪਣੀਆਂ ਤਾਜ਼ਾ ਰਚਨਾਵਾਂ ਨਾਲ ਨਵੇਂ ਸਾਲ ਨੂੰ ਖੁਸ਼ਆਮਦੀਦ ਕਿਹਾ ਪ੍ਰਸਿੱਧ ਗੀਤਕਾਰ ਹਰਬੰਸ ਮਾਲਵਾ ਦੇ ਬਿਹਤਰੀਨ ਗੀਤ, ‘ਢੇਰੀ ਢਾਹੁੰਦੇ ਸੁਪਨਿਆਂ ਨੂੰ ਮੈਂ ਵਾਰ ਵਾਰ ਸਮਝਾਇਆ’ ਨੇ ਖੂਬ ਦਾਦ ਹਾਸਲ ਕੀਤੀ। ਪਰਵਾਸ ਦੀ ਸਮੱਸਿਆ ਤੇ ਲਾਲਸਾ ਨੂੰ ਕੇਂਦਰ ਵਿੱਚ ਰੱਖ ਕੇ ਰਚੇ ਅਵਤਾਰ ਓਟਾਲ ਦੇ ਗੀਤ, ‘ਓਥੇ ਕਰੇਂਗੀ ਦਿਹਾੜੀਆਂ ਜਾ ਕੇ’ ਰਾਹੀਂ ਤਨਜ਼ ਕਸੀ। ਰੁਪਿੰਦਰਪਾਲ ਸਿੰਘ ਗਿੱਲ ਜੰਡਿਆਲੀ ਨੇ ਟ੍ਰੇਡ ਜਥੇਬੰਦੀਆਂ ਅੰਦਰ ਚੱਲ ਰਹੇ ਹਿਪੋਕਰੇਸੀ ਦੇ ਰੁਝਾਨ ਬਾਰੇ ਆਪਣੀ ਕਹਾਣੀ ‘ਤਬਦੀਲੀ’ ਪੜ੍ਹੀ, ਜਿਸ 'ਤੇ ਭਰਵੀਂ ਤੇ ਸੁਝਾਅ ਭਰਪੂਰ ਚਰਚਾ ਹੋਈ।

ਗੀਤਕਾਰ ਤੇ ਗਾਇਕ ਜੱਸੀ ਢਿੱਲਵਾਂ ਦਾ ਸੂਫ਼ੀ ਰੰਗਤ ਵਾਲਾ ਗੀਤ ਸ਼ਬਦਾਵਲੀ ਤੇ ਤਰੰਨਮ ਕਰਕੇ ਚੰਗਾ ਪਸੰਦ ਕੀਤਾ ਗਿਆ। ਇਨ੍ਹਾਂ ਰਚਨਾਵਾਂ 'ਤੇ ਪ੍ਰਸਿੱਧ ਕਹਾਣੀਕਾਰ ਦਲਜੀਤ ਸਿੰਘ ਸ਼ਾਹੀ, ਡਾ. ਪਰਮਿੰਦਰ ਸਿੰਘ ਬੈਨੀਪਾਲ, ਮੈਨੇਜਰ ਕਰਮ ਚੰਦ ਤੇ ਕਮਲਜੀਤ ਬਾਸੀ ਆਦਿ ਨੇ ਆਪਣੇ ਕੀਮਤੀ ਵਿਚਾਰ ਰੱਖੇ। ਨਵੇਂ ਲੇਖਕ ਗੁਰਪਿੰਦਰ ਸਿੰਘ ਦੀ ਵਧੀਆ ਕਵਿਤਾ, ‘ਫੁੱਟਦਾ ਦਰਿਆ ਸਾਹਿਤ ਦਾ’ ਵੀ ਆਪਣੀ ਪਛਾਣ ਬਣਾਉਣ ਵਿੱਚ ਸਫ਼ਲ ਰਿਹਾ। ਇਸ ਉਪਰੰਤ ਮਾ. ਤਰਲੋਚਨ ਸਿੰਘ ਸਮਰਾਲਾ ਨੇ ਸ਼੍ਰੋਮਣੀ ਬਾਲ ਸਾਹਿਤ ਲੇਖਕ ਕਮਲਜੀਤ ਨੀਲੋਂ ਦੀ ਹਾਜ਼ਰੀ ਵਿੱਚ ਉਨ੍ਹਾਂ ਦੇ ਜੀਵਨ ਬਾਰੇ ਲਿਖਿਆ ਲੰਬਾ ਸ਼ਬਦ ਚਿੱਤਰ, ‘ਬਾਲ ਸਾਹਿਤ ਦਾ ਪਾਬਲੋ ਨਰੂਦਾ: ਕਮਲਜੀਤ ਨੀਲੋਂ’ ਪੜ੍ਹਿਆ, ਜਿਹੜਾ ਨੀਲੋਂ ਦੇ ਸੰਘਰਸ਼ ਭਰਪੂਰ ਜੀਵਨ ਦੀ ਤਰਜ਼ਮਾਨੀ ਕਰਦਾ ਸੀ। ਇਸ ਸ਼ਬਦ ਚਿੱਤਰ ਬਾਰੇ ਐਡਵੋਕੇਟ ਦਲਜੀਤ ਸਿੰਘ ਸ਼ਾਹੀ, ਹਰਬੰਸ ਮਾਲਵਾ ਤੇ ਹੋਰਾਂ ਨੇ ਭਰਪੂਰ ਚਰਚਾ ਕੀਤੀ। ਕਮਲਜੀਤ ਨੀਲੋਂ ਨੇ ਵੀ ਘਟਨਾਕ੍ਰਮ ਦੇ ਸਹੀ ਹੋਣ ਦੀ ਸ਼ਾਹਦੀ ਭਰੀ। ਮੀਟਿੰਗ ਦੇ ਅੰਤ ਵਿੱਚ ਕਮਲਜੀਤ ਨੀਲੋਂ ਹੁਰਾਂ ਆਪਣੀ ਕਹਾਣੀ ‘.... ਤਾਂ ਕੀ ਬਣਦਾ?’ ਪੜ੍ਹ ਕੇ ਦਿਨੋ-ਦਿਨ ਦੂਸ਼ਿਤ ਹੋ ਰਹੇ ਵਾਤਾਵਰਣ ਪ੍ਰਤੀ ਆਪਣੀ ਚਿੰਤਾ ਤਾਂ ਜ਼ਾਹਰ ਕੀਤੀ ਹੀ, ਸਗੋਂ ਹੋਰਾਂ ਨੂੰ ਵੀ ਝੰਜੋੜਿਆ। ਇਸ ਕਹਾਣੀ 'ਤੇ ਵੀ ਭਰੂਪਰ ਚਰਚਾ ਹੋਈ। ਅਖੀਰ ਪ੍ਰਧਾਨ ਮਾਸਟਰ ਤਰਲੋਚਨ ਸਿੰਘ ਨੇ ਆਏ ਸਾਹਿਤਕਾਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਾਹਿਤਕਾਰਾਂ ਲਈ ਨਵੀਆਂ ਰਚਨਾਵਾਂ ਤੇ ਜ਼ਿੰਮੇਵਾਰੀਆਂ ਸਮੇਤ ਸੰਭਾਵਨਾਵਾਂ ਭਰਪੂਰ ਸਾਲ ਹੋਣ ਦਾ ਸ਼ੁਭ ਸੰਕੇਤ ਹੈ।

# ਲੜਕੀਆਂ ਨੂੰ ਸਿਲਾਈ ਮਸ਼ੀਨਾਂ ਤੇ ਸਰਟੀਫਿਕੇਟ ਵੰਡੇ



**ਲੌਂਗੋਵਾਲ (ਕੁਲਦੀਪ ਅੱਤਰੀ/ਪ੍ਰਦੀਪ ਸੱਪਲ)**

ਸੰਤ ਲੌਂਗੋਵਾਲ ਸੋਸ਼ਲ ਵੈਲਫੇਅਰ ਸੁਸਾਇਟੀ ਰਜਿ ਸੰਗਰੂਰ ਵੱਲੋਂ ਪਿੰਡ ਕੁਲਾਰ ਖੁਰਦ ਵਿਖੇ ਗਰੀਬ ਤੇ ਲੋੜਵੰਦ ਲੜਕੀਆਂ ਨੂੰ ਸਿਲਾਈ ਕਟਾਈ ਦੀ ਟ੍ਰੇਨਿੰਗ ਦੇਣ ਲਈ ਚਲਾਏ ਜਾ ਰਹੇ ਸਿਲਾਈ ਕੇਂਦਰ ਵਿੱਚ ਛੇ ਮਹੀਨਿਆਂ ਦੀ ਟ੍ਰੇਨਿੰਗ ਪੂਰੀ ਹੋਣ ਉਪਰੰਤ ਸਿਲਾਈ ਮਸ਼ੀਨਾਂ ਦੀ ਵੰਡ ਸਬੰਧੀ ਸਮਾਗਮ ਪ੍ਰੋਜੈਕਟ ਕੋਆਰਡੀਨੇਟਰ ਗੁਰਜੰਟ ਸਿੰਘ ਕੁਲਾਰਾਂ ਦੀ ਦੇਖ ਰੇਖ ਹੇਠ ਕਰਾਇਆ ਗਿਆ, ਜਿਸ ਵਿੱਚ ਐਨ ਆਰ ਆਈ ਗੁਰਬਖ਼ਸ਼ ਸਿੰਘ ਤੇ ਚਮਕੌਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ ਤੇ ਸਮਾਗਮ ਦੀ ਪ੍ਰਧਾਨਗੀ ਸਰਪੰਚ ਗ੍ਰਾਮ ਪੰਚਾਇਤ ਦਰਬਾਰਾ ਸਿੰਘ ਨੇ ਕੀਤੀ।

ਅਮਰ ਸ਼ਹੀਦ ਸੰਤ ਹਰਚੰਦ ਸਿੰਘ ਲੌਂਗੋਵਾਲ ਜੀ ਦੇ ਜਨਮ ਦਿਵਸ ਨੂੰ ਸਮਰਪਤ ਸਮਾਗਮ ਦੌਰਾਨ ਬੋਲਦਿਆਂ ਸੁਸਾਇਟੀ ਦੇ ਪ੍ਰਧਾਨ ਪਰਮਿੰਦਰ ਕੁਮਾਰ ਲੌਂਗੋਵਾਲ ਨੇ ਕਿਹਾ ਕਿ ਸੁਸਾਇਟੀ ਵੱਲੋਂ ਸੰਤ ਲੌਂਗੋਵਾਲ ਦੀ ਸੋਚ 'ਤੇ ਪਹਿਰਾ ਦਿੰਦੇ ਹੋਏ ਸਮਾਜ ਦੇ ਲੋੜਵੰਦ ਲੋਕਾਂ ਦੀ ਮੱਦਦ ਕਰਨ ਦਾ ਯਤਨ ਕੀਤਾ ਜਾ ਰਿਹਾ ਹੈ। ਉਨ੍ਹਾਂ ਸੁਸਾਇਟੀ ਵੱਲੋਂ ਲੜਕੀਆਂ ਦੀ ਕਿੱਤਾ ਮੁਖੀ ਸਿੱਖਿਆ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਦੱਸਿਆ। ਪ੍ਰਿੰਸੀਪਲ ਸੁਖਦਰਸ਼ਨ ਸਿੰਘ ਢਿੱਲੋਂ ਨੇ ਮੌਜੂਦਾ ਸਮੇਂ ਵਿੱਚ ਔਰਤਾਂ ਵੱਲੋਂ ਸਮਾਜ ਦੀ ਬਿਹਤਰੀ ਲਈ ਕੀਤੇ ਜਾ ਰਹੇ ਸ਼ੰਘਰਸ਼ ਦੀ ਗੱਲ ਕਰਦਿਆਂ ਕਿਹਾ ਕਿ ਸਮਾਜ ਦੀ ਤਰੱਕੀ ਲਈ ਔਰਤਾਂ ਦੀ ਤਰੱਕੀ, ਸੁਰੱਖਿਆ, ਰੁਜ਼ਗਾਰ ਬਹੁਤ ਜ਼ਰੂਰੀ ਹੈ। ਸਮਾਗਮ ਦੌਰਾਨ ਸੁਸਾਇਟੀ ਦੇ ਜਨਰਲ ਸਕੱਤਰ ਸਰਬਜੀਤ ਸਿੰਘ ਲੱਡੀ ਨੇ ਲੜਕੀਆਂ ਨੂੰ ਮਿਹਨਤ ਕਰਕੇ ਸਮਾਜ ਵਿੱਚ ਆਪਣਾ ਤੇ ਆਪਣੇ ਮਾਪਿਆਂ ਦਾ ਸਤਿਕਾਰ ਵਧਾਉਣ ਦੀ ਗੱਲ ਕਹੀ। ਇਸ ਮੌਕੇ ਵਿਦਿਆਰਥਣ ਭਾਰਤੀ ਸ਼ਰਮਾ ਨੇ ਸਿਲਾਈ ਕੇਂਦਰ ਦੀ ਛੇ ਮਹੀਨਿਆਂ ਦੀ ਰਿਪੋਰਟ ਪੇਸ਼ ਕੀਤੀ। ਲੜਕੀਆਂ ਨੂੰ ਸਿਲਾਈ ਮਸ਼ੀਨਾਂ ਤੇ ਸਰਟੀਫਿਕੇਟਾਂ ਦੀ ਵੰਡ ਕਰਦਿਆਂ ਗੁਰਬਖ਼ਸ਼ ਸਿੰਘ ਤੇ ਚਮਕੌਰ ਸਿੰਘ ਝੱਜ ਨੇ ਕਿਹਾ ਕਿ ਸੰਸਥਾ ਦੇ ਇਸ ਨਿਵੇਕਲੇ ਉੱਦਮ ਦੀ ਜਿੰਨੀ ਵੀ ਸ਼ਲਾਘਾ ਕੀਤੀ ਜਾਵੇ, ਓਨੀ ਘੱਟ ਹੈ। ਉਨ੍ਹਾਂ ਲੜਕੀਆਂ ਨੂੰ ਆਪਣੇ ਪੈਰਾਂ ਉੱਪਰ ਖੜੇ ਹੋਣ ਦੇ ਯੋਗ ਬਣਾਉਣ ਲਈ ਕਿੱਤਾਮੁਖੀ ਸਿੱਖਿਆ ਲਈ ਕੀਤੇ ਜਾ ਰਹੇ ਯਤਨਾਂ ਵਿੱਚ ਆਪਣੇ ਵੱਲੋਂ ਹਰ ਸੰਭਵ ਮਦਦ ਕਰਨ ਦਾ ਵਿਸ਼ਵਾਸ ਦਿਵਾਇਆ।

ਇਸ ਮੌਕੇ ਪਿੰਡ ਵੱਲੋਂ ਮਾਸਟਰ ਸਤਿਨਾਮ ਸਿੰਘ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਰਣਧੀਰ ਵਸ਼ਿਸ਼ਟ, ਪਵਨ ਕਾਂਸਲ, ਡਿੰਪਲ ਮਨਚੰਦਾ, ਜਗਦੀਸ਼ ਮਹਿਲਾਂ, ਗੁਰਜੰਟ ਸਿੰਘ ਕੁਲਾਰਾਂ, ਜੱਸੀ ਮੈਂਬਰ, ਮੁੰਦਰੀ ਮੈਂਬਰ ਅਮਨਦੀਪ ਕੌਰ, ਰਮਨਦੀਪ ਕੌਰ, ਸਰਬਜੀਤ ਕੌਰ ਸਾਬਕਾ ਬਲਾਕ ਸੰਮਤੀ ਚੇਅਰਪਰਸਨ, ਮਨਜੀਤ ਨੰਬਰਦਾਰ, ਬੁੱਧ ਸਿੰਘ, ਸੁਰਜੀਤ ਸਿੰਘ, ਮਾਲਿੰਦਰ ਸਿੰਘ ਤੱਗੜ ਤੇ ਵੱਡੀ ਗਿਣਤੀ ਵਿੱਚ ਨਗਰ ਨਿਵਾਸੀ ਹਾਜ਼ਰ ਸਨ।

ਲੜਕੀਆਂ ਨੂੰ ਸਿਲਾਈ ਮਸ਼ੀਨਾਂ ਦੀ ਵੰਡ ਗੁਰਬਖ਼ਸ਼ ਸਿੰਘ, ਚਮਕੌਰ ਸਿੰਘ, ਪਰਮਿੰਦਰ ਕੁਮਾਰ ਲੌਂਗੋਵਾਲ ਤੇ ਪ੍ਰਿੰਸੀਪਲ ਸੁਖਦਰਸ਼ਨ ਸਿੰਘ ਢਿੱਲੋਂ ਨੇ ਸਾਂਝੇ ਤੌਰ 'ਤੇ ਕੀਤੀ।

# ਤੇਜ਼ਾਬੀ ਹਮਲੇ 'ਚ ਬੁਰੀ ਤਰ੍ਹਾਂ ਝੁਲਸਿਆ ਨੌਜਵਾਨ

## ਪੀੜਤ ਪਰਿਵਾਰ ਨੇ ਪੁਲਸ 'ਤੇ ਲਾਏ ਕਾਰਵਾਈ ਨਾ ਕਰਨ ਦੇ ਇਲਜ਼ਾਮ




ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਜ਼ਿਲ੍ਹਾ ਤਰਨਤਾਰਨ ਅਧੀਨ ਪੈਂਦੇ ਪਿੰਡ ਨਾਰਲੀ ਦੇ 15 ਸਾਲਾ ਨੌਜਵਾਨ ਹਰਪ੍ਰੀਤ ਸਿੰਘ 'ਤੇ 6 ਜਨਵਰੀ ਦੀ ਰਾਤ ਨੂੰ ਤਿੰਨ ਨੌਜਵਾਨਾਂ ਵੱਲੋਂ ਤੇਜ਼ਾਬੀ ਹਮਲਾ ਕਰਨ ਦੀ ਖਬਰ ਸਾਹਮਣੇ ਆਈ ਹੈ। ਵਰਣਨਯੋਗ ਹੈ ਕਿ ਤੇਜ਼ਾਬੀ ਹਮਲੇ 'ਚ ਨੌਜਵਾਨ ਬੁਰੀ ਤਰ੍ਹਾਂ ਝੁਲਸ ਗਿਆ। ਕਥਿਤ ਤੌਰ 'ਤੇ ਚਾਰ ਦਿਨ ਬੀਤ ਜਾਣ ਦੇ ਬਾਵਜੂਦ ਖਾਲੜਾ ਪੁਲਸ ਵੱਲੋਂ ਦੋਸ਼ੀਆਂ ਖਿਲਾਫ ਕੋਈ ਵੀ ਕੇਸ ਦਰਜ ਨਹੀਂ ਕੀਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਿਕੰਦਰ ਸਿੰਘ ਨੇ ਦੱਸਿਆ ਕਿ ਮਿਤੀ 6 ਜਨਵਰੀ ਦੀ ਰਾਤ ਸਮਾਂ ਕਰੀਬ ਅੱਠ ਵਜੇ ਤਿੰਨ ਨੌਜਵਾਨਾਂ ਨੇ ਉਨ੍ਹਾਂ ਦੇ ਘਰ ਦਾ ਦਰਵਾਜ਼ਾ ਖੜਕਾਇਆ। ਸਿਕੰਦਰ ਸਿੰਘ ਨੇ ਦੱਸਿਆ ਕਿ ਜਦੋਂ ਉਸਦੇ ਭਰਾ ਹਰਪ੍ਰੀਤ ਨੇ ਦਰਵਾਜ਼ਾ ਖੋਲ੍ਹਿਆ ਤਾਂ ਉਪਰੋਕਤ ਤਿੰਨੋਂ ਨੌਜਵਾਨਾਂ ਨੇ ਉਸ ਦੇ ਮੂੰਹ 'ਤੇ ਤੇਜ਼ਾਬ ਸੁੱਟ ਦਿੱਤਾ, ਜਿਸ ਨਾਲ ਉਸਦਾ ਭਰਾ ਬੁਰੀ ਤਰ੍ਹਾਂ ਝੁਲਸ ਗਿਆ। ਪੀੜਤ ਦੇ ਭਰਾ ਨੇ ਦੱਸਿਆ ਕਿ ਉਨ੍ਹਾਂ ਨੇ ਬੁਰੀ ਤਰ੍ਹਾਂ ਝੁਲਸ ਚੁੱਕੇ ਹਰਪ੍ਰੀਤ ਸਿੰਘ ਨੂੰ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਅਤੇ ਉਪਰੋਕਤ ਮਾਮਲੇ ਦੀ ਲਿਖਤੀ ਦਰਖਾਸਤ ਥਾਣਾ ਖਾਲੜਾ ਵਿਖੇ ਦਰਜ ਕਰਵਾਈ, ਪ੍ਰੰਤੂ ਖਾਲੜਾ ਪੁਲਸ ਨੇ ਚਾਰ ਦਿਨ ਬੀਤ ਜਾਣ ਦੇ ਬਾਵਜੂਦ ਵੀ ਦੋਸ਼ੀਆਂ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ। ਇਸ ਮੌਕੇ ਪੀੜਤ ਦੀ ਮਾਂ ਬਲਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਦੇ ਨਾਬਾਲਗ ਪੁੱਤਰ ਦੇ ਇਲਾਜ 'ਤੇ ਬਹੁਤ ਪੈਸਾ ਖਰਚਾ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਘਰ ਵਿੱਚ ਆਰਥਿਕ ਤੰਗੀ ਦੇ ਚੱਲਦਿਆਂ ਉਹ ਕਰਜ਼ਾ ਚੁੱਕ ਕੇ ਆਪਣੇ ਪੁੱਤਰ ਦਾ ਇਲਾਜ ਕਰਵਾ ਰਹੇ ਹਨ। ਉਨ੍ਹਾਂ ਕਿਹਾ ਕਿ ਇਨਸਾਫ ਲੈਣ ਲਈ ਉਹ ਤਿੰਨ ਵਾਰ ਥਾਣਾ ਖਾਲੜਾ ਦੇ ਚੱਕਰ ਲਗਾ ਚੁੱਕੇ ਹਨ, ਪ੍ਰੰਤੂ ਪੁਲਸ ਦੋਸ਼ੀਆਂ ਖਿਲਾਫ ਕਾਰਵਾਈ ਨਹੀਂ ਕਰ ਰਹੀ। ਇਸ ਮੌਕੇ ਪੀੜਤ ਹਰਪ੍ਰੀਤ ਸਿੰਘ ਦੇ ਪਰਿਵਾਰ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, ਜ਼ਿਲ੍ਹਾ ਤਰਨਤਾਰਨ ਦੇ ਐੱਸਐੱਸਪੀ ਅਤੇ ਡੀਐੱਸਪੀ ਭਿੱਖੀਵਿੰਡ ਪਾਸੋਂ ਮੰਗ ਕੀਤੀ ਕਿ ਉਨ੍ਹਾਂ ਦੇ ਪੁੱਤਰ 'ਤੇ ਤੇਜ਼ਾਬੀ ਹਮਲਾ ਕਰਨ ਵਾਲੇ ਵਿਅਕਤੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕਰਕੇ ਉਨ੍ਹਾਂ ਨੂੰ ਇਨਸਾਫ ਦਿਵਾਇਆ ਜਾਵੇ। ਉੱਧਰ ਇਸ ਮਾਮਲੇ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਥਾਣਾ ਖਾਲੜਾ ਦੇ ਐੱਸਐੱਚਓ ਚਰਨ ਸਿੰਘ ਨੇ ਕਿਹਾ ਕਿ ਮਾਮਲੇ ਦੀ ਬਾਰੀਕੀ ਨਾਲ ਜਾਂਚ ਕਰਕੇ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਉਰਦੂ ਆਮੋਜ਼ 'ਚ ਦਾਖਲੇ ਦੀ ਆਖਰੀ ਤਰੀਕ 13 ਜਨਵਰੀ

ਗੁਰਦਾਸਪੁਰ, 10 ਜਨਵਰੀ (ਜਨਕ ਮਹਾਜਨ)-ਭਾਸਾ ਵਿਭਾਗ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਭਾਸ਼ਾ ਦਫ਼ਤਰ ਗੁਰਦਾਸਪੁਰ ਵਲੋਂ ਜ਼ਿਲ੍ਹਾ ਪਬਲਿਕ ਲਾਇਬਰੇਰੀ ਗੁਰਦਾਸਪੁਰ ਵਿਖੇ ਮੁਫਤ ਉਰਦੂ ਆਮੋਜ਼ ਦੀ ਕਲਾਸ ਸ਼ੁਰੂ ਕੀਤੀ ਜਾ ਰਹੀ ਹੈ, ਦੀ ਸਿਖਲਾਈ ਦਾ ਸਮਾਂ ਸ਼ਾਮ 5:15 ਵਜੇ ਤੋਂ 6:15 ਵਜੇ ਤੱਕ ਇੱਕ ਘੰਟੇ ਦਾ ਹੋਵੇਗਾ। ਇਸ ਕੋਰਸ ਦੀ ਮਿਆਦ 6 ਮਹੀਨੇ ਹੋਵੇਗੀ।

ਇਸ ਕਲਾਸ ਵਿੱਚ ਸਰਕਾਰੀ ਕਰਮਚਾਰੀ/ਵਿਦਿਆਰਥੀ, ਦੁਕਾਨਦਾਰ ਅਤੇ ਹਰ ਆਮ ਵਿਅਕਤੀ ਜੋ ਵੀ ਉਰਦੂ ਸਿੱਖਣ ਦਾ ਚਾਹਵਾਨ ਹੋਵੇ, ਆਪਣਾ ਬਿਨੈ-ਪੱਤਰ ਦੇ ਕੇ ਮਿਤੀ 13 ਜਨਵਰੀ, 2023 ਤੱਕ ਦਾਖਲਾ ਲੈ ਸਕਦਾ ਹੈ।

ਇਹ ਕਲਾਸ ਜ਼ਿਲ੍ਹਾ ਪਬਲਿਕ ਲਾਇਬਰੇਰੀ ਗੁਰਦਾਸਪੁਰ ਵਿਖੇ ਲਗਾਈ ਜਾਵੇਗੀ। ਵਧੇਰੇ ਜਾਣਕਾਰੀ ਲਈ ਇਸ ਜ਼ਿਲ੍ਹਾ ਪਬਲਿਕ ਲਾਇਬਰੇਰੀ ਜਾਂ ਜ਼ਿਲ੍ਹਾ ਭਾਸ਼ਾ ਦਫਤਰ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।

# ਕਿਸਾਨ-ਮਜ਼ਦੂਰ ਜਥੇਬੰਦੀ ਵੱਲੋਂ ਸਾਰੇ ਵਰਗਾਂ ਨੂੰ ਲੋਕ ਘੋਲ ਵਿੱਢਣ ਦਾ ਸੁਨੇਹਾ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਕਿਸਾਨ-ਮਜ਼ਦੂਰ ਸੰਘਰਸ ਕਮੇਟੀ ਪੰਜਾਬ ਵੱਲੋਂ ਡੀਸੀ ਦਫਤਰ ਤਰਨਤਾਰਨ ਅਤੇ ਟੋਲ ਪਲਾਜ਼ਿਆਂ 'ਤੇ ਚੱਲ ਰਹੇ ਮੋਰਚੇ ਲਗਾਤਾਰ ਜਾਰੀ ਹਨ। ਇਨ੍ਹਾਂ ਮੋਰਚਿਆਂ ਨੂੰ ਸੰਬੋਧਨ ਕਰਦਿਆਂ ਹਰਪ੍ਰੀਤ ਸਿੰਘ ਸਿੱਧਵਾਂ, ਸਤਨਾਮ ਸਿੰਘ ਮਾਣੋਚਾਹਲ, ਹਰਜਿੰਦਰ ਸਿੰਘ ਸਕਰੀ, ਜਰਨੈਲ ਸਿੰਘ ਨੂਰਦੀ ਨੇ ਕਿਹਾ ਕਿ ਕਿਸੇ ਸਮੇਂ ਸੋਨੇ ਦੀ ਚਿੜੀ ਅਖਵਾਉਣ ਵਾਲਾ ਭਾਰਤ ਹਾਕਮਾਂ ਦੀਆਂ ਗਲਤ ਨੀਤੀਆਂ ਅਤੇ 75 ਸਾਲਾਂ ਵਿੱਚ ਕੀਤੀ ਲੁੱਟ ਖਸੁੱਟ ਕਾਰਨ ਬੁਰੀ ਤਰਾਂ ਡਾਵਾਂਡੋਲ ਹੋ ਚੁੱਕਾ ਹੈ। ਅੱਜ ਮੁਲਕ ਦੀ ਅਰਥ ਵਿਵਸਥਾ ਪੂਰੀ ਤਰ੍ਹਾਂ ਡਗਮਗਾ ਚੁੱਕੀ ਹੈ। 1 ਡਾਲਰ ਦੀ ਕੀਮਤ 83 ਰੁਪਏ ਹੋ ਚੁੱਕੀ ਹੈ ਤੇ ਮਹਿੰਗਾਈ ਦਰ ਲਗਾਤਾਰ ਵਧ ਰਹੀ ਹੈ। ਦੇਸ਼ ਵਿੱਚ ਅਮੀਰ ਗਰੀਬ ਵਿਚਲਾ ਪਾੜਾ ਇੰਨਾ ਵਧ ਚੁੱਕਾ ਹੈ ਕੇ 1% ਲੋਕਾਂ ਪਾਸ ਦੇਸ਼ ਦਾ 73% ਧਨ ਇਕੱਠਾ ਹੋ ਚੁੱਕਾ ਹੈ ਤੇ ਦੇਸ਼ ਦੇ ਹਾਕਮਾਂ ਤੇ ਜਨਤਾ ਵਿਚ ਦੂਰੀ ਵਧ ਗਈ ਹੈ। ਜੇਕਰ ਹਾਲਾਤ ਇਸੇ ਤਰ੍ਹਾਂ ਬਣੇ ਰਹੇ ਤਾਂ ਬਹੁਤ ਜਲਦ ਦੇਸ਼ ਬਹੁਤ ਵੱਡੇ ਆਰਥਿਕ ਸੰਕਟ ਵਿਚ ਚਲਿਆ ਜਾਵੇਗਾ। ਕਿਸਾਨ ਆਗੂਆਂ ਨੇ ਪੰਜਾਬ ਭਰ ਦੇ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਬੀਬੀਆਂ, ਦੁਕਾਨਦਾਰਾਂ ਆਦਿ ਸਾਰੇ ਵਰਗਾਂ ਨੂੰ ਧਰਨਿਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦਾ ਸੱਦਾ ਦਿੱਤਾ ਤਾਂ ਜੋ ਲੋਕ ਘੋਲ ਖੜਾ ਕਰਕੇ ਲੁਟੇਰੇ ਰਾਜ ਪ੍ਰਬੰਧ ਨੂੰ ਜੜ੍ਹੋਂ ਪੁੱਟਿਆ ਜਾ ਸਕੇ। ਕਿਸਾਨ ਆਗੂਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਕਾਰਪੋਰੇਟ ਪੱਖੀ ਨਿੱਜੀਕਰਨ ਦੀਆਂ ਨੀਤੀਆਂ ਦੀ ਸਖਤ ਨਿਖੇਧੀ ਕਰਦਿਆਂ ਜ਼ੋਰਦਾਰ ਮੰਗ ਕੀਤੀ ਕਿ ਕਿਸਾਨੀ ਪੱਖੀ ਖੇਤੀ ਨੀਤੀ ਬਣਾਈ ਜਾਵੇ, ਕਿਸਾਨਾਂ ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਖਤਮ ਅਤੇ ਡਾ: ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਕਰਨ, 23 ਫਸਲਾਂ ਦੀ ਖਰੀਦ ਦੀ ਗਾਰੰਟੀ ਦਾ ਕਾਨੂੰਨ ਬਣਾਉਣ, 17.5 (ਸਾਢੇ ਸਤਾਰਾਂ) ਏਕੜ ਹੱਦਬੰਦੀ ਕਾਨੂੰਨ ਲਾਗੂ ਕਰਕੇ ਕਰੋੜਾਂ ਏਕੜ ਸਰਪਲੱਸ ਜ਼ਮੀਨ ਬੇਜ਼ਮੀਨਿਆਂ ਵਿੱਚ ਵੰਡੀ ਜਾਵੇ । ਇਸ ਮੌਕੇ ਸਲਵਿੰਦਰ ਸਿੰਘ ਜੀਉਬਾਲਾ, ਮੁਖਤਾਰ ਸਿੰਘ ਬਾਕੀਪੁਰ, ਧੰਨਾ ਸਿੰਘ ਲਾਲੂਘੁੰਮਣ, ਕੁਲਵਿੰਦਰ ਸਿੰਘ ਕੈਰੋਵਾਲ, ਸਲਵਿੰਦਰ ਸਿੰਘ ਡਾਲੇਕੇ, ਸਰਵਣ ਸਿੰਘ ਵਲੀਪੁਰ, ਲਖਵਿੰਦਰ ਸਿੰਘ ਗੰਡੀਵਿੰਡ, ਤਜਿੰਦਰਪਾਲ ਸਿੰਘ ਰਸੂਲਪੁਰ, ਪਰਮਜੀਤ ਸਿੰਘ ਛੀਨਾ, ਬਲਜਿੰਦਰ ਸਿੰਘ ਸ਼ੇਰੋਂ ਅਤੇ ਫਤਿਹ ਸਿੰਘ ਵਲੰਟੀਅਰ ਆਦਿ ਹਾਜ਼ਰ ਸਨ।

# ਕਤਲ 'ਚ ਲੋੜੀਂਦੇ ਤਿੰਨ ਮੁਲਜ਼ਮ ਕਾਬੂ, ਚਾਰ ਦੀ ਤਲਾਸ਼ ਜਾਰੀ



ਮਜੀਠਾ (ਸੋਇਮ ਆਨੰਦ)-ਮਜੀਠਾ ਹਲਕੇ ਦੇ ਪਿੰਡ ਤਰਗੜ੍ਹ ਰਾਮਪੁਰਾ ਵਿਖੇ ਬੀਤੇ ਦਿਨ ਦੋ ਧਿਰਾਂ ਦੇ ਝਗੜੇ ਵਿਚ ਔਰਤ ਦੇ ਕਤਲ ਵਿਚ ਲੋੜੀਂਦੇ ਤਿੰਨ ਮੁਲਜ਼ਮ ਕਾਬੂ ਕਰਨ ਵਿੱਚ ਮਜੀਠਾ ਪੁਲਸ ਨੂੰ ਵੱਡੀ ਕਾਮਯਾਬੀ ਮਿਲੀ ਹੈ।

ਪਿੰਡ ਤਰਗੜ੍ਹ ਰਾਮਪੁਰਾ ਵਿਖੇ ਦੋ ਧਿਰਾਂ ਦੇ ਝਗੜੇ ਵਿਚ ਇਕ ਔਰਤ ਤਸਵੀਰ ਕੌਰ ਪਤਨੀ ਸੁਰਜੀਤ ਸਿੰਘ ਵਾਸੀ ਪਿੰਡ ਤਾਰਾਗੜ੍ਹ ਰਾਮਪੁਰਾ ਦੀ ਮੌਤ ਹੋਈ ਸੀ ਜਿਸ ਦੇ ਸਬੰਧ ਵਿਚ ਮਜੀਠਾ ਥਾਣਾ ਦੇ ਐੱਸਐੱਚਓ ਸਬ ਇੰਸਪੈਕਟਰ ਮਨਮੀਤ ਸਿੰਘ ਦੀ ਅਗਵਾਈ ਵਾਲੀ ਪੁਲਸ ਟੀਮ ਨੇ ਮੌਕੇ 'ਤੇ ਪਹੁੰਚ ਕੇ ਮਾਮਲੇ ਨੂੰ ਹੱਥਾਂ ਵਿੱਚ ਲੈ ਲਿਆ ਸੀ ਅਤੇ ਮਾਮਲੇ ਵਿੱਚ ਸ਼ਾਮਲ ਵਿਅਕਤੀਆਂ ਦੀ ਤਲਾਸ਼ ਵਿੱਚ ਨਾਕਾਬੰਦੀ ਕਰ ਲਈ ਅਤੇ ਇਸ ਕਤਲ ਵਿੱਚ ਸ਼ਾਮਲ 7 ਵਿਅਕਤੀਆਂ ਦੇ ਖਿਲਾਫ ਮਿਤ੍ਰਕ ਦੇ ਪਤੀ ਸੁਰਜੀਤ ਸਿੰਘ ਪੁੱਤਰ ਅਮਰ ਸਿੰਘ ਦੇ ਬਿਆਨ ਦੇ ਆਧਾਰ 'ਤੇ ਮੁਕੱਦਮਾ ਦਰਜ ਕਰ ਲਿਆ ਗਿਆ ਸੀ।

ਮਾਮਲੇ ਸੰਬੰਧੀ ਮੁਆਵਜ਼ੇ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸਐੱਚਓ ਸਬ ਇੰਸਪੈਕਟਰ ਮਨਮੀਤ ਪਾਲ ਸਿੰਘ ਨੇ ਦੱਸਿਆ ਕਿ ਕਤਲ ਤੋਂ ਥੋੜ੍ਹੀ ਦੇਰ ਬਾਅਦ ਹੀ ਪੁਲਸ ਵੱਲੋਂ ਨਾਕਾਬੰਦੀ ਕਰਕੇ ਮਾਮਲੇ ਵਿੱਚ ਸ਼ਾਮਲ ਤਿੰਨ ਵਿਅਕਤੀਆਂ ਬਿਕਰਮਜੀਤ ਸਿੰਘ, ਨਿਰਮਲ ਸਿੰਘ ਅਤੇ ਸੰਦੀਪ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਹੈ।

ਇਨ੍ਹਾਂ ਨੂੰ ਮਾਣਯੋਗ ਅਦਾਲਤ ਵਿਚ ਪੇਸ਼ ਕੀਤਾ ਗਿਆ ਜਿਥੇ ਮਾਣਯੋਗ ਜੱਜ ਸਾਹਿਬ ਨੇ ਇਨ੍ਹਾਂ ਤਿੰਨਾਂ ਨੂੰ ਜੁਡੀਸ਼ੀਅਲ ਰਿਮਾਂਡ 'ਤੇ ਭੇਜ ਦਿੱਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਬਾਕੀ ਚਾਰ ਵਿਅਕਤੀਆਂ ਦੀ ਤਲਾਸ਼ ਵਿੱਚ ਛਾਪੇਮਾਰੀ ਕੀਤੀ ਜਾ ਰਹੀ ਹੈ। ਬਹੁਤ ਜਲਦੀ ਇਹ ਵੀ ਪੁਲਸ ਦੀ ਗ੍ਰਿਫਤ ਵਿੱਚ ਹੋਣਗੇ।

# ਬੰਦੀ ਸਿੰਘਾਂ ਦੀ ਰਿਹਾਈ ਲਈ ਲੱਗੇ ਮੋਰਚੇ ਨੂੰ ਦਿੱਲੀ ਸਿੱਖ ਗੁ. ਪ੍ਰਬੰਧਕ ਕਮੇਟੀ ਵੱਲੋਂ ਪੂਰਨ ਹਮਾਇਤ ਦਾ ਐਲਾਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਚੰਡੀਗੜ੍ਹ ਵਿਖੇ ਬੰਦੀ ਸਿੱਖਾਂ ਦੀ ਰਿਹਾਈਆਂ, ਬਰਗਾੜੀ ਤੇ ਬੇਅਦਬੀ, ਬਹਿਬਲ ਕਲਾਂ ਗੋਲੀ ਕਾਂਡ ਦੇ ਇਨਸਾਫ ਲਈ ਅਤੇ ਦੋਸ਼ੀਆਂ ਨੂੰ ਸਜ਼ਾਵਾਂ ਦਵਾਉਣ ਲਈ ਲੱਗੇ ਮੋਰਚੇ ਦੀ ਸਮੇਂ ਸਮੇਂ ਸਿਰ ਪੰਥਕ ਹਿੱਤਾਂ ਦੀ ਪਹਿਰੇਦਾਰੀ ਕਰਨ ਅਤੇ ਮੋਹਰੀ ਰੋਲ ਅਦਾ ਕਰਨ ਵਾਲੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਪੂਰਨ ਹਮਾਇਤ ਦਾ ਐਲਾਨ ਕੀਤਾ ਹੈ। ਉਕਤ ਫੈਸਲੇ ਸੰਬੰਧੀ ਦਿੱਲੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਜਾਰੀ ਪ੍ਰੈੱਸ ਬਿਆਨ ਕਰਦਿਆਂ ਭੋਮਾ ਨੇ ਕਿਹਾ ਕਿ ਜੇਲਾਂ 'ਚ ਬੰਦੀ ਸਿੱਖ ਕੈਦੀਆਂ ਜੋ ਆਪਣੀਆਂ ਸਜ਼ਾਵਾਂ ਪੂਰੀ ਕਰਨ ਦੇ ਬਾਵਜੂਦ ਅਜੇ ਤੱਕ ਰਿਹਾਅ ਨਹੀ ਕੀਤੇ ਜਾ ਰਹੇ। ਪਿਛਲੇ ਦੋ ਦਹਾਕਿਆਂ ਦੌਰਾਨ ਸਿੱਖ ਸਫਾਂ ਵਿੱਚ ਬੰਦੀ ਸਿੰਘਾਂ ਵਿੱਚੋਂ, ਜਿਨ੍ਹਾਂ ਨੇ ਆਪਣੀ ਬਣਦੀ ਆਪਣੀ ਵੱਧ ਤੋਂ ਵੱਧ ਮਿਆਦੀ ਸਜ਼ਾ ਪੂਰੀ ਕਰ ਲਈ ਹੈ ਪਰ ਸਰਕਾਰਾਂ ਬੰਦੀ ਸਿੱਖਾਂ ਦੀ ਰਿਹਾਈ ਨਹੀਂ ਕਰ ਰਹੀ। ਇਹ ਸਿੱਖ ਕੌਮ ਨਾਲ ਸਰਾਸਰ ਸਿਰੇ ਦਾ ਧੱਕਾ ਕੀਤਾ ਹੈ। ਸ ਭੋਮਾ ਨੇ ਦੱਸਿਆ ਕਿ ਉਕਤ ਬੰਦੀ ਸਿੰਘਾਂ ਤੋਂ ਇਲਾਵਾ ਹੋਰ ਵੀ ਕਈ ਸਿੱਖ ਜੇਲਾਂ ਚ ਹਨ। ਇਸ ਮੌਕੇ ਹਰਮੀਤ ਸਿੰਘ ਕਾਲਕਾ, ਜਗਦੀਪ ਸਿੰਘ ਕਾਹਲੋਂ ਅਤੇ ਮਨਜੀਤ ਸਿੰਘ ਭੋਮਾ ਨੇ ਸਮੂੰਹ ਪੰਥ ਦਰਦੀਆਂ ਅਤੇ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਉਕਤ ਲੱਗੇ ਮੋਰਚੇ ਵਿੱਚ ਵੱਧ ਤੋਂ ਵੱਧ ਪਹੁੰਚ ਕੇ ਮੋਰਚੇ ਨੂੰ ਸਫਲ ਕੀਤਾ ਜਾਵੇ।

# 'ਵਿਰਸਾ ਉਤਸਵ' ਮੌਸਮ ਦੀ ਖਰਾਬੀ ਕਾਰਨ ਮੁਲਤਵੀ

ਗੁਰਦਾਸਪੁਰ (ਜਨਕ ਮਹਾਜਨ)-ਜ਼ਿਲ੍ਹਾ ਹੈਰੀਟੇਜ ਸੁਸਾਇਟੀ ਗੁਰਦਾਸਪੁਰ ਵੱਲੋਂ ਮਿਤੀ 12 ਜਨਵਰੀ ਨੂੰ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਸਟੇਡੀਅਮ, ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਕਰਾਇਆ ਜਾਣ ਵਾਲਾ 'ਵਿਰਸਾ ਉਤਸਵ' ਧੁੰਦ ਤੇ ਸਰਦੀ ਦੇ ਮੌਸਮ ਕਰਕੇ ਕੁਝ ਸਮੇਂ ਲਈ ਮੁਲਤਵੀ ਕਰ ਦਿੱਤਾ ਗਿਆ ਹੈ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਹੈ ਕਿ ਲੋਹੜੀ ਦੇ ਤਿਉਹਾਰ ਤੋਂ ਬਾਅਦ 'ਵਿਰਸਾ ਉਤਸਵ' ਦੀ ਨਵੀਂ ਤਰੀਕ ਤਹਿ ਕੀਤੀ ਜਾਵੇਗੀ।

# ਮਾਨ ਸਰਕਾਰ ਡੇਅਰੀ ਕਿੱਤੇ ਨੂੰ ਉਤਸ਼ਾਹਿਤ ਕਰਨ ਲਈ ਦੇ ਰਹੀ ਹੈ ਵਿੱਤੀ ਸਹਾਇਤਾ: ਐਡਵੋਕੇਟ ਅਮਰਪਾਲ



ਗੁਰਦਾਸਪੁਰ, (ਜਨਕ ਮਹਾਜਨ)-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਨੌਜਵਾਨਾਂ ਲਈ ਸਵੈ-ਰੋਜ਼ਗਾਰ ਦੇ ਮੌਕੇ ਪੈਦਾ ਕਰਨ ਲਈ ਵਚਨਬੱਧ ਹੈ। ਮਾਨ ਸਰਕਾਰ ਵੱਲੋਂ ਡੇਅਰੀ ਕਿੱਤੇ ਨੂੰ ਉਤਸ਼ਾਹਿਤ ਕਰਨ ਲਈ ਗੁਣਵੱਤਾ ਭਰਪੂਰ ਦੁੱਧ ਉਤਪਾਦਨ ਲਈ ਸਿਖਲਾਈ ਦੇਣ ਸਣੇ ਡੇਅਰੀ ਕਿੱਤਾ ਸ਼ੁਰੂ ਕਰਨ ਹਿੱਤ ਵਿੱਤੀ ਸਹਾਇਤਾ ਸਕੀਮਾਂ ਚਲਾਈਆਂ ਜਾ ਰਹੀਆਂ ਹਨ, ਜਿਨਾਂ ਵਿੱਚ 50 ਫ਼ੀਸਦੀ ਤੱਕ ਸਬਸਿਡੀ ਦਿੱਤੀ ਜਾ ਰਹੀ ਹੈ।

ਇਹ ਜਾਣਕਾਰੀ ਦਿੰਦਿਆਂ ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਦੱਸਿਆ ਕਿ ਸੂਬਾ ਸਰਕਾਰ ਵਲੋਂ ਨਵਾਂ ਡੇਅਰੀ ਯੂਨਿਟ ਸਥਾਪਤ ਕਰਨ ਲਈ 2 ਤੋਂ 20 ਦੁਧਾਰੂ ਪਸ਼ੂਆਂ ਦੀ ਖ਼ਰੀਦ ਵਾਸਤੇ ਜਨਰਲ ਵਰਗ ਨੂੰ 17,500 ਰੁਪਏ ਪ੍ਰਤੀ ਪਸ਼ੂ ਅਤੇ ਅਨੁਸੂਚਿਤ ਜਾਤੀ ਦੇ ਲਾਭਪਾਤਰੀ ਨੂੰ 23,100 ਰੁਪਏ ਪ੍ਰਤੀ ਪਸ਼ੂ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ।

ਇਸੇ ਤਰ੍ਹਾਂ ਦੁੱਧ ਉਤਪਾਦਕਾਂ ਨੂੰ ਸਾਫ਼ ਦੁੱਧ ਪੈਦਾ ਕਰਨ ਲਈ ਉਤਸ਼ਾਹਿਤ ਕਰਨ ਵਾਸਤੇ ਡਬਲ ਟੀਟ ਕੱਪ ਮਿਲਕਿੰਗ ਮਸ਼ੀਨ 'ਤੇ 50% (ਵੱਧ ਤੋਂ ਵੱਧ 24,366 ਰੁਪਏ) ਸਬਸਿਡੀ ਦਿੱਤੀ ਜਾ ਰਹੀ ਹੈ। ਵਿਧਾਇਕ ਅਮਰਪਾਲ ਸਿੰਘ ਨੇ ਕਿਹਾ ਕਿ ਡੇਅਰੀ ਕਿੱਤੇ ਨੂੰ ਕਾਮਯਾਬ ਕਰਨ ਲਈ ਪਸ਼ੂ-ਧਨ ਪ੍ਰਬੰਧਨ, ਖ਼ੁਰਾਕ, ਸਿਹਤ ਸਹੂਲਤਾਂ, ਬਿਹਤਰ ਮੰਡੀਕਰਨ ਅਤੇ ਸੂਚਨਾ ਤਕਨਾਲੌਜੀ ਦੀ ਵਰਤੋਂ ਅਹਿਮ ਪਹਿਲੂ ਹਨ, ਜਿਨਾਂ ਬਾਰੇ ਨੌਜਵਾਨਾਂ ਨੂੰ ਜਾਣੂ ਕਰਵਾਉਣ ਲਈ ਸੂਬੇ ਵਿੱਚ 9 ਸਿਖਲਾਈ ਕੇਂਦਰਾਂ ਰਾਹੀਂ ਦੋ ਹਫ਼ਤੇ ਦਾ ਡੇਅਰੀ ਸਿਖਲਾਈ ਪ੍ਰੋਗਰਾਮ ਕਰਵਾਇਆ ਜਾਂਦਾ ਹੈ ਤਾਂ ਜੋ ਇਸ ਕੋਰਸ ਉਪਰੰਤ ਨੌਜਵਾਨ ਆਪਣੇ ਘਰਾਂ ਤੋਂ ਹੀ ਸਵੈ-ਰੋਜ਼ਗਾਰ ਸ਼ੁਰੂ ਕਰ ਸਕਣ।

ਉਨਾਂ ਦੱਸਿਆ ਕਿ ਇਨਾਂ ਕੇਂਦਰਾਂ ਵਿੱਚ ਹਰ ਸਾਲ ਲਗਭਗ 6,000 ਨੌਜਵਾਨਾਂ ਨੂੰ ਸਿਖਲਾਈ ਦਿੱਤੀ ਜਾਂਦੀ ਹੈ। ਇਸ ਤੋਂ ਇਲਾਵਾ 4 ਹਫ਼ਤੇ ਦਾ ਡੇਅਰੀ ਉੱਦਮ ਸਿਖਲਾਈ ਪ੍ਰੋਗਰਾਮ ਵੀ ਚਲਾਇਆ ਜਾਂਦਾ ਹੈ ਜਿਸ ਵਿੱਚ ਮੌਜੂਦਾ ਦੁੱਧ ਉਤਪਾਦਕਾਂ ਨੂੰ ਵਿਗਿਆਨਕ ਤਰੀਕੇ ਨਾਲ ਡੇਅਰੀ ਦਾ ਕਿੱਤਾ ਅਪਨਾਉਣ ਲਈ ਐਡਵਾਂਸ ਸਿਖਲਾਈ ਦਿੱਤੀ ਜਾਂਦੀ ਹੈ।

ਹਰ ਸਾਲ 1000 ਸਿਖਿਆਰਥੀਆਂ ਨੂੰ ਐਡਵਾਂਸ ਸਿਖਲਾਈ ਦਿੱਤੀ ਜਾਂਦੀ ਹੈ। ਉਨ੍ਹਾਂ ਨੇ ਦੁੱਧ ਉਤਪਾਦਕਾਂ/ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਸਿਖਲਾਈ ਪ੍ਰਾਪਤ ਕਰਨ ਲਈ ਜਾਂ ਇਨਾਂ ਵਿੱਤੀ ਸਹਾਇਤਾ ਸਕੀਮਾਂ ਦਾ ਲਾਭ ਲੈਣ ਲਈ ਆਪਣੇ ਨੇੜਲੇ ਡਿਪਟੀ ਡਾਇਰੈਕਟਰ ਡੇਅਰੀ ਦਫ਼ਤਰ ਜਾਂ ਇੰਚਾਰਜ ਸਿਖਲਾਈ ਕੇਂਦਰ ਨਾਲ ਸੰਪਰਕ ਕਰ ਸਕਦੇ ਹਨ। ਇਸ ਤੋਂ ਇਲਾਵਾ ਡੇਅਰੀ ਵਿਕਾਸ ਵਿਭਾਗ ਦੇ ਹੈਲਪਲਾਈਨ ਨੰਬਰ 0172-5027285 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

# ਤੰਬਾਕੂ ਕੈਂਸਰ ਵਰਗੀਆਂ ਜਾਨਲੇਵਾ ਬਿਮਾਰੀਆਂ ਦੀ ਜੜ੍ਹ : ਡਾ. ਸੁਖਦੀਪ ਸਿੰਘ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਤੰਬਾਕੂ ਦਾ ਸੇਵਨ ਕੈਂਸਰ ਵਰਗੀਆਂ ਜਾਨਲੇਵਾ ਬਿਮਾਰੀਆਂ ਦੀ ਜੜ੍ਹ ਹੈ ਇਸ ਲਈ ਤੰਬਾਕੂ ਸੇਵਨ ਤੋਂ ਹਰ ਕਿਸੇ ਨੂੰ ਪਰਹੇਜ਼ ਕਰਨਾ ਚਾਹੀਦਾ ਹੈ। ਤੰਬਾਕੂ ਵਿੱਚ ਪੰਜਾਹ ਤੋਂ ਵੱਧ ਹਾਨੀਕਾਰਕ ਰਸਾਇਣ ਹੁੰਦੇ ਹਨ, ਜਿਸ ਨਾਲ ਕਈ ਤਰਾਂ ਦੀਆਂ ਬਿਮਾਰੀਆਂ ਜਿਵੇਂ ਕਿ ਮੂੰਹ ਦਾ ਕੈਂਸਰ, ਬੁੱਲ੍ਹਾਂ ਦਾ ਕੈਂਸਰ, ਫੇਫੜਿਆਂ ਦਾ ਕੈਂਸਰ ਅਤੇ ਮੁਸਾਨੇ ਦਾ ਕੈਂਸਰ ਅਤੇ ਸਾਹ ਦੀਆਂ ਬਿਮਾਰੀਆਂ ਜੋ ਜਾਂਦੀਆਂ ਹਨ। ਇਹ ਜਾਣਕਾਰੀ ਸਰਕਾਰੀ ਹਸਪਤਾਲ ਕਲਾਨੌਰ ਅਤੇ ਸਿਵਲ ਹਸਪਤਾਲ ਬਟਾਲਾ ਵਿਖੇ ਤਾਇਨਾਤ ਮੈਡੀਸਨ ਦੇ ਮਾਹਿਰ ਡਾ. ਸੁਖਦੀਪ ਸਿੰਘ ਭਾਗੋਵਾਲ ਨੇ ਜਨਤਾ ਨੂੰ ਤੰਬਾਕੂ ਦੇ ਸੇਵਨ ਤੋਂ ਬਚਣ ਦੀ ਅਪੀਲ ਕਰਦਿਆਂ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਤੰਬਾਕੂ ਅਤੇ ਬੀੜੀਆਂ ਨਾਲ ਜੋ ਧੂੰਆਂ ਫੈਲਦਾ ਹੈ, ਉਹ ਸੇਵਨ ਕਰਨ ਵਾਲੇ ਦੇ ਨਾਲ ਉਸਦੇ ਨੇੜੇ ਬੈਠੇ ਦੂਜੇ ਵਿਅਕਤੀਆਂ ਉਪਰ ਵੀ ਮਾੜਾ ਅਸਰ ਕਰਦਾ ਹੈ। ਉਨ੍ਹਾਂ ਕਿਹਾ ਕਿ ਤੰਬਾਕੂ ਦੀ ਆਦਤ ਜਾਨਲੇਵਾ ਹੈ। ਇਸ ਤੋਂ ਬਚਣਾ ਚਾਹੀਦਾ ਹੈ। ਡਾ. ਸੁਖਦੀਪ ਸਿੰਘ ਭਾਗੋਵਾਲ ਨੇ ਕਿਹਾ ਕਿ ਸਰਕਾਰੀ ਤੌਰ 'ਤੇ ਜਨਤਕ ਥਾਵਾਂ 'ਤੇ ਤੰਬਾਕੂ ਸੇਵਨ ਕਰਨ ਦੀ ਮਨਾਹੀ ਹੈ ਅਤੇ ਇਸਦੇ ਨਾਲ ਹੀ ਵਿਦਿਅਕ ਸੰਸਥਾਵਾਂ ਦੇ 100 ਮੀਟਰ ਦੇ ਘੇਰੇ ਵਿਚ ਤੰਬਾਕੂ ਵੇਚਣਾ ਅਤੇ ਸੇਵਨ ਕਰਨਾ ਕਾਨੂੰਨੀ ਅਪਰਾਧ ਹੈ। ਉਨ੍ਹਾਂ ਕਿਹਾ ਕਿ ਕਾਨੂੰਨ ਤਹਿਤ ਤੰਬਾਕੂ ਵੇਚਣ ਵਾਲੇ ਨੂੰ 7 ਸਾਲ ਦੀ ਕੈਦ ਅਤੇ ਇੱਕ ਲੱਖ ਦਾ ਜੁਰਮਾਨਾ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਗੁਟਖਾ, ਪਾਨ ਮਸਾਲਾ, ਸੁਆਦ ਵਾਲਾ ਤੰਬਾਕੂ ਜਾਂ ਕੋਈ ਵੀ ਖਾਣ ਵਾਲਾ ਪਦਾਰਥ ਜਿਸ ਵਿਚ ਨਿਕੋਟੀਨ ਹੋਵੇ ਦੇ ਵੇਚਣ ਉੱਪਰ ਪੂਰਨ ਪਾਬੰਦੀ ਹੈ। ਡਾ. ਭਾਗੋਵਾਲ ਨੇ ਕਿਹਾ ਤੰਬਾਕੂ ਸੇਵਨ ਨਾਲ ਜਿਥੇ ਪੈਸੇ ਦੀ ਬਰਬਾਦੀ ਹੁੰਦੀ ਹੈ ਉਥੇ ਇਹ ਸਿਹਤ ਲਈ ਵੀ ਬਹੁਤ ਹਾਨੀਕਾਰਕ ਹੈ ਅਤੇ ਇਸ ਨਾਲ ਕੈਂਸਰ ਵਰਗੀਆਂ ਭੈੜੀਆਂ ਬਿਮਾਰੀਆਂ ਲਗਦੀਆਂ ਹਨ। ਤੰਬਾਕੂ ਨਾਲ ਹੋਈਆਂ ਬਿਮਾਰੀਆਂ ਦੇ ਇਲਾਜ ਉੱਪਰ ਪੈਸਾ ਵੱਖਰਾ ਖਰਚ ਹੁੰਦਾ ਹੈ।

ਉਨ੍ਹਾਂ ਦੱਸਿਆ ਕਿ ਇਲਾਜ ਨਾਲ ਤੰਬਾਕੂ ਸੇਵਨ ਦੀ ਆਦਤ ਨੂੰ ਛੱਡਿਆ ਜਾ ਸਕਦਾ ਹੈ ਅਤੇ ਸਰਕਾਰੀ ਹਸਪਤਾਲਾਂ ਵਿਖੇ ਇਸਦੇ ਇਲਾਜ ਦੀ ਸਹੂਲਤ ਉਪਲੱਬਧ ਹੈ। ਉਨ੍ਹਾਂ ਕਿਹਾ ਕਿ ਤੰਬਾਕੂ ਪੀਣ ਵਾਲੇ ਵਿਅਕਤੀਆਂ ਨੂੰ ਇਸ ਆਦਤ ਦਾ ਤਿਆਗ ਕਰਨਾ ਚਾਹੀਦਾ ਹੈ ਅਤੇ ਉਹ ਇਸਦੇ ਇਲਾਜ ਲਈ ਸਰਕਾਰੀ ਹਸਪਤਾਲ ਵਿੱਚ ਪਹੁੰਚ ਕਰ ਸਕਦੇ ਹਨ।

# ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਅੱਜ ਘੇਰੇਗੀ ਪ੍ਰਦੂਸ਼ਣ ਕੰਟਰੋਲ ਬੋਰਡ ਦਾ ਦਫਤਰ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਦੀ ਕੋਰ ਕਮੇਟੀ ਦੀ ਮੀਟਿੰਗ ਇਥੋਂ ਨਜ਼ਦੀਕ ਬਟਾਲਾ-ਕਾਹਨੂੰਵਾਨ ਰੋਡ ਉਪਰ ਅੱਡਾ ਡੇਹਰੀਵਾਲ ਦਰੋਗਾ ਨੇੜੇ ਸਥਿਤ ਗੁਰਦੁਆਰਾ ਬੋਹੜੀ ਸਾਹਿਬ ਵਿਖੇ ਜ਼ਿਲ੍ਹਾ ਪ੍ਰਧਾਨ ਪ੍ਰਧਾਨ ਹਰਦੀਪ ਸਿੰਘ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਸਵਿੰਦਰ ਸਿੰਘ ਚੁਤਾਲਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੀ ਕਾਰਵਾਈ ਸਠਿਆਲੀ ਪੁੱਠ ਜ਼ੋਨ ਦੇ ਪ੍ਰੈੱਸ ਸਕੱਤਰ ਹਰਚਰਨ ਸਿੰਘ ਧਾਰੀਵਾਲ ਕਲਾਂ, ਸਤਨਾਮ ਸਿੰਘ ਖਾਨਮੱਲਕ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਗੋਪੀ ਨਾਨੋਵਾਲ ਨੇ ਸਾਂਝੇ ਤੌਰ 'ਤੇ ਪ੍ਰੈੱਸ ਜਾਰੀ ਕਰਦਿਆਂ ਦੱਸਿਆ ਕਿ ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸਵਿੰਦਰ ਸਿੰਘ ਚੁਤਾਲਾ ਵਲੋਂ ਮੀਟਿੰਗ ਦੌਰਾਨ ਪਿਛਲੇ 52 ਦਿਨਾਂ ਤੋਂ ਡੀ ਸੀ ਦਫਤਰ ਅਤੇ 15 ਦਸੰਬਰ ਤੋਂ ਜ਼ਿਲ੍ਹਾ ਗੁਰਦਾਸਪੁਰ ਅਤੇ ਹੁਸ਼ਿਆਰਪੁਰ ਦੇ ਟੋਲ ਪਲਾਜ਼ਿਆਂ ਤੇ ਚੱਲ ਰਹੇ ਧਰਨਿਆਂ ਦੀਆਂ ਰਿਪੋਰਟਾਂ ਲਈਆਂ ਗਈਆਂ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਸੀਨੀਅਰ ਮੀਤ ਪ੍ਰਧਾਨ ਸਵਿੰਦਰ ਸਿੰਘ ਚੁਤਾਲਾ ਨੇ ਦੱਸਿਆ ਕਿ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਆਉਣ ਵਾਲੇ ਦਿਨਾਂ ਵਿੱਚ ਚੱਲ ਰਹੇ ਸੰਘਰਸ਼ਾਂ ਦੀ ਰੂਪਰੇਖਾ ਨੂੰ ਬਦਲ ਕੇ ਸੂਬਾ ਪੱਧਰੀ ਸੰਘਰਸ਼ ਬਣਾਉਣ ਦਾ ਫੈਸਲਾ ਕੀਤਾ ਤੇ ਧਰਨਿਆਂ ਦਾ ਐਲਾਨ ਕਰ ਦਿੱਤਾ ਹੈ। ਉਨ੍ਹਾਂ ਦੱਸਿਆ 11 ਜਨਵਰੀ ਨੂੰ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਦਫਤਰ ਦਾ ਘਿਰਾਓ, 26 ਜਨਵਰੀ ਨੂੰ ਜ਼ਿਲ੍ਹਾ ਹੈੱਡਕੁਆਰਟਰਾਂ ਤੇ ਫਤਿਹ ਦਿਵਸ ਮੌਕੇ ਵੱਡੇ ਇਕੱਠ ਕਰਕੇ ਮਨਾਉਣ, ਜ਼ਿਲ੍ਹਾ ਗੁਰਦਾਸਪੁਰ ਵਿੱਚ 29 ਜਨਵਰੀ ਤੋਂ ਨੈਸ਼ਨਲ ਹਾਈਵੇ ਅਤੇ ਗੰਨਾ ਮਿੱਲਾਂ ਦੀਆਂ ਧੱਕੇਸ਼ਾਹੀਆ ਵਿਰੁੱਧ ਅਣਮਿੱਥੇ ਸਮੇਂ ਦਾ ਰੇਲ ਰੋਕੂ ਅੰਦੋਲਨ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਕਮੇਟੀ ਵਲੋਂ ਸਰਬਸੰਮਤੀ ਦੇ ਨਾਲ ਹਰਵਿੰਦਰ ਸਿੰਘ ਮਸਾਣੀਆਂ ਨੂੰ ਕਾਰਜਕਾਰੀ ਜ਼ਿਲ੍ਹਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ। ਇਸ ਮੌਕੇ ਲਖਵਿੰਦਰ ਸਿੰਘ ਵਿਆਮਨੰਗਲ, ਪ੍ਰਧਾਨ ਹਰਭਜਨ ਸਿੰਘ ਵੈਰੋਨੰਗਲ, ਜ਼ਿਲ੍ਹਾ ਮੀਤ ਪ੍ਰਧਾਨ ਹਰਜੀਤ ਸਿੰਘ ਲੀਲ ਕਲਾਂ, ਪ੍ਰਧਾਨ ਸਤਨਾਮ ਸਿੰਘ ਮਧਰਾ, ਪ੍ਰਧਾਨ ਗੁਰਜੀਤ ਸਿੰਘ ਬੱਲੜਵਾਲ, ਪ੍ਰਧਾਨ ਸੁਖਵਿੰਦਰ ਸਿੰਘ ਪ੍ਰਧਾਨ, ਗੁਰਮੁੱਖ ਸਿੰਘ ਖਾਨਮੱਲਕ, ਪ੍ਰਧਾਨ ਪਰਮਿੰਦਰ ਸਿੰਘ ਚੀਮਾਂ, ਪ੍ਰਧਾਨ ਸੋਹਣ ਸਿੰਘ ਗਿੱਲ, ਕੈਪਟਨ ਸਮਿੰਦਰ ਸਿੰਘ, ਹਰਦੀਪ ਸਿੰਘ ਮਹਿਤਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਝਿਰਮਲ ਸਿੰਘ ਬੱਜੂਮਾਨ, ਜੋਗਾ ਸਿੰਘ, ਬਾਬਾ ਸੁਖਦੇਵ ਸਿੰਘ ਨੱਤ, ਅਨੂਪ ਸਿੰਘ ਬਲੱਗਣ, ਰਣਬੀਰ ਸਿੰਘ ਡੁੱਗਰੀ, ਬਾਬਾ ਕਰਨੈਲ ਸਿੰਘ, ਬਲਦੇਵ ਸਿੰਘ ਪੰਡੋਰੀ, ਸੁਖਵਿੰਦਰ ਸਿੰਘ ਦਾਖਲਾ, ਜਤਿੰਦਰ ਸਿੰਘ ਵਰਿਆਂ, ਪ੍ਰਧਾਨ ਸੁਖਜਿੰਦਰ ਸਿੰਘ ਗੋਹਤ ਪੋਕਰ, ਡਾਕਟਰ ਦਲਜੀਤ ਸਿੰਘ, ਵੱਸਣ ਸਿੰਘ ਆਦਿ ਆਗੂ ਹਾਜ਼ਰ ਸਨ।

# ਇੰਜ. ਕਮਲ ਕੁਮਾਰ ਨੇ ਬਤੌਰ ਐੱਸ ਡੀ ਓ ਚਾਰਜ ਸੰਭਾਲਿਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਬ-ਡਵੀਜ਼ਨ ਪਾਵਰਕਾਮ ਡੇਰਾ ਬਾਬਾ ਨਾਨਕ ਵਿਖੇ ਤਾਇਨਾਤ ਇੰਜ. ਜਸਵਿੰਦਰ ਸਿੰਘ ਦੀ ਬਦਲੀ ਹੋਣ ਉਪਰੰਤ ਇੰਜ. ਕਮਲ ਕੁਮਾਰ ਨੇ ਅੱਜ ਬਤੌਰ ਐਸਡੀਓ ਪਾਵਰਕਾਮ ਡੇਰਾ ਬਾਬਾ ਨਾਨਕ ਦਾ ਚਾਰਜ ਸੰਭਾਲ ਲਿਆ ਹੈ। ਜਸਵਿੰਦਰ ਸਿੰਘ ਇਸ ਤੋਂ ਪਹਿਲਾਂ ਸਬ-ਡਵੀਜ਼ਨ ਬਟਾਲਾ ਵਿਖੇ ਬਤੌਰ ਐੱਸਡੀਓ ਸੇਵਾ ਨਿਭਾ ਰਹੇ ਸਨ। ਪਾਵਰਕਾਮ ਦਫਤਰ ਡੇਰਾ ਬਾਬਾ ਨਾਨਕ ਵਿਖੇ ਪਹੁੰਚਣ 'ਤੇ ਸਮੂਹ ਕਰਮਚਾਰੀਆਂ ਵੱਲੋਂ ਐੱਸਡੀਓ ਕਮਲ ਕੁਮਾਰ ਨੂੰ ਫੁੱਲਾਂ ਦੇ ਬੁੱਕੇ ਭੇਟ ਕਰਕੇ ਜੀ ਆਇਆਂ ਆਖਦਿਆਂ ਨਿੱਘਾ ਸਵਾਗਤ ਕੀਤਾ ਗਿਆ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਖਪਤਕਾਰਾਂ ਨੂੰ ਬਿਜਲੀ ਸਬੰਧੀ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਉਹ ਸਿੱਧੇ ਮੇਰੇ ਦਫਤਰ ਆ ਕੇ ਮੈਨੂੰ ਮਿਲ ਕੇ ਆਪਣੀ ਸਮੱਸਿਆ ਦੱਸ ਸਕਦੇ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਖਪਤਕਾਰ ਨੂੰ ਹੁਣ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ ਤੇ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਦੀ ਸਪਲਾਈ ਮੁਹੱਈਆਂ ਕਰਵਾਈ ਜਾਵੇਗੀ। ਇਸ ਮੌਕੇ ਜੇਈ ਬਲਵਿੰਦਰ ਸਿੰਘ, ਸੀਸੀ ਜਰਨੈਲ ਸਿੰਘ ਠੇਠਰਕੇ, ਜੇਈ ਬਲਦੇਵ ਰਾਜ, ਜੇਈ ਹਰਜੀਤ ਸਿੰਘ ਜੋਸ਼, ਜੇਈ ਰਜਿੰਦਰ ਸਿੰਘ, ਜੇਈ ਚੰਦਰਮੋਹਨ ਮਹਾਜਨ, ਜੇਈ ਹੀਰਾ ਲਾਲ, ਜੇਈ ਰਜਿੰਦਰ ਸਿੰਘ, ਜੇਈ ਰਜਵੰਤ ਸਿੰਘ, ਕੈਸ਼ੀਅਰ ਮਨਜੀਤ ਸਿੰਘ, ਐੱਲਡੀਸੀ ਜਗਦੀਸ਼ ਪਾਲ, ਐੱਲਡੀਸੀ ਨਿਸ਼ਾਨ ਸਿੰਘ, ਲਾਈਨਮੈਨ ਜਸਪਾਲ, ਐੱਲਡੀਸੀ ਕਰੁਨਦੀਪ ਸਿੰਘ, ਲਾਈਨਮੈਨ ਗੁਰਬਿੰਦਰਜੀਤ ਸਿੰਘ, ਐੱਲਡੀਸੀ ਮਹਾਬੀਰ ਸਿੰਘ ਤੋਂ ਇਲਾਵਾ ਵਿਭਾਗ ਦੇ ਹੋਰ ਸਾਥੀ ਕਰਮਚਾਰੀ ਵੀ ਹਾਜ਼ਰ ਸਨ।

# 2 ਕਿੱਲੋ 560 ਗ੍ਰਾਮ ਹੈਰੋਇਨ ਬਰਾਮਦ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਖਾਲੜਾ ਪੁਲਸ ਅਤੇ ਬੀਐੱਸਐੱਫ ਦੀ 103 ਬਟਾਲੀਅਨ ਨੇ ਭਾਰਤ-ਪਾਕਿ ਸਰਹੱਦ 'ਤੇ ਚਲਾਏ ਸਾਂਝੇ ਸਰਚ ਆਪਰੇਸ਼ਨ ਦੌਰਾਨ ਪਾਕਿਸਤਾਨ ਵਾਲੇ ਪਾਸਿਉਂ ਭਾਰਤੀ ਖੇਤਰ ਅੰਦਰ ਸੁੱਟੀਆਂ ਹੈਰੋਇਨ ਦੀਆਂ 5 ਬੋਤਲਾਂ ਬਰਾਮਦ ਕੀਤੀਆਂ ਹਨ। ਜਾਣਕਾਰੀ ਅਨੁਸਾਰ ਸਰਹੱਦ 'ਤੇ ਤਾਇਨਾਤ ਬੀਐੱਸਐੱਫ ਦੀ 103 ਬਟਾਲੀਅਨ ਦੇ ਜਵਾਨਾਂ ਵੱਲੋਂ ਬੋਤਲਾਂ ਨੂੰ ਕਬਜ਼ੇ 'ਚ ਲੈ ਕੇ ਖਾਲੜਾ ਪੁਲਸ ਨੂੰ ਸੂਚਿਤ ਕਰਦਿਆਂ ਇਲਾਕੇ ਨੂੰ ਸੀਲ ਕਰ ਦਿੱਤਾ ਗਿਆ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਖਾਲੜਾ ਦੇ ਐੱਸਐੱਚਓ ਚਰਨ ਸਿੰਘ ਨੇ ਦੱਸਿਆ ਕਿ ਭਾਰਤ-ਪਾਕਿ ਸਰਹੱਦ ਦੇ ਸੈਕਟਰ ਅਮਰਕੋਟ ਵਿਖੇ ਬੀਤੀ ਰਾਤ ਸਮਾਂ ਕਰੀਬ 12.15 ਵਜੇ ਬੀਓਪੀ ਮੰਗਲੀ ਵਾਲਾ ਦੇ ਪਿੱਲਰ ਨੰਬਰ 141/20 ਰਾਹੀਂ ਭਾਰਤੀ ਖੇਤਰ ਅੰਦਰ ਕੋਈ ਵਸਤੂ ਡਿੱਗਣ ਦੀ ਆਵਾਜ਼ ਸੁਣਾਈ ਦਿੱਤੀ, ਜਿਸ ਤੋਂ ਬਾਅਦ ਸਰਹੱਦ 'ਤੇ ਤਾਇਨਾਤ ਬੀਐੱਸਐੱਫ ਦੀ 103 ਬਟਾਲੀਅਨ ਦੇ ਮੁਸਤੈਦ ਜਵਾਨਾਂ ਨੇ ਤੁਰੰਤ ਹਰਕਤ 'ਚ ਆਉਂਦਿਆਂ ਕਰੀਬ 7 ਰਾਊਂਡ ਫਾਇਰ ਕੀਤੇ। ਫਾਇਰਿੰਗ ਉਪਰੰਤ ਬੀਐੱਸਐੱਫ ਅਧਿਕਾਰੀਆਂ ਦੀ ਹਾਜ਼ਰੀ ਵਿੱਚ ਖਾਲੜਾ ਪੁਲਸ ਅਤੇ ਬੀਐੱਸਐੱਫ ਜਵਾਨਾਂ ਵੱਲੋਂ ਪਾਕਿਸਤਾਨ ਵੱਲੋਂ ਭਾਰਤੀ ਖੇਤਰ 'ਚ ਸੁੱਟੀਆਂ ਗਈਆਂ 5 ਪਲਾਸਟਿਕ ਦੀਆਂ ਬੋਤਲਾਂ ਨੂੰ ਕਬਜ਼ੇ 'ਚ ਲੈ ਕੇ ਇਲਾਕੇ ਨੂੰ ਸੀਲ ਕਰ ਦਿੱਤਾ ਗਿਆ। ਥਾਣਾ ਮੁਖੀ ਖਾਲੜਾ ਨੇ ਕਿਹਾ ਕਿ ਬੀਐੱਸਐੱਫ 'ਤੇ ਖਾਲੜਾ ਪੁਲਸ ਵੱਲੋਂ ਬਰਾਮਦ ਕੀਤੀਆਂ ਗਈਆਂ ਬੋਤਲਾਂ 'ਚੋਂ 2 ਕਿਲੋ 560 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ, ਜਿਸ ਨੂੰ ਕਬਜ਼ੇ 'ਚ ਲੈ ਕੇ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।

# ਘਰ 'ਚ ਦਾਖਲ ਹੋ ਕੇ ਔਰਤ ਨੂੰ ਕੀਤਾ ਜ਼ਖਮੀ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਥਾਣਾ ਦੀਨਾਨਗਰ ਦੀ ਪੁਲਸ ਨੇ ਤਿੰਨ ਹਮਲਾਵਰਾਂ ਖਿਲਾਫ ਘਰ 'ਚ ਦਾਖਲ ਹੋ ਕੇ ਔਰਤ ਨੂੰ ਜ਼ਖਮੀ ਕਰਨ ਅਤੇ ਘਰੇਲੂ ਸਾਮਾਨ ਨੂੰ ਨੁਕਸਾਨ ਪਹੁੰਚਾਉਣ ਦੇ ਦੋਸ਼ 'ਚ ਮਾਮਲਾ ਦਰਜ ਕੀਤਾ ਹੈ। ਫਿਲਹਾਲ ਕਿਸੇ ਦੀ ਗ੍ਰਿਫਤਾਰੀ ਨਹੀਂ ਹੋਈ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਔਰਤ ਨਿਸ਼ਾ ਪਤਨੀ ਜਨਕ ਰਾਜ ਵਾਸੀ ਇੰਦਰਾ ਕਲੋਨੀ ਨੇ ਦੱਸਿਆ ਕਿ 7 ਜਨਵਰੀ ਨੂੰ ਰਾਤ 10.30 ਵਜੇ ਅਚਾਨਕ ਉਸ ਨੇ ਆਪਣੇ ਘਰ ਦੇ ਮੁੱਖ ਦਰਵਾਜ਼ੇ ਕੋਲ ਖਿੜਕੀਆਂ ਦੇ ਤਾਲੇ ਟੁੱਟਣ ਦੀ ਆਵਾਜ਼ ਸੁਣੀ।

ਜਦੋਂ ਉਸ ਨੇ ਬਾਹਰ ਆ ਕੇ ਦੇਖਿਆ ਤਾਂ ਚਾਹਤ ਲੋਧੀ ਦਾ ਲੜਕਾ ਅਸ਼ਵਨੀ ਆਪਣੇ ਭਰਾ ਦੀਪਕ ਅਤੇ ਇਕ ਹੋਰ ਨੌਜਵਾਨ ਅਸ਼ਵਨੀ ਕੁਮਾਰ ਨਾਲ ਹਥਿਆਰਾਂ ਸਮੇਤ ਉਸ ਦੇ ਘਰ ਦਾਖਲ ਹੋਇਆ। ਉਸ ਸਮੇਂ ਉਹ ਆਪਣੀ ਸੱਸ ਅਤੇ ਪੁੱਤਰਾਂ ਨਾਲ ਘਰ ਵਿੱਚ ਸੀ। ਹਮਲਾਵਰਾਂ ਨੇ ਆਉਂਦੇ ਹੀ ਉਸ 'ਤੇ ਹਮਲਾ ਕਰਕੇ ਉਸ ਨੂੰ ਜ਼ਖਮੀ ਕਰ ਦਿੱਤਾ ਜਦਕਿ ਘਰੇਲੂ ਸਾਮਾਨ ਦਾ ਵੀ ਨੁਕਸਾਨ ਹੋ ਗਿਆ। ਰੌਲਾ ਪਾਉਣ 'ਤੇ ਹਮਲਾਵਰ ਮੌਕੇ ਤੋਂ ਫਰਾਰ ਹੋ ਗਏ।

# 'ਆਪ' ਦੀ ਭ੍ਰਿਸ਼ਟਾਚਾਰ ਵਿਰੋਧੀ ਨੀਤੀ ਤੇ ਨੀਅਤ 'ਚ ਖੋਟ ਹੈ : ਬੱਖਤਪੁਰਾ



ਬਟਾਲਾ (ਤਰਲੋਕ ਬੱਗਾ)-ਸੀਪੀਆਈ ਐੱਮਐੱਲ ਲਿਬਰੇਸ਼ਨ ਨੇ ਪੰਜਾਬ ਦੀ ਮੁੱਖ ਅਫਸਰਸ਼ਾਹੀ ਵਲੋਂ ਆਪਣੀ ਹੀ ਪੰਜਾਬ ਸਰਕਾਰ ਵਿਰੁੱਧ ਕੀਤੀ ਗਈ ਹੜਤਾਲ ਨੂੰ ਪੰਜਾਬੀਆਂ ਨੂੰ ਅਸਲੀ ਸੱਤਾ ਦੇ ਦਰਸ਼ਨ ਕਰਾਉਣਾ ਕਿਹਾ ਹੈ।

ਇਸ ਬਾਬਤ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਕਿਹਾ ਕਿ ਅਫਸਰਸ਼ਾਹੀ ਵੱਲੋਂ ਸਰਕਾਰ ਨੂੰ ਗੋਡਿਆਂ ਭਾਰ ਕਰਨਾ ਦਰਸਾਉਂਦਾ ਹੈ ਕਿ ਸਥਾਈ ਸਰਕਾਰ ਅਤੇ ਮਜ਼ਬੂਤ ਸੱਤਾ ਅਫਸਰਸ਼ਾਹੀ ਹੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਥਾਪਨਾ ਲੋਕਪਾਲ ਬਿੱਲ ਲਿਆਉਣ ਦੇ ਵਾਅਦੇ ਨਾਲ ਹੋਈ ਸੀ ਜਿਸ ਨੂੰ ਆਮ ਆਦਮੀ ਪਾਰਟੀ ਦੀ ਦਿੱਲੀ ਸਰਕਾਰ ਆਪਣੀ ਤੀਸਰੀ ਟਰਮ ਤਕ ਅਤੇ ਪੰਜਾਬ ਸਰਕਾਰ ਕਰੀਬ ਇਕ ਸਾਲ ਦੇ ਵਕਫੇ ਦੇ ਰਾਜ ਦੌਰਾਨ ਵੀ ਨਹੀਂ ਬਣਾ ਸਕੀ ਜੋ ਸਾਬਤ ਕਰਦਾ ਹੈ ਕਿ ਆਮ ਆਦਮੀ ਪਾਰਟੀ ਅਤੇ ਉਸਦੀਆਂ ਸਰਕਾਰਾਂ ਦੀ ਭ੍ਰਿਸ਼ਟਾਚਾਰ ਵਿਰੋਧੀ ਨੀਅਤ ਵਿਚ ਖੋਟ ਹੈ। ਬੱਖਤਪੁਰਾ ਨੇ ਕਿਹਾ ਕਿ ਭ੍ਰਿਸ਼ਟਾਚਾਰ ਵਿਰੁੱਧ ਲੜਾਈ ਕੇਵਲ ਵਿਜੀਲੈਂਸ ਰਾਹੀਂ ਨਹੀਂ ਲੜੀ ਜਾ ਸਕਦੀ ਕਿਉਂਕਿ ਵਿਜੀਲੈਂਸ ਪੰਜਾਬ ਪੁਲਸ ਦਾ ਹੀ ਹਿੱਸਾ ਹੈ ਜਿਸ ਪੁਲਸ ਉਪਰ ਭ੍ਰਿਸ਼ਟਾਚਾਰ ਅਤੇ ਧੱਕੇਸ਼ਾਹੀ ਕਰਨ ਦੇ ਸਭ ਤੋਂ ਵੱਧ ਦੋਸ਼ ਲੱਗਦੇ ਰਹੇ ਹਨ। ਇਸ ਲੜਾਈ ਲਈ ਆਜ਼ਾਦ ਹਸਤੀ ਵਾਲਾ ਲੋਕਪਾਲ ਬਣਾਉਣਾ ਇਕ ਸ਼ੁਰੂਆਤ ਕਹੀ ਜਾ ਸਕਦੀ ਹੈ ਜਿਸ ਲੋਕਪਾਲ ਨੂੰ ਆਮ ਆਦਮੀ ਪਾਰਟੀ ਸਮੇਤ ਕੋਈ ਵੀ ਪਾਰਟੀ ਬਨਾਉਣ ਲਈ ਤਿਆਰ ਨਹੀਂ। ਉਨ੍ਹਾਂ ਕਿਹਾ ਕਿ ਸਾਰਾ ਪੰਜਾਬ ਜਾਣਦਾ ਹੈ ਕਿ ਅਫਸਰਸ਼ਾਹੀ ਦੇ ਵੱਡੇ ਹਿੱਸੇ ਦੀ ਰਾਜਨੀਤਕ ਆਗੂਆਂ ਨਾਲ ਭ੍ਰਿਸ਼ਟਾਚਾਰ ਕਰਨ ਦੀ ਗਹਿਰੀ ਸਾਂਝ ਹੈ, ਭ੍ਰਿਸ਼ਟਾਚਾਰ ਕਰਨ ਵਾਲੇ ਅਫਸਰਸ਼ਾਹ ਜਨਤਾ ਪ੍ਰਤੀ ਤਾਨਾਸ਼ਾਹ ਅਤੇ ਕਰੋੜਾਂ ਦੀ ਦੌਲਤ ਦੇ ਮਾਲਕ ਹਨ,ਪਰ ਭ੍ਰਿਸ਼ਟਾਚਾਰ ਦੇ ਸੁਆਲ ਉਪਰ ਸਰਕਾਰ ਅਤੇ ਅਫਸਰਸ਼ਾਹੀ ਦੇ ਮੌਜੂਦਾ ਟਕਰਾਅ ਲਈ ਸਰਕਾਰ ਅਤੇ ਆਮ ਆਦਮੀ ਪਾਰਟੀ ਦੀ ਨਾਲਾਇਕੀ ਜ਼ਿੰਮੇਵਾਰ ਹੈ ਕਿਉਂਕਿ ਸਰਕਾਰ ਦੇ ਕਈ ਕੇਂਦਰ ਹੋਣ ਅਤੇ ਖਾਸ ਕਰਕੇ ਦਿੱਲੀ ਦੇ ਮੁੱਖ ਦਖਲ ਨੇ ਇਹ ਅਰਾਜਕਤਾ ਵਾਲੀ ਸਥਿਤੀ ਪੈਦਾ ਕੀਤੀ ਹੈ।

ਉਨ੍ਹਾਂ ਕਿਹਾ ਕਿ ਜੇਕਰ ਭਗਵੰਤ ਸਿੰਘ ਮਾਨ ਸਰਕਾਰ ਨੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਤਹਿਤ ਫੜੇ ਗਏ ਅਫਸਰਾਂ ਨੂੰ ਅਫਸਰਸ਼ਾਹੀ ਦੇ ਦਬਾਅ ਹੇਠ ਕੋਈ ਰਿਆਇਤ ਦਿੱਤੀ ਤਾਂ ਸਰਕਾਰ ਮੂੰਹ ਦਿਖਾਉਣ ਜੋਗੀ ਨਹੀਂ ਰਹੇਗੀ। ਲਿਬਰੇਸ਼ਨ ਨੇ ਅਫਸਰਸ਼ਾਹੀ ਦੀ ਹੜਤਾਲ ਨੂੰ ਗੈਰ-ਕਾਨੂੰਨੀ ਅਤੇ ਧੌਂਸ ਭਰੀ ਦਸਦਿਆਂ ਪੰਜਾਬ ਦੇ ਜਮਹੂਰੀ ਅਤੇ ਕ੍ਰਾਂਤੀਕਾਰੀ ਸੰਗਠਨਾਂ ਅਤੇ ਲੋਕਾਂ ਨੂੰ ਅਫਸਰਸ਼ਾਹੀ ਦੀ ਧੌਂਸ ਦਾ ਵਿਰੋਧ ਕਰਨ ਦਾ ਸੱਦਾ ਦਿੱਤਾ ਹੈ।

# ਸਕੋਡਾ ਆਟੋ ਇੰਡੀਆ ਆਪਣੇ ਕਾਰੋਬਾਰ 'ਚ ਲਿਆਵੇਗੀ ਰਿਕਾਰਡ ਤੇਜ਼ੀ

ਅੰਮ੍ਰਿਤਸਰ-ਆਪਣੇ ਸਭ ਤੋਂ ਵੱਡੇ ਸਾਲ ਨੂੰ ਪ੍ਰਾਪਤ ਕਰਨ ਤੋਂ ਬਾਅਦ, ਸਕੋਡਾ ਆਟੋ ਇੰਡੀਆ ਨੇ ਸਪਸ਼ਟ ਤੌਰ 'ਤੇ 2023 ਲਈ ਇੱਕ ਤੇਜ਼ ਰਫਤਾਰ ਨਾਲ ਵਿਕਾਸ ਕਰਨ ਦਾ ਏਜੰਡਾ ਤੈਅ ਕੀਤਾ ਹੈ। ਕੰਪਨੀ ਨੇ 2021 ਦੇ ਮੁਕਾਬਲੇ 2022 ਵਿੱਚ ਕਾਰਾਂ ਦੀ ਸਾਲਾਨਾ ਵਿਕਰੀ ਪਹਿਲਾਂ ਹੀ ਦੁੱਗਣੀ ਕਰ ਦਿੱਤੀ ਹੈ। 2022 ਵਿੱਚ ਸਕੋਡਾ ਆਟੋ ਇੰਡੀਆ ਨੇ 53,721 ਕਾਰਾਂ ਵੇਚੀਆਂ, ਜੋ ਪਿਛਲੇ ਸਾਲ ਦੇ ਮੁਕਾਬਲੇ 125 ਪ੍ਰਤੀਸ਼ਤ ਦੀ ਸਾਲਾਨਾ ਵਾਧਾ ਦਰਜ ਕਰਦੀਆਂ ਹਨ। 2023 ਵਿੱਚ ਕਾਰ ਨਿਰਮਾਤਾ ਕਈ ਉਤਪਾਦ ਲਾਂਚ ਕਰਨ ਦੀ ਯੋਜਨਾ ਬਣਾ ਰਿਹਾ ਹੈ। ਕੰਪਨੀ ਆਪਣੇ ਨੈੱਟਵਰਕ ਦਾ ਵਿਸਤਾਰ ਕਰਨ ਦੀ ਯੋਜਨਾ ਬਣਾ ਰਹੀ ਹੈ। ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਡਾਇਰੈਕਟਰ ਪੇਟਰ ਸਾਲਕ ਨੇ ਕਿਹਾ ਕਿ ਅਸੀਂ ਭਾਰਤ ਵਿੱਚ ਪਹਿਲੀ ਵਾਰ 50,000 ਕਾਰਾਂ ਦੀ ਵਿਕਰੀ ਦੇ ਅੰਕੜੇ ਨੂੰ ਪਾਰ ਕਰਕੇ ਬਹੁਤ ਖ਼ੁਸ਼ ਹਾਂ। 2022 ਵਿੱਚ ਸਕੋਡਾ ਨੇ 53,721 ਕਾਰਾਂ ਵੇਚੀਆਂ। ਅਸੀਂ 2021 ਦੇ ਮੁਕਾਬਲੇ 2022 ਵਿੱਚ ਸਾਡੀਆਂ ਕਾਰਾਂ ਦੀ ਵਿਕਰੀ ਦੁੱਗਣੀ ਕਰ ਦਿੱਤੀ ਹੈ।

ਸਾਡੀ ਖੇਤਰੀ ਅਤੇ ਰਾਸਟਰੀ ਮੌਜੂਦਗੀ ਲਗਾਤਾਰ ਵਧਦੀ ਜਾ ਰਹੀ ਹੈ। ਇਹ ਸਾਰੇ ਕਾਰਕ 2022 ਨੂੰ ਕੰਪਨੀ ਲਈ ਸਾਰੇ ਮੋਰਚਿਆਂ 'ਤੇ ਇੱਕ ਵੱਡਾ ਸਾਲ ਬਣਾਉਂਦੇ ਹਨ। 2023 ਵਿੱਚ ਅਸੀਂ ਵੱਧ ਤੋਂ ਵੱਧ ਉਤਪਾਦ ਲਾਂਚ ਕਰਕੇ ਤੇਜ਼ੀ ਨਾਲ ਵਿਕਾਸ ਦਾ ਰਾਹ ਪੱਧਰਾ ਕਰਾਂਗੇ। ਅਸੀਂ ਇਹ ਯਕੀਨੀ ਬਣਾਵਾਂਗੇ ਕਿ ਸਾਡੇ ਇੰਡੀਆ 2.0 ਉਤਪਾਦ ਚੰਗੀ ਤਰ੍ਹਾਂ ਸਥਾਪਿਤ ਹਨ, ਇਸ ਤਰ੍ਹਾਂ ਹੌਲੀ-ਹੌਲੀ ਸਾਡੇ ਨੈੱਟਵਰਕ ਦਾ ਵਿਸਥਾਰ ਹੋਵੇਗਾ।

# ਬਲਾਕ ਵਲਟੋਹਾ ਤੋਂ ਜ਼ੀਰਾ ਸ਼ਰਾਬ ਫੈਕਟਰੀ ਧਰਨੇ ਲਈ ਜਥਾ ਰਵਾਨਾ



ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਬਲਾਕ ਸਕੱਤਰ ਰਣਜੀਤ ਸਿੰਘ ਬਹਾਦਰ ਨਗਰ, ਵਿਸ਼ਾਲਦੀਪ ਸਿੰਘ ਵਲਟੋਹਾ ਦੀ ਅਗਵਾਈ ਹੇਠ ਕੁੱਲ ਹਿੰਦ ਕਿਸਾਨ ਸਭਾ ਬਲਾਕ ਵਲਟੋਹਾ ਵਲੋਂ ਜ਼ੀਰਾ ਸ਼ਰਾਬ ਫੈਕਟਰੀ ਧਰਨੇ ਵਿੱਚ ਸ਼ਾਮਲ ਹੋਣ ਲਈ ਜਥਾ ਰਵਾਨਾ ਹੋਇਆ। ਇਸ ਮੌਕੇ ਬਲਾਕ ਸਕੱਤਰ ਰਣਜੀਤ ਸਿੰਘ ਬਹਾਦਰ ਨਗਰ ਨੇ ਕਿਹਾ ਕਿ ਜ਼ੀਰਾ ਸ਼ਰਾਬ ਫੈਕਟਰੀ ਵੱਲੋਂ ਸ਼ਰਾਬ ਦੀ ਲਾਹਣ ਧਰਤੀ ਵਿੱਚ ਬੋਰ ਕਰਕੇ ਪਾਈ ਜਾਂਦੀ ਹੈ ਜਿਸ ਨਾਲ ਘਰਾਂ ਵਿੱਚ ਵਰਤਣ ਵਾਲੇ ਪਾਣੀ ਖੇਤਾਂ ਵਾਲੇ ਬੋਰਾਂ ਦੇ ਪਾਣੀ ਵਿੱਚ ਆ ਰਹੀ ਹੈ ਜਿਸ ਨਾਲ ਲਾਗਲੇ ਪਿੰਡਾਂ ਵਿੱਚ ਲੋਕ ਬਹੁਤ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ। ਉਹ ਪਾਣੀ ਪੀਣਯੋਗ ਨਹੀਂ ਰਿਹਾ। ਇਸ ਕਰਕੇ ਕਾਫੀ ਸਮੇਂ ਤੋਂ ਕਿਸਾਨਾਂ ਵਲੋਂ ਇਸ ਫੈਕਟਰੀ ਵਿਰੁੱਧ ਧਰਨਾ ਲਾਇਆ ਜਾ ਰਿਹਾ ਹੈ, ਨਾ ਪਿਛਲੀਆਂ ਸਰਕਾਰਾਂ ਨੇ ਲੋਕਾਂ ਦੀ ਸੁਣੀ ਅਤੇ ਨਾ ਹੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਦੀ ਸੁਣੀ। ਹੁਣ ਸੰਯੁਕਤ ਕਿਸਾਨ ਮੋਰਚੇ ਵੱਲੋਂ ਵੀ ਧਰਨੇ ਦੀ ਹਮਾਇਤ ਕੀਤੀ ਜਾ ਰਹੀ ਹੈ ਅਤੇ ਸ਼ਰਾਬ ਫੈਕਟਰੀ ਬੰਦ ਹੋਣ ਤਕ ਮੋਰਚਾ ਜਾਰੀ ਰਹੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਰਣਜੀਤ ਕੋਟਲੀ ਵਸਾਵਾ ਸਿੰਘ, ਖੇਤ ਮਜ਼ਦੂਰ ਸਭਾ ਦੇ ਆਗੂ ਜੋਗਿੰਦਰ ਸਿੰਘ, ਲਾਲ ਸਿੰਘ ਵਲਟੋਹਾ, ਕਿਸਾਨ ਸਭਾ ਦੇ ਆਗੂ ਗੁਰਵੇਲ ਸਿੰਘ, ਅਰਸਾਲ ਸਿੰਘ ਵਲਟੋਹਾ, ਦਰਸ਼ਨ ਸਿੰਘ, ਸਤਨਾਮ ਸਿੰਘ, ਚਰਨਜੀਤ ਸਿੰਘ, ਤਰਲੋਚਨ ਸਿੰਘ ਹਰਨੂਰ ਸਿੰਘ ਅਤੇ ਪ੍ਰਭਨੂਰ ਸਿੰਘ ਬਹਾਦਰ ਨਗਰ ਆਦਿ ਹਾਜ਼ਰ ਸਨ।

# ਡਾ: ਹਰਜਿੰਦਰ ਸਿੰਘ ਬੇਦੀ ਨੇ ਐੱਸ ਡੀ ਐੱਮ ਵਜੋਂ ਅਹੁਦਾ ਸੰਭਾਲਿਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਬ ਡਵੀਜ਼ਨ ਡੇਰਾ ਬਾਬਾ ਨਾਨਕ ਵਿਖੇ ਨਵੇਂ ਐੱਸਡੀਐੱਮ ਡਾਕਟਰ ਹਰਜਿੰਦਰ ਸਿੰਘ ਬੇਦੀ (ਆਈਏਐੱਸ) ਨੇ ਡੇਰਾ ਬਾਬਾ ਨਾਨਕ ਦੇ ਐੱਸਡੀਐੱਮ ਵਜੋਂ ਅੱਜ ਚਾਰਜ ਸੰਭਾਲ ਲਿਆ ਹੈ। ਉਨ੍ਹਾਂ ਨੂੰ ਸਬ-ਡਵੀਜ਼ਨ ਫਤਿਹਗੜ੍ਹ ਚੂੜੀਆਂ ਬਤੌਰ ਐੱਸਡੀਐੱਮ ਦਾ ਵਾਧੂ ਚਾਰਜ ਵੀ ਦਿੱਤਾ ਗਿਆ ਹੈ। ਇਸ ਤੋਂ ਪਹਿਲਾਂ ਡਾਕਟਰ ਹਰਜਿੰਦਰ ਸਿੰਘ ਬੇਦੀ ਪਠਾਨਕੋਟ ਜ਼ਿਲੇ ਦੀ ਸਬ-ਡਵੀਜ਼ਨ ਧਾਰਕਲਾ ਵਿਖੇ ਬਤੌਰ ਐੱਸਡੀਐੱਮ ਤਾਇਨਾਤ ਸਨ। ਚਾਰਜ ਸੰਭਾਲਣ ਮੌਕੇ ਤਹਿਸੀਲ ਦਫਤਰ ਅਤੇ ਐੱਸਡੀਐੱਮ ਦਫਤਰ ਦੇ ਸਟਾਫ ਵੱਲੋਂ ਸੰਦੀਪ ਕੁਮਾਰ ਨਾਇਬ ਤਹਿਸੀਲਦਾਰ ਦੀ ਅਗਵਾਈ ਵਿੱਚ ਐੱਸਡੀਐੱਮ ਡਾ: ਹਰਜਿੰਦਰ ਸਿੰਘ ਬੇਦੀ ਨੂੰ ਫੁੱਲਾਂ ਦੇ ਬੁੱਕੇ ਦੇ ਕੇ ਜੀ ਆਇਆਂ ਆਖਿਆ ਗਿਆ। ਇਸ ਮੌਕੇ ਚਾਰਜ ਸੰਭਾਲਣ ਉਪਰੰਤ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐੱਸਡੀਐੱਮ ਡਾ: ਹਰਜਿੰਦਰ ਸਿੰਘ ਬੇਦੀ ਨੇ ਕਿਹਾ ਕਿ ਮੈਂ ਵੀ ਸ੍ਰੀ ਗੁਰੂ ਨਾਨਕ ਦੇਵ ਜੀ ਦੀ 19ਵੀਂ ਵੰਸ਼ਜ ਵਿੱਚੋਂ ਹਾਂ ਤੇ ਮੈਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਕਸਬਾ ਡੇਰਾ ਬਾਬਾ ਨਾਨਕ ਵਿਖੇ ਬਤੌਰ ਐੱਸਡੀਐੱਮ ਵਜੋਂ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਮੈਂ ਆਪਣੇ ਆਪ ਨੂੰ ਬੜਾ ਕਿਸਮਤ ਵਾਲਾ ਤੇ ਵੱਡਭਾਗਾ ਸਮਝ ਰਿਹਾ ਹਾਂ। ਉਨ੍ਹਾਂ ਕਿਹਾ ਕਿ ਮੈ ਗੁਰੂ ਘਰ ਨਤਮਸਤਕ ਹੋ ਕੇ ਬਾਬੇ ਨਾਨਕ ਦਾ ਅਸ਼ੀਰਵਾਦ ਲਿਆ ਹੈ ਅਤੇ ਗੁਰੂ ਨਾਲ ਵਾਅਦਾ ਕੀਤਾ ਹੈ ਕਿ ਮੈਂ ਡੇਰਾ ਬਾਬਾ ਨਾਨਕ ਦੇ ਲੋਕਾਂ ਦੀ ਸੇਵਾ ਤਨਦੇਹੀ ਨਾਲ ਕਰਾਂਗਾ। ਉਨ੍ਹਾਂ ਕਿਹਾ ਕਿ ਮਾਣਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ: ਹਿਮਾਂਸ਼ੂ ਅਗਰਵਾਲ ਦੀਆਂ ਹਦਾਇਤਾਂ ਅਨੁਸਾਰ ਮੇਰੀ ਪਹਿਲੀ ਪਹਿਲ ਹੋਵੇਗੀ। ਸਬ ਡਵੀਜ਼ਨ ਡੇਰਾ ਬਾਬਾ ਨਾਨਕ ਦੇ ਆਮ ਲੋਕਾਂ ਨੂੰ ਮਹੁੱਲਾ ਕਲੀਨਿਕਾਂ ਵਿੱਚ ਮੁਫਲੀ ਡਾਕਟਰੀ ਸਹਾਇਤਾ ਪ੍ਰਦਾਨ ਕਰਵਾਉਣਾ, ਸਰਕਾਰੀ ਸਕੂਲ ਦੇ ਨੂੰ ਬੱਚਿਆਂ ਨੂੰ ਸ਼ਹਿਰੀ ਬੱਚਿਆਂ ਦੇ ਬਰਾਬਰ ਦੀ ਸਿੱਖਿਆ ਪ੍ਰਦਾਨ ਕਰਵਾਉਣਾ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਸਰੀਰਕ ਤੌਰ 'ਤੇ ਮਜ਼ਬੂਤ ਕਰਨ ਲਈ ਸਪੋਰਟਸ ਨਾਲ ਜੋੜ ਕੇ ਵੱਖ ਵੱਖ ਪੈਰਾ ਮਿਲਟਰੀ ਫੋਰਸਾਂ ਵਿੱਚ ਭਰਤੀ ਹੋਣ ਦੇ ਯੋਗ ਬਣਾਉਣਾ ਹੋਵੇਗਾ। ਉਨ੍ਹਾਂ ਕਿਹਾ ਕਿ ਮੈਂ ਡਾਕਟਰ ਪੇਸ਼ੇ ਨਾਲ ਜੁੜਿਆ ਹੋਇਆ ਹਾਂ, ਇਸ ਕਰਕੇ ਮੇਰੀ ਪਹਿਲੀ ਪਹਿਲ ਹੋਵੇਗੀ ਕਿ ਆਮ ਲੋਕਾਂ ਨੂੰ 24 ਘੰਟੇ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਕਹਾ ਕਿ ਮੇਰੇ ਵੱਲੋਂ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਚਾਹੇ ਉਹ ਮਾਲ ਮਹਿਕਮਾ ਦੀ ਹੋਵੇ, ਵਿਕਾਸ ਮਹਿਕਮੇ ਦੀ ਹੋਵੇ ਜਾਂ ਕਿਸੇ ਵੀ ਮਹਿਕਮੇ ਦੀ ਹੋਵੇ, ਨਗਰ ਕੌਂਸਲ ਨਾਲ ਸਬੰਧਤ ਕਿਸੇ ਤਰ੍ਹਾਂ ਦੀ ਵੀ ਸ਼ਿਕਾਇਤ ਹੋਵੇ, ਉਸ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਗਰ ਕਿਸੇ ਨੂੰ ਆਪਣੇ ਕੰਮ ਕਰਾਉਣ 'ਚ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਉਹ ਸਿੱਧਾ ਮੇਰੇ ਦਫਤਰ ਆ ਕੇ ਮੈਨੂੰ ਮਿਲ ਕੇ ਆਪਣੀ ਮੁਸ਼ਕਿਲ ਹੱਲ ਕਰਵਾ ਸਕਦੇ ਹਨ। ਅਗਰ ਜੇ ਕੋਈ ਸਰਕਾਰ ਨਾਲ ਸਬੰਧਤ ਹੋਵੇਗੀ ਤਾਂ ਉਸ ਦੀ ਰਿਪੋਰਟ ਬਣਾ ਕੇ ਸਰਕਾਰ ਨੂੰ ਭੇਜੀ ਜਾਵੇਗੀ ਤਾਂ ਜੋ ਉਸ ਕੇਸ ਦਾ ਨਿਪਟਾਰਾ ਛੇਤੀ ਤੋਂ ਛੇਤੀ ਹੋ ਸਕੇ। ਉਨ੍ਹਾਂ ਕਿਹਾ ਕਿ ਮੇਰੇ ਦਰਵਾਜ਼ੇ ਹਮੇਸ਼ਾ ਲੋਕਾਂ ਲਈ ਖੁੱਲ੍ਹੇ ਰਹਿਣਗੇ, ਲੋਕ ਮੈਨੂੰ ਆਪਣੇ ਕੰਮਾਂ ਲਈ ਫੋਨ ਵੀ ਕਰ ਸਕਦੇ ਹਨ ਜਾਂ ਸਿੱਧੇ ਆ ਕੇ ਮਿਲ ਸਕਦੇ ਹਨ। ਉਨ੍ਹਾਂ ਕਿਹਾ ਕਿ ਜਦੋਂ ਲੋਕਾਂ ਦੇ ਪਹਿਲ ਦੇ ਅਧਾਰ 'ਤੇ ਕੰਮ ਹੋਣਗੇ ਤਾਂ ਮੇਰੇ ਜਾਣ ਤੋਂ ਬਾਅਦ ਲੋਕ ਮੈਨੂੰ ਯਾਦ ਜ਼ਰੂਰ ਕਰਨਗੇ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਚਾਇਨਾ ਡੋਰ ਵੇਚਣ ਅਤੇ ਖਰੀਦਣ ਵਾਲਿਆਂ ਨੂੰ ਹਦਾਇਤ ਕੀਤੀ ਕਿ ਅਗਰ ਜੇਕਰ ਕੋਈ ਚਾਇਨਾ ਡੋਰ ਵੇਚਦਾ ਜਾਂ ਖਰੀਦਦਾ ਫੜਿਆ ਗਿਆਂ ਤਾਂ ਉਹ ਬਖਸ਼ਿਆ ਨਹੀ ਜਾਵੇਗਾ ਚਾਹੇ ਉਹ ਜਿੰਨੀ ਮਰਜ਼ੀ ਪਹੁੰਚ ਰੱਖਦਾ ਹੋਵੇ। ਉਨਾ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੀ ਉਨਾ ਨੂੰ ਪੂਰਨ ਸਹਿਯੋਗ ਕਰਨ। ਇਸ ਮੌਕੇ ਨਾਇਬ ਤਹਿਸੀਲਦਾਰ ਸੰਦੀਪ ਕੁਮਾਰ, ਰੀਡਰ ਇੰਦਰਜੀਤ, ਸਟੈਨੋ ਸੰਜੀਵ ਕੁਮਾਰ, ਮੋਟਰ ਵਹੀਕਲ ਕਲਰਕ ਅਰਪਿੰਦਰ ਸਿੰਘ ਕਾਹਲੋਂ, ਜਸਵਿੰਦਰ ਸਿੰਘ, ਕਾਨੂੰਗੋ ਰੋਸ਼ਨ ਸਿੰਘ, ਕਾਨੂੰਗੋ ਦਲਜੀਤ ਰਾਏ, ਏਐੱਸਐੱਮ ਦਪਿੰਦਰ ਸਿੰਘ, ਬੀਐੱਲਈਓ ਕੁਲਮੀਤ ਸਿੰਘ, ਨਾਇਬ ਕੋਰਟ ਕੁਲਦੀਪ ਸਿੰਘ, ਸਿਕੰਦਰ ਸਿੰਘ, ਡਰਾਈਵਰ ਅਵਤਾਰ ਸਿੰਘ ਆਦਿ ਹਾਜ਼ਰ ਸਨ।

11 Jan-Page-12.qxd 1/10/2023 10:25 PM Page 1



# 2023-24 ਲਈ ਤਰਜੀਹੀ ਖੇਤਰ ਲਈ 2.73 ਲੱਖ ਕਰੋੜ ਰੁਪਏ ਦੀ ਕਰਜ਼ਾ ਸਮਰੱਥਾ : ਚੀਮਾ




**ਚੰਡੀਗੜ੍ਹ,(ਗੁਰਜੀਤ ਬਿੱਲਾ)** ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਹੈ ਕਿ 2023-24 ਲਈ ਤਰਜੀਹੀ ਖੇਤਰ ਲਈ ਕੁੱਲ ਕਰਜਾ ਸਮਰੱਥਾ 2.73 ਲੱਖ ਕਰੋੜ ਰੁਪਏ ਹੋਣ ਦਾ ਅਨੁਮਾਨ ਹੈ, ਜੋ ਕਿ 2022-23 ਦੇ ਅਨੁਮਾਨਾਂ ਨਾਲੋਂ 5 ਫੀਸਦੀ ਦੇ ਸਮੁੱਚੇ ਵਾਧੇ ਨੂੰ ਦਰਸਾਉਂਦਾ ਹੈ। ਨਾਬਾਰਡ ਦੇ 'ਸਟੇਟ ਕ੍ਰੈਡਿਟ ਸੈਮੀਨਾਰ 2023-24' ਨੂੰ ਸੰਬੋਧਨ ਕਰਨ ਦੌਰਾਨ ਇਹ ਪ੍ਰਗਟਾਵਾ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਕੁੱਲ ਕਰਜਾ ਯੋਜਨਾ ਵਿੱਚ ਫਸਲੀ ਕਰਜੇ ਦਾ ਹਿੱਸਾ 1.03 ਲੱਖ ਕਰੋੜ ਰੁਪਏ (38%), ਖੇਤੀਬਾੜੀ ਮਿਆਦੀ ਕਰਜਾ 0.52 ਲੱਖ ਕਰੋੜ ਰੁਪਏ (19%) ਅਤੇ ਐਮ.ਐਸ.ਐਮ.ਈ. ਦਾ 0.71 ਲੱਖ ਕਰੋੜ ਰੁਪਏ (26%) ਅਤੇ ਹੋਰ ਤਰਜੀਹੀ ਖੇਤਰ ਦਾ 0.47 ਲੱਖ ਕਰੋੜ ਰੁਪਏ ( 17%) ਹੈ।

ਇਸ ਮੌਕੇ ਸਟੇਟ ਫੋਕਸ ਪੇਪਰ (ਐਸ.ਐਫ.ਪੀ) 2023-24 ਅਤੇ ਯੂਨਿਟ ਲਾਗਤ ਪੁਸਤਿਕਾ ਜਾਰੀ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਨਾਬਾਰਡ ਨੇ ਬੈਂਕਾਂ, ਰਾਜ ਸਰਕਾਰਾਂ ਦੇ ਸਬੰਧਤ ਵਿਭਾਗਾਂ, ਕਿਸਾਨਾਂ, ਗੈਰ ਸਰਕਾਰੀ ਸੰਗਠਨਾਂ ਅਤੇ ਹੋਰ ਹਿੱਸੇਦਾਰਾਂ ਨਾਲ ਸਲਾਹ-ਮਸ਼ਵਰੇ ਅਤੇ ਤਾਲਮੇਲ ਵਿੱਚ ਹਰੇਕ ਜ਼ਿਲ੍ਹੇ ਲਈ ਤਰਜੀਹੀ ਖੇਤਰ ਦੇ ਅਧੀਨ ਕਰਜੇ ਦੀਆਂ ਸੰਭਾਵਨਾਵਾਂ ਦੇ ਮੁਲਾਂਕਣ ਕਰਨ ਦੀ ਕਵਾਇਦ ਸੁਰੂ ਕੀਤੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਯੋਜਨਾਵਾਂ ਨੂੰ ਰਾਜ ਪੱਧਰ 'ਤੇ ਇਕੱਠਾ ਕੀਤਾ ਗਿਆ ਹੈ ਅਤੇ ਇੱਕ ਸਟੇਟ ਫੋਕਸ ਪੇਪਰ ਤਿਆਰ ਕੀਤਾ ਗਿਆ ਹੈ ਜੋ ਰਾਜ ਦੀ ਆਰਥਿਕਤਾ ਦੇ ਤਰਜੀਹੀ ਖੇਤਰ ਦੇ ਵੱਖ-ਵੱਖ ਉਪ-ਖੇਤਰਾਂ ਅਧੀਨ ਉਪਲਬਧ ਸਮੁੱਚੀਆਂ ਸੰਭਾਵਨਾਵਾਂ ਨੂੰ ਦਰਸਾਉਂਦਾ ਹੈ। ਵਿੱਤ ਮੰਤਰੀ ਨੇ ਕਿਹਾ ਕਿ ਇਹ ਤਸੱਲੀ ਵਾਲੀ ਗੱਲ ਹੈ ਕਿ 'ਸਟੇਟ ਫੋਕਸ ਪੇਪਰ' ਸਹਿਕਾਰੀ ਖੇਤਰ ਦੇ ਵਿਕਾਸ, ਫਸਲੀ ਵਿਭਿੰਨਤਾ, ਜੈਵਿਕ ਖੇਤੀ ਨੂੰ ਉਤਸਾਹਿਤ ਕਰਨ, ਕਿਸਾਨ ਉਤਪਾਦਕ ਸੰਗਠਨ (ਐਫ.ਪੀ.ਓ) ਦੇ ਵਿਕਾਸ, ਖੇਤੀਬਾੜੀ ਵਿੱਚ ਡਿਜੀਟਲ ਤਕਨੀਕੀ ਨਵੀਨਤਾਵਾਂ ਨੂੰ ਉਤਸਾਹਿਤ ਕਰਨ ਅਤੇ "ਫਿਨਟੇਕ" ਤੇ ਜੋਰ ਦਿੰਦਾ ਹੈ, ਜੋ ਰਾਜ ਵਿੱਚ ਟਿਕਾਊ ਵਿਕਾਸ ਲਈ ਲੋੜੀਂਦੀ ਪ੍ਰੇਰਣਾ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਇਹ ਸਮੇਂ ਦੀ ਲੋੜ ਹੈ ਕਿ ਇਨ੍ਹਾਂ ਉਤਪਾਦਕ ਸੰਸਥਾਵਾਂ ਨੂੰ ਖੇਤੀ-ਮੁੱਲ ਲੜੀ ਪ੍ਰਣਾਲੀ ਦੇ ਅੰਦਰ ਹੋਰ ਸਹਿਯੋਗ ਦਿੱਤਾ ਜਾਵੇ। ਖਾਸ ਕਰਕੇ ਛੋਟੇ ਕਿਸਾਨਾਂ ਅਤੇ ਠੇਕੇ 'ਤੇ ਖੇਤੀ ਕਰਨ ਵਾਲੇ ਕਿਸਾਨਾਂ ਲਈ ਕਰਜੇ ਦੀ ਪਹੁੰਚ ਨੂੰ ਵਿਆਪਕਾ ਅਤੇ ਹੇਠਲੇ ਪੱਧਰ ਤੱਕ ਪਹੁੰਚਾਉਣ ਦੀ ਨਿਰੰਤਰ ਲੋੜ 'ਤੇ ਜੋਰ ਦਿੰਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਹਾਲਾਂਕਿ ਵਿੱਤੀ ਸਾਲ 2022 ਦੌਰਾਨ 1.71 ਲੱਖ ਕਰੋੜ ਰੁਪਏ ਦੇ ਜਮੀਨੀ ਪੱਧਰ ਦੇ ਕਰਜੇ (ਜੀ.ਐਲ.ਸੀ) ਦੇ ਨਾਲ ਤਰਜੀਹੀ ਖੇਤਰ ਦੇ ਕਰਜੇ ਵਿੱਚ 8 ਫੀਸਦੀ ਦਾ ਇੱਕ ਸਿਹਤਮੰਦ ਵਾਧਾ ਹੋਇਆ ਹੈ, ਇਸ ਸੰਦਰਭ ਵਿੱਚ ਸਵੈ-ਸਹਾਇਤਾ ਸਮੂਹਾਂ (ਐਸ ਐਚ ਜੀ), ਸੰਯੁਕਤ ਦੇਣਦਾਰੀ ਸਮੂਹ (ਜੇ ਐਲ ਜੀ) ਅਤੇ ਪ੍ਰਾਇਮਰੀ ਐਗਰੀਕਲਚਰਲ ਕ੍ਰੈਡਿਟ ਸੋਸਾਇਟੀਆਂ (ਪੀ.ਏ.ਸੀ.ਐਸ) ਵਰਗੀਆਂ ਜਮੀਨੀ ਸੰਸਥਾਵਾਂ ਨੂੰ ਲੋੜੀਂਦੀ ਤਬਦੀਲੀ ਲਿਆਉਣ ਲਈ ਮਹੱਤਵਪੂਰਨ ਭੂਮਿਕਾ ਨਿਭਾਉਣੀ ਹੋਵੇਗੀ।

ਉਨ੍ਹਾਂ ਖੇਤਰੀ ਗ੍ਰਾਮੀਣ ਬੈਂਕਾਂ, ਸਹਿਕਾਰੀ ਬੈਂਕਾਂ ਅਤੇ ਪ੍ਰਾਇਮਰੀ ਐਗਰੀਕਲਚਰਲ ਕ੍ਰੈਡਿਟ ਸੋਸਾਇਟੀਆਂ, ਜੋ ਜਮੀਨੀ ਪੱਧਰ ਦੇ ਗਾਹਕਾਂ ਨਾਲ ਨੇੜਿਓਂ ਜੁੜੇ ਹੋਏ ਹਨ, ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਨਾਬਾਰਡ ਤੋਂ ਉਪਲਬਧ ਸਹਾਇਤਾ ਨਾਲ ਐਸ.ਐਚ.ਜੀ. ਅਤੇ ਜੇ.ਐਲ.ਜੀ ਨੂੰ ਉਤਸਾਹਿਤ ਕਰਨ ਵਿੱਚ ਵੱਡੀ ਭੂਮਿਕਾ ਨਿਭਾਉਣ। ਇਸ ਦੌਰਾਨ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਵਧੀਆ ਕਾਰਗੁਜਾਰੀ ਵਾਲੇ ਐਫ.ਪੀ.ਓਜ ਅਤੇ ਐਸ.ਐਚ.ਜੀ. ਨੂੰ ਅਵਾਰਡਾਂ ਨਾਲ ਸਨਮਾਨਿਤ ਕੀਤਾ।

# ਡਾ. ਬਲਬੀਰ ਸਿੰਘ ਨੇ ਸਿਹਤ ਤੇ ਪਰਵਾਰ ਭਲਾਈ ਬਾਰੇ ਮੰਤਰੀ ਵਜੋਂ ਅਹੁਦਾ ਸੰਭਾਲਿਆ



**ਚੰਡੀਗੜ੍ਹ, (ਗੁਰਜੀਤ ਬਿੱਲਾ)** ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਨੇ ਸਿਹਤ ਤੇ ਪਰਿਵਾਰ ਭਲਾਈ, ਮੈਡੀਕਲ ਸਿੱਖਿਆ ਤੇ ਖੋਜ ਅਤੇ ਚੋਣਾਂ ਬਾਰੇ ਮੰਤਰੀ ਦਾ ਅਹੁਦਾ ਸਾਂਭ ਲਿਆ। ਡਾ. ਬਲਬੀਰ ਸਿੰਘ ਦੇ ਅਹੁਦਾ ਸਾਂਭਣ ਮੌਕੇ ਉਨ੍ਹਾਂ ਦੇ ਕੈਬਨਿਟ ਸਾਥੀ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ, ਸਮਾਜਿਕ ਸੁਰੱਖਿਆ ਮੰਤਰੀ ਡਾ. ਬਲਜੀਤ ਕੌਰ, ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਸੂਚਨਾ ਤੇ ਲੋਕ ਸੰਪਰਕ ਮੰਤਰੀ ਅਮਨ ਅਰੋੜਾ, ਬਾਗਬਾਨੀ ਤੇ ਸੁਤੰਤਰਤਾ ਸੈਨਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਤੋਂ ਇਲਾਵਾ ਕੁਲਵੰਤ ਸਿੰਘ, ਹਰਮੀਤ ਸਿੰਘ ਪਠਾਨਮਾਜਰਾ, ਅਜੀਤਪਾਲ ਸਿੰਘ ਕੋਹਲੀ, ਕੁਲਵੰਤ ਸਿੰਘ ਸੁਤਰਾਣਾ, ਗੁਰਲਾਲ ਸਿੰਘ ਘਨੌਰ (ਸਾਰੇ ਵਿਧਾਇਕ) ਅਤੇ ਪੰਜਾਬ ਹੈਲਥ ਸਿਸਟਮ ਕਾਰਪੋਰੇਸਨ ਦੇ ਚੇਅਰਮੈਨ ਰਮਨ ਬਹਿਲ ਮੌਜੂਦ ਰਹੇ। ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ 50,000 ਤੋਂ ਵੱਧ ਵੋਟਾਂ ਨਾਲ ਜੇਤੂ ਰਹਿ ਕੇ ਪਟਿਆਲਾ ਦਿਹਾਤੀ ਤੋਂ ਵਿਧਾਇਕ ਬਣੇ ਡਾ. ਬਲਬੀਰ ਸਿੰਘ ਨੇ ਇਸ ਮੌਕੇ ਪਾਰਟੀ ਦੇ ਕੌਮੀ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਭਰੋਸਾ ਦੁਆਇਆ ਕਿ ਉਹ ਇਸ ਜਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਈਮਾਨਦਾਰੀ ਨਾਲ ਨਿਭਾਉਣਗੇ। ਇਸ ਲਈ ਉਨ੍ਹਾਂ ਦੀ ਤਰਜੀਹ ਹੋਵੇਗੀ ਕਿ ਪੰਜਾਬ ਵਾਸੀਆਂ ਨੂੰ ਉੱਚ-ਮਿਆਰੀ ਪ੍ਰਾਇਮਰੀ, ਸੈਕੰਡਰੀ ਅਤੇ ਆਲ੍ਹਾ ਦਰਜੇ ਦੀਆਂ ਸਿਹਤ ਸਹੂਲਤਾਂ ਦੇਣ ਲਈ ਸਰਕਾਰ ਵੱਲੋਂ ਉਲੀਕੇ ਪ੍ਰੋਗਰਾਮ ਹੇਠਲੇ ਪੱਧਰ ਤੱਕ ਲਾਗੂ ਕੀਤੇ ਜਾਣ। ਉਨ੍ਹਾਂ ਕਿਹਾ ਕਿ ਸਰਕਾਰੀ ਤੇ ਪ੍ਰਾਈਵੇਟ ਖੇਤਰ ਦੇ ਆਪਸੀ ਤਾਲਮੇਲ ਨਾਲ ਸਿਹਤ ਖੇਤਰ ਨੂੰ ਬੁਲੰਦੀਆਂ 'ਤੇ ਪਹੁੰਚਾਇਆ ਜਾਵੇਗਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਦਿੱਲੀ ਦੇ ਵਿਕਾਸ ਮਾਡਲ ਨੂੰ ਦੇਸ਼-ਵਿਦੇਸ਼ ਵਿੱਚ ਲੋਕਾਂ ਵੱਲੋਂ ਅਥਾਹ ਪਿਆਰ ਦਿੱਤਾ ਗਿਆ ਹੈ, ਇਸ ਲਈ ਦਿੱਲੀ ਮਾਡਲ ਨੂੰ ਪੰਜਾਬ ਦੇ ਕੋਨੇ-ਕੋਨੇ ਵਿੱਚ ਪਹੁੰਚਾਇਆ ਜਾਵੇਗਾ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਿਹਤ ਅਤੇ ਸਿੱਖਿਆ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਦੇ ਤਰਜੀਹੀ ਖੇਤਰ ਹਨ।

# ਸੁਰਿੰਦਰ ਸੁਮਨ ਨੂੰ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਆਗੂਆਂ ਵੱਲੋਂ ਸ਼ਰਧਾਂਜਲੀਆਂ



**ਬਹਿਰਾਮ (ਅਵਤਾਰ ਕਲੇਰ)** : ਵਿਧਾਨ ਸਭਾ ਹਲਕਾ ਬੰਗਾ ਦੇ ਸੀਨੀਅਰ ਟਕਸਾਲੀ ਆਗੂ ਸੁਰਿੰਦਰ ਸੁਮਨ ਜ਼ਿਲ੍ਹਾ ਸਕੱਤਰ ਬੀਤੇ ਦਿਨੀਂ ਅਚਾਨਕ ਪਰਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੇ ਗ੍ਰਹਿ ਪਿੰਡ ਗਰੂਪੜ ਵਿਖੇ ਪਰਵਾਰ ਵੱਲੋਂ ਅੰਤਿਮ ਅਰਦਾਸ 'ਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਰਿਸ਼ਤੇਦਾਰਾਂ ਤੋਂ ਇਲਾਵਾ ਵੱਡੀ ਗਿਣਤੀ ਬਸਪਾ ਸਮਰਥਕ ਸ਼ਾਮਲ ਹੋਏ। ਇਸ ਮੌਕੇ ਬਸਪਾ ਪੰਜਾਬ ਦੇ ਪ੍ਰਧਾਨ ਜਸਵੀਰ ਸਿੰਘ ਗੜ੍ਹੀ , ਪੰਜਾਬ ਦੇ ਇੰਚਾਰਜ ਅਵਤਾਰ ਸਿੰਘ ਕਰੀਮਪੁਰੀ , ਪੰਜਾਬ ਇੰਚਾਰਜ ਡਾ. ਨਛੱਤਰ ਪਾਲ ਵਿਧਾਇਕ ਨਵਾਂਸ਼ਹਿਰ ,ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ , ਸੂਬਾਈ ਜਨਰਲ ਸਕੱਤਰ ਪ੍ਰਵੀਨ ਬੰਗਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ । ਵੱਖ ਵੱਖ ਆਗੂਆਂ ਨੇ ਸ਼ਰਧਾਂਜਲੀ ਭੇਟ ਕਰਦੇ ਹੋਏ ਕਿਹਾ ਕਿ ਸੁਰਿੰਦਰ ਸੁਮਨ ਨੇ ਜ਼ਿੰਦਗੀ ਦਾ ਲੰਬਾ ਸਮਾਂ ਸਾਹਿਬ ਸ੍ਰੀ ਕਾਂਸੀ ਰਾਮ ਅੰਦੋਲਨ ਨੂੰ ਸਮਰਪਤ ਭਾਵਨਾ ਨਾਲ ਨਾਟਕਾਂ ਰਾਹੀਂ ਤੇ ਸੰਗਠਨ ਦੀ ਮਜ਼ਬੂਤੀ ਲਈ ਦਿੱਤਾ। ਸੁਰਿੰਦਰ ਸੁਮਨ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਸੰਕਲਪ ਲੈਣ ਦੀ ਜ਼ਰੂਰਤ ਹੈ ਅੱਜ ਦੇ ਸਮੇਂ ਇਹੀ ਸ਼ਰਧਾਂਜਲੀ ਹੋਵੇਗੀ । ਉਨ੍ਹਾਂ ਕਿਹਾ ਕਿ ਸੁਰਿੰਦਰ ਸੁਮਨ ਆਪਣੇ ਪਰਵਾਰ ਦੀ ਲੜਾਈ ਨਹੀਂ ਸੀ ਲੜਦਾ, ਗੁਰੂ ਰਵਿਦਾਸ ਜੀ, ਬਾਬਾ ਸਾਹਿਬ ਡਾ. ਅੰਬੇਡਕਰ ਸਾਹਿਬ, ਸ੍ਰੀ ਕਾਂਸ਼ੀ ਰਾਮ ਦੇ ਇਸ ਸੁਫਨੇ ਨੂੰ ਕਿ ਬਹੁਜਨ ਸਮਾਜ ਦੀ ਰਾਜ ਸੱਤਾ ਵਿੱਚ ਭਾਗੀਦਾਰੀ ਹੋਣੀ ਚਾਹੀਦੀ ਹੈ, ਅਜਿਹੇ ਪ੍ਰਬੰਧ ਦੀ ਪ੍ਰਾਪਤੀ ਲਈ ਆਖਰੀ ਸਾਹਾਂ ਤੱਕ ਅਣਖੀਲਾ ਯੋਧਿਆਂ ਵਾਂਗ ਲੜਦਾ ਰਿਹਾ। ਉਨ੍ਹਾਂ ਨੇ ਸੁਮਨ ਦੀ ਧਰਮਪਤਨੀ ਕਸ਼ਮੀਰ ਕੌਰ, ਪੁੱਤਰ ਚਰਨਜੀਤ, ਬੇਟੀ ਅਮਰਜੀਤ ਕੌਰ, ਬੇਟੀ ਸਮਾਨ ਦੋਹਤੀ ਮੋਨੂੰ ਨਾਲ ਤੇ ਸਮੁੱਚੇ ਸੁਮਨ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਤੇ ਆਉਣ ਵਾਲੇ ਸਮੇਂ ਵਿੱਚ ਬਸਪਾ ਪਰਵਾਰ ਦੀਆਂ ਖੁਸ਼ੀਆਂ ਤੇ ਗਮੀਆਂ ਸਮੇਂ ਸਦਾ ਨਾਲ ਖੜ੍ਹੀ ਨਜ਼ਰ ਆਵੇਗੀ। ਵਿਧਾਇਕ ਡਾ. ਨਛੱਤਰ ਪਾਲ, ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਆਖਿਆ ਸਾਨੂੰ ਵਿਧਾਇਕ ਬਣਾਉਣ ਲਈ ਸੁਮਨ ਜੀ ਦਿਨ ਰਾਤ ਇੱਕ ਕੀਤਾ, ਅਸੀਂ ਸਦਾ ਪਰਵਾਰ ਨਾਲ ਰਹਾਂਗੇ, ਬਸਪਾ ਦੇ ਸੂਬਾ ਆਗੂ ਪ੍ਰਵੀਨ ਬੰਗਾ ਨੇ ਸ਼ਰਧਾਂਜਲੀ ਭੇਟ ਕਰਦੇ ਸੁਮਨ ਜੀ ਦੀਆਂ ਯਾਦਗਾਰੀ ਫੋਟੋਆਂ ਵਾਲਾ ਕੈਲੰਡਰ ਸਮਾਜ ਨੂੰ ਸਮਰਪਤ ਕੀਤਾ । ਇਸ ਮੌਕੇ ਮਨੋਹਰ ਕਮਾਮ, ਜੈ ਪਾਲ ਸੁੰਡਾ, ਵਿਜੇ ਕੁਮਾਰ ਗੁਣਾਚੌਰ , ਸੋਮਨਾਥ ਰਟੈਂਡਾ, ਮੱਖਣ ਲਾਲ ਚੌਹਾਨ, ਸੋਹਣ ਲਾਲ ਢੰਡਾ , ਸਾਬਕਾ ਸਿੱਖਿਆ ਅਫਸਰ ਦਿਨੇਸ਼ ਕੁਮਾਰ ਕਰੀਹਾ, ਸਰਪੰਚ ਕਸ਼ਮੀਰ ਸਿੰਘ, ਬਲਵੀਰ ਗੁਰੂ , ਐਡਵੋਕੇਟ ਹਰਮੇਸ਼ ਸੁਮਨ , ਜੋਗਿੰਦਰ ਸਿੰਘ ਔੜ,ਬਾਬੂ ਸਤਪਾਲ ਔੜ, ਨਰੇਸ਼ ਕੁਮਾਰ ਉੜਾਪੜ, ਸੁਰਜੀਤ ਚੱਕਦਾਨਾ, ਭਗਤ ਰਾਮ ਸਰਹਾਲ ਕਾਜ਼ੀਆਂ, ਪਰਮਜੀਤ ਮਹਿਰਮਪੁਰ, ਐਸ ਐਸ ਅਜ਼ਾਦ, ਅਮਰੀਕ ਬੰਗੜ, ਸਾਬਕਾ ਸਰਪੰਚ ਨਿਰਮਲ ਕੌਰ ਗੜ੍ਹੀ ਅਜੀਤ ਸਿੰਘ, ਸਾਬਕਾ ਸਰਪੰਚ ਅਜੀਤ ਰਾਮ ਗੁਣਾਚੌਰ, ਸਰਪੰਚ ਰਾਮ ਸਰੂਪ ਸਰੋਏ, ਸੋਹਣ ਲਾਲ ਰਟੈਂਡਾ, ਪ੍ਰਕਾਸ਼ ਫਰਾਲਾ, ਜੋਰਾਵਰ ਸੰਧੀ, ਰਵਿੰਦਰ ਮਹਿਮੀ, ਬਲਵੀਰ ਚੁੰਬਰ, ਮੁਲਾਜ਼ਮ ਆਗੂ ਸਤਪਾਲ ਰਟੈਂਡਾ, ਹਰਵਿੰਦਰ ਜੱਸਲ, ਵਿਜੇ ਸੋਢੀਆਂ , ਬਲਵੀਰ ਸਿੰਘ ਤੇਹਿੰਗ ਸਾਬਕਾ ਸਰਪੰਚ, ਦੇਸ ਰਾਜ ਸੁਮਨ, ਕਸ਼ਮੀਰ ਸਿੰਘ ਗੁਰੂਪੜ, ਸੁਮਨ ਗੋਤ ਦੀ ਪ੍ਰਬੰਧਕ ਕਮੇਟੀ , ਵੱਡੀ ਗਿਣਤੀ 'ਚ ਇਲਾਕਾ ਨਿਵਾਸੀ, ਰਿਸ਼ਤੇਦਾਰ, ਦੇਸ਼ ਵਿਦੇਸ਼ ਚੋਂ ਸ਼ੁੱਭਚਿੰਤਕਾਂ ਤੋਂ ਇਲਾਵਾਂ ਬਸਪਾ ਸਮਰਥਕਾਂ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ । ਪਾਰਟੀ ਲੀਡਰਸ਼ਿਪ ਵੱਲੋਂ ਉਨ੍ਹਾਂ ਦੇ ਸਪੁੱਤਰ ਨੂੰ ਨੀਲੇ ਸਰੋਪੇ ਨਾਲ ਸਨਮਾਨ ਕੀਤਾ। ਹਲਕਾ ਇੰਚਾਰਜ ਪ੍ਰਵੀਨ ਬੰਗਾ ਨੇ ਸ਼ਰਧਾਂਜਲੀ ਸਮਾਗਮ 'ਚ ਸ਼ਾਮਲ ਲੀਡਰਸ਼ਿਪ ਤੇ ਸੰਗਤਾਂ ਦਾ ਪਰਵਾਰ ਨਾਲ ਦੁੱਖ ਸਾਂਝਾ ਕਰਨ ਤੇ ਪਰਵਾਰ ਦਾ ਆਰਥਿਕ ਸਹਿਯੋਗ ਕਰਨ ਦਾ ਪਰਵਾਰ ਤੇ ਪਾਰਟੀ ਵੱਲੋਂ ਧੰਨਵਾਦ ਕੀਤਾ ਤੇ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੇ ਪਰਵਾਰਾਂ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ ।

# ਮਾਨ ਨੇ ਸਹਿਕਾਰੀ ਅਦਾਰੇ ਦਾ ਨਵੇਂ ਵਰ੍ਹੇ ਦਾ ਕੈਲੰਡਰ ਕੀਤਾ ਜਾਰੀ




**ਚੰਡੀਗੜ੍ਹ, (ਗੁਰਜੀਤ ਬਿੱਲਾ)** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੂਬੇ ਦੇ ਪ੍ਰਮੁੱਖ ਸਹਿਕਾਰੀ ਅਦਾਰੇ ਮਾਰਕਫੈੱਡ ਨੂੰ ਬਹੁਪੱਖੀ ਮਾਰਕੀਟਿੰਗ ਮੁਹਿੰਮ ਸ਼ੁਰੂ ਕਰਨ ਲਈ ਕਿਹਾ ਤਾਂ ਜੋ ਸੂਬੇ ਵਿੱਚ ਹੀ ਨਹੀਂ, ਸਗੋਂ ਦੇਸ਼ ਤੇ ਵਿਦੇਸ਼ਾਂ ਦੀ ਮੰਡੀ ਵਿੱਚ ਵੀ ਖਪਤਕਾਰਾਂ ਦੇ ਵੱਡੇ ਹਿੱਸੇ ਨੂੰ ਮਿਆਰੀ ਉਤਪਾਦ ਮੁਹੱਈਆ ਕੀਤੇ ਜਾ ਸਕਣ। ਇੱਥੇ ਪੰਜਾਬ ਸਿਵਲ ਸਕੱਤਰੇਤ-1 ਵਿੱਚ ਆਪਣੇ ਦਫ਼ਤਰ ਵਿਖੇ ਸੋਮਵਾਰ ਨੂੰ ਮਾਰਕਫੈੱਡ ਦਾ ਕੈਲੰਡਰ ਜਾਰੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਸਹਿਕਾਰੀ ਖੇਤਰ ਨੂੰ ਹੋਰ ਮਜ਼ਬੂਤ ਕਰਨਾ ਸਮੇਂ ਦੀ ਲੋੜ ਹੈ। ਉਨ੍ਹਾ ਅਧਿਕਾਰੀਆਂ ਨੂੰ ਮਾਰਕਫੈੱਡ ਵੱਲੋਂ ਪਹਿਲਾਂ ਤੋਂ ਬਣਾਏ ਜਾ ਰਹੇ ਜਾਂ ਨਵੇਂ ਲਿਆਂਦੇ ਜਾ ਰਹੇ ਉਤਪਾਦਾਂ ਦੀ ਮਕਬੂਲੀਅਤ ਲਈ ਹੋਰ ਸੰਭਾਵਨਾਵਾਂ ਤਲਾਸ਼ਣ ਲਈ ਆਖਿਆ। ਭਗਵੰਤ ਮਾਨ ਨੇ ਕਿਹਾ ਕਿ ਲੱਖਾਂ ਲੋਕਾਂ ਦਾ ਭਰੋਸਾ ਜਿੱਤਣ ਵਾਲੇ ਉਤਪਾਦਾਂ ਨਾਲ ਘਰ-ਘਰ ਵਿੱਚ ਜਾਣੇ-ਪਛਾਣੇ ਬਰਾਂਡ 'ਸੋਹਣਾ' ਦੇ ਹੋਰ ਜ਼ਿਆਦਾ ਵਿਕਾਸ ਦੀਆਂ ਵਿਸ਼ਾਲ ਸੰਭਾਵਨਾਵਾਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਮੋਹਰੀ ਸਹਿਕਾਰੀ ਅਦਾਰਿਆਂ ਨੇ ਘਰੇਲੂ ਬਜ਼ਾਰ ਵਿੱਚ ਜ਼ਿਕਰਯੋਗ ਹਾਜ਼ਰੀ ਦਰਜ ਕਰਵਾਈ ਹੈ, ਜਦੋਂ ਕਿ 'ਸੋਹਣਾ' ਦੇ ਉਤਪਾਦਾਂ ਨੇ ਪੇਂਡੂ ਤੇ ਖੇਤਰੀ ਬਜ਼ਾਰ ਉਤੇ ਪੂਰੀ ਤਰ੍ਹਾਂ ਕਾਬਜ਼ ਹੋਣ ਤੋਂ ਬਾਅਦ ਘਰੇਲੂ ਤੇ ਵਿਦੇਸ਼ੀ ਮੰਡੀ ਵਿੱਚ ਵੀ ਆਪਣੀ ਜਗ੍ਹਾ ਬਣਾਈ ਹੈ ਅਤੇ ਇਸ ਦੇ ਉਤਪਾਦਾਂ ਦੀ ਵਿਕਰੀ ਵਿਦੇਸ਼ੀ ਬਜ਼ਾਰਾਂ ਵਿੱਚ ਵੀ ਲਗਾਤਾਰ ਵਧ ਰਹੀ ਹੈ। ਭਗਵੰਤ ਮਾਨ ਨੇ ਕਿਹਾ ਕਿ ਘਿਉ, ਰਿਫਾਇੰਡ ਤੇਲ, ਚਟਣੀਆਂ, ਬਾਸਮਤੀ ਚੌਲਾਂ ਅਤੇ ਹੋਰ ਉਤਪਾਦਾਂ ਨਾਲ ਮਾਰਕਫੈੱਡ ਨੇ ਬਜ਼ਾਰ ਵਿੱਚ ਆਪਣੀ ਅਮਿੱਟ ਛਾਪ ਛੱਡੀ ਹੈ। ਉਨ੍ਹਾ ਕਿਹਾ ਕਿ ਦੇਸ਼ ਭਰ ਦੇ ਮੋਹਰੀ ਮਾਲਾਂ, ਸਟੋਰਾਂ, ਆਊਟਲੈੱਟਾਂ ਤੇ ਮੈਗਾ ਮਾਰਕੀਟਾਂ ਵਿੱਚ ਆਪਣੇ ਪ੍ਰਮੁੱਖ ਉਤਪਾਦਾਂ ਦੀ ਵਿਕਰੀ ਵਧਾਉਣ ਤੋਂ ਇਲਾਵਾ ਬਰਾਮਦ ਦੀਆਂ ਸੰਭਾਵਨਾਵਾਂ ਤਲਾਸ਼ਣ ਲਈ ਕਾਰਜਕੁਸ਼ਲ ਮਾਰਕੀਟਿੰਗ ਨੈੱਟਵਰਕ ਵਿਕਸਤ ਕਰਨ ਦੀ ਲੋੜ ਹੈ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਵਿਕਰੀ ਵਿੱਚ ਵੱਡੇ ਪੱਧਰ 'ਤੇ ਵਾਧਾ ਕਰਨ ਲਈ ਢੁਕਵੀਂ ਇਸ਼ਤਿਹਾਰ-ਕਮ-ਮਾਰਕੀਟਿੰਗ ਮੁਹਿੰਮ ਰਾਹੀਂ ਆਪਣੇ ਉਤਪਾਦਾਂ ਦੀ ਮਾਰਕੀਟਿੰਗ ਲਈ ਸਮਾਂਬੱਧ ਐਕਸ਼ਨ ਪਲਾਨ ਤਿਆਰ ਕਰਨ ਲਈ ਆਖਿਆ। ਭਗਵੰਤ ਮਾਨ ਨੇ ਕਿਹਾ ਕਿ ਮਾਰਕਫੈੱਡ ਦੀ ਮਾਰਕੀਟਿੰਗ ਟੀਮ ਨੂੰ ਇਸ ਸਹਿਕਾਰੀ ਅਦਾਰੇ ਦੇ ਮਿਆਰੀ ਤੇ ਲੰਮੇ ਸਮੇਂ ਤੋਂ ਪਰਖੇ ਗਏ ਉਤਪਾਦਾਂ ਦੀ ਵਿਕਰੀ ਨੂੰ ਸਿਖ਼ਰ 'ਤੇ ਲੈ ਕੇ ਜਾਣ ਦੀ ਲੋੜ ਹੈ। ਉਨ੍ਹਾ ਇਸ ਮੌਕੇ ਨਵੇਂ ਸਾਲ ਦਾ ਕੈਲੰਡਰ ਰਿਲੀਜ਼ ਕਰਦਿਆਂ ਮਾਰਕਫੈੱਡ ਦੇ ਅਧਿਕਾਰੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਉਤਸ਼ਾਹ ਨਾਲ ਆਪਣੀਆਂ ਸੇਵਾਵਾਂ ਜਾਰੀ ਰੱਖਣ ਲਈ ਆਖਿਆ।

# ਡਾ. ਜਸਵੰਤ ਰਾਏ ਦਾ 'ਸੰਵਿਧਾਨ ਸਨਮਾਨ ਪੁਰਸਕਾਰ' ਨਾਲ ਸਨਮਾਨ



**ਹੁਸ਼ਿਆਰਪੁਰ,, (ਬਲਵੀਰ ਸਿੰਘ ਸੈਣੀ)** ਭਾਰਤ ਸਰਕਾਰ ਦੇ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਅਧੀਨ ਚੱਲ ਰਹੀ ਡਾ. ਅੰਬੇਡਕਰ ਫਾਊਂਡੇਸ਼ਨ ਦੇ ਮੈਂਬਰਾਂ ਸੂਰਜ ਭਾਨ ਕਟਾਰੀਆ ਅਤੇ ਮਨਜੀਤ ਬਾਲੀ ਹੁਰਾਂ ਦੀ ਅਗਵਾਈ ਵਿੱਚ ਅਜ਼ਾਦੀ ਦੇ 75ਵੇਂ ਅੰਮ੍ਰਿਤ ਮਹਾਂਉਤਸਵ ਤੇ 'ਸੰਵਿਧਾਨ ਸਨਮਾਨ ਸਮਾਰੋਹ' ਚੰਡੀਗੜ੍ਹ ਦੇ 37 ਸੈਕਟਰ ਵਿਚਲੇ ਲਾਅ ਭਵਨ ਵਿੱਚ ਕਰਵਾਇਆ ਗਿਆ ਜਿਸ ਵਿੱਚ ਮੁਖ ਮਹਿਮਾਨ ਦੇ ਤੌਰ 'ਤੇ ਮਾਣਯੋਗ ਰਾਜਪਾਲ ਪੰਜਾਬ ਬਨਵਾਰੀ ਲਾਲ ਪੁਰੋਹਿਤ ਪਹੁੰਚੇ। ਆਪਣੇ ਸੰਬੋਧਨ ਵਿੱਚ ਬਨਵਾਰੀ ਲਾਲ ਪੁਰੋਹਿਤ ਨੇ ਆਖਿਆ ਕਿ ਭਾਰਤ ਦਾ ਸੰਵਿਧਾਨ ਦੁਨੀਆਂ ਦਾ ਬੇਹਤਰੀਨ ਸੰਵਿਧਾਨ ਹੈ। ਇਹ ਸੰਵਿਧਾਨ ਦੀ ਹੀ ਬਦੌਲਤ ਹੈ ਕਿ ਅੱਜ ਦੇਸ਼ ਦੇ ਰਾਸ਼ਟਰਪਤੀ, ਉਪ-ਰਾਸ਼ਟਰਪਤੀ, ਪ੍ਰਧਾਨ ਮੰਤਰੀ ਅਤੇ ਰਾਜਪਾਲ ਦੇ ਆਹੁਦਿਆਂ ਤੇ ਸਧਾਰਨ ਪਰਵਾਰਾਂ ਦੇ ਲੋਕ ਬੈਠੇ ਹਨ। ਸਾਡੇ ਸੰਵਿਧਾਨ ਦੀ ਸ਼ਕਤੀ ਹੀ ਸਾਨੂੰ ਵਿਸ਼ਵ ਸ਼ਕਤੀ ਬਣਨ ਵੱਲ ਵਧਾ ਰਹੀ ਹੈ। ਉਨ੍ਹਾਂ ਨੇ ਇਸ ਮੌਕੇ ਭਾਸ਼ਾ ਵਿਭਾਗ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਵਿੱਚ ਖੋਜ ਅਫ਼ਸਰ ਦੇ ਤੌਰ 'ਤੇ ਸੇਵਾਵਾਂ ਨਿਭਾਅ ਰਹੇ ਡਾ. ਜਸਵੰਤ ਰਾਏ ਨੂੰ ਉਨ੍ਹਾਂ ਦੀਆਂ ਵੱਡ-ਮੁਲੀਆਂ ਲਿਖਤਾਂ ਰਾਹੀਂ ਸਮਾਜ ਵਿੱਚ ਲਿਆਂਦੀ ਜਾਗ੍ਰਤੀ ਦੇ ਫਲਸਰੂਪ 'ਸੰਵਿਧਾਨ ਸਨਮਾਨ-2022' ਦੇ ਕੇ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਨੇ ਭਾਰਤ ਦੇ ਵੱਖ-ਵੱਖ ਖਿੱਤਿਆਂ ਵਿੱਚੋਂ ਭਾਰਤੀ ਸੰਵਿਧਾਨ ਦੇ ਸਨਮਾਨ ਵਿੱਚ ਕਾਰਜਸ਼ੀਲ ਅਧਿਕਾਰੀਆਂ-ਕਰਮਚਾਰੀਆਂ, ਸਮਾਜ ਸੇਵੀਆਂ, ਅਧਿਆਪਕਾਂ, ਬੁਧੀਜੀਵੀਆਂ ਅਤੇ ਲੇਖਕਾਂ ਨੂੰ ਵੀ ਸੰਵਿਧਾਨ ਸਨਮਾਨ-2022 ਦੇ ਕੇ ਸਨਮਾਨਿਤ ਕੀਤਾ।

ਇਸ ਸਮੇਂ ਰਾਸ਼ਟਰੀ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਵਿਜੇ ਸਾਂਪਲਾ, ਏ ਨਰਾਇਣ ਸਵਾਮੀ ਕੇਂਦਰੀ ਸਮਾਜਿਕ ਨਿਆਂ ਮੰਤਰੀ, ਡਾ. ਬਨਵਾਰੀ ਲਾਲ ਕੈਬਨਿਟ ਮੰਤਰੀ ਹਰਿਆਣਾ ਵੀ ਹਾਜ਼ਰ ਸਨ। ਡਾ. ਜਸਵੰਤ ਰਾਏ ਨੂੰ ਸਨਮਾਨਿਤ ਹੋਣ 'ਤੇ ਬਲਵਿੰਦਰ ਕੁਮਾਰ ਸਾਬਕਾ ਸਰਪੰਚ, ਗਗਨਦੀਪ ਸਿੰਘ ਅਤੇ ਦਫ਼ਤਰ ਭਾਸ਼ਾ ਵਿਭਾਗ ਹੁਸ਼ਿਆਰਪੁਰ ਦੇ ਸਟਾਫ ਨੇ ਵਧਾਈ ਦਿੱਤੀ।

# ਦਿੱਲੀ ਮੋਰਚੇ ਵਾਂਗ ਜ਼ੀਰਾ ਮੋਰਚਾ ਵੀ ਜਿੱਤੇਗਾ : ਬਲਕਰਨ ਬਰਾੜ



**ਸ਼ਾਹਕੋਟ (ਗਿਆਨ ਸੈਦਪੁਰੀ)** : ਛੇ ਮਹੀਨੇ ਤੋਂ ਜ਼ੀਰਾ ਸ਼ਰਾਬ ਫੈਕਟਰੀ ਵਿਰੁੱਧ ਚੱਲ ਰਹੇ ਸਾਂਝਾ ਮੋਰਚਾ ਦੇ ਸੰਘਰਸ਼ ਨੂੰ ਮੰਗਲਵਾਰ ਹੋਰ ਤਾਕਤ ਮਿਲੀ ਜਦੋਂ ਆਲ ਇੰਡੀਆ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਬਲਕਰਨ ਸਿੰਘ ਬਰਾੜ ਆਪਣੇ ਸਾਥੀਆਂ ਨਾਲ ਮੋਰਚੇ ਨੂੰ ਹਮਾਇਤ ਦੇਣ ਲਈ ਮਨਸੂਰਵਾਲਾ (ਜ਼ੀਰਾ) ਪਹੁੰਚੇ। ਉਨ੍ਹਾ ਕਿਹਾ ਕਿ ਜਿਵੇਂ ਸਿੰਥੈਟਕ ਨਸ਼ੇ ਵੇਚ ਕੇ ਹਾਕਮ ਲੋਕਾਂ ਨੂੰ ਮਾਨਸਿਕ ਅਤੇ ਸਰੀਰਕ ਤੌਰ 'ਤੇ ਬਿਮਾਰ ਕਰਕੇ ਇਲਾਜ ਦੇ ਨਾਂਅ 'ਤੇ ਹਸਪਤਾਲ ਖੋਲ੍ਹ ਕੇ ਲੋਕਾਂ ਦੀ ਲੁੱਟ ਕਰ ਰਹੇ ਹਨ, ਪਾਣੀ ਗੰਦਾ ਕਰਨ ਦੀ ਵੀ ਇਹੋ ਜਿਹੀ ਗੰਦੀ ਖੇਡ ਹੈ।

ਪਾਣੀ ਗੰਦਾ ਕਰਕੇ ਉਸ ਨੂੰ ਸੋਧਣ ਦੇ ਨਾਂਅ 'ਤੇ ਵੱਡੇ ਟਰੀਟਮੈਂਟ ਪਲਾਂਟ ਲਾ ਕੇ ਲੋਕਾਂ ਨੂੰ ਮਹਿੰਗੇ ਭਾਅ ਪਾਣੀ ਵੇਚਿਆ ਜਾਵੇਗਾ। ਸਰਕਾਰ ਪਾਣੀ ਦੀ ਥੁੜ ਪੈਦਾ ਕਰਕੇ ਇਸ ਸੰਕਟ ਦੇ ਨਾਂਅ 'ਤੇ ਕਾਰਪੋਰੇਟਾਂ ਦੇ ਪੈਸੇ ਦੀਆਂ ਤਿਜੌਰੀਆਂ ਵਿੱਚ ਵਾਧਾ ਕਰਨਾ ਚਾਹੁੰਦੀ ਹੈ। ਕੁਲ ਹਿੰਦ ਕਿਸਾਨ ਸਭਾ ਵੱਲੋਂ ਸਾਂਝਾ ਮੋਰਚਾ ਜ਼ੀਰਾ ਨੂੰ ਪੂਰਨ ਸਮਰਥਨ ਦੇਣ ਦੀ ਗੱਲ ਕਰਦਿਆਂ ਕਾਮਰੇਡ ਬਲਕਰਨ ਬਰਾੜ ਨੇ ਕਿਹਾ ਕਿ ਫੈਕਟਰੀ ਦਾ ਮੁੱਦਾ ਸਿਰਫ ਸਥਾਨਕ ਲੋਕਾਂ ਦਾ ਨਾ ਹੋ ਕੇ ਸਮੁੱਚੇ ਪੰਜਾਬ ਦਾ ਹੈ।

ਪੰਜਾਬ ਦੇ ਸੰਘਰਸ਼ਸ਼ੀਲ ਲੋਕ ਜਿਸ ਤਰ੍ਹਾਂ ਦਿੱਲੀ ਵਾਲਾ ਕਿਸਾਨੀ ਮੋਰਚਾ ਜਿੱਤ ਕੇ ਵਾਪਸ ਮੁੜੇ ਸਨ, ਉਸੇ ਤਰ੍ਹਾਂ ਜ਼ੀਰਾ ਮੋਰਚਾ ਵੀ ਜਿੱਤ ਹਾਸਲ ਕਰੇਗਾ।

# ਸੂਬੇਦਾਰ ਮੋਹਣ ਲਾਲ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਦਿਹਾਣਾ ਦੇ ਉਘੇ ਸਮਾਜ ਸੇਵਕ ਸੂਬੇਦਾਰ ਮੋਹਣ ਲਾਲ 83 ਸਾਲ ਪੁੱਤਰ ਲੱਭੂ ਰਾਮ ਵਾਸੀ ਦਿਹਾਣਾ ਜਿਲ੍ਹਾ ਹੁਸ਼ਿਆਰਪੁਰ ਦਾ ਬੀਤੀ ਦਿਨੀਂ ਦੇਹਾਂਤ ਹੋ ਗਿਆ ਸੀ। ਇਸ ਮੌਕੇ ਸੂਬੇਦਾਰ ਮੋਹਣ ਲਾਲ ਦਾ ਅੰਤਿਮ ਸੰਸਕਾਰ ਪਿੰਡ ਦਿਹਾਣਾ ਦੇ ਸਮਸ਼ਾਨਘਾਟ ਵਿਚ ਕਰ ਦਿੱਤਾ ਗਿਆ। ਇਸ ਮੌਕੇ ਦੁੱਖ ਦੀ ਘੜੀ ਵਿੱਚ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ, ਧਾਰਮਿਕ ਜਥੇਬੰਦੀਆਂ, ਸਮਾਜਿਕ ਸੰਸਥਾਵਾਂ ਅਤੇ ਪੱਤਰਕਾਰ ਭਾਈਚਾਰੇ ਵੱਲੋਂ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਦੁੱਖ ਦੀ ਘੜੀ ਵਿੱਚ ਉਨ੍ਹਾਂ ਦੇ ਵੱਡੇ ਬੇਟੇ ਨਰਿੰਦਰ ਕੁਮਾਰ ਦਿਹਾਣਾ ਨੇ ਅਗਨੀ ਦਿਖਾਈ।

ਇਸ ਮੌਕੇ ਸੂਬੇਦਾਰ ਮੋਹਣ ਲਾਲ ਦਿਹਾਣਾ ਦੀ ਆਤਮਿਕ ਸਾਂਤੀ ਲਈ ਗਰੜ ਪੁਰਾਣ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਸੂਬੇਦਾਰ ਮੋਹਣ ਲਾਲ ਦਿਹਾਣਾ ਬਹੁਤ ਹੀ ਨੇਕ ਦਿੱਲ, ਮਿੱਠ ਬੋਲੜੇ, ਮਿਲਣਸਾਰ ਸੱਜਣ ਸਨ। ਸੂਬੇਦਾਰ ਮੋਹਣ ਲਾਲ ਦਿਹਾਣਾ ਦੀ ਅਚਾਨਕ ਮੌਤ ਤੇ ਨਾ ਪੂਰਾ ਹੋਣ ਵਾਲਾ ਘੱਟਾ ਪਿਆ ਹੈ। ਉਪਰੰਤ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ ਆਗੂਆ ਅਤੇ ਪ੍ਰਮੁੱਖ ਸਖਸੀਅਤਾਂ ਨੇ ਸੂਬੇਦਾਰ ਮੋਹਣ ਲਾਲ ਨੂੰ ਸਰਧਾਂਜਲੀਆਂ ਭੇਟ ਕੀਤੀਆਂ। ਇਸ ਮੌਕੇ ਦੁੱਖ ਦੀ ਘੜੀ ਵਿੱਚ ਨਰਿੰਦਰ ਕੁਮਾਰ, ਪ੍ਰਦੀਪ ਕੁਮਾਰ, ਬੌਬੀ ਵੈਦ, ਸੀਮਾ ਰਾਣੀ, ਅਬੂ ਬਾਲਾ, ਭਾਰਤ ਕੁਮਾਰ, ਰਿਚ ਸਚਦੇਵਾ, ਸੰਗੀਤਾ, ਹਰੀਸ ਸਚਦੇਵ, ਉਂਕਾਰ ਮਹਿਤਾ, ਪ੍ਰਮੋਦ ਕੁਮਾਰ, ਵਿੱਕੀ, ਸੰਦੀਪ, ਸਰੋਵ ਮਹਿਤਾ, ਹਰੀਸ ਕੁਮਾਰ, ਕੋਮਲ ਮਹਿਤਾ, ਸੋਹਣ ਲਾਲ, ਬੀਬੀ ਵੀਰਥਾ ਆਦਿ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

# ਹਰਮਨਜੀਤ ਨੇ ਬਖਸ਼ੀਵਾਲਾ ਦਾ ਨਾਂਅ ਉੱਚਾ ਕੀਤਾ

**ਸ਼ਾਹਕੋਟ (ਗਿਆਨ ਸੈਦਪੁਰੀ)** ਕੁਲ ਹਿੰਦ ਕਿਸਾਨ ਸਭਾ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਹਰਦੇਵ ਸਿੰਘ ਬਖਸ਼ੀਵਾਲਾ ਨੇ ਦੱਸਿਆ ਕਿ ਇੱਕ ਹੋਣਹਾਰ ਵਿਦਿਆਰਥੀ ਨੇ ਬਖਸ਼ੀਵਾਲਾ (ਸੁਨਾਮ) ਦਾ ਨਾਂਅ ਉੱਚਾ ਕੀਤਾ ਹੈ। ਉਨ੍ਹਾਂ ਦੱਸਿਆ ਕਿ ਮਹਾਨ ਗਦਰੀ ਗੁਲਾਬ ਕੌਰ ਪਿੰਡ ਬਖਸ਼ੀਵਾਲਾ ਦੀ ਜੰਮਪਲ ਸੀ।

ਅਕੈਡਮਿਕ ਹਾਈਟਸ ਪਬਲਿਕ ਸਕੂਲ ਖੋਖਰ ਦੇ ਬਾਰਵੀਂ ਜਮਾਤ ਦੇ ਵਿਦਿਆਰਥੀ ਹਰਮਨਜੀਤ ਸਿੰਘ ਪੁੱਤਰ ਨਿਰਮਲ ਸਿੰਘ ਨਿਵਾਸੀ ਬਖਸ਼ੀਵਾਲਾ ਨੇ ਇੰਡੋ-ਨੇਪਾਲ ਇੰਟਰਨੈਸ਼ਨਲ ਚੈਂਪੀਅਨਸ਼ਿਪ ਪੋਖਰਾਂ ਕਠਮੰਡੂ (ਨੇਪਾਲ) ਵਿਖੇ ਆਪਣੇ ਸਕੂਲ ਇੰਚਾਰਜ ਬੇਅੰਤ ਸਿੰਘ ਦੀ ਅਗਵਾਈ ਵਿੱਚ ਗੋਲਡ ਮੈਡਲ ਪ੍ਰਾਪਤ ਕੀਤਾ। ਹਰਮਨੀਜਤ ਸਿੰਘ ਦੇ ਪਿੰਡ ਪਹੁੰਚਣ 'ਤੇ ਪਿੰਡ ਦੀ ਪੰਚਾਇਤ ਅਤੇ ਹੋਰ ਪਤਵੰਤਿਆਂ ਨੇ ਉਸ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਕਾਮਰੇਡ ਹਰਦੇਵ ਸਿੰਘ ਬਖਸ਼ੀਵਾਲਾ, ਸਹਿਕਾਰੀ ਸਭਾ ਦੇ ਸਕੱਤਰ ਜਸਦੇਵ ਸਿੰਘ,ਆਪਣੇ ਸਮੇਂ ਦੇ ਪ੍ਰਸਿੱਧ ਖਿਡਾਰੀ ਰਹੇ ਜਗਦੀਸ਼,ਸਤਨਾਮ ਨਾਮਾਂ,ਅਲੀ ਅਲੀ ਸਮੇਤ ਮੱਖਣ ਸਿੰਘ,ਜਸਵੀਰ ਸਿੰਘ,ਮਲਕੀਤ ਸਿੰਘ,ਪਾਲ ਸਿੰਘ (ਇੰਗਲੈਂਡ) ਹਰਦੀਪ ਸਿੰਘ, ਧੰਨਾ ਸਿੰਘ,ਸਤਿਗੁਰ ਸਿੰਘ,ਖੁਸ਼ਪ੍ਰੀਤ ਸਿੰਘ,ਰਾਮ ਗਿਰ,ਗੁਰਮੇਲ ਸਿੰਘ,ਮਨਪ੍ਰੀਤ ਮਨੀ,ਦੁੱਲਾ ਸਿੰਘ ਅਤੇ ਚਮਕੌਰ ਸਿੰਘ ਆਦਿ ਹਾਜ਼ਰ ਸਨ।



ਹਰਮਨਜੀਤ ਦਾ ਸਨਮਾਨ ਕਰਦੇ ਹੋਏ ਕਾਮਰੇਡ ਹਰਦੇਵ ਸਿੰਘ ਬਖਸ਼ੀਵਾਲਾ ਤੇ ਹੋਰ।

# ਐੱਚ ਐੱਸ ਬੀ ਸੀ ਮਿਊਚੁਅਲ ਫੰਡ ਨੇ ਐੱਚ ਐੱਸ ਬੀ ਸੀ ਮਲਟੀ ਕੈਪ ਫੰਡ ਲਾਂਚ ਕੀਤਾ

**ਜਲੰਧਰ :** ਐੱਚ.ਐੱਸ.ਬੀ.ਸੀ. ਮਿਊਚੁਅਲ ਫੰਡ ਨੇ ਇੱਕ ਓਪਨ-ਐਂਡਡ ਇਕੁਇਟੀ ਸਕੀਮ ਐੱਚ.ਐੱਸ.ਬੀ.ਸੀ. ਮਲਟੀ ਕੈਪ ਫੰਡ ਲਾਂਚ ਕਰਨ ਦਾ ਐਲਾਨ ਕੀਤਾ ਹੈ ਜੋ ਸਾਰੇ ਪ੍ਰਮੁੱਖ ਲਾਰਜ ਕੈਪ, ਮਿਡ ਕੈਪ ਅਤੇ ਸਮਾਲ ਕੈਪ ਵਿੱਚ ਨਿਵੇਸ਼ ਕਰੇਗੀ। ਨਿਊ ਫੰਡ ਆਫ਼ਰਿੰਗ (ਐੱਨ.ਐੱਫ.ਓ.) ਦੀ ਸ਼ੁਰੂਆਤ 10 ਜਨਵਰੀ, 2023 ਤੋਂ ਹੋਣ ਜਾ ਰਹੀ ਹੈ ਅਤੇ ਇਹ 24 ਜਨਵਰੀ, 2023 ਨੂੰ ਬੰਦ ਹੋਵੇਗੀ। ਐੱਚ.ਐੱਸ.ਬੀ.ਸੀ. ਮਲਟੀ ਕੈਪ ਫੰਡ ਦਾ ਉਦੇਸ਼ ਮਾਰਕੀਟ ਵਿੱਚ ਉਪਲਬਧ ਇਕੁਇਟੀ ਅਤੇ ਇਕੁਇਟੀ ਨਾਲ ਸੰਬੰਧਤ ਨਿਵੇਸ਼ ਸਾਧਨਾਂ ਵਿੱਚ ਨਿਵੇਸ਼ ਕਰਕੇ ਲੰਬੇ ਸਮੇਂ ਲਈ ਪ੍ਰਾਪਰਟੀ ਇਕੱਠੀ ਕਰਨ ਵਿੱਚ ਨਿਵੇਸ਼ਕਾਂ ਦੀ ਮਦਦ ਕਰਨਾ ਹੈ। ਐੱਚ.ਐੱਸ.ਬੀ.ਸੀ. ਐਸੇਟ ਪ੍ਰਬੰਧਨ (ਇੰਡੀਆ) ਪ੍ਰਾਈਵੇਟ ਲਿਮਟਿਡ (ਐੱਚ.ਐੱਸ.ਬੀ.ਸੀ., ਏ.ਐੱਮ.ਸੀ.) ਦੁਆਰਾ ਐੱਲ.ਐਂਡ.ਟੀ. ਏ.ਐੱਮ.ਸੀ. ਅਤੇ ਐੱਲ.ਐਂਡ.ਟੀ. ਮਿਊਚੁਅਲ ਫੰਡ ਦੀਆਂ ਸਕੀਮਾਂ ਦੀ ਪ੍ਰਾਪਤੀ ਤੋਂ ਬਾਅਦ ਐੱਚ.ਐੱਸ.ਬੀ.ਸੀ. ਮਲਟੀ ਕੈਪ ਫੰਡ ਦੇ ਆਪਣੇ ਪਹਿਲੇ ਐੱਨ.ਐੱਫ.ਓ. ਦੇ ਨਾਲ ਐੱਚ.ਐੱਸ.ਬੀ.ਸੀ. ਮਿਊਚੁਅਲ ਫੰਡ ਹੁਣ ਸਕਿਉਰਟੀ ਐਕਸਚੇਂਜ ਆਫ ਇੰਡੀਆ ਦੁਆਰਾ ਤੈਅ ਕੀਤੀਆਂ ਗਈਆਂ ਸਕੀਮਾਂ ਦੀ ਜ਼ਿਆਦਾਤਰ ਸ਼੍ਰੇਣੀਆਂ ਵਿੱਚ ਫੰਡ ਜਾਰੀ ਕਰਦਾ ਹੈ। ਇਹ ਫੰਡ ਮਿਊਚੁਅਲ ਫੰਡਾਂ ਦੇ ਵਰਗੀਕਰਨ ਅਤੇ ਤਰਕਸੰਗਤ ਬਣਾਉਣ ਦੇ ਨਿਯਮਾਂ ਅਧੀਨ ਜਾਰੀ ਕੀਤੇ ਜਾਂਦੇ ਹਨ। ਐੱਚ.ਐੱਸ.ਬੀ.ਸੀ. ਮਲਟੀ ਕੈਪ ਫੰਡ ਦੇ ਲਾਂਚ ਬਾਰੇ ਕੈਲਾਸ਼ ਕੁਲਕਰਨੀ, ਕੋ-ਸੀਈਓ, ਐੱਚ.ਐੱਸ.ਬੀ.ਸੀ. ਐਸੇਟ ਮੈਨੇਜਮੈਂਟ (ਇੰਡੀਆ) ਪ੍ਰਾਈਵੇਟ. ਇੰਡੀਆ ਨੇ ਕਿਹਾ ਕਿ ਐੱਚ.ਐੱਸ.ਬੀ.ਸੀ. ਮਲਟੀ ਕੈਪ ਫੰਡ ਨੂੰ ਲਾਂਚ ਕਰਨ ਦੇ ਨਾਲ ਹੀ ਅਸੀਂ ਨਿਵੇਸ਼ਕਾਂ ਨੂੰ ਸਾਰੇ ਲਾਰਜ ਕੈਪ, ਮਿਡ ਕੈਪ ਅਤੇ ਸਮਾਲ ਕੈਪ ਸਟਾਕ ਵਿੱਚ ਨਿਵੇਸ਼ ਕਰਨ ਦਾ ਫ਼ਾਇਦਾ ਚੁੱਕਣ ਦਾ ਮੌਕਾ ਉਪਲਬਧ ਕਰਵਾ ਰਹੇ ਹਾਂ। ਮੁੱਖ ਮੰਤਰੀ ਨੇ ਮਾਰਕਫੈੱਡ ਨੂੰ ਖਪਤਕਾਰਾਂ ਦੇ ਵੱਡੇ ਵਰਗ ਤੱਕ ਪਹੁੰਚ ਲਈ ਬਹੁਪੱਖੀ ਮਾਰਕੀਟਿੰਗ ਮੁਹਿੰਮ ਸ਼ੁਰੂ ਕਰਨ ਲਈ ਆਖਿਆ

# ਪ੍ਰਧਾਨ ਮੰਤਰੀ ਨੈਸ਼ਨਲ ਅਪਰੈਂਟਸਸ਼ਿਪ ਮੇਲੇ 'ਚ 102 ਪ੍ਰਾਰਥੀਆਂ ਵੱਲੋਂ ਰਜਿਸਟ੍ਰੇਸ਼ਨ




**ਫਗਵਾੜਾ (ਇੰਦਰਜੀਤ ਸਿੰਘ, ਡਾ. ਰਮਨ, ਜਸਵਿੰਦਰ ਢੱਡਾ)** ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਲੋਂ ਨੈਸ਼ਨਲ ਅਪਰੈਂਟਸਸ਼ਿਪ ਪ੍ਰਮੋਸ਼ਨ ਸਕੀਮ ਤਹਿਤ ਸਰਕਾਰੀ ਆਈ.ਟੀ.ਆਈ. ਲੜਕੇ ਫਗਵਾੜਾ ਵਿਖੇ ਪ੍ਰਧਾਨ ਮੰਤਰੀ ਨੈਸ਼ਨਲ ਅਪਰੈਂਟਸਿਪ ਮੇਲਾ ਲਗਾਇਆ ਗਿਆ, ਜਿਸ ਦੌਰਾਨ 102 ਪ੍ਰਾਰਥੀਆਂ ਵਲੋਂ ਰਜਿਸਟ੍ਰੇਸ਼ਨ ਕਰਵਾਈ ਗਈ। ਮੇਲੇ ਦੌਰਾਨ ਪਬਲਿਕ ਖੇਤਰ ਤੇ ਨਿੱਜੀ ਖੇਤਰ ਦੀਆਂ ਨਾਮਵਰ ਕੰਪਨੀਆਂ ਜਿਵੇਂ ਕਿ ਕਾਟਨ ਕਾਉਂਟੀ, ਰੇਲ ਕੋਟ ਫੈਕਟਰੀ ਕਪੂਰਥਲਾ, ਆਈ.ਟੀ.ਸੀ. ਵਲੋਂ ਰਜਿਸਟ੍ਰੇਸ਼ਨ ਪ੍ਰਕ੍ਰਿਆ ਵਿਚ ਭਾਗ ਲਿਆ ਗਿਆ ਤੇ ਆਈ.ਟੀ.ਆਈ ਪਾਸ ਨੌਜਵਾਨਾਂ ਦੀ ਚੋਣ ਕੀਤੀ ਗਈ। ਰੋਜ਼ਗਾਰ ਬਿਊਰੋ ਦੀ ਮੁਖੀ ਨੀਲਮ ਮਹੇ ਨੇ ਦੱਸਿਆ ਕਿ ਇਹ ਮੇਲਾ ਨੌਜਵਾਨਾਂ ਲਈ ਬਹੁਤ ਲਾਹੇਵੰਦ ਰਿਹਾ ਜਿਸ ਤਹਿਤ ਉਹ ਆਪਣੀ ਸਿਖਲਾਈ ਪੂਰੀ ਕਰਕੇ ਹੁਨਰਮੰਦ ਹੋ ਸਕਣਗੇ।

ਇਸ ਮੌਕੇ ਪਲੇਸਮੈਂਟ ਅਫਸਰ ਵਰੁਣ ਜੋਸ਼ੀ, ਪ੍ਰਿੰਸੀਪਲ ਅਸ਼ੋਕ ਕੁਮਾਰ, ਪੀ.ਆਰ.ਟੀ.ਸੀ. ਤੋਂ ਗੁਰਬੀਰ ਸਿੰਘ, ਰੇਲ ਕੋਚ ਫੈਕਟਰੀ ਤੋਂ ਰਾਹੁਲ ਕੁਮਾਰ ਹਾਜ਼ਰ ਸਨ।

# 'ਲੀਗਲ ਲਿਟਰੇਸੀ ਐਟ ਦਾ ਡੋਰਸਟੈਪ' ਮੁਹਿੰਮ ਤਹਿਤ ਘਰ-ਘਰ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** : ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਵੱਲੋਂ 20 ਜਨਵਰੀ 2023 ਤੱਕ ਚਲਾਈ ਜਾ ਰਹੀ 'ਲੀਗਲ ਲਿਟਰੇਸੀ ਐਟ ਦਾ ਡੋਰਸਟੈਪ' ਚਾਨਣ ਮੁਨਾਰਾ ਮੁਹਿੰਮ ਦੇ ਸੰਬੰਧ ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਪਿੰਡ ਹਰੀਪੁਰ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਘਰ-ਘਰ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਗਈਆਂ ਅਤੇ ਪਿੰਡ ਹਰੀਪੁਰ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਅਪਰਾਜਿਤਾ ਜੋਸ਼ੀ ਵਲੋਂ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਦੌਰਾਨ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਪਿੰਡ ਵਾਸੀਆਂ ਨੂੰ ਮੁਫਤ ਕਾਨੂੰਨੀ ਸੇਵਾਵਾਂ, ਮਾਤਾ-ਪਿਤਾ ਅਤੇ ਬਜ਼ੁਰਗਾਂ ਦੀ ਦੇਖਭਾਲ ਸੰਬੰਧੀ, ਜਨ-ਉਪਯੋਗੀ ਸੇਵਾਵਾਂ ਅਤੇ ਘਰੇਲੂ ਹਿੰਸਾ ਐਕਟ ਸਬੰਧੀ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਸੁਣੀਆਂ ਗਈਆਂ। ਇਸ ਮੌਕੇ ਪਿੰਡ ਦੇ ਸਰਪੰਚ ਬਲਵੀਰ ਸਿੰਘ ਪੰਚਾਇਤ ਮੈਂਬਰ ਅਤੇ ਪੈਰਾ-ਲੀਗਲ ਵਲੰਟੀਅਰ ਪਵਨ ਕੁਮਾਰ ਹਾਜ਼ਰ ਸਨ।

# ਅੱਖਾਂ ਦਾ ਫਰੀ ਕੈਂਪ ਅੱਜ

**ਫਗਵਾੜਾ (ਜਸਵਿੰਦਰ ਢੱਡਾ)** ਡਾਕਟਰ ਬੀ ਆਰ ਅੰਬੇਡਕਰ ਲਾਇਬ੍ਰੇਰੀ ਢੱਡੇ ਤਹਿਸੀਲ ਫਗਵਾੜਾ ਵਿਖੇ ਨੈਸ਼ਨਲ ਆਈ ਕੇਅਰ ਹਸਪਤਾਲ ਜਲੰਧਰ ਵੱਲੋਂ 11 ਜਨਵਰੀ ਨੂੰ ਮੁਫਤ ਅੱਖਾਂ ਦਾ ਚੈਕਅਪ ਕੈਂਪ ਲਗਾਇਆ ਜਾ ਰਿਹਾ ਹੈ ਕੈਂਪ ਦੌਰਾਨ ਲੋੜਵੰਦ ਮਰੀਜਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ ਹੋਰ ਜਾਣਕਾਰੀ ਲਈ ਇਸ ਕੈਂਪ ਵਿੱਚ ਡਾਕਟਰ ਪਵਨ ਕੁਮਾਰ ਦੀ ਅਗਵਾਈ ਵਿੱਚ ਅੱਖਾਂ ਦਾ ਚੈੱਕਅੱਪ ਕੀਤਾ ਜਾਵੇਗਾ। 15 ਜਨਵਰੀ ਨੂੰ ਲਾਇਬ੍ਰੇਰੀ ਵਿੱਚ ਮੁਫਤ ਸਿਲਾਈ ਸੈਂਟਰ ਵੀ ਖੋਲ੍ਹਿਆ ਜਾਵੇਗਾ। ਪ੍ਰੈਸ ਨੂੰ ਉਕਤ ਜਾਣਕਾਰੀ ਲਾਇਬ੍ਰੇਰੀ ਦੇ ਕਰਤਾ ਧਰਤਾ ਬਲਵੀਰ ਦਾਸ ਯੂ ਕੇ, ਸਹਿਯੋਗੀ ਰਾਮ ਪਾਲ ਭੰਗੂ ਦੁਬਈ, ਸਰਪੰਚ ਜਸਵੀਰ ਕੌਰ, ਲਾਇਬ੍ਰੇਰੀ ਇੰਚਾਰਜ ਹਰਬੰਸ ਲਾਲ, ਜਸਵਿੰਦਰ ਢੱਡਾ ਸਮਾਜ ਸੇਵਕ ਤੇ ਲੀਗਲ ਅਡਵਾਈਜ਼ਰ ਨੇ ਦਿੱਤੀ।

# ਮਾਲ ਅਫਸਰਾਂ ਨੇ ਵੀ ਪੀ ਸੀ ਐੱਸ ਅਫਸਰਾਂ ਦੀ ਹੜਤਾਲ ਦਾ ਕੀਤਾ ਸਮਰਥਨ

**ਫਿਲੌਰ (ਨਿਰਮਲ)** ਆਰ ਟੀ ਏ ਲੁਧਿਆਣਾ ਨਰਿੰਦਰ ਸਿੰਘ ਧਾਲੀਵਾਲ ਨੂੰ ਵਿਜੀਲੈਂਸ ਨੇ ਭ੍ਰਿਸ਼ਟਾਚਾਰ ਦੇ ਦੋਸ ਹੇਠ ਗ੍ਰਿਫਤਾਰ ਕੀਤਾ ਸੀ। ਇਸ ਗ੍ਰਿਫਤਾਰੀ ਨੂੰ ਵਿਜੀਲੈਂਸ ਵੱਲੋਂ ਗਲਤ ਕੰਮ ਕਰਨ ਅਤੇ ਸੱਤਾ ਦੀ ਦੁਰਵਰਤੋਂ ਦਾ ਦੋਸ ਲਗਾਉਂਦੇ ਹੋਏ ਪੀ ਸੀ ਐਸ ਅਧਿਕਾਰੀਆਂ ਨੇ 9 ਜਨਵਰੀ ਤੋਂ 5 ਦਿਨਾਂ ਦੀ ਸਮੂਹਿਕ ਛੁੱਟੀ 'ਤੇ ਜਾਣ ਦਾ ਐਲਾਨ ਕੀਤਾ ਹੈ। ਮਾਲ ਅਧਿਕਾਰੀ ਵੀ ਉਨ੍ਹਾਂ ਦੇ ਸਮਰਥਨ ਵਿੱਚ ਅੱਗੇ ਆਏ ਹਨ ਅਤੇ ਉਨ੍ਹਾਂ ਨੇ ਵੀ 5 ਦਿਨ ਦੀ ਜਨਤਕ ਛੁੱਟੀ ਤੇ ਜਾਣ ਦਾ ਫੈਸਲਾ ਕੀਤਾ ਹੈ। ਹੜਤਾਲ ਕਾਰਨ ਫਿਲੌਰ ਤਹਿਸੀਲ ਅਤੇ ਐਸ ਡੀ ਐਮ ਦਫਤਰ ਵਿੱਚ ਕੰਮਕਾਜ ਠੱਪ ਰਿਹਾ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਹੋਈ।

# ਜੇ 25 ਜਨਵਰੀ ਤੱਕ ਸੜਕ ਨਾ ਬਣੀ ਤਾਂ ਫੂਕਿਆ ਜਾਵੇਗਾ ਪੁਤਲਾ : ਦਿਨੇਸ਼ ਪੱਪੂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** : ਅੱਜ ਬਸਪਾ ਆਗੂ ਦਿਨੇਸ਼ ਕੁਮਾਰ ਪੱਪੂ ਸਾਬਕਾ ਸਕੱਤਰ ਬਸਪਾ ਪੰਜਾਬ, ਸੁਖਦੇਵ ਬਿੱਟਾ ਮੈਂਬਰ ਐਗਜ਼ੀਕਿਊਟਿਵ ਕਮੇਟੀ ਬਸਪਾ ਪੰਜਾਬ, ਵਰਿੰਦਰ ਵਧਣ ਸ਼ਹਿਰੀ ਪ੍ਰਧਾਨ ਬਸਪਾ ਲਾਜਵੰਤੀ ਪੁਲ ਤੋਂ ਲੈ ਕੇ ਨਲੋਇਆਂ ਚੌਕ ਤੱਕ ਟੁੱਟੀ ਹੋਈ ਸੜਕ ਨੂੰ ਦੇਖਣ ਪਹੁੰਚੇ। ਇਸ ਸੜਕ ਤੇ ਪੁਲ ਤੋਂ ਲੈ ਕੇ ਚੌਕ ਤੱਕ ਟੋਏ ਪਏ ਹੋਏ ਹਨ । ਪਿਛਲੇ ਦਸ ਸਾਲ ਤੋਂ ਨਾ ਹੀ ਇਸ ਦੀ ਰਿਪੇਅਰ ਕੀਤੀ ਗਈ ਤੇ ਨਾ ਹੀ ਬਣਾਈ ਗਈ ਹੈ। ਰੋਜ਼ ਇਸ ਸੜਕ 'ਤੇ ਪਏ ਟੋਇਆਂ ਕਰਕੇ ਐਕਸੀਡੈਂਟ ਹੋ ਰਹੇ ਹਨ ਤੇ ਕਈ ਵਾਰੀ ਲੋਕਾਂ ਦੇ ਗੰਭੀਰ ਸੱਟਾਂ ਵੀ ਲੱਗ ਚੁੱਕੀਆਂ ਹਨ। ਬਸਪਾ ਆਗੂਆਂ ਨੇ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਤੋਂ ਮੰਗ ਕੀਤੀ ਕਿ ਇਸ ਨੂੰ ਨਿੱਜੀ ਦਿਲਚਸਪੀ ਲੈ ਕੇ ਇਸ ਨੂੰ ਜਲਦੀ ਤੋਂ ਜਲਦੀ ਬਣਾਇਆ ਜਾਵੇ। ਜੇ ਇਸ ਸੜਕ 'ਤੇ ਟੋਇਆਂ ਨੂੰ ਨਾ ਪੂਰਿਆ ਗਿਆ ਜਾਂ ਇਸ ਸੜਕ ਦਾ ਕੰਮ 25 ਜਨਵਰੀ ਤੱਕ ਨਾ ਸ਼ੁਰੂ ਕੀਤਾ ਗਿਆ ਤਾਂ ਬਸਪਾ ਵੱਲੋਂ 26 ਜਨਵਰੀ ਨੂੰ ਪੁਲ ਉੱਤੇ ਪੱਕਾ ਧਰਨਾ ਤੇ ਪੁਤਲਾ ਫੂਕ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਮੌਕੇ ਫੌਜੇ ਰਾਮ ਲਾਲ, ਜੋਨੀ ਵੋਹਰਾ, ਸਤੀਸ਼ ਪਾਲ, ਰੰਧਾਵਾ ਸਿੰਘ, ਅਕਾਸ਼ ਅਦਾਲੀ, ਸੰਦੀਪ ਕੁੰਮਾ, ਸੁੱਚਾ ਰਾਮ ਆਦਿ ਹਾਜ਼ਰ ਸਨ।


## ਜਨਮ ਦਿਨ ਮੁਬਾਰਕ



ਯੁਵਰਾਜ ਸਿੰਘ ਗਿੱਲ (ਰੂਪਨਗਰ)

## ਸ਼ਹਿਨਾਈਆਂ



ਗੁਰਪ੍ਰੀਤ ਸਿੰਘ ਸਪੁੱਤਰ ਸ੍ਰ. ਨਿਸ਼ਾਨ ਸਿੰਘ ਵਾਸੀ ਖਾਣ ਪਿਆਰਾ ਦਾ ਸ਼ੁੱਭ ਵਿਆਹ ਨਵਦੀਪ ਕੌਰ ਸਪੁੱਤਰੀ ਸ੍ਰ. ਸਤਨਾਮ ਸਿੰਘ ਹਰਚੋਵਾਲ ਨਾਲ ਹੋਇਆ।


# ਅੰਬੇਡਕਰ ਸੈਨਾ ਪੰਜਾਬ ਵੱਲੋਂ ਧੀਰਜ ਦਾ ਸਨਮਾਨ



**ਫਿਲੌਰ, (ਨਿਰਮਲ)**-ਅਮਰੀਕਾ 'ਚ ਰਹਿੰਦੇ ਤਹਿਸੀਲ ਫਿਲੌਰ ਲਈ ਅਸੀਂ ਲੰਬੇ ਸਮੇਂ ਤੋਂ ਲੋਕ ਸੇਵਾ ਕਰਨ ਵਾਲੇ ਧੀਰਜ ਪਿੰਡ ਜੌਹਲਾਂ ਫਿਲੌਰ ਦਾ 'ਅੰਬੇਡਕਰ ਸੈਨਾ ਪੰਜਾਬ' ਤਹਿਸੀਲ ਫਿਲੌਰ ਦੀ ਸਮੂਹ ਟੀਮ ਵਲੋਂ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਧੀਰਜ ਫੋਕਰ ਵਲੋਂ ਪ੍ਰਧਾਨ ਦੀਪਕ ਰਸੂਲਪੁਰੀ ਦੀ ਪੂਰੀ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਸੰਜੀਵ ਕਾਦਰੀ, ਦਵਿੰਦਰ ਮੰਡੀ, ਡਾ. ਆਰ. ਐਲ. ਰਾਣਾ, ਐਸ. ਪੀ. ਸਿੰਘ ਬਿੱਲੂ ਖੇੜਾ, ਜਗਦੀਸ਼ ਚੰਦਰ ਆਰ. ਸੀ. ਪਲਾਜਾ, ਪਰਵੇਜ਼ ਆਲਮ ਮੌਜੂਦ ਸਨ।

# ਇਟਲੀ 'ਚ ਰਾਜਪੂਤ ਭਾਈਚਾਰੇ ਦੀ ਮੀਟਿੰਗ



**ਆਦਮਪੁਰ (ਪਰਮਜੀਤ ਸਿੰਘ)** : ਇਟਲੀ ਵਿਚ ਰਾਜਪੂਤ ਭਾਈਚਾਰੇ ਦੀ ਇਕ ਅਹਿਮ ਮੀਟਿੰਗ ਵਿਸ਼ਵ ਦੋਆਬਾ ਰਾਜਪੂਤ ਸਭਾ ਇਟਲੀ ਦੇ ਪ੍ਰਧਾਨ ਗੁਰਮੇਲ ਸਿੰਘ ਭੱਟੀ ਦੀ ਪ੍ਰਧਾਨਗੀ ਹੇਠ ਕੁਲਦੀਪ ਸਿੰਘ ਦੀਪਾ ਮਿਨਹਾਸ ਤਾਲਮੇਲ ਸੰਗਠਨ ਮੰਤਰੀ ਵਿਸ਼ਵ ਦੋਆਬਾ ਰਾਜਪੂਤ ਸਭਾ ਪੰਜਾਬ ਦੇ ਗ੍ਰਹਿ ਵਿਖੇ ਹੋਈ, ਜਿਸ ਵਿੱਚ ਇਟਲੀ ਦੇ ਵੱਖ-ਵੱਖ ਸ਼ਹਿਰਾਂ ਤੋਂ ਸਭਾ ਦੇ ਮੈਂਬਰਾਂ ਅਤੇ ਰਾਜਪੂਤ ਭਾਈਚਾਰੇ ਦੇ ਲੋਕਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਸਭਾ ਦੇ ਪ੍ਰਧਾਨ ਗੁਰਮੇਲ ਸਿੰਘ ਭੱਟੀ ਨੇ ਦੱਸਿਆ ਕਿ ਅੱਜ ਇਟਲੀ ਦਾ ਰਾਜਪੂਤ ਭਾਈਚਾਰਾ ਇੱਕ ਮੰਚ 'ਤੇ ਇਕੱਠਾ ਹੋਇਆ ਹੈ, ਇਹ ਕੁਲਦੀਪ ਸਿੰਘ ਦੀਪਾ ਮਿਨਹਾਸ ਦੀ ਦਿਨ-ਰਾਤ ਕੀਤੀ ਮਿਹਨਤ ਦਾ ਨਤੀਜਾ ਹੈ, ਜਿਸ 'ਤੇ ਉਨ੍ਹਾਂ ਨੂੰ ਕਈ ਸ਼ਿਕਾਇਤਾਂ ਸਨ। ਹੁਣ ਸਮੂਹ ਰਾਜਪੂਤ ਭਾਈਚਾਰਾ ਇਕਜੁੱਟ ਹੋ ਕੇ ਆਪਣੇ ਸਮਾਜ ਲਈ ਕੰਮ ਕਰੇਗਾ। ਉਪਰੰਤ ਕੁਲਦੀਪ ਸਿੰਘ ਦੀਪਾ ਮਿਨਹਾਸ ਨੇ ਆਪਣੇ ਗ੍ਰਹਿ ਵਿਖੇ ਪਹੁੰਚੇ ਸਮੂਹ ਭਾਈਚਾਰੇ ਦੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਪ੍ਰੈਲ ਮਹੀਨੇ ਦੇ ਪਹਿਲੇ ਹਫਤੇ ਇਟਲੀ ਵਿਖੇ ਰਾਜਪੂਤ ਸੰਮੇਲਨ ਕਰਵਾਇਆ ਜਾਵੇਗਾ, ਜਿਸ ਵਿਚ ਵੱਡੀ ਗਿਣਤੀ ਵਿਚ ਰਾਜਪੂਤ ਭਾਈਚਾਰੇ ਦੇ ਲੋਕ ਸ਼ਿਰਕਤ ਕਰਨਗੇ । ਇਸ ਮੌਕੇ ਹਰਮੀਕ ਸਿੰਘ ਨਰੂੜ, ਪਰਮਜੀਤ ਸਿੰਘ ਪਧਿਆਣਾ, ਜਸਵੰਤ ਸਿੰਘ ਬੀਜੋ, ਅਮਰਜੀਤ ਸਿੰਘ ਜੀਤਾ ਨਰੂੜ, ਤਲਵਿੰਦਰ ਸਿੰਘ ਜੋਤੀ ਖੁਰਮਪੁਰ, ਹਰਗੁਰਸ਼ੇਰ ਸਿੰਘ ਸੇਰਾ ਕਾਲੜਾ, ਗੁਰਮੋਹਨ ਸਿੰਘ ਡਰੋਲੀ ਕਲਾ, ਪ੍ਰਭਜੋਤ ਸਿੰਘ ਡਰੋਲੀ ਖੁਰਦ ਅਤੇ ਹੋਰ ਪਤਵੰਤੇ ਹਾਜ਼ਰ ਸਨ।